ਰਜਿਸਟਰਡ ਪੋਸਟਲ ਰਜਿ: ਨੰ.
Pb/PTA(0274)/2024-26,
ਸਾਲ (Year) 58
ਅੰਕ ਨੰਬਰ (Volume No.) 94
ਫ਼ੋਨ: +91- 92168-07500
E-mail: news@charhdikala.com
www.charhdikala.com

ਨਾਨਕ ਨਾਮ ਚੜ੍ਹਦੀਕਲਾ ਤੇਰੇ ਭਾਣੇ ਸਰਬਤ ਦਾ ਭਲਾ

# ਚੜ੍ਹਦੀਕਲਾ ***

DAILY CHARHDIKALA, PATIALA

ਬਾਨੀ : (ਸਵ.) ਗਿ. ਹਰਨਾਮ ਸਿੰਘ ਜੀ | ਮੁੱਖ ਸੰਪਾਦਕ : ਡਾ. ਜਗਜੀਤ ਸਿੰਘ ਦਰਦੀ | ਸੰਪਾਦਕ : ਹਰਪ੍ਰੀਤ ਸਿੰਘ ਦਰਦੀ

ਕੁੱਲ ਪੰਨੇ: 12 (Monday, 6 April, 2026) ਸੋਮਵਾਰ, 6 ਅਪ੍ਰੈਲ, 2026, 24 ਚੇਤ, ਨਾਨਕਸ਼ਾਹੀ ਸੰਮਤ 558, ਬਿਕ੍ਰਮੀ 2083/ PRGI (RNI) Regd. No. 22972/1972/ ਮੁੱਲ: 2 ਰੁਪਏ

## ਹਰਮੀਤ ਸਿੰਘ ਪਠਾਣਮਾਜਰਾ ਨੂੰ ਮੁੜ ਇੱਕ ਦਿਨ ਦੇ ਰਿਮਾਂਡ 'ਤੇ ਭੇਜਿਆ

ਪਟਿਆਲਾ , 5 ਅਪ੍ਰੈਲ (ਚ.ਨ.ਸ.): ਪਟਿਆਲਾ ਜ਼ਿਲ੍ਹੇ ਦੇ ਵਿਧਾਨ ਸਭਾ ਹਲਕਾ ਸਨੌਰ ਤੋਂ ਆਮ ਆਦਮੀ ਪਾਰਟੀ ਦੇ ਵਿਧਾਇਕ ਹਰਮੀਤ ਸਿੰਘ ਪਠਾਣਮਾਜਰਾ ਨੂੰ ਅੱਜ ਅਦਾਲਤ ਨੇ ਮੁੜ ਤੋਂ 1 ਦਿਨ ਦੇ ਰਿਮਾਂਡ 'ਤੇ ਭੇਜ ਦਿੱਤਾ। 7 ਦਿਨ ਦਾ ਰਿਮਾਂਡ ਖਤਮ ਹੋਣ ਤੋਂ ਬਾਅਦ ਹਰਮੀਤ ਸਿੰਘ ਪਠਾਣਮਾਜਰਾ ਨੂੰ ਅੱਜ ਅਦਾਲਤ ਵਿਚ ਪੇਸ਼ ਕੀਤਾ ਗਿਆ ਸੀ। ਜਿਸ ਤੋਂ ਬਾਅਦ ਅਦਾਲਤ ਨੇ ਮੁੜ ਉਨ੍ਹਾਂ ਨੂੰ ਇਕ ਦਿਨ ਦੇ ਰਿਮਾਂਡ 'ਤੇ ਭੇਜ ਦਿੱਤਾ। ਭਲਕੇ 6 ਅਪ੍ਰੈਲ ਦਿਨ ਸੋਮਵਾਰ ਨੂੰ ਉਨ੍ਹਾਂ ਨੂੰ ਮੁੜ ਅਦਾਲਤ ਵਿਚ ਪੇਸ਼ ਕੀਤਾ ਜਾਵੇਗਾ।




### ਮੁੱਖ ਮੰਤਰੀ ਵੱਲੋਂ ਜੈਤੋ ਨੂੰ 28.68 ਕਰੋੜ ਦੇ ਵਿਕਾਸ ਪ੍ਰਾਜੈਕਟਾਂ ਦੀ ਸੌਗਾਤ

## ਕਾਂਗਰਸ, ਭਾਜਪਾ ਤੇ ਅਕਾਲੀ ਜਵਾਬ ਦੇਣ ਕਿ ਉਨ੍ਹਾਂ ਆਪਣੀ ਸੱਤਾ ਦੌਰਾਨ ਪੰਜਾਬ ਲਈ ਕੀ ਕੀਤਾ ?: ਮਾਨ

ਅਵਤਾਰ ਸਿੰਘ ਮੱਲਾ
================




ਫਰੀਦਕੋਟ, 5 ਅਪ੍ਰੈਲ : ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਪੰਜਾਬ ਭਰ ਵਿੱਚ ਆਪਣੀ ਸਰਕਾਰ ਦੇ ਵਿਕਾਸ ਕਾਰਜਾਂ ਨੂੰ ਜਾਰੀ ਰੱਖਦਿਆਂ ਫਰੀਦਕੋਟ ਦੇ ਜੈਤੋ ਵਿੱਚ 28.68 ਕਰੋੜ ਰੁਪਏ ਦੇ ਪ੍ਰੋਜੈਕਟਾਂ ਦਾ ਉਦਘਾਟਨ ਕੀਤਾ, ਜਿਸ ਵਿੱਚ ਕਮਿਊਨਿਟੀ ਹੈਲਥ ਸੈਂਟਰ ਨੂੰ 30 ਬਿਸਤਰਿਆਂ ਵਾਲੇ ਹਸਪਤਾਲ ਵਿੱਚ ਅਪਗ੍ਰੇਡ ਕਰਨਾ ਅਤੇ ਪੀਣ ਵਾਲੇ ਸਾਫ਼ ਪਾਣੀ ਅਤੇ ਖੇਡ ਬੁਨਿਆਦੀ ਢਾਂਚੇ ਵਿੱਚ ਮਹੱਤਵਪੂਰਨ ਨਿਵੇਸ਼ ਸ਼ਾਮਲ ਹਨ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ 'ਝਾੜੂ' (ਆਪ ਦਾ ਚੋਣ ਨਿਸ਼ਾਨ) ਲਈ 2022 'ਚ ਲੋਕਾਂ ਦੇ ਫਤਵੇ ਨੇ ਸ਼ਹੀਦ-ਏ-ਆਜ਼ਮ ਭਗਤ ਸਿੰਘ ਦੇ ਸੁਪਨਿਆਂ ਨੂੰ ਸਾਕਾਰ ਕਰਨ ਦਾ ਮੁੱਢ ਬੰਨ੍ਹਿਆ ਸੀ, ਜੋ ਅੱਜ ਪੂਰੇ ਹੋ ਰਹੇ ਹਨ। ਮੁੱਖ ਮੰਤਰੀ ਨੇ 'ਆਪ' ਦੇ ਸ਼ਾਸਨ ਮਾਡਲ ਦੀ ਤੁਲਨਾ ਵਿਰੋਧੀ ਪਾਰਟੀਆਂ ਨਾਲ ਕਰਦਿਆਂ ਕਿਹਾ ਕਿ ਜਿੱਥੇ 'ਆਪ' ਪਾਰਟੀ ਸਾਫ਼ ਪਾਣੀ, ਸਿਹਤ ਸੰਭਾਲ, ਸਿੱਖਿਆ, 10 ਲੱਖ ਰੁਪਏ ਦਾ ਸਿਹਤ ਬੀਮਾ ਅਤੇ ਔਰਤਾਂ ਨੂੰ ਵਿੱਤੀ ਸਹਾਇਤਾ ਪ੍ਰਦਾਨ ਕਰ ਰਹੀ ਹੈ, ਉਥੇ ਹੀ ਰਵਾਇਤੀ ਪਾਰਟੀਆਂ ਪੰਜਾਬ ਦੇ ਲੋਕਾਂ ਦੀ ਸੇਵਾ ਕਰਨ ਵਿੱਚ ਹਮੇਸ਼ਾ ਨਾਕਾਮ ਰਹੀਆਂ ਹਨ।

ਉਨ੍ਹਾਂ ਨੇ ਭਾਜਪਾ, ਕਾਂਗਰਸ ਅਤੇ ਅਕਾਲੀ ਦਲ 'ਤੇ ਆਪਣੇ ਸ਼ਬਦੀ ਹਮਲੇ ਹੋਰ ਤਿੱਖੇ ਕਰਦਿਆਂ ਪਹਿਲਾਂ ਸੱਤਾ ਵਿੱਚ ਰਹੀਆਂ ਇਨ੍ਹਾਂ ਪਾਰਟੀਆਂ ਦੇ ਰਿਕਾਰਡ 'ਤੇ ਸਵਾਲ ਉਠਾਏ ਅਤੇ ਉਨ੍ਹਾਂ 'ਤੇ ਰਾਜਨੀਤੀ ਵਿੱਚ ਭਾਈ-ਭਤੀਜਾਵਾਦ ਅਤੇ ਅਪਰਾਧਿਕ ਤੱਤਾਂ ਨੂੰ ਉਤਸ਼ਾਹਿਤ ਕਰਨ ਦਾ ਦੋਸ਼ ਲਾਇਆ। ਇਸ ਦੇ ਨਾਲ ਹੀ ਉਨ੍ਹਾਂ ਨੇ ਗਰੀਬੀ ਅਤੇ ਦਿਨੋਂ-ਦਿਨ ਵਧ ਰਹੀਆਂ ਮੁਸ਼ਕਲਾਂ ਲਈ ਕੇਂਦਰ 'ਤੇ ਵੀ ਨਿਸ਼ਾਨਾ ਸਾਧਿਆ।

13 ਅਪ੍ਰੈਲ ਨੂੰ ਵਿਸਾਖੀ ਵਾਲੇ ਦਿਨ ਹੋ ਰਹੇ ਵਿਸ਼ੇਸ਼ ਇਜਲਾਸ ਵਿੱਚ ਇੱਕ ਸਾਲ ਤੱਕ ਕੋਈ ਜ਼ਮਾਨਤ ਨਾ ਹੋਣ ਅਤੇ ਉਮਰ ਕੈਦ ਦੀ ਵਿਵਸਥਾ ਵਾਲਾ ਸਖ਼ਤ ਬੇਅਦਬੀ ਵਿਰੋਧੀ ਕਾਨੂੰਨ ਬਣਾਉਣ ਦਾ (ਬਾਕੀ ਸਫਾ 2 'ਤੇ)

### ਤਹਿਰਾਨ ਨੇ ਟਰੰਪ ਦਾ ਅਲਟੀਮੇਟਮ ਕੀਤਾ ਰੱਦ

## ਈਰਾਨ ਵੱਲੋਂ ਅਮਰੀਕਾ ਨੂੰ 'ਵੱਡੇ ਸਰਪ੍ਰਾਈਜ਼' ਦੀ ਚਿਤਾਵਨੀ

ਚੜ੍ਹਦੀਕਲਾ ਬਿਊਰੋ
================



ਤਹਿਰਾਨ , 5 ਅਪ੍ਰੈਲ :ਈਰਾਨ ਨੇ ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਦੀ ਉਸ ਧਮਕੀ ਨੂੰ ਪੂਰੀ ਤਰ੍ਹਾਂ ਖਾਰਜ ਕਰ ਦਿੱਤਾ ਹੈ, ਜਿਸ ਵਿੱਚ ਉਨ੍ਹਾਂ ਕਿਹਾ ਸੀ ਕਿ ਜੇਕਰ 48 ਘੰਟਿਆਂ ਦੇ ਅੰਦਰ ਸ਼ਾਂਤੀ ਸਮਝੌਤਾ ਨਾ ਹੋਇਆ ਤਾਂ ਤਹਿਰਾਨ ਦੇ ਅਹਿਮ ਬੁਨਿਆਦੀ ਢਾਂਚੇ ਨੂੰ ਤਬਾਹ ਕਰ ਦਿੱਤਾ ਜਾਵੇਗਾ। ਈਰਾਨ ਨੇ ਇਸ ਅਲਟੀਮੇਟਮ ਨੂੰ 'ਬੇਵੱਸ, ਘਬਰਾਇਆ ਹੋਇਆ, ਅਸੰਤੁਲਿਤ ਅਤੇ ਮੂਰਖਤਾ ਭਰਿਆ ਕਦਮ' ਕਰਾਰ ਦਿੱਤਾ ਹੈ। ਟਰੰਪ ਦੀ ਧਮਕੀ ਦਾ ਜਵਾਬ ਦਿੰਦਿਆਂ ਈਰਾਨ ਨੇ ਚਿਤਾਵਨੀ ਦਿੱਤੀ ਕਿ 'ਤੁਹਾਡੇ ਲਈ ਨਰਕ ਦੇ ਦਰਵਾਜ਼ੇ ਖੁੱਲ੍ਹ ਜਾਣਗੇ।'

ਇਹ ਜਵਾਬ 'ਖਾਤਮ ਅਲ-ਅੰਬੀਆ' ਸੈਂਟਰਲ ਹੈੱਡਕੁਆਰਟਰ ਦੀ ਪ੍ਰਤੀਨਿਧਤਾ ਕਰਨ ਵਾਲੇ ਜਨਰਲ ਅਲੀ ਅਬਦੁੱਲਾਹੀ ਅਲੀਬਾਦੀ ਨੇ ਦਿੱਤਾ ਹੈ। ਜ਼ਿਕਰਯੋਗ ਹੈ ਕਿ ਟਰੰਪ ਨੇ 'ਟਰੂਥ ਸੋਸ਼ਲ' 'ਤੇ ਲਿਖਿਆ ਸੀ ਕਿ ਜੇਕਰ ਕੋਈ ਸ਼ਾਂਤੀ ਸਮਝੌਤਾ ਨਾ ਹੋਇਆ ਅਤੇ 'ਸਟ੍ਰੇਟ ਆਫ ਹੋਰਮੁਜ਼' ਨੂੰ ਮੁੜ ਨਾ ਖੋਲ੍ਹਿਆ ਗਿਆ, ਤਾਂ ਈਰਾਨ 'ਤੇ 'ਕਹਿਰ ਟੁੱਟ ਪਵੇਗਾ'। 'ਇੱਕ ਖ਼ਬਰ ਏਜੰਸੀ' ਅਨੁਸਾਰ,ਅਬਦੁੱਲਾਹੀ ਨੇ ਚਿਤਾਵਨੀ ਦਿੱਤੀ ਕਿ ਜੇਕਰ ਈਰਾਨ ਦੇ ਬੁਨਿਆਦੀ ਢਾਂਚੇ 'ਤੇ ਹਮਲਾ ਹੋਇਆ, ਤਾਂ ਉਸ ਦਾ ਜਵਾਬ ਮੱਧ-ਪੂਰਬ ਵਿੱਚ ਮੌਜੂਦ ਅਮਰੀਕਾ ਦੀਆਂ ਸਾਰੀਆਂ ਫੌਜੀ ਸੰਪਤੀਆਂ ਅਤੇ ਇਜ਼ਰਾਈਲ ਦੇ ਬੁਨਿਆਦੀ ਢਾਂਚੇ 'ਤੇ ਹਮਲੇ ਕਰਕੇ ਦਿੱਤਾ ਜਾਵੇਗਾ। ਉਨ੍ਹਾਂ ਅੱਗੇ ਕਿਹਾ, 'ਲਗਾਤਾਰ ਹਾਰ ਮਿਲਣ ਤੋਂ ਬਾਅਦ, ਅਮਰੀਕਾ ਦੇ ਹਮਲਾਵਰ ਅਤੇ ਜੰਗ-ਪ੍ਰੇਮੀ ਰਾਸ਼ਟਰਪਤੀ ਹਤਾਸ਼ ਅਤੇ ਘਬਰਾਏ ਹੋਏ ਹਨ।' ਇੱਕ ਈਰਾਨੀ ਸੁਰੱਖਿਆ ਅਧਿਕਾਰੀ ਨੇ ਇਹ ਵੀ ਕਿਹਾ ਹੈ ਕਿ ਤਹਿਰਾਨ ਇਸ ਜੰਗ ਵਿੱਚ ਆਪਣੀਆਂ ਯੋਜਨਾਵਾਂ ਨਾਲ ਅੱਗੇ ਵਧ ਰਿਹਾ ਹੈ। ਉਨ੍ਹਾਂ ਕਿਹਾ,'ਇਸ ਜੰਗ ਦੌਰਾਨ ਅਸੀਂ ਘੱਟ ਸ਼ਕਤੀ ਨਾਲ ਇਹ ਚੰਗੀ ਤਰ੍ਹਾਂ ਸਿੱਖ ਲਿਆ ਹੈ ਕਿ ਦੁਸ਼ਮਣ ਨੂੰ ਕਿਵੇਂ ਥਕਾਉਣਾ ਹੈ।' ਅਮਰੀਕਾ ਆਪਣੀ 'ਸਾਫ਼-ਸੁਥਰੇ, ਤੇਜ਼ ਅਤੇ ਆਸਾਨ ਹਮਲੇ' ਦੀ ਰਣਨੀਤੀ ਵਿੱਚ ਨਾਕਾਮ ਰਿਹਾ ਹੈ। ਦੱਸ ਦੇਈਏ ਕਿ ਇਸ ਤੋਂ ਪਹਿਲਾਂ ਟਰੰਪ ਨੇ 26 ਮਾਰਚ ਨੂੰ ਈਰਾਨ ਨੂੰ (ਬਾਕੀ ਸਫਾ 2 'ਤੇ)

### ਟਰੰਪ ਦੀ ਈਰਾਨ ਨੂੰ ਨਵੀਂ ਚਿਤਾਵਨੀ

## 'ਹੋਰਮੁਜ਼ ਖੋਲ੍ਹ ਦਿਓ ਨਹੀਂ ਤਾਂ ਨਰਕ ਬਣਾ ਦਿਆਂਗੇ...'

ਚੜ੍ਹਦੀਕਲਾ ਬਿਊਰੋ
================



ਵਾਸ਼ਿੰਗਟਨ, 5 ਅਪ੍ਰੈਲ :ਅਮਰੀਕਾ ਅਤੇ ਈਰਾਨ ਵਿਚਾਲੇ ਵਧਦੇ ਤਣਾਅ ਦੇ ਵਿਚਕਾਰ, ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਨੇ ਇੱਕ ਵਾਰ ਫਿਰ ਸਖ਼ਤ ਰੁਖ਼ ਅਪਣਾਇਆ ਹੈ। ਇੱਕ ਤਿੱਖੀ ਸੋਸ਼ਲ ਮੀਡੀਆ ਪੋਸਟ ਵਿੱਚ, ਉਨ੍ਹਾਂ ਨੇ ਈਰਾਨ ਨੂੰ ਹੋਰਮੁਜ਼ ਜਲਡਮਰੂ ਖੋਲ੍ਹਣ ਦੀ ਚਿਤਾਵਨੀ ਦਿੱਤੀ ਹੈ, ਜੇਕਰ ਅਜਿਹਾ ਨਹੀਂ ਕੀਤਾ ਗਿਆ ਤਾਂ ਵੱਡੇ ਹਮਲੇ ਦੀ ਧਮਕੀ ਦਿੱਤੀ ਹੈ।

ਅਮਰੀਕੀ ਰਾਸ਼ਟਰਪਤੀ ਨੇ 6 ਅਪ੍ਰੈਲ ਦੀ ਸਮਾਂ ਸੀਮਾ ਤੋਂ ਇੱਕ ਦਿਨ ਪਹਿਲਾਂ ਈਰਾਨ 'ਤੇ ਦਬਾਅ ਵਧਾ ਦਿੱਤਾ। ਉਨ੍ਹਾਂ ਕਿਹਾ ਕਿ ਈਰਾਨ ਵਿੱਚ ਪਾਵਰ ਪਲਾਂਟਾਂ ਅਤੇ ਪੁਲਾਂ ਨੂੰ ਮੰਗਲਵਾਰ ਨੂੰ ਨਿਸ਼ਾਨਾ ਬਣਾਇਆ ਜਾ ਸਕਦਾ ਹੈ। ਟਰੰਪ ਨੇ ਇਹ ਵੀ ਕਿਹਾ ਕਿ ਇਹ ਹਮਲਾ ਬੇਮਿਸਾਲ ਹੋਵੇਗਾ। ਇਸ ਤੋਂ ਪਹਿਲਾਂ 21 ਮਾਰਚ ਨੂੰ ਟਰੰਪ ਨੇ ਇਹ ਵੀ ਧਮਕੀ ਦਿੱਤੀ ਸੀ ਕਿ ਜੇਕਰ ਈਰਾਨ ਨੇ ਹੋਰਮੁਜ਼ ਜਲਡਮਰੂ ਨੂੰ ਨਹੀਂ ਖੋਲ੍ਹਿਆ, ਤਾਂ ਉਸ ਦੇ ਪਾਵਰ ਪਲਾਂਟ ਤਬਾਹ ਕਰ ਦਿੱਤੇ ਜਾਣਗੇ, ਜਿਸ ਦੀ ਸ਼ੁਰੂਆਤ ਦੇਸ਼ ਦੇ ਸਭ ਤੋਂ (ਬਾਕੀ ਸਫਾ 2 'ਤੇ)

## ਪੰਜਾਬ ਦੇ ਕਈ ਜ਼ਿਲ੍ਹਿਆਂ ਲਈ ਮੀਂਹ ਦਾ ਅਲਰਟ

ਚੜ੍ਹਦੀਕਲਾ ਬਿਊਰੋ
================

ਚੰਡੀਗੜ੍ਹ, 5 ਅਪ੍ਰੈਲ : ਪੰਜਾਬ ਦੇ ਮੌਸਮ ਵਿਚ ਵੱਡੀ ਤਬਦੀਲੀ ਵੇਖਣ ਨੂੰ ਮਿਲੀ ਹੈ। ਬੀਤੇ ਦਿਨ ਬਾਰਿਸ਼ ਪੈਣ ਨਾਲ ਜਿੱਥੇ ਮੌਸਮ ਠੰਢਾ ਹੋ ਗਿਆ ਹੈ, ਉਥੇ ਹੀ ਠੰਢੀਆਂ ਹਵਾਵਾਂ ਚੱਲਣ ਨਾਲ ਠੰਢ ਦਾ ਅਹਿਸਾਸ ਵੀ ਹੋਇਆ ਹੈ। ਮੀਂਹ ਅਤੇ ਗੜ੍ਹੇਮਾਰੀ ਕਾਰਨ ਤਾਪਮਾਨ 'ਚ ਗਿਰਾਵਟ ਦਰਜ ਕੀਤੀ ਗਈ ਹੈ। ਹਾਲਾਂਕਿ ਇਸ ਨਾਲ ਕਿਸਾਨਾਂ ਦੀ ਸੋਨੇ ਵਰਗੀ ਕਣਕ ਦੀ ਫ਼ਸਲ ਦਾ ਵੀ ਕਾਫ਼ੀ ਨੁਕਸਾਨ ਹੋਇਆ ਹੈ। ਇਸ ਦੇ ਨਾਲ ਹੀ ਆਉਣ ਵਾਲੇ ਦਿਨਾਂ ਨੂੰ ਲੈ ਕੇ ਪੰਜਾਬ ਦੇ ਮੌਸਮ ਦੀ ਤਾਜ਼ਾ ਅਪਡੇਟ ਸਾਹਮਣੇ ਆਈ ਹੈ।

ਮੌਸਮ ਵਿਭਾਗ ਚੰਡੀਗੜ੍ਹ ਵੱਲੋਂ ਅੱਜ ਤੋਂ ਲੈ ਕੇ 9 ਤਾਰੀਖ਼ ਤੱਕ ਵੱਡੀ ਭਵਿੱਖਬਾਣੀ ਕੀਤੀ ਹੈ। ਜਿੱਥੇ ਅੱਜ ਪੰਜਾਬ ਵਿਚ ਧੁੱਪ ਨਿਕਲਣ ਨਾਲ ਮੌਸਮ ਖ਼ੁਸ਼ਕ ਰਿਹਾ, ਉਥੇ ਹੀ ਭਲਕੇ ਤੋਂ ਫਿਰ ਬਾਰਿਸ਼ ਹੋਣ ਦੀ ਭਵਿੱਖਬਾਣੀ ਕੀਤੀ ਗਈ ਹੈ। ਤਿੰਨ ਦਿਨਾਂ ਸੂਬੇ 'ਚ ਓਰੇਂਜ ਅਤੇ ਯੈਲੋ ਅਲਰਟ ਜਾਰੀ ਕੀਤਾ ਗਿਆ ਹੈ। ਮੌਸਮ ਵਿਭਾਗ ਵੱਲੋਂ ਸਾਂਝੀ ਕੀਤੀ ਗਈ ਭਵਿੱਖਬਾਣੀ ਮੁਤਾਬਕ ਭਲਕੇ ਯਾਨੀ ਕਿ 6 ਤਾਰੀਖ਼ ਨੂੰ ਫਿਰੋਜ਼ਪੁਰ, ਫਰੀਦਕੋਟ, ਫਾਜ਼ਿਲਕਾ, ਮੁਕਤਸਰ ਸਾਹਿਬ, ਬਠਿੰਡਾ, ਮਾਨਸਾ ਵਿਚ ਬਾਰਿਸ਼ ਦੀ ਸੰਭਾਵਨਾ ਜਤਾਈ ਗਈ ਹੈ। ਉਥੇ ਹੀ 7 ਅਤੇ 8 ਅਪ੍ਰੈਲ ਲਈ ਮੌਸਮ ਵਿਭਾਗ ਨੇ ਪੂਰੇ ਸੂਬੇ ਵਿਚ ਭਾਰੀ ਬਾਰਿਸ਼ ਦੇ ਨਾਲ ਗੜ੍ਹੇਮਾਰੀ ਹੋਣ ਅਤੇ ਬਿਜਲੀ ਗਰਜਣ ਦੀ ਭਵਿੱਖਬਾਣੀ ਕੀਤੀ ਹੈ। (ਬਾਕੀ ਸਫਾ 2 'ਤੇ)

## ਸਾਰੇ ਪੰਜਾਬੀ ਆਪਸੀ ਮਤਭੇਦ ਭੁਲਾ ਕੇ ਸੂਬੇ ਦੀ ਇਕਲੌਤੀ ਖੇਤਰੀ ਪਾਰਟੀ ਦੇ ਝੰਡੇ ਹੇਠ ਇਕੱਠੇ ਹੋਣ: ਸੁਖਬੀਰ ਸਿੰਘ ਬਾਦਲ

ਰੁਪਾਣਾ
================



ਪਟਿਆਲਾ,5 ਅਪ੍ਰੈਲ : ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਨੇ ਅੱਜ ਇਥੇ ਪੰਜਾਬ ਬਚਾਓ ਮੁਹਿੰਮ ਦੇ ਤਹਿਤ ਪਟਿਆਲਾ ਦਿਹਾਤੀ ਦੇ ਹਲਕਾ ਇੰਚਾਰਜ ਜਸਪਾਲ ਸਿੰਘ ਬਿੱਟੂ ਚੱਠਾ ਦੇ ਨਾਲ ਰਲ ਕੇ ਵਿਸ਼ਾਲ ਰੈਲੀ ਨੂੰ ਸੰਬੋਧਨ ਕਰਨ ਤੋਂ ਬਾਅਦ ਵਿਚ ਮੀਡੀਆ ਦੇ ਸਵਾਲਾਂ ਦੇ ਜਵਾਬ ਦਿੰਦਿਆਂ ਬਾਦਲ ਨੇ ਨਾਰਾਜ਼ ਅਕਾਲੀਆਂ ਦੇ ਪਾਰਟੀ ਵਿਚ ਵਾਪਸ ਆਉਣ ਬਾਰੇ ਕਿਹਾ ਕਿ ਮੈਂ ਸਮੂਹ ਪੰਜਾਬੀਆਂ ਨੂੰ ਅਪੀਲ ਕਰਦਾ ਹਾਂ ਕਿ ਉਹ ਆਪਸੀ ਮਤਭੇਦ ਭੁਲਾ ਕੇ ਪੰਜਾਬ ਦੀ ਇਕਲੌਤੀ ਖੇਤਰੀ ਪਾਰਟੀ ਦੇ ਝੰਡੇ ਹੇਠ ਇਕੱਠੇ ਹੋਣ। ਉਹਨਾਂ ਕਿਹਾ ਕਿ ਇਕੱਲੇ ਰਲ ਕੇ ਅਸੀਂ ਪੰਜਾਬ ਨੂੰ ਦਿੱਲੀ ਦੇ 'ਲੁਟੇਰਿਆਂ' ਤੋਂ ਬਚਾਈਏ ਤੇ ਪੰਜਾਬ ਦਾ ਮਾਣ ਤੇ ਖੁਸ਼ਹਾਲੀ ਮੁੜ ਬਹਾਲ ਕਰੀਏ। ਰੈਲੀ ਵਿਚ 'ਆਪ' ਵੱਲੋਂ ਦਰਜ ਕੀਤੇ ਝੂਠੇ ਕੇਸਾਂ ਦੀ ਗੱਲ ਕਰਦਿਆਂ ਬਾਦਲ ਨੇ ਕਿਹਾ ਕਿ ਅਕਾਲੀ ਦਲ ਦੀ ਸਰਕਾਰ ਬਣਨ 'ਤੇ ਅਸੀਂ ਇਕ ਮੌਜੂਦਾ ਜੱਜ ਦੀ ਅਗਵਾਈ ਹੇਠ ਕਮੇਟੀ ਬਣਾਵਾਂਗੇ ਜੋ ਤਿੰਨ ਮਹੀਨਿਆਂ ਦੇ ਅੰਦਰ-ਅੰਦਰ ਇਹਨਾਂ ਸਾਰੇ ਝੂਠੇ ਕੇਸਾਂ ਦੀ ਜਾਂਚ ਕਰੇਗੀ। ਉਹਨਾਂ ਕਿਹਾ ਕਿ ਸਾਰੇ ਝੂਠੇ ਕੇਸ ਖਾਰਜ ਕੀਤੇ ਜਾਣਗੇ ਅਤੇ ਇਹ ਕੇਸ ਦਰਜ ਕਰਵਾਉਣ ਵਾਲੇ ਸਿਆਸੀ ਆਗੂਆਂ ਤੇ ਦਰਜ ਕਰਨ ਵਾਲੇ ਅਧਿਕਾਰੀਆਂ ਖਿਲਾਫ ਸਖ਼ਤ ਕਾਰਵਾਈ ਕੀਤੀ ਜਾਵੇਗੀ। ਬਾਦਲ ਨੇ ਇਹ ਵੀ ਦੱਸਿਆ ਕਿ ਕਿਵੇਂ ਕਾਂਗਰਸ ਨੇ ਵਾਰ-ਵਾਰ ਪੰਜਾਬੀਆਂ ਨੂੰ ਧੋਖਾ ਦਿੱਤਾ ਤੇ 25 ਸਾਲ ਤੱਕ ਸੱਤਾ ਵਿਚ ਰਹਿਣ ਦੇ ਬਾਵਜੂਦ ਉਸ ਕੋਲ ਕਾਰਗੁਜ਼ਾਰੀ ਦੇ (ਬਾਕੀ ਸਫਾ 2 'ਤੇ)

## ਭਾਜਪਾ ਘੁਸਪੈਠੀਆਂ ਦੇ ਵਿਰੁੱਧ ਹੈ ਮੁਸਲਮਾਨਾਂ ਦੇ ਨਹੀਂ: ਗਡਕਰੀ

ਚੜ੍ਹਦੀਕਲਾ ਬਿਊਰੋ
================

ਨਵੀਂ ਦਿੱਲੀ, 5 ਅਪ੍ਰੈਲ :ਭਾਰਤੀ ਜਨਤਾ ਪਾਰਟੀ (ਭਾਜਪਾ) ਦੇ ਸੀਨੀਅਰ ਨੇਤਾ ਅਤੇ ਕੇਂਦਰੀ ਮੰਤਰੀ ਨਿਤਿਨ ਗਡਕਰੀ ਨੇ ਆਸਾਮ ਅਤੇ ਪੱਛਮੀ ਬੰਗਾਲ ਵਿੱਚ ਪਾਰਟੀ ਦੀਆਂ ਚੋਣ ਸੰਭਾਵਨਾਵਾਂ 'ਤੇ ਭਰੋਸਾ ਪ੍ਰਗਟ ਕਰਦੇ ਹੋਏ ਐਤਵਾਰ ਨੂੰ ਕਿਹਾ ਕਿ ਭਾਜਪਾ ਘੁਸਪੈਠੀਆਂ ਦਾ ਵਿਰੋਧ ਕਰਦੀ ਹੈ, ਮੁਸਲਮਾਨਾਂ ਦਾ ਨਹੀਂ।

ਆਸਾਮ ਵਿੱਚ ਵਿਧਾਨ ਸਭਾ ਚੋਣਾਂ 9 ਅਪ੍ਰੈਲ ਨੂੰ ਹੋਣੀਆਂ ਹਨ, ਜਦੋਂ ਕਿ ਪੱਛਮੀ ਬੰਗਾਲ ਵਿੱਚ 23 ਅਤੇ 29 ਅਪ੍ਰੈਲ ਨੂੰ ਦੋ ਪੜਾਵਾਂ ਵਿੱਚ ਵੋਟਾਂ ਪੈਣਗੀਆਂ, ਜਿਨ੍ਹਾਂ ਦੀ ਗਿਣਤੀ 4 ਮਈ ਨੂੰ ਹੋਵੇਗੀ। ਗਡਕਰੀ ਨੇ ਕਿਹਾ, 'ਮੈਨੂੰ ਵਿਸ਼ਵਾਸ ਹੈ ਕਿ ਅਸੀਂ ਅਸਾਮ ਅਤੇ ਪੱਛਮੀ ਬੰਗਾਲ ਦੋਵਾਂ ਵਿੱਚ ਜਿੱਤਾਂਗੇ। ਭਾਜਪਾ ਦੀ ਨੀਤੀ ਧਾਰਮਿਕ ਪਛਾਣ ਦੀ ਪਰਵਾਹ ਕੀਤੇ ਬਿਨਾਂ ਸਾਰਿਆਂ ਨੂੰ ਨਾਲ ਲੈ ਕੇ ਚੱਲਣ ਦੀ ਹੈ। ਅਸੀਂ ਘੁਸਪੈਠੀਆਂ ਦੇ ਵਿਰੁੱਧ ਹਾਂ, ਮੁਸਲਮਾਨਾਂ ਦੇ ਨਹੀਂ।' ਪਾਰਟੀ ਦੇ ਵਿਕਾਸ ਏਜੰਡੇ ਨੂੰ ਉਜਾਗਰ ਕਰਦੇ ਉਨ੍ਹਾਂ ਕਿਹਾ ਕਿ ਵੱਡੇ ਪੱਧਰ 'ਤੇ ਬੁਨਿਆਦੀ ਢਾਂਚਾ ਨਿਵੇਸ਼ ਅਤੇ ਸ਼ਾਸਨ-ਕੇਂਦ੍ਰਿਤ ਪਹੁੰਚ ਭਾਜਪਾ ਦੀ ਚੋਣ ਰਣਨੀਤੀ ਦੇ ਮੁੱਖ ਥੰਮ੍ਹ ਹਨ।

(ਬਾਕੀ ਸਫਾ 2 'ਤੇ)

## ਯੂਪੀ ਵਿੱਚ ਤੂਫਾਨ ਅਤੇ ਮੀਂਹ ਕਾਰਨ 12 ਮੌਤਾਂ

ਸੁਲਤਾਨਪੁਰ, 5 ਅਪ੍ਰੈਲ (ਚ.ਨ.ਸ.):ਉੱਤਰ ਪ੍ਰਦੇਸ਼ ਵਿੱਚ ਪਿਛਲੇ 48 ਘੰਟਿਆਂ ਵਿੱਚ ਤੂਫ਼ਾਨ, ਮੀਂਹ ਅਤੇ ਬਿਜਲੀ ਡਿੱਗਣ ਕਾਰਨ ਬਾਰਾਂ ਲੋਕਾਂ ਦੀ ਮੌਤ ਹੋ ਗਈ ਹੈ। ਬਾਰਿਸ਼ ਐਤਵਾਰ ਸਵੇਰ ਤੱਕ ਜਾਰੀ ਰਹੀ। ਕਾਸ਼ੀ, ਗੋਂਡਾ ਅਤੇ ਸੁਲਤਾਨਪੁਰ ਵਿੱਚ ਰੁਕ-ਰੁਕ ਕੇ ਬਾਰਿਸ਼ ਹੋ ਰਹੀ ਹੈ।

40-50 ਕਿਲੋਮੀਟਰ ਪ੍ਰਤੀ ਘੰਟਾ ਦੀ ਰਫ਼ਤਾਰ ਨਾਲ ਹਵਾਵਾਂ ਚੱਲ ਰਹੀਆਂ ਹਨ।ਇਸ ਤੋਂ ਪਹਿਲਾਂ, ਸ਼ਨੀਵਾਰ ਨੂੰ ਬੇਮੌਸਮੀ ਬਾਰਿਸ਼ ਨਾਲ ਕਾਨਪੁਰ ਸਭ ਤੋਂ ਵੱਧ ਪ੍ਰਭਾਵਿਤ ਹੋਇਆ ਸੀ। ਭਾਰੀ ਮੀਂਹ ਅਤੇ ਗੜ੍ਹੇਮਾਰੀ ਤੋਂ ਬਾਅਦ ਧੂੜ ਭਰੀ ਹਨੇਰੀ ਆਈ। ਹੈਲੇਟ ਹਸਪਤਾਲ ਵਿੱਚ ਪਾਣੀ ਭਰ ਗਿਆ। ਵੱਖ-ਵੱਖ ਥਾਵਾਂ 'ਤੇ 200 ਤੋਂ ਵੱਧ ਦਰੱਖਤ ਅਤੇ ਬਿਜਲੀ ਦੇ ਖੰਭੇ ਜੜ੍ਹੋਂ ਉਖੜ ਗਏ। ਇੱਕ ਬੋਹੜ ਦਾ ਦਰੱਖਤ ਇੱਕ ਚੱਲਦੇ ਆਟੋ-ਰਿਕਸ਼ਾ 'ਤੇ ਡਿੱਗ ਗਿਆ, (ਬਾਕੀ ਸਫਾ 2 'ਤੇ)

### ਪ੍ਰਧਾਨ ਮੰਤਰੀ ਵੱਲੋਂ ਬੰਗਾਲ 'ਚ ਚੋਣ ਰੈਲੀ ਨੂੰ ਸੰਬੋਧਨ

## ਤ੍ਰਿਣਾਮੂਲ ਦੇ ਪਾਪ ਦਾ ਘੜਾ ਭਰਿਆ: ਮੋਦੀ

### 'ਸੰਵਿਧਾਨਕ ਸੰਸਥਾਵਾਂ ਨੂੰ ਕੀਤਾ ਜਾ ਰਿਹੈ ਨਜ਼ਰਅੰਦਾਜ਼'

ਚੜ੍ਹਦੀਕਲਾ ਬਿਊਰੋ
================



ਕੋਲਕਾਤਾ,5 ਅਪ੍ਰੈਲ : ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਐਤਵਾਰ ਨੂੰ ਪੱਛਮੀ ਬੰਗਾਲ ਦੇ ਕੂਚ ਬਿਹਾਰ ਵਿੱਚ ਇੱਕ ਚੋਣ ਰੈਲੀ ਵਿੱਚ ਕਿਹਾ ਕਿ ਟੀਐਮਸੀ ਦੇ ਪਾਪ ਆਪਣੀ ਹੱਦ ਤੱਕ ਪਹੁੰਚ ਗਏ ਹਨ ਅਤੇ ਲੋਕ ਬਦਲਾਅ ਚਾਹੁੰਦੇ ਹਨ। ਚੋਣਾਂ ਤੋਂ ਬਾਅਦ, ਭ੍ਰਿਸ਼ਟਾਂ ਵਿਰੁੱਧ ਸਖ਼ਤ ਕਾਰਵਾਈ ਕੀਤੀ ਜਾਵੇਗੀ, ਅਤੇ ਉਨ੍ਹਾਂ ਨੂੰ ਚੋਣਵੇਂ ਤੌਰ 'ਤੇ ਜਵਾਬਦੇਹ ਠਹਿਰਾਇਆ ਜਾਵੇਗਾ। ਪ੍ਰਧਾਨ ਮੰਤਰੀ ਮੋਦੀ ਨੇ ਕਿਹਾ, '1905 ਵਿੱਚ, ਧਾਰਮਿਕ ਤਾਕਤਾਂ ਨੇ ਬੰਗਾਲ ਵਿੱਚ ਇੱਕ ਲਾਲ ਐਲਾਨ ਜਾਰੀ ਕੀਤਾ, ਜਿਸ ਤੋਂ ਬਾਅਦ ਹਿੰਦੂਆਂ ਦਾ ਕਤਲੇਆਮ ਹੋਇਆ। ਟੀਐਮਸੀ ਸਾਨੂੰ ਇਸਦੀ ਯਾਦ ਦਿਵਾਉਣਾ ਚਾਹੁੰਦੀ ਹੈ। ਇੱਕ ਖਾਸ ਧਰਮ ਦੇ ਇਹ ਲੋਕ ਹਿੰਦੂਆਂ ਲਈ ਬੰਗਾਲ ਵਿੱਚ ਰਹਿਣਾ ਮੁਸ਼ਕਲ ਬਣਾ ਦੇਣਗੇ।'

ਪ੍ਰਧਾਨ ਮੰਤਰੀ ਨੇ ਦੋਸ਼ ਲਗਾਇਆ ਕਿ ਟੀਐਮਸੀ ਸ਼ਾਸਨ ਅਧੀਨ ਲੋਕਤੰਤਰ ਕਮਜ਼ੋਰ ਹੋ ਗਿਆ ਹੈ। ਸੰਵਿਧਾਨਕ ਸੰਸਥਾਵਾਂ ਨੂੰ ਨਜ਼ਰਅੰਦਾਜ਼ ਕੀਤਾ ਜਾ ਰਿਹਾ ਹੈ। ਰਾਜ ਵਿੱਚ ਭ੍ਰਿਸ਼ਟਾਚਾਰ, ਘੁਸਪੈਠ ਅਤੇ ਔਰਤਾਂ ਵਿਰੁੱਧ ਅੱਤਿਆਚਾਰਾਂ ਨੇ ਜਨਤਾ ਨੂੰ ਡਰ ਅਤੇ ਅਸੁਰੱਖਿਆ ਦੇ ਮਾਹੌਲ ਵਿੱਚ ਧੱਕ ਦਿੱਤਾ ਹੈ।

ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਕਿਹਾ ਕਿ ਤੁਸ਼ਟੀਕਰਨ ਦੀ ਇਸ ਖੇਡ ਵਿੱਚ ਬੰਗਾਲ ਦੀ ਮਹਾਨ ਪਛਾਣ ਨੂੰ ਬਦਲਿਆ ਜਾ ਰਿਹਾ ਹੈ। ਟੀਐਮਸੀ ਨੇ ਹੁਣੇ ਹੀ ਆਪਣਾ ਮੈਨੀਫੈਸਟੋ ਜਾਰੀ ਕੀਤਾ ਹੈ, ਪਰ ਇਸਦਾ ਸਿਰਲੇਖ ਬੰਗਾਲੀ ਵਿੱਚ ਨਹੀਂ ਹੈ; ਇਸ ਦੀ ਬਜਾਏ, ਇਸਨੂੰ 'ਇਸ਼ਤੇਹਾਰ' ਕਿਹਾ ਜਾ ਰਿਹਾ ਹੈ। (ਬਾਕੀ ਸਫਾ 2 'ਤੇ)

### ਪੀ.ਐਮ. ਵੱਲੋਂ ਰਾਸ਼ਟਰੀ ਸਮੁੰਦਰੀ ਦਿਵਸ 'ਤੇ ਸਮੁੰਦਰੀ ਖੇਤਰ ਦੇ ਯੋਗਦਾਨ ਦੀ ਸ਼ਲਾਘਾ

ਨਵੀਂ ਦਿੱਲੀ, 5 ਅਪ੍ਰੈਲ (ਚ.ਨ.ਸ.):ਐਤਵਾਰ ਨੂੰ ਰਾਸ਼ਟਰੀ ਸਮੁੰਦਰੀ ਦਿਵਸ ਦੇ ਮੌਕੇ 'ਤੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਭਾਰਤ ਦੀ ਸਮੁੰਦਰੀ ਵਿਰਾਸਤ ਨੂੰ ਉਜਾਗਰ ਕੀਤਾ ਅਤੇ ਇਸ ਖੇਤਰ ਨਾਲ ਜੁੜੇ ਲੋਕਾਂ ਦੇ ਯੋਗਦਾਨ ਦੀ ਸ਼ਲਾਘਾ ਕੀਤੀ।

ਸੋਸ਼ਲ ਮੀਡੀਆ ਪਲੇਟਫਾਰਮ 'ਐਕਸ' 'ਤੇ ਇੱਕ ਪੋਸਟ ਵਿੱਚ ਪ੍ਰਧਾਨ ਮੰਤਰੀ ਮੋਦੀ ਨੇ ਕਿਹਾ ਕਿ ਸਮੁੰਦਰੀ ਖੇਤਰ ਨਾਲ ਜੁੜੇ ਲੋਕਾਂ ਦਾ ਸਮਰਪਣ ਦੇਸ਼ ਦੀ ਆਰਥਿਕਤਾ, ਵਪਾਰ ਅਤੇ ਸੰਪਰਕ ਨੂੰ ਮਜ਼ਬੂਤ ਕਰਨ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦਾ ਹੈ। ਉਨ੍ਹਾਂ ਕਿਹਾ ਕਿ ਰਾਸ਼ਟਰੀ ਸਮੁੰਦਰੀ ਦਿਵਸ 'ਤੇ ਅਸੀਂ ਭਾਰਤ ਦੀ ਅਮੀਰ ਸਮੁੰਦਰੀ ਵਿਰਾਸਤ ਅਤੇ ਇਸ ਖੇਤਰ ਨਾਲ ਜੁੜੇ ਸਾਰੇ ਲੋਕਾਂ ਦੇ ਅਨਮੋਲ ਯੋਗਦਾਨ ਨੂੰ ਯਾਦ ਕਰਦੇ ਹਾਂ। (ਬਾਕੀ ਸਫਾ 2 'ਤੇ)

## ਮਾਨ ਵੱਲੋਂ ਬਠਿੰਡਾ ਦੀ ਪੂਰੀ ਪੁਲਿਸ ਚੌਕੀ ਬਦਲਣ ਦੇ ਹੁਕਮ

### ਐੱਸ.ਐੱਚ.ਓ. ਵਿਰੁੱਧ ਵਿਭਾਗੀ ਜਾਂਚ ਦੇ ਹੁਕਮ

ਚੜ੍ਹਦੀਕਲਾ ਬਿਊਰੋ
================

ਬਠਿੰਡਾ, 5 ਅਪ੍ਰੈਲ :ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਬਠਿੰਡਾ ਜ਼ਿਲ੍ਹੇ ਵਿੱਚ ਨਸ਼ਿਆਂ ਦੀ ਰੋਕਥਾਮ ਵਿੱਚ ਕਥਿਤ ਲਾਪਰਵਾਹੀ ਵਿਰੁੱਧ ਕਾਰਵਾਈ ਕੀਤੀ। ਇੱਕ ਪਾਰਟੀ ਮੀਟਿੰਗ ਦੌਰਾਨ ਪਿੰਡ ਦੇ ਸਰਪੰਚ ਵੱਲੋਂ ਕੀਤੀ ਸ਼ਿਕਾਇਤ ਤੋਂ ਬਾਅਦ ਉਨ੍ਹਾਂ ਨੇ ਕੋਟ ਸ਼ਮੀਰ ਪੁਲਿਸ ਚੌਕੀ ਦੇ ਪੂਰੇ ਸਟਾਫ਼ ਨੂੰ ਤਬਦੀਲ ਕਰਨ ਦੇ ਹੁਕਮ ਦਿੱਤੇ ਹਨ।

ਮੁੱਖ ਮੰਤਰੀ ਦੇ ਨਿਰਦੇਸ਼ਾਂ 'ਤੇ ਕਾਰਵਾਈ ਕਰਦਿਆਂ ਬਠਿੰਡਾ ਰੇਂਜ ਦੇ ਡੀ.ਆਈ.ਜੀ. ਹਰਜੀਤ ਸਿੰਘ ਨੇ ਚੌਕੀ ਇੰਚਾਰਜ ਸਮੇਤ 11 ਪੁਲਿਸ ਮੁਲਾਜ਼ਮਾਂ ਨੂੰ ਮਾਨਸਾ ਜ਼ਿਲ੍ਹੇ ਵਿੱਚ ਤਬਦੀਲ ਕਰ ਦਿੱਤਾ ਹੈ। ਇਹਨਾਂ ਵਿੱਚ ਤਿੰਨ ਏ.ਐੱਸ.ਆਈ., ਚਾਰ ਸੀਨੀਅਰ ਕਾਂਸਟੇਬਲ, ਇੱਕ ਕਾਂਸਟੇਬਲ ਅਤੇ ਤਿੰਨ ਹੋਮ ਗਾਰਡ ਸ਼ਾਮਲ ਹਨ। ਇਸ ਤੋਂ ਇਲਾਵਾ ਬਠਿੰਡਾ ਸਦਰ ਥਾਣੇ ਦੇ ਐੱਸ.ਐੱਚ.ਓ. ਵਿਰੁੱਧ ਵਿਭਾਗੀ ਜਾਂਚ ਦੇ ਹੁਕਮ ਵੀ ਦਿੱਤੇ ਗਏ ਹਨ। ਇਹ ਕਾਰਵਾਈ ਪਿੰਡ ਗੁਲਾਬਗੜ੍ਹ ਦੇ ਸਰਪੰਚ ਲੱਖਾ ਸਿੰਘ ਵੱਲੋਂ ਮੀਟਿੰਗ ਦੌਰਾਨ ਚੁੱਕੇ ਗਏ ਮੁੱਦੇ ਤੋਂ ਬਾਅਦ ਹੋਈ ਹੈ। ਸਰਪੰਚ ਨੇ ਮੁੱਖ ਮੰਤਰੀ ਨੂੰ ਪਿੰਡ ਵਿੱਚ ਨਸ਼ਿਆਂ ਕਾਰਨ ਹੋਈਆਂ ਕਥਿਤ ਮੌਤਾਂ ਅਤੇ ਸਥਾਨਕ ਪੁਲਿਸ ਦੀ ਢਿੱਲੀ ਕਾਰਗੁਜ਼ਾਰੀ ਬਾਰੇ ਜਨਤਕ ਤੌਰ 'ਤੇ ਜਾਣਕਾਰੀ ਦਿੱਤੀ ਸੀ। ਮੁੱਖ ਮੰਤਰੀ ਨੇ ਤੁਰੰਤ ਨੋਟਿਸ ਲੈਂਦਿਆਂ ਸੀਨੀਅਰ ਪੁਲਿਸ ਅਧਿਕਾਰੀਆਂ ਨੂੰ ਸਖ਼ਤ ਕਾਰਵਾਈ ਕਰਨ ਦੇ ਨਿਰਦੇਸ਼ ਦਿੱਤੇ ਅਤੇ ਸਪੱਸ਼ਟ ਕੀਤਾ ਕਿ ਨਸ਼ਿਆਂ ਦੇ ਮੁੱਦੇ 'ਤੇ ਕੋਈ ਵੀ ਲਾਪਰਵਾਹੀ ਬਰਦਾਸ਼ਤ ਨਹੀਂ ਕੀਤੀ ਜਾਵੇਗੀ। ਜ਼ਿਕਰਯੋਗ ਹੈ ਕਿ ਬਠਿੰਡਾ ਦੀ ਐੱਸ.ਐੱਸ.ਪੀ. ਜਯੋਤੀ ਯਾਦਵ ਇਸ ਵੇਲੇ ਛੁੱਟੀ 'ਤੇ ਹਨ ਅਤੇ ਬਠਿੰਡਾ ਦਾ ਵਾਧੂ ਚਾਰਜ ਮਾਨਸਾ ਦੇ ਐੱਸ.ਐੱਸ.ਪੀ. ਭਗੀਰਥ ਸਿੰਘ ਮੀਨਾ ਕੋਲ ਹੈ।

## ਈਰਾਨ ਨੇ ਅਮਰੀਕੀ ਸੀ-130 ਜਹਾਜ਼ ਡੇਗਿਆ



ਤਹਿਰਾਨ, 5 ਅਪ੍ਰੈਲ (ਚ.ਨ.ਸ.): ਈਰਾਨ ਨੇ ਇਸਫਹਾਨ ਵਿੱਚ ਇੱਕ ਅਮਰੀਕੀ ਸੀ-130 ਜਹਾਜ਼ ਨੂੰ ਡੇਗਣ ਦਾ ਦਾਅਵਾ ਕੀਤਾ ਹੈ। ਈਰਾਨੀ ਅਧਿਕਾਰੀਆਂ ਦਾ ਦਾਅਵਾ ਹੈ ਕਿ ਜਹਾਜ਼ ਇੱਕ ਪਾਇਲਟ ਬਚਾਅ ਮਿਸ਼ਨ ਵਿੱਚ ਸ਼ਾਮਲ ਸੀ। ਅਮਰੀਕਾ ਨੇ ਪਹਿਲਾਂ ਮਿਸ਼ਨ ਵਿੱਚ ਸ਼ਾਮਲ ਦੋ ਬਲੈਕ ਹਾਕ ਹੈਲੀਕਾਪਟਰਾਂ ਦੇ ਤਬਾਹ ਹੋਣ ਦੀ ਪੁਸ਼ਟੀ ਕੀਤੀ ਹੈ ਪਰ ਸੀ-130 ਬਾਰੇ ਅਮਰੀਕਾ ਵੱਲੋਂ ਕੋਈ ਟਿੱਪਣੀ ਨਹੀਂ ਕੀਤੀ ਗਈ ਹੈ। ਈਰਾਨ ਦੀ ਪੁਲਿਸ ਕਮਾਂਡ ਨੇ ਐਲਾਨ ਕੀਤਾ ਕਿ ਇਸਫਹਾਨ ਦੇ ਦੱਖਣ ਵਿੱਚ ਇੱਕ ਅਮਰੀਕੀ ਸੀ-130 ਜਹਾਜ਼ ਨੂੰ ਡੇਗ ਦਿੱਤਾ ਗਿਆ ਸੀ। ਦੱਸਿਆ ਜਾ ਰਿਹਾ ਹੈ ਕਿ ਆਈ.ਆਰ.ਜੀ.ਸੀ. ਨੇ ਇਸਫਹਾਨ (ਬਾਕੀ ਸਫਾ 2 'ਤੇ)

## ਸਾਂਬਾ 'ਚ ਸ਼ੱਕੀ ਗਤੀਵਿਧੀਆਂ ਦੀਆਂ ਰਿਪੋਰਟਾਂ ਮਗਰੋਂ ਤਲਾਸ਼ੀ ਮੁਹਿੰਮ ਸ਼ੁਰੂ

ਚੜ੍ਹਦੀਕਲਾ ਬਿਊਰੋ
================

ਜੰਮੂ , 5 ਅਪ੍ਰੈਲ : ਜੰਮੂ-ਕਸ਼ਮੀਰ ਦੇ ਸਾਂਬਾ ਜ਼ਿਲ੍ਹੇ ਦੇ ਇੱਕ ਪਿੰਡ ਵਿੱਚ ਤਿੰਨ ਸ਼ੱਕੀ ਵਿਅਕਤੀਆਂ ਦੀ ਗਤੀਵਿਧੀ ਬਾਰੇ ਸੂਚਨਾ ਮਿਲਣ ਤੋਂ ਬਾਅਦ ਸੁਰੱਖਿਆ ਬਲਾਂ ਨੇ ਐਤਵਾਰ ਨੂੰ ਤਲਾਸ਼ੀ ਮੁਹਿੰਮ ਸ਼ੁਰੂ ਕੀਤੀ। ਇਸ ਦੀ ਜਾਣਕਾਰੀ ਅਧਿਕਾਰੀਆਂ ਨੇ ਦਿੱਤੀ।

ਦਰੂਈ ਇਲਾਕੇ ਦੇ ਬੇਧ ਖਾੜ ਦੇ ਇੱਕ ਨਿਵਾਸੀ ਨੇ ਤਿੰਨ ਅਣਪਛਾਤੇ ਆਦਮੀਆਂ ਨੂੰ ਸੁੱਕੀ ਹੋਈ ਨਦੀ ਦੇ ਕੰਢੇ 'ਤੇ ਦੇਖਿਆ, ਜਿਨ੍ਹਾਂ ਵਿੱਚੋਂ ਇੱਕ ਭਾਰੀ ਬੈਗ ਲੈ ਕੇ ਜਾ ਰਿਹਾ ਸੀ।ਅਧਿਕਾਰੀਆਂ ਦੇ ਅਨੁਸਾਰ, ਹਾਲਾਂਕਿ ਉਨ੍ਹਾਂ ਦੇ ਕੋਲ ਕੋਈ ਹਥਿਆਰ ਤਾਂ ਨਹੀਂ ਦਿਖਾਈ ਦਿੱਤਾ ਪਰ ਫਿਰ ਵੀ ਸਥਾਨਕ ਪੁਲਿਸ ਦੇ ਸਪੈਸ਼ਲ ਆਪ੍ਰੇਸ਼ਨ ਗਰੁੱਪ (ਐਸ.ਓ.ਜੀ.) ਨੇ ਫੌਜ ਅਤੇ ਅਰਧ ਸੈਨਿਕ ਬਲਾਂ ਦੀ ਮਦਦ ਨਾਲ ਉਨ੍ਹਾਂ ਨੂੰ ਸ਼ੱਕੀ ਅੱਤਵਾਦੀ ਮੰਨ ਕੇ ਤਲਾਸ਼ੀ ਮੁਹਿੰਮ ਸ਼ੁਰੂ ਕੀਤੀ।

## ਟੋਲ ਪਲਾਜ਼ਾ 'ਤੇ ਹੁਣ ਨਹੀਂ ਚੱਲੇਗਾ 'ਕੈਸ਼', 10 ਅਪ੍ਰੈਲ ਤੋਂ ਬਦਲ ਜਾਣਗੇ ਕਈ ਨਿਯਮ

ਚੜ੍ਹਦੀਕਲਾ ਬਿਊਰੋ
================



ਚੰਡੀਗੜ੍ਹ, 5 ਅਪ੍ਰੈਲ :ਕੇਂਦਰ ਸਰਕਾਰ ਨੇ ਨੈਸ਼ਨਲ ਹਾਈਵੇਅ ਅਤੇ ਐਕਸਪ੍ਰੈੱਸ-ਵੇਅ 'ਤੇ ਸਫਰ ਕਰਨ ਵਾਲੇ ਵਾਹਨ ਚਾਲਕਾਂ ਲਈ ਵੱਡਾ ਫੈਸਲਾ ਲਿਆ ਹੈ। ਟੋਲ ਪਲਾਜ਼ਿਆਂ 'ਤੇ ਲੱਗਣ ਵਾਲੀਆਂ ਲੰਬੀਆਂ ਕਤਾਰਾਂ ਤੋਂ ਛੁਟਕਾਰਾ ਪਾਉਣ ਲਈ 10 ਅਪ੍ਰੈਲ ਤੋਂ ਦੇਸ਼ ਭਰ ਵਿੱਚ ਨਕਦ (ਕੈਸ਼) ਟੋਲ ਲੈਣ ਦੀ ਸਹੂਲਤ ਪੂਰੀ ਤਰ੍ਹਾਂ ਬੰਦ ਕਰ ਦਿੱਤੀ ਜਾਵੇਗੀ। ਹੁਣ ਸਫਰ ਦੌਰਾਨ ਜੇਬ ਵਿੱਚ ਨਕਦੀ ਰੱਖਣ ਦਾ ਕੋਈ ਫ਼ਾਇਦਾ ਨਹੀਂ ਹੋਵੇਗਾ, ਕਿਉਂਕਿ ਸਾਰਾ ਸਿਸਟਮ ਡਿਜੀਟਲ ਹੋਣ ਜਾ ਰਿਹਾ ਹੈ।ਨਵੇਂ ਨਿਯਮਾਂ ਤਹਿਤ ਹੁਣ ਟੋਲ 'ਤੇ ਆਈਡੀ ਕਾਰਡ ਦਿਖਾ ਕੇ ਮੁਫ਼ਤ ਲੰਘਣ ਦੀ ਪ੍ਰਥਾ ਨੂੰ ਵੀ ਖ਼ਤਮ ਕਰ ਦਿੱਤਾ ਗਿਆ ਹੈ। ਜਿਹੜੇ ਲੋਕ ਟੋਲ ਛੋਟ ਦੇ ਦਾਇਰੇ ਵਿੱਚ ਆਉਂਦੇ ਹਨ, ਉਨ੍ਹਾਂ ਨੂੰ ਹੁਣ 'ਮੁਕਤ' ਫਾਸਟੈਗ' ਲੈਣਾ ਪਵੇਗਾ। ਇਸ ਤੋਂ ਇਲਾਵਾ ਪ੍ਰਾਈਵੇਟ ਕਾਰਾਂ ਲਈ 3,075 ਰੁਪਏ ਦਾ ਸਾਲਾਨਾ ਪਾਸ ਜਾਰੀ ਕੀਤਾ ਜਾਵੇਗਾ, ਜਿਸ ਰਾਹੀਂ ਸਾਲ ਵਿੱਚ 200 ਵਾਰ ਟੋਲ ਪਾਰ ਕੀਤਾ ਜਾ ਸਕੇਗਾ। ਇਸ ਕਦਮ ਨਾਲ ਟੋਲ ਪਲਾਜ਼ਿਆਂ 'ਤੇ ਹੋਣ ਵਾਲੇ ਰੋਜ਼ਾਨਾ ਦੇ ਝਗੜਿਆਂ 'ਚ ਕਮੀ ਆਉਣ ਦੀ ਉਮੀਦ ਹੈ।ਜੇਕਰ ਤੁਹਾਡੀ ਗੱਡੀ 'ਤੇ ਵੈਧ ਫਾਸਟੈਗ ਨਹੀਂ ਲੱਗਿਆ, ਤਾਂ ਵੀ ਤੁਹਾਨੂੰ ਟੋਲ ਦੇਣਾ ਪਵੇਗਾ ਪਰ ਇਹ ਮਹਿੰਗਾ ਪਵੇਗਾ। ਅਜਿਹੇ ਮਾਮਲੇ ਵਿੱਚ ਡਰਾਈਵਰ ਯੂਪੀਆਈ ਰਾਹੀਂ ਭੁਗਤਾਨ ਕਰ ਸਕਦਾ ਹੈ ਪਰ ਉਸ ਨੂੰ ਆਮ ਟੋਲ ਫੀਸ ਨਾਲੋਂ 1.25 ਗੁਣਾ ਵੱਧ ਪੈਸੇ ਦੇਣੇ ਪੈਣਗੇ। (ਬਾਕੀ ਸਫਾ 2 'ਤੇ)

## ਪਾਣੀ ਦੇ ਹਿੱਸੇ ਨੂੰ ਲੈ ਕੇ ਹਰਿਆਣਾ ਵੱਲੋਂ ਬੀ.ਬੀ.ਐਮ.ਬੀ. ਨੂੰ ਚਿੱਠੀ; ਖ਼ਰਾਬ ਟਰਬਾਈਨਾਂ ਨੇ ਵਧਾਈ ਚਿੰਤਾ

ਨਵੀਂ ਦਿੱਲੀ, 5 ਅਪ੍ਰੈਲ (ਅੰਮ੍ਰਿਤਪਾਲ ਸਿੰਘ) : ਹਰਿਆਣਾ ਸਰਕਾਰ ਨੇ ਦਰਿਆਈ ਪਾਣੀਆਂ ਦੇ ਆਪਣੇ ਹਿੱਸੇ ਨੂੰ ਲੈ ਕੇ ਤਾਜ਼ਾ ਚਿੰਤਾ ਜ਼ਾਹਰ ਕੀਤੀ ਹੈ। ਸੂਬੇ ਨੇ ਭਾਖੜਾ ਬਿਆਸ ਪ੍ਰਬੰਧਨ ਬੋਰਡ (ਬੀਬੀਐਮਬੀ) ਨੂੰ ਪੱਤਰ ਲਿਖ ਕੇ ਖ਼ਦਸ਼ਾ ਜਤਾਇਆ ਹੈ ਕਿ ਚੱਲ ਰਹੇ ਸੀਜ਼ਨ ਦੌਰਾਨ ਉਸ ਨੂੰ ਬਿਆਸ ਦਰਿਆ ਤੋਂ ਆਪਣੇ ਹਿੱਸੇ ਦਾ ਪੂਰਾ ਪਾਣੀ ਨਹੀਂ ਮਿਲ ਸਕੇਗਾ।ਇਸ ਸਬੰਧੀ ਮੌਜੂਦ ਪੱਤਰ ਦੀ ਕਾਪੀ ਅਨੁਸਾਰ, ਸੂਬੇ ਨੇ ਬਿਆਸ-ਸਤਲੁਜ ਲਿੰਕ (ਬੀਐਸਐਲ) ਪ੍ਰਾਜੈਕਟ ਰਾਹੀਂ ਬਿਆਸ ਤੋਂ ਸਤਲੁਜ ਵੱਲ ਪਾਣੀ ਦੇ ਘੱਟ ਮੋੜਨ ਨੂੰ ਇਸ ਕਮੀ ਦਾ ਮੁੱਖ ਕਾਰਨ ਦੱਸਿਆ ਹੈ।

ਹਰਿਆਣਾ ਨੇ ਆਪਣੀ ਚਿੱਠੀ ਵਿੱਚ ਕਿਹਾ ਹੈ ਕਿ ਚਾਰ ਮਾਰਚ ਤੋਂ ਬੀਐਸਐਲ ਰਾਹੀਂ ਪਾਣੀ ਦਾ ਨਿਕਾਸ ਘੱਟ ਰਿਹਾ ਹੈ, ਜਿਸ ਦਾ ਮਤਲਬ ਹੈ ਕਿ ਇਸ ਦੌਰਾਨ ਸਤਲੁਜ ਵੱਲ ਲੋੜੀਂਦਾ ਪਾਣੀ ਨਹੀਂ ਛੱਡਿਆ ਗਿਆ। ਸੂਬੇ ਦੀ ਦਲੀਲ ਹੈ ਕਿ ਇਸ ਨਾਲ ਭਾਖੜਾ ਪ੍ਰਣਾਲੀ (ਬਾਕੀ ਸਫਾ 2 'ਤੇ)

## ਕਾਂਗਰਸ, ਭਾਜਪਾ ਤੇ ਅਕਾਲੀ ਜਵਾਬ ਦੇਣ

ਐਲਾਨ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ 2027 ਦੀਆਂ ਚੋਣਾਂ ਨੂੰ ਆਪਣੀ ਸਰਕਾਰ ਦੇ ਹੱਕ ਵਿੱਚ ਸਪੱਸ਼ਟ ਮਾਹੌਲ ਐਲਾਨਦਿਆਂ ਕਿਹਾ ਕਿ ਜਿੱਥੇ ਕਾਂਗਰਸ ਦਾ ਨਾਤਾ ਸ਼ੁਰੂ ਤੋਂ ਹੀ ਸਿੱਖ ਵਿਰੋਧੀ ਦੰਗਿਆਂ ਨਾਲ ਜੁੜਿਆ ਰਿਹਾ ਹੈ, ਉਥੇ ਹੀ ਅਕਾਲੀ ਦਲ ਆਪਣੇ ਕਾਲੇ ਕੁਕਰਮਾਂ ਕਰਕੇ ਪੂਰੀ ਤਰ੍ਹਾਂ ਬਦਨਾਮ ਹੋ ਚੁੱਕਾ ਹੈ ਅਤੇ ਇਹ ਸਿਰਫ਼ ਉਨ੍ਹਾਂ ਦੀ 'ਆਪ' ਪਾਰਟੀ ਹੈ, ਜੋ ਬਿਹਤਰ ਸ਼ਾਸਨ-ਅਧਾਰਤ " ਇੱਕੋ ਇੱਕ ਬਦਲ ਹੈ ਅਤੇ "ਰੰਗਲਾ ਪੰਜਾਬ" ਬਣਾਉਣ ਲਈ ਦ੍ਰਿੜ੍ਹ ਵਚਨਬੱਧ ਹੈ।

ਕਈ ਵਿਕਾਸ ਪ੍ਰੋਜੈਕਟਾਂ ਦਾ ਨੀਂਹ ਪੱਥਰ ਰੱਖਣ ਤੋਂ ਬਾਅਦ ਇਕੱਠ ਨੂੰ ਸੰਬੋਧਨ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਜੈਤੋ ਦੀ ਧਰਤੀ ਨੇ ਹਮੇਸ਼ਾ ਇਤਿਹਾਸ ਲਿਖਿਆ ਹੈ, ਜਿਸਨੂੰ ਉਨ੍ਹਾਂ ਦੀ ਪਾਰਟੀ ਸਲਾਮ ਕਰਦੀ ਹੈ। ਉਨ੍ਹਾਂ ਕਿਹਾ ਕਿ ਸਾਹਿਤ ਹੋਵੇ ਜਾਂ ਸੰਘਰਸ਼, ਜਦੋਂ ਵੀ ਕਿਸੇ ਵੀ ਖੇਤਰ ਵਿੱਚ ਲੋੜ ਪਈ, ਜੈਤੋ ਹਮੇਸ਼ਾ ਅੱਗੇ ਵਧਿਆ ਅਤੇ ਸਭ ਤੋਂ ਅੱਗੇ ਹੋ ਖੜ੍ਹਾ ਹੋਇਆ ਹੈ।

ਮੁੱਖ ਮੰਤਰੀ ਨੇ ਜ਼ੋਰ ਦੇ ਕੇ ਕਿਹਾ ਕਿ ਅਕਾਲੀਆਂ ਨੂੰ ਪਾਈ ਗਈ ਹਰ ਵੋਟ ਗੁਰੂ ਅਤੇ ਗੁਰਬਾਣੀ ਦੀ ਬੇਅਦਬੀ ਦੇ ਹੱਕ ਵਿੱਚ ਫਤਵਾ ਹੋਵੇਗੀ। ਉਨ੍ਹਾਂ ਕਿਹਾ ਕਿ ਅਕਾਲੀਆਂ ਨੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਬੇਅਦਬੀ ਕਰਕੇ ਹਰੇਕ ਵਿਅਕਤੀ ਦੇ ਮਨ ਨੂੰ ਠੇਸ ਪਹੁੰਚਾਈ ਹੈ। ਉਨ੍ਹਾਂ ਕਿਹਾ ਕਿ ਅਕਾਲੀਆਂ ਨੇ ਮਹਾਨ ਗੁਰੂ ਸਾਹਿਬਾਨ ਦੀ ਬਾਣੀ ਦਾ ਨਿਰਾਦਰ ਕੀਤਾ ਅਤੇ ਬਹਿਬਲ ਕਲਾਂ ਅਤੇ ਬਰਗਾੜੀ ਵਿੱਚ ਨਿਰਦੋਸ਼ਾਂ ਉੱਤੇ ਗੋਲੀ ਚਲਾਉਣ ਦਾ ਹੁਕਮ ਦਿੱਤਾ ਸੀ। ਅਕਾਲੀਆਂ ਨੇ ਸ੍ਰੀ ਅਕਾਲ ਤਖ਼ਤ ਸਾਹਿਬ ਦਾ ਘੋਰ ਨਿਰਾਦਰ ਕੀਤਾ ਹੈ। ਉਨ੍ਹਾਂ ਅੱਗੇ ਕਿਹਾ ਕਿ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰਾਂ ਦੀ ਚੋਣ ਵੀ ਅਕਾਲੀਆਂ ਦੀ ਮਨਮਾਨੀ ਨਾਲ ਹੁੰਦੀ ਹੈ, ਜੋ ਪੰਜਾਬ ਦੇ ਲੋਕਾਂ ਨਾਲ ਘੋਰ ਬੇਇਨਸਾਫ਼ੀ ਹੈ।

ਵਿਕਾਸ ਦੇ ਦਾਅਵਿਆਂ ਦਾ ਹਵਾਲਾ ਦਿੰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਜ਼ੋਰ ਦੇ ਕੇ ਕਿਹਾ ਕਿ ਸਾਬਕਾ ਉਪ ਮੁੱਖ ਮੰਤਰੀ ਦਾਅਵਾ ਕਰਦੇ ਹਨ ਕਿ ਉਨ੍ਹਾਂ ਦੇ ਸ਼ਾਸਨਕਾਲ ਦੌਰਾਨ ਸੂਬੇ ਦਾ ਵੱਡੇ ਪੱਧਰ 'ਤੇ ਵਿਕਾਸ ਹੋਇਆ ਹੈ ਪਰ ਕੋਟਕਪੂਰਾ, ਬਹਿਬਲ ਕਲਾਂ ਅਤੇ ਹੋਰ ਥਾਵਾਂ ਜਿੱਥੇ ਸ੍ਰੀ ਗੁਰੂ ਗ੍ਰੰਥ ਸਾਹਿਬ ਦੀ ਬੇਅਦਬੀ ਹੋਈ ਅਤੇ ਨਿਰਦੋਸ਼ ਮਾਰੇ ਗਏ, ਦੀ ਗੱਲ 'ਤੇ ਉਹ ਅੱਖਾਂ ਮੀਟ ਲੈਂਦੇ ਹਨ ।

ਅਕਾਲੀ ਦਲ ਦੀ ਪੰਜਾਬ ਬਚਾਓ ਯਾਤਰਾ 'ਤੇ ਵਿਅੰਗ ਕੱਸਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਅਕਾਲੀ ਦਲ ਦੀ ਇਸ ਚਾਲ ਦਾ ਅਸਲ ਨਾਮ ਪਰਿਵਾਰ ਬਚਾਓ ਯਾਤਰਾ ਹੈ। ਉਨ੍ਹਾਂ ਅੱਗੇ ਕਿਹਾ ਕਿ ਮੈਂ ਅਕਾਲੀ ਆਗੂਆਂ ਨੂੰ ਚੁਣੌਤੀ ਦਿੰਦਾ ਹਾਂ ਕਿ ਉਹ ਇਹ ਸਪੱਸ਼ਟ ਕਰਨ ਕਿ 15 ਸਾਲਾਂ ਤੱਕ ਸੂਬੇ ਨੂੰ ਲੁੱਟਣ ਤੋਂ ਬਾਅਦ ਉਹ ਕਿਸ ਤੋਂ ਸੂਬੇ ਨੂੰ ਬਚਾਉਣ ਦੀ ਕੋਸ਼ਿਸ਼ ਕਰ ਰਹੇ ਹਨ।

ਉਨ੍ਹਾਂ ਕਿਹਾ ਕਿ ਅਕਾਲੀਆਂ ਨੇ ਸੂਬੇ ਨੂੰ ਬੇਰਹਿਮੀ ਨਾਲ ਲੁੱਟਿਆ ਅਤੇ ਪੰਜਾਬੀਆਂ ਦੀ ਮਾਨਸਿਕਤਾ ਨੂੰ ਭਾਵਨਾਤਮਕ ਤੌਰ 'ਤੇ ਕੁਚਲਿਆ ਹੈ। ਇਸ ਤੋਂ ਇਲਾਵਾ ਉਨ੍ਹਾਂ ਨੇ ਵੱਖ-ਵੱਖ ਮਾਫੀਆ ਨੂੰ ਸਰਪ੍ਰਸਤੀ ਦਿੱਤੀ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਅਕਾਲੀ ਲੀਡਰਸ਼ਿਪ ਨੂੰ ਕਦੇ ਵੀ ਮੁਆਫ਼ ਨਹੀਂ ਕੀਤਾ ਜਾ ਸਕਦਾ ਕਿਉਂਕਿ ਉਹ ਕਈ ਪੀੜ੍ਹੀਆਂ ਦੀ ਨਸਲਕੁਸ਼ੀ ਲਈ ਜ਼ਿੰਮੇਵਾਰ ਹਨ, ਜਿਨ੍ਹਾਂ ਨੇ ਨਸ਼ਿਆਂ ਦੇ ਵਪਾਰ ਨੂੰ ਸਰਪ੍ਰਸਤੀ ਦਿੱਤੀ ਅਤੇ ਉਨ੍ਹਾਂ ਦੇ ਲੰਬੇ ਸਮੇਂ ਦੇ ਕੁਸ਼ਾਸਨ ਦੌਰਾਨ ਨਸ਼ਾ ਵੱਡੇ ਪੱਧਰ 'ਤੇ ਵਧਿਆ-ਫੁੱਲਿਆ।

ਉਨ੍ਹਾਂ ਅੱਗੇ ਕਿਹਾ ਕਿ ਇਨ੍ਹਾਂ ਆਗੂਆਂ ਦੇ ਹੱਥ ਲੱਖਾਂ ਨੌਜਵਾਨਾਂ ਦੇ ਖੂਨ ਨਾਲ ਰੰਗੇ ਹੋਏ ਹਨ, ਜੋ ਇਨ੍ਹਾਂ ਆਗੂਆਂ ਦੇ ਸਰਕਾਰੀ ਵਾਹਨਾਂ ਜ਼ਰੀਏ ਸੂਬੇ ਵਿੱਚ ਸਪਲਾਈ ਕੀਤੇ ਜਾਂਦੇ ਨਸ਼ਿਆਂ ਦਾ ਸ਼ਿਕਾਰ ਹੋਏ। ਉਨ੍ਹਾਂ ਕਿਹਾ ਕਿ ਇਨ੍ਹਾਂ ਆਗੂਆਂ ਦੇ ਪਾਪ ਮੁਆਫ਼ ਨਹੀਂ ਕੀਤੇ ਜਾ ਸਕਦੇ ਅਤੇ ਅਕਾਲੀਆਂ ਨੂੰ ਉਨ੍ਹਾਂ ਦੇ ਕੁਕਰਮਾਂ ਦੀ ਲੰਬੀ ਚੌੜੀ ਸੂਚੀ ਲਈ ਲੋਕ ਕਦੇ ਵੀ ਮਾਫ਼ ਨਹੀਂ ਕਰਨਗੇ।

ਇਸ ਦੌਰਾਨ ਵਿਧਾਨਕ ਕਾਰਵਾਈ ਦੀ ਰੂਪ-ਰੇਖਾ ਪੇਸ਼ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਆਪ ਸਰਕਾਰ ਨੇ ਜਗਤ ਜੋਤ ਸ੍ਰੀ ਗੁਰੂ ਗ੍ਰੰਥ ਸਾਹਿਬ ਸਤਿਕਾਰ ਐਕਟ, 2008 ਵਿੱਚ ਸੋਧ ਲਈ 13 ਅਪ੍ਰੈਲ ਨੂੰ ਪੰਜਾਬ ਵਿਧਾਨ ਸਭਾ ਦਾ ਵਿਸ਼ੇਸ਼ ਸੈਸ਼ਨ ਬੁਲਾਇਆ ਹੈ। ਉਨ੍ਹਾਂ ਅੱਗੇ ਕਿਹਾ ਕਿ ਪਵਿੱਤਰ ਗ੍ਰੰਥ ਦੀ ਬੇਅਦਬੀ ਦੀ ਕੋਸ਼ਿਸ਼ ਕਰਨ ਵਾਲੇ ਕਿਸੇ ਵੀ ਵਿਅਕਤੀ ਨੂੰ ਘੱਟੋ-ਘੱਟ 10 ਸਾਲ ਅਤੇ ਉਮਰ ਕੈਦ ਤੱਕ ਦੀ ਸਖ਼ਤ ਸਜ਼ਾ ਦਾ ਸਾਹਮਣਾ ਕਰਨਾ ਪਵੇਗਾ। ਉਨ੍ਹਾਂ ਅੱਗੇ ਕਿਹਾ ਕਿ ਸੂਬਾ ਸਰਕਾਰ ਨੇ ਕਾਨੂੰਨ ਬਣਾਉਣ ਲਈ ਤਜਰਬੇਕਾਰ ਕਾਨੂੰਨੀ ਮਾਹਿਰਾਂ ਦੀ ਸਹਾਇਤਾ ਲਈ ਹੈ ਅਤੇ ਇਸ ਸਬੰਧੀ ਸੰਤ ਸਮਾਜ ਨਾਲ ਵੀ ਸਲਾਹ-ਮਸ਼ਵਰਾ ਕੀਤਾ ਜਾ ਰਿਹਾ ਹੈ।

ਅਕਾਲੀ ਲੀਡਰਸ਼ਿਪ 'ਤੇ ਵਰ੍ਹਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਇਹ ਮੌਕਾਪ੍ਰਸਤ ਆਗੂ ਹਨ, ਜੋ ਆਪਣੀ ਸਹੂਲਤ ਅਤੇ ਨਿੱਜੀ ਰਾਜਨੀਤਿਕ ਹਿੱਤਾਂ ਅਨੁਸਾਰ ਗਿਰਗਿਟ ਵਾਂਗ ਰੰਗ ਅਤੇ ਰੁਖ਼ ਬਦਲਦੇ ਰਹਿੰਦੇ ਹਨ। ਉਨ੍ਹਾਂ ਅੱਗੇ ਕਿਹਾ ਕਿ ਹਰ ਕੋਈ ਜਾਣਦਾ ਹੈ ਕਿ ਇਹ ਪਰਿਵਾਰ ਅੰਗਰੇਜ਼ਾਂ ਦਾ ਪਿੱਠੂ ਰਿਹਾ ਹੈ ਅਤੇ ਦੇਸ਼ ਭਗਤਾਂ ਵਿਰੁੱਧ ਅੰਗਰੇਜ਼ਾਂ ਦਾ ਸਾਥ ਦੇਣ ਲਈ ਇਸ ਪਰਿਵਾਰ ਨੂੰ ਸਰ ਦੀ ਉਪਾਧੀ ਨਾਲ ਨਿਵਾਜਿਆ ਗਿਆ ਸੀ। ਉਨ੍ਹਾਂ ਅੱਗੇ ਕਿਹਾ ਕਿ ਇਸ ਪਰਿਵਾਰ ਨੇ 13 ਅਪ੍ਰੈਲ, 1919 ਨੂੰ ਜਲ੍ਹਿਆਂਵਾਲਾ ਬਾਗ ਕਤਲੇਆਮ ਦੇ ਦੋਸ਼ੀ ਜਨਰਲ ਡਾਇਰ ਵਾਸਤੇ ਇਸ ਘਿਨਾਉਣੀ ਘਟਨਾ ਤੋਂ ਬਾਅਦ ਰਾਤ ਦੇ ਖਾਣੇ ਦੀ ਮੇਜ਼ਬਾਨੀ ਕੀਤੀ ਸੀ।

ਉਨ੍ਹਾਂ ਕਿਹਾ, "ਇਸ ਕਾਰਵਾਈ ਨੇ ਉਨ੍ਹਾਂ ਦੀ ਦੇਸ਼ ਵਿਰੋਧੀ ਅਤੇ ਪੰਜਾਬ ਵਿਰੋਧੀ ਮਾਨਸਿਕਤਾ ਨੂੰ ਜੱਗ ਜ਼ਾਹਰ ਕੀਤਾ ਹੈ।" ਉਨ੍ਹਾਂ ਅੱਗੇ ਕਿਹਾ, "ਸਿਰਫ ਇਹ ਹੀ ਨਹੀਂ, ਪਰਿਵਾਰ ਨੇ ਜਨਰਲ ਡਾਇਰ ਨੂੰ ਸ੍ਰੀ ਹਰਿਮੰਦਰ ਸਾਹਿਬ ਵਿਖੇ ਸਿਰੋਪਾਓ ਭੇਂਟ ਕਰਨ ਅਤੇ ਮੁਆਫ਼ੀ ਦਿਵਾਉਣ ਵਿੱਚ ਵੀ ਅਹਿਮ ਭੂਮਿਕਾ ਨਿਭਾਈ ਸੀ।" ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਗੇ ਕਿਹਾ, "ਇਹ ਹੋਰ ਹੈਰਾਨ ਕਰਨ ਵਾਲੀ ਗੱਲ ਇਹ ਹੈ ਕਿ ਸਿਰੋਪਾਓ ਭੇਂਟ ਕਰਨ ਵਾਲੇ ਜਥੇਦਾਰ ਅਰੂੜ ਸਿੰਘ, ਸਾਬਕਾ ਲੋਕ ਸਭਾ ਮੈਂਬਰ ਸਿਮਰਜੀਤ ਸਿੰਘ ਮਾਨ ਦੇ ਨਾਨਾ ਜੀ ਸਨ।""

ਇਤਿਹਾਸ ਦਾ ਹਵਾਲਾ ਦਿੰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਜ਼ੋਰ ਦੇ ਕੇ ਕਿਹਾ, "ਬਾਦਲ ਦੇ ਪੁਰਖਿਆਂ ਦੇ ਦੋਗਲੇ ਕਿਰਦਾਰ ਦਾ ਸੱਚ ਇਤਿਹਾਸ ਦੇ ਪੰਨਿਆਂ 'ਤੇ ਉੱਕਰਿਆ ਹੈ, ਜਿਸ ਨੂੰ ਮਿਟਾਇਆ ਨਹੀਂ ਜਾ ਸਕਦਾ ।" ਉਨ੍ਹਾਂ ਅੱਗੇ ਕਿਹਾ, "ਇਸ ਪਰਿਵਾਰ ਦੇ ਹੱਥ ਦੇਸ਼ ਭਗਤਾਂ ਦੇ ਖੂਨ ਨਾਲ ਰੰਗੇ ਹਨ ਅਤੇ ਰਾਸ਼ਟਰਵਾਦੀਆਂ ਦੀ ਪਿੱਠ 'ਚ ਛੁਰਾ ਮਾਰਨ ਤੋਂ ਲੈ ਕੇ ਕੌਮ ਨਾਲ ਧ੍ਰੋਹ ਕਮਾਉਣ ਤੱਕ ਉਨ੍ਹਾਂ ਦੀ ਭੂਮਿਕਾ ਨੂੰ ਕਦੇ ਵੀ ਭੁਲਾਇਆ ਨਹੀਂ ਜਾ ਸਕਦਾ।"

ਕਾਂਗਰਸ ਨੂੰ ਕਰੜੀ ਹੱਥੀਂ ਲੈਂਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "ਕਾਂਗਰਸ ਵਿੱਚ ਹਰ ਆਗੂ ਸੂਬੇ ਦਾ ਮੁਖੀ ਬਣਨਾ ਚਾਹੁੰਦਾ ਹੈ। ਉਨ੍ਹਾਂ ਕੋਲ ਵਰਕਰਾਂ ਨਾਲੋਂ ਵੱਧ ਮੁੱਖ ਮੰਤਰੀ ਹਨ।" ਮੁੱਖ ਮੰਤਰੀ ਨੇ ਅੱਗੇ ਕਿਹਾ ਕਿ ਉਨ੍ਹਾਂ ਦੇ ਚੋਟੀ ਦੇ ਨੇਤਾ ਨੇ ਹਾਲ ਹੀ ਦੌਰਾਨ ਹੋਈ ਇੱਕ ਰੈਲੀ ਵਿੱਚ ਉਨ੍ਹਾਂ ਨੂੰ ਜਨਤਕ ਤੌਰ 'ਤੇ ਝਿੜਕਿਆ ਹੈ। ਉਨ੍ਹਾਂ ਤੰਜ ਕੱਸਦਿਆਂ ਕਿਹਾ, "ਕਾਂਗਰਸ ਇੱਕ ਦੁਫਾੜ ਹੋਈ ਪਾਰਟੀ ਹੈ, ਜੋ ਅੰਦਰੂਨੀ ਖਿੱਚੋਤਾਣ ਕਾਰਨ ਢਹਿ-ਢੇਰੀ ਹੋਣ ਦੇ ਕੰਢੇ ਹੈ ।" ਉਨ੍ਹਾਂ ਕਿਹਾ, "ਇਹ ਬੜੀ ਮੰਦਭਾਗੀ ਗੱਲ ਹੈ ਕਿ ਉਨ੍ਹਾਂ ਨੂੰ ਇਕਜੁੱਟ ਕਰਨ ਲਈ ਭੇਜੇ ਗਏ ਆਗੂਆਂ ਨੂੰ ਉਨ੍ਹਾਂ ਦੇ ਨਾਮ ਤੱਕ ਨਹੀਂ ਉਚਾਰਣੇ ਆਉਂਦੇ।""

2027 ਦੀ ਚੋਣ ਦੀ ਰੂਪ-ਰੇਖਾ ਬਾਰੇ ਦੱਸਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "ਲੋਕਾਂ ਕੋਲ ਚੁਣਨ ਲਈ ਤਿੰਨ ਕਲਮਾਂ ਹੋਣਗੀਆਂ।" ਉਨ੍ਹਾਂ ਕਿਹਾ, "ਪਹਿਲੀ ਕਲਮ ਕਾਂਗਰਸ ਦੀ ਹੈ, ਜਿਸ ਦੀ ਸਿਆਹੀ ਸ੍ਰੀ ਹਰਿਮੰਦਰ ਸਾਹਿਬ 'ਤੇ ਹਮਲੇ, 1984 ਦੇ ਦੰਗਿਆਂ ਅਤੇ ਹੋਰ ਸਿੱਖ ਵਿਰੋਧੀ ਸਟੈਂਡਾਂ ਦੀ ਪ੍ਰਤੀਕ ਹੈ। ਇਸੇ ਤਰ੍ਹਾਂ ਦੂਜੀ ਕਲਮ ਅਕਾਲੀਆਂ ਦੀ ਹੈ, ਜਿਸ ਵਿੱਚ ਸ੍ਰੀ ਗੁਰੂ ਗ੍ਰੰਥ ਸਾਹਿਬ ਦੀ ਬੇਅਦਬੀ ਦੀ ਸਿਆਹੀ ਹੈ।" ਉਨ੍ਹਾਂ ਜ਼ੋਰ ਦਿੰਦਿਆਂ ਕਿਹਾ, "ਤੀਜੀ ਕਲਮ ਆਪ ਦੀ ਹੈ, ਜੋ ਕਿ ਲੋਕ-ਪੱਖੀ ਤੇ ਵਿਕਾਸਸ਼ੀਲ ਪਹਿਲਕਦਮੀਆਂ ਰਾਹੀਂ ਸੂਬੇ ਨੂੰ ਮੁੜ ਰੰਗਲਾ ਪੰਜਾਬ ਬਣਾ ਕੇ ਇਸ ਦੀ ਸ਼ਾਨ-ਬਹਾਲੀ ਕਰ ਰਹੀ ਹੈ।"

ਸੁਚੱਜੇ ਸ਼ਾਸਨ ਪ੍ਰਬੰਧਾਂ ਬਾਰੇ ਦੱਸਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "ਸੂਬਾ ਸਰਕਾਰ ਨੇ ਕਈ ਲੋਕ-ਪੱਖੀ ਪਹਿਲਕਦਮੀਆਂ ਕੀਤੀਆਂ ਹਨ, ਜਿਸ ਨਾਲ ਸੂਬੇ ਦੀ ਬਦਲੀ ਨੁਹਾਰ ਦੀ ਤਸਵੀਰ ਸਪੱਸ਼ਟ ਦਿਖ ਰਹੀ ਹੈ।" ਉਨ੍ਹਾਂ ਅੱਗੇ ਕਿਹਾ, "ਲੋਕਾਂ ਦੇ ਟੈਕਸ ਦਾ ਪੈਸਾ ਬੜੀ ਸਮਝਦਾਰੀ ਨਾਲ ਲੋਕਾਂ ਦੀ ਭਲਾਈ 'ਤੇ ਖਰਚ ਕੀਤਾ ਜਾ ਰਿਹਾ ਹੈ। ਇਹ ਪੈਸਾ ਵਿਕਾਸ, ਸਕੂਲਾਂ, ਹਸਪਤਾਲਾਂ ਅਤੇ ਸੜਕਾਂ ਦੀ ਅਪਗ੍ਰੇਡੇਸ਼ਨ ਰਾਹੀਂ ਮੁੜ ਸੂਬੇ 'ਤੇ ਹੀ ਲਗਾਇਆ ਜਾ ਰਿਹਾ ਹੈ।

ਸਰਕਾਰ ਦੀਆਂ ਪ੍ਰਾਪਤੀਆਂ ਗਿਣਾਉਂਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "ਅਸੀਂ 90 ਫੀਸਦੀ ਘਰਾਂ ਨੂੰ ਮੁਫ਼ਤ ਬਿਜਲੀ ਮੁਹੱਈਆ ਕਰਵਾਈ ਹੈ, ਬਿਨਾਂ ਕਿਸੇ ਭ੍ਰਿਸ਼ਟਾਚਾਰ ਤੋਂ 65000 ਤੋਂ ਵੱਧ ਨੌਕਰੀਆਂ ਦਿੱਤੀਆਂ , ਸੜਕਾਂ ਵਿੱਚ ਸੁਧਾਰ ਕੀਤਾ ਹੈ, ਟੋਲ ਪਲਾਜ਼ਾ ਬੰਦ ਕੀਤੇ, ਜਿਸ ਨਾਲ ਰੋਜ਼ਾਨਾ 70 ਲੱਖ ਰੁਪਏ ਦੀ ਬਚਤ ਹੋਈ ਹੈ ਅਤੇ ਬੁਨਿਆਦੀ ਢਾਂਚਾ ਮਜ਼ਬੂਤ ਹੋਇਆ ਹੈ।" ਉਨ੍ਹਾਂ ਅੱਗੇ ਕਿਹਾ, "ਨਹਿਰੀ ਪਾਣੀ ਦੀ ਵਰਤੋਂ 22 ਫੀਸਦੀ ਤੋਂ ਵਧ ਕੇ 71 ਫੀਸਦੀ ਹੋ ਗਈ ਹੈ ਅਤੇ ਆਉਣ ਵਾਲੇ ਝੋਨੇ ਦੇ ਸੀਜ਼ਨ ਤੱਕ 90 ਫੀਸਦੀ ਤੱਕ ਪੁੱਜ ਜਾਵੇਗੀ।"

ਸਿੱਖਿਆ 'ਤੇ ਜ਼ੋਰ ਦਿੰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "ਮੁਫ਼ਤ ਸਹੂਲਤਾਂ ਗ਼ਰੀਬੀ ਨੂੰ ਖਤਮ ਨਹੀਂ ਕਰ ਸਕਦੀਆਂ। ਸਿੱਖਿਆ ਇਕਲੌਤਾ ਸਾਧਨ ਹੈ ਜਿਸ ਰਾਹੀਂ ਲੋਕਾਂ ਨੂੰ ਉੱਚਾ ਚੁੱਕਿਆ ਸਕਦਾ ਹੈ।" ਉਨ੍ਹਾਂ ਅੱਗੇ ਕਿਹਾ, "ਵਿੱਦਿਆ ਉਹ ਚਾਨਣ ਹੈ ਜੋ ਹਨੇਰੇ ਦੂਰ ਕਰਦਾ ਹੈ, ਇਸ ਲਈ ਅਸੀਂ ਸਿੱਖਿਆ ਨੂੰ ਵਡੇਰੀ ਤਰਜੀਹ ਦੇ ਰਹੇ ਹਾਂ।"

ਸਿਹਤ ਸੰਭਾਲ ਬਾਰੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "ਮੁੱਖ ਮੰਤਰੀ ਸਿਹਤ ਯੋਜਨਾ ਤਹਿਤ 65 ਲੱਖ ਪਰਿਵਾਰਾਂ ਨੂੰ ਸਿਹਤ ਕਾਰਡ ਜਾਰੀ ਕੀਤੇ ਜਾ ਰਹੇ ਹਨ।" ਉਨ੍ਹਾਂ ਅੱਗੇ ਕਿਹਾ,"ਹਰੇਕ ਪਰਿਵਾਰ 10 ਲੱਖ ਰੁਪਏ ਤੱਕ ਦੇ ਮੁਫ਼ਤ ਇਲਾਜ ਦਾ ਹੱਕਦਾਰ ਹੈ, ਜਿਸ ਵਿੱਚ 30 ਲੱਖ ਤੋਂ ਵੱਧ ਕਾਰਡ ਜਾਰੀ ਕੀਤੇ ਗਏ ਹਨ ਅਤੇ ਹੁਣ ਤੱਕ 1.65 ਲੱਖ ਇਲਾਜ ਮੁਹੱਈਆ ਕਰਵਾਏ ਗਏ ਹਨ।" ਉਨ੍ਹਾਂ ਲੋਕਾਂ ਅਜਿਹੀ ਲਾਭਕਾਰੀ ਸਕੀਮਾਂ ਤੋਂ ਪੂਰਾ ਲਾਭ ਉਠਾਉਣ ਦੀ ਅਪੀਲ ਵੀ ਕੀਤੀ।

ਬਿਜਲੀ ਸਪਲਾਈ ਬਾਰੇ ਉਨ੍ਹਾਂ ਕਿਹਾ, "ਪਹਿਲੀ ਵਾਰ ਝੋਨੇ ਦੇ ਸੀਜ਼ਨ ਦੌਰਾਨ ਖੇਤਾਂ ਦੇ ਟਿਊਬਵੈੱਲਾਂ ਨੂੰ ਅੱਠ ਘੰਟੇ ਤੋਂ ਵੱਧ ਨਿਰਵਿਘਨ ਬਿਜਲੀ ਸਪਲਾਈ ਦਿੱਤੀ ਗਈ ਹੈ।" ਉਨ੍ਹਾਂ ਅੱਗੇ ਕਿਹਾ, "ਕਿਸਾਨਾਂ ਨੂੰ ਦਿਨ ਵੇਲੇ ਬਿਜਲੀ ਮਿਲ ਰਹੀ ਹੈ, ਜਿਸ ਨਾਲ ਉਨ੍ਹਾਂ ਦੀ ਜ਼ਿੰਦਗੀ ਵਿੱਚ ਬਦਲਾਅ ਸਾਫ਼ ਦੇਖਿਆ ਜਾ ਰਿਹਾ ਹੈ।" ਉਨ੍ਹਾਂ ਦੁਹਰਾਇਆ, "ਸਰਕਾਰੀ ਖ਼ਜ਼ਾਨੇ ਦਾ ਇੱਕ-ਇੱਕ ਪੈਸਾ ਲੋਕ ਭਲਾਈ ਲਈ ਵਰਤਿਆ ਜਾ ਰਿਹਾ ਹੈ।""

ਸਮਾਜ ਭਲਾਈ ਦਾ ਜ਼ਿਕਰ ਕਰਦੇ ਹੋਏ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "ਮਾਵਾਂ-ਧੀਆਂ ਸਤਿਕਾਰ ਯੋਜਨਾ ਤਹਿਤ ਔਰਤਾਂ ਨੂੰ ਪ੍ਰਤੀ ਮਹੀਨਾ 1000 ਰੁਪਏ ਅਤੇ 18 ਸਾਲ ਤੋਂ ਵੱਧ ਉਮਰ ਦੀਆਂ ਅਨੁਸੂਚਿਤ ਜਾਤੀ ਦੀਆਂ ਔਰਤਾਂ ਨੂੰ 1500 ਰੁਪਏ ਦਿੱਤੇ ਜਾ ਰਹੇ ਹਨ।"

ਇਕੱਠ ਨੂੰ ਗੱਲਬਾਤ ਦਾ ਸੱਦਾ ਦਿੰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ਇਹ ਕੋਈ ਸਿਆਸੀ ਰੈਲੀ ਨਹੀਂ, ਸਗੋਂ ਲੋਕਾਂ ਨਾਲ ਜੁੜਨ ਦਾ ਅਸਲ ਮੰਚ ਹੈ। ਉਨ੍ਹਾਂ ਅੱਗੇ ਕਿਹਾ, "ਪਿਛਲੀਆਂ ਸਰਕਾਰਾਂ ਨੇ ਲੋਕਾਂ ਦਾ ਭਰੋਸਾ ਤੋੜਿਆ ਅਤੇ ਸੂਬੇ ਨੂੰ ਲੁੱਟਿਆ, ਪਰ ਫੇਰ ਲੋਕਾਂ ਨੇ ਬਦਲਾਅ ਲਈ ਵੋਟ ਦਿੱਤੀ, ਜਿਸ ਨਾਲ ਸਕੂਲਾਂ, ਹਸਪਤਾਲਾਂ ਅਤੇ ਹੋਰ ਖੇਤਰਾਂ ਵਿੱਚ ਤਬਦੀਲੀ ਆਈ।"

ਜੈਤੋ ਦੀ ਇਤਿਹਾਸਕ ਧਰਤ ਦਾ ਹਵਾਲਾ ਦਿੰਦਿਆਂ ਉਨ੍ਹਾਂ ਕਿਹਾ, "ਇਸ ਪਵਿੱਤਰ ਧਰਤੀ ਨੇ ਹਮੇਸ਼ਾ ਇਤਿਹਾਸ ਲਿਖਿਆ ਹੈ ਅਤੇ ਪੰਜਾਬ ਦੀ ਕਿਸਮਤ ਵਿੱਚ ਜ਼ਰਖੇਜ਼ ਭੋਇੰ ਦਾ ਬਹੁਤ ਵੱਡਾ ਯੋਗਦਾਨ ਪਾਇਆ ਹੈ।" ਉਨ੍ਹਾਂ ਅੱਗੇ ਕਿਹਾ, "ਰਵਾਇਤੀ ਆਗੂ ਚਾਂਦੀ ਦੇ ਚਮਚਿਆਂ ਨਾਲ ਪੈਦਾ ਹੋਏ ਸਨ ਅਤੇ ਉਨ੍ਹਾਂ ਨੇ ਦੇਸ਼ ਲਈ ਨਾ ਕਦੇ ਕੁਝ ਕੀਤਾ ਤੇ ਨਾ ਹੀ ਦੁੱਖ ਜਰਿਆ।" ਉਨ੍ਹਾਂ ਕਿਹਾ, "ਉਹ ਮੰਨਦੇ ਰਹੇ ਕਿ ਉਨ੍ਹਾਂ ਕੋਲ ਰਾਜ ਕਰਨ ਦਾ ਰੱਬੀ ਅਧਿਕਾਰ ਹੈ, ਪਰ ਲੋਕਤੰਤਰ ਵਿੱਚ ਲੋਕ ਹੀ ਸਰਵਉੱਚ ਹੁੰਦੇ ਹਨ।"

ਸੁਖਬੀਰ ਸਿੰਘ ਬਾਦਲ 'ਤੇ ਨਿਸ਼ਾਨਾ ਸਾਧਦੇ ਹੋਏ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "ਸਿੱਖਿਆ ਅਤੇ ਭਲਾਈ ਬਾਰੇ ਚਰਚਾ ਕਰਨ ਦੀ ਬਜਾਏ, ਉਹ ਮੱਝਾਂ ਬਾਰੇ ਗੱਲ ਕਰਦੇ ਹਨ, ਜੋ ਕਿ ਇੱਕ ਸੌੜੀ ਮਾਨਸਿਕਤਾ ਨੂੰ ਦਰਸਾਉਂਦਾ ਹੈ।"ਉਨ੍ਹਾਂ ਅੱਗੇ ਕਿਹਾ, "ਕਈ ਮੌਕੇ ਮਿਲਣ ਦੇ ਬਾਵਜੂਦ, ਉਨ੍ਹਾਂ ਨੇ ਰਾਜ ਨੂੰ ਲੁੱਟਿਆ ਅਤੇ ਇਸੇ ਕਰਕੇ ਲੋਕਾਂ ਨੇ ਉਨ੍ਹਾਂ ਨੂੰ ਨਕਾਰ ਦਿੱਤਾ।

ਵਿਰੋਧੀ ਧਿਰ ਦੇ ਆਚਰਣ ਦੀ ਆਲੋਚਨਾ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "ਅਸਲ ਮੁੱਦੇ ਉਠਾਉਣ ਦੀ ਬਜਾਏ, ਉਹ ਦੂਸ਼ਣਬਾਜ਼ੀ ਜਾਂ ਚਿੱਕੜ ਉਛਾਲਣ ਵਿੱਚ ਮਸਰੂਫ਼ ਹਨ ਅਤੇ ਸੂਬੇ ਦੇ ਵਡਮੁੱਲੇ ਸਰੋਤਾਂ ਨੂੰ ਲੁੱਟਣ ਦੀ ਆਪਣੀ ਵਾਰੀ ਦੀ ਉਡੀਕ ਕਰ ਰਹੇ ਹਨ।" ਉਨ੍ਹਾਂ ਅੱਗੇ ਕਿਹਾ, "ਉਨ੍ਹਾਂ ਦਾ ਇੱਕੋ-ਇੱਕ ਉਦੇਸ਼ ਸੱਤਾ ਤੇ ਕਾਬਿਜ਼ ਹੋਣਾ ਹੈ, ਲੋਕਾਂ ਦੀ ਭਲਾਈ ਨਹੀਂ।"

'ਆਪ' ਦੇ ਏਜੰਡੇ ਨੂੰ ਦੁਹਰਾਉਂਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "ਅਸੀਂ ਸਿੱਖਿਆ, ਸਿਹਤ, ਬਿਜਲੀ ਅਤੇ ਖੇਤੀਬਾੜੀ ਬਾਰੇ ਗੱਲ ਕਰਦੇ ਹਾਂ, ਜਦੋਂ ਕਿ ਦੂਸਰੇ ਸੱਤਾ ਹਥਿਆਉਣ ਦੀਆਂ ਘਾੜਤਾਂ ਵਿੱਚ ਰੁੱਝੇ

## ਪਹਿਲੇ ਸਫ਼ੇ ਦੀ ਬਾਕੀ

ਹਨ।" ਉਨ੍ਹਾਂ ਅੱਗੇ ਕਿਹਾ, "ਉਨ੍ਹਾਂ ਦਾ ਏਜੰਡਾ ਪਰਿਵਾਰ ਭਲਾਈ ਹੈ, ਸਾਡਾ ਲੋਕਾਂ ਦੀ ਭਲਾਈ।" ਉਨ੍ਹਾਂ ਕਿਹਾ, "ਪਿਛਲੀਆਂ ਸਰਕਾਰਾਂ ਦੇ ਕੁਸ਼ਾਸਨ ਕਾਰਨ, ਲੋਕਾਂ ਨੇ ਆਮ ਆਦਮੀ ਪਾਰਟੀ ਨੂੰ ਚੁਣਿਆ, ਜੋ ਅਣਥੱਕ ਮਿਹਨਤ ਕਰ ਰਹੀ ਹੈ।""

ਲੋਕਾਂ ਨੂੰ ਪਿਛਲੀਆਂ ਸਰਕਾਰਾਂ ਦੀ ਯਾਦ ਦਿਵਾਉਂਦੇ ਹੋਏ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "ਰਵਾਇਤੀ ਪਾਰਟੀਆਂ ਕਦੇ ਵੀ ਪੰਜਾਬ ਪ੍ਰਤੀ ਵਫ਼ਾਦਾਰ ਨਹੀਂ ਰਹੀਆਂ।" ਉਨ੍ਹਾਂ ਅੱਗੇ ਕਿਹਾ, "ਉਹ ਈਰਖਾ ਕਰਦੇ ਹਨ ਕਿਉਂਕਿ 'ਆਪ' ਨੇ ਭਲਾਈ ਦਾ ਏਜੰਡਾ ਤੈਅ ਕੀਤਾ ਹੈ।" ਉਨ੍ਹਾਂ ਅੱਗੇ ਕਿਹਾ, "ਸੁਖਬੀਰ ਸਿੰਘ ਬਾਦਲ ਨੂੰ ਪੰਜਾਬ ਦੀ ਮੁੱਢਲੀ ਭੂਗੋਲਿਕ ਸਥਿਤੀ ਬਾਰੇ ਵੀ ਕੋਈ ਜਾਣਕਾਰੀ ਨਹੀਂ ਹੈ।"

ਹੋਰ ਆਗੂਆਂ 'ਤੇ ਨਿਸ਼ਾਨਾ ਸਾਧਦੇ ਹੋਏ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "ਕੈਪਟਨ ਅਮਰਿੰਦਰ ਸਿੰਘ ਅਤੇ ਉਨ੍ਹਾਂ ਦਾ ਪਰਿਵਾਰ ਲਗਾਤਾਰ ਪੰਜਾਬ ਵਿਰੋਧੀ ਤਾਕਤਾਂ ਨਾਲ ਖੜ੍ਹਾ ਰਿਹਾ ਹੈ।" ਉਨ੍ਹਾਂ ਅੱਗੇ ਕਿਹਾ, "ਆਪ ਸਿਸਟਮ ਬਦਲਣ ਲਈ ਬਣਾਈ ਗਈ ਸੀ ਅਤੇ ਇਸ ਦੀ ਅਗਵਾਈ ਹੇਠ ਪੰਜਾਬ, ਸਿੱਖਿਆ ਅਤੇ ਸਿਹਤ ਸਮੇਤ ਹਰ ਖੇਤਰ ਵਿੱਚ ਤੇਜ਼ੀ ਨਾਲ ਤਰੱਕੀ ਕਰ ਰਿਹਾ ਹੈ।"

ਰਾਸ਼ਟਰੀ ਮੁੱਦਿਆਂ 'ਤੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "ਦੇਸ਼ 'ਤੇ ਰਾਜ ਕਰਨ ਵਾਲਿਆਂ ਨੂੰ ਲੋਕਾਂ ਦੀ ਭਲਾਈ ਬਾਰੇ ਜਾਣਕਾਰੀ ਨਹੀਂ ਹੈ।" ਉਨ੍ਹਾਂ ਅੱਗੇ ਕਿਹਾ, "ਦੇਸ਼ ਦੀ ਅਗਵਾਈ ਇੱਕ ਅਜਿਹੇ ਭੱਦਰ-ਪੁਰਸ਼ ਕਰ ਰਹੇ ਹਨ, ਜੋ ਜ਼ਿਆਦਾ ਸਮਾਂ ਵਿਦੇਸ਼ਾਂ ਵਿੱਚ ਬਿਤਾਉਂਦੇ ਹਨ ਅਤੇ ਜ਼ਮੀਨੀ ਹਕੀਕਤਾਂ ਤੋਂ ਕੋਹਾਂ ਦੂਰ ਹਨ।" ਉਨ੍ਹਾਂ ਕਿਹਾ, "ਐਲਪੀਜੀ ਅਤੇ ਤੇਲ ਸੰਕਟ ਦਾ ਅੰਦਾਜ਼ਾ ਲਗਾਇਆ ਜਾਣਾ ਚਾਹੀਦਾ ਸੀ।"ਇਸ ਤੋਂ ਪਹਿਲਾਂ, 'ਆਪ' ਪੰਜਾਬ ਪ੍ਰਭਾਰੀ ਮਨੀਸ਼ ਸਿਸੋਦੀਆ ਨੇ ਕਿਹਾ, "ਇਹ ਬਹੁਤ ਮਾਣ ਵਾਲੀ ਗੱਲ ਹੈ ਕਿ ਭਗਵੰਤ ਸਿੰਘ ਮਾਨ ਸਭ ਤੋਂ ਪ੍ਰਸਿੱਧ ਮੁੱਖ ਮੰਤਰੀ ਸਾਬਤ ਹੋਏ ਹਨ।" ਉਨ੍ਹਾਂ ਅੱਗੇ ਕਿਹਾ, "ਉਹ ਲੋਕਾਂ ਦੀ ਭਲਾਈ ਲਈ ਕੰਮ ਕਰਨ ਵਾਲੇ ਇਕਲੌਤੇ ਮੁੱਖ ਮੰਤਰੀ ਹਨ ਅਤੇ ਪਾਰਟੀ ਵੱਡੇ ਫਤਵੇ ਨਾਲ ਸੱਤਾ ਵਿੱਚ ਵਾਪਸ ਆਵੇਗੀ।"

ਇਸ ਦੌਰਾਨ ਸਪੀਕਰ ਕੁਲਤਾਰ ਸਿੰਘ ਸੰਧਵਾਂ, ਕੈਬਨਿਟ ਮੰਤਰੀ ਡਾ. ਬਲਜੀਤ ਕੌਰ ਅਤੇ ਡਾ. ਬਲਬੀਰ ਸਿੰਘ ਅਤੇ ਹੋਰ ਵੀ ਮੌਜੂਦ ਸਨ।

### ਈਰਾਨ ਵੱਲੋਂ ਅਮਰੀਕਾ ਨੂੰ

10 ਦਿਨਾਂ ਦੀ ਸਮਾਂ ਸੀਮਾ ਦਿੱਤੀ ਸੀ ਅਤੇ ਨਵਾਂ ਅਲਟੀਮੇਟਮ ਜਾਰੀ ਕੀਤਾ ਸੀ। ਉਹ ਸਮਾਂ ਸੀਮਾ 6 ਅਪ੍ਰੈਲ ਨੂੰ ਖ਼ਤਮ ਹੋਣ ਵਾਲੀ ਹੈ। ਜਿਵੇਂ-ਜਿਵੇਂ ਤਰੀਕ ਨੇੜੇ ਆ ਰਹੀ ਹੈ, ਦੋਵਾਂ ਦੇਸ਼ਾਂ ਵਿਚਾਲੇ ਤਣਾਅ ਵਧਦਾ ਜਾ ਰਿਹਾ ਹੈ। ਪਿਛਲੇ ਦਿਨੀਂ ਈਰਾਨ ਨੇ ਅਮਰੀਕਾ ਦੇ ਇੱਕ ਐਫ਼-15 ਲੜਾਕੂ ਜਹਾਜ਼ ਅਤੇ ਇੱਕ ਏ-10 ਜ਼ਮੀਨੀ ਹਮਲਾਵਰ ਜਹਾਜ਼ ਨੂੰ ਮਾਰ ਗਿਰਾਇਆ ਸੀ। ਅਮਰੀਕੀ ਮੀਡੀਆ ਅਨੁਸਾਰ ਦੋ ਕਰੂ ਮੈਂਬਰਾਂ ਵਿੱਚੋਂ ਇੱਕ ਨੂੰ ਬਚਾ ਲਿਆ ਗਿਆ ਹੈ, ਜਦਕਿ ਦੂਜਾ ਅਜੇ ਵੀ ਲਾਪਤਾ ਹੈ, ਜਿਸ ਦੀ ਭਾਲ ਫੌਜ ਵੱਲੋਂ ਕੀਤੀ ਜਾ ਰਹੀ ਹੈ। ਮੱਧ-ਪੂਰਬ ਖੇਤਰ ਵਿੱਚ ਲਗਾਤਾਰ ਤਣਾਅ ਵਧਦਾ ਜਾ ਰਿਹਾ ਹੈ। 28 ਫਰਵਰੀ ਨੂੰ ਸ਼ੁਰੂ ਹੋਈ ਇਹ ਜੰਗ ਆਪਣੇ ਛੇਵੇਂ ਹਫ਼ਤੇ ਵਿੱਚ ਪ੍ਰਵੇਸ਼ ਕਰ ਚੁੱਕੀ ਹੈ। ਸ਼ਨੀਵਾਰ ਤੱਕ ਈਰਾਨ ਵਿੱਚ 3,500 ਤੋਂ ਵੱਧ ਲੋਕਾਂ ਦੀ ਮੌਤ ਹੋ ਚੁੱਕੀ ਹੈ, ਜਦਕਿ ਇਜ਼ਰਾਈਲ ਅਤੇ ਅਮਰੀਕਾ ਨੇ ਕ੍ਰਮਵਾਰ 19 ਅਤੇ 13 ਲੋਕਾਂ ਦੀ ਮੌਤ ਦੀ ਪੁਸ਼ਟੀ ਕੀਤੀ ਹੈ। ਇਰਾਕ ਵਿੱਚ ਵੀ ਘੱਟੋ-ਘੱਟ 108 ਲੋਕ ਮਾਰੇ ਗਏ ਹਨ।

### 'ਹੋਰਮੁਜ਼ ਖੋਲ੍ਹ ਦਿਓ ਨਹੀਂ ਤਾਂ

ਵੱਡੇ ਪਾਵਰ ਪਲਾਂਟ ਤੋਂ ਹੋਵੇਗੀ। ਆਪਣੀ ਸੋਸ਼ਲ ਮੀਡੀਆ ਪੋਸਟ ਵਿੱਚ, ਟਰੰਪ ਨੇ ਬਹੁਤ ਹੀ ਹਮਲਾਵਰ ਭਾਸ਼ਾ ਦੀ ਵਰਤੋਂ ਕੀਤੀ। ਉਸਨੇ ਐਲਾਨ ਕੀਤਾ ਕਿ 'ਮੰਗਲਵਾਰ ਪਾਵਰ ਪਲਾਂਟ ਦਿਵਸ ਅਤੇ ਪੁਲ਼ ਦਿਵਸ ਹੋਵੇਗਾ' ਅਤੇ ਈਰਾਨ ਨੂੰ ਹੋਰਮੁਜ਼ ਜਲਡਮਰੂ ਨੂੰ ਤੁਰੰਤ ਖੋਲ੍ਹਣ ਦੀ ਮੰਗ ਕੀਤੀ। ਉਸਨੇ ਚਿਤਾਵਨੀ ਦਿੱਤੀ ਕਿ ਜੇਕਰ ਅਜਿਹਾ ਨਹੀਂ ਕੀਤਾ ਗਿਆ, ਤਾਂ ਸਥਿਤੀ ਬਹੁਤ ਭਿਆਨਕ ਹੋ ਜਾਵੇਗੀ। ਟਰੰਪ ਦਾ ਇਹ ਬਿਆਨ ਉਸ ਸਮੇਂ ਆਇਆ ਹੈ ਜਦੋਂ ਉਨ੍ਹਾਂ ਨੇ ਪਹਿਲਾਂ ਈਰਾਨ ਨੂੰ 48 ਘੰਟਿਆਂ ਦਾ ਅਲਟੀਮੇਟਮ ਦਿੱਤਾ ਸੀ। ਉਨ੍ਹਾਂ ਨੇ ਧਮਕੀ ਦਿੱਤੀ ਸੀ ਕਿ ਜੇਕਰ ਉਸ ਸਮਾਂ ਸੀਮਾ ਦੇ ਅੰਦਰ ਕੋਈ ਸਮਝੌਤਾ ਨਹੀਂ ਹੋਇਆ ਤਾਂ ਉਹ ਸਖ਼ਤ ਫੌਜੀ ਕਾਰਵਾਈ ਕਰਨਗੇ। ਉਨ੍ਹਾਂ ਨੇ ਸ਼ਨੀਵਾਰ ਨੂੰ ਇਹ ਵੀ ਕਿਹਾ ਕਿ ਸਮਾਂ ਖਤਮ ਹੋ ਰਿਹਾ ਹੈ ਅਤੇ ਜੇਕਰ ਈਰਾਨ ਨੇ ਕਾਰਵਾਈ ਨਹੀਂ ਕੀਤੀ ਤਾਂ ਇੱਕ ਵੱਡਾ ਹਮਲਾ ਕੀਤਾ ਜਾਵੇਗਾ। ਅਮਰੀਕਾ ਅਤੇ ਈਰਾਨ ਵਿਚਕਾਰ ਤਣਾਅ ਲਗਾਤਾਰ ਵਧ ਰਿਹਾ ਹੈ,ਖਾਸ ਕਰਕੇ ਹੋਰਮੁਜ਼ ਜਲਡਮਰੂ ਨੂੰ ਲੈ ਕੇ। ਇਹ ਦੁਨੀਆ ਦੇ ਸਭ ਤੋਂ ਮਹੱਤਵਪੂਰਨ ਤੇਲ ਰੂਟਾਂ ਵਿੱਚੋਂ ਇੱਕ ਹੈ, ਅਤੇ ਇਸ ਦੇ ਬੰਦ ਹੋਣ ਦੇ ਵਿਸ਼ਵਵਿਆਪੀ ਨਤੀਜੇ ਹਨ।

### ਭਾਜਪਾ ਘੁਸਪੈਠੀਆਂ ਦੇ ਵਿਰੁੱਧ ਹੈ

ਉਨ੍ਹਾਂ ਕਿਹਾ, 'ਅਸਾਮ ਸਮੇਤ ਉੱਤਰ-ਪੂਰਬੀ ਖੇਤਰ ਵਿੱਚ ਲਗਭਗ 5 ਲੱਖ ਕਰੋੜ ਰੁਪਏ ਦੇ ਪ੍ਰੋਜੈਕਟ 'ਤੇ ਕੰਮ ਚੱਲ ਕੀਤਾ ਜਾ ਰਿਹਾ ਹੈ। ਲਗਭਗ 1.5 ਲੱਖ ਕਰੋੜ ਰੁਪਏ ਦੇ ਬੁਨਿਆਦੀ ਢਾਂਚੇ ਦੇ ਪ੍ਰਾਜੈਕਟ ਪੂਰੇ ਹੋ ਚੁੱਕੇ ਹਨ, ਜਦੋਂ ਕਿ 1.5 ਲੱਖ ਕਰੋੜ ਤੋਂ 2 ਲੱਖ ਕਰੋੜ ਰੁਪਏ ਦੇ ਪ੍ਰੋਜੈਕਟ ਨਿਰਮਾਣ ਅਧੀਨ ਹਨ। ਇਸ ਤੋਂ ਇਲਾਵਾ ਲਗਭਗ 2 ਲੱਖ ਕਰੋੜ ਰੁਪਏ ਦੇ ਪ੍ਰੋਜੈਕਟ ਪ੍ਰਸਤਾਵਿਤ ਹਨ।'

### ਸਾਰੇ ਪੰਜਾਬੀ ਆਪਸੀ ਮਤਭੇਦ ਭੁਲਾ ਕੇ ਸੂਬੇ

ਨਾਂ 'ਤੇ ਵਿਖਾਉਣ ਵਾਸਤੇ ਕੱਖ ਵੀ ਨਹੀਂ ਹੈ। ਉਹਨਾਂ ਕਿਹਾ ਕਿ ਕੈਪਟਨ ਅਮਰਿੰਦਰ ਸਿੰਘ 10 ਸਾਲ ਮੁੱਖ ਮੰਤਰੀ ਰਹੇ ਪਰ ਇਕ ਵਾਰ ਵੀ ਉਹ ਪਟਿਆਲਾ ਦਿਹਾਤੀ ਦੇ ਕਿਸੇ ਵਾਰਡ ਜਾਂ ਪਿੰਡ ਵਿਚ ਨਹੀਂ ਆਏ ਜਦੋਂ ਕਿ ਸਾਬਕਾ ਮੁੱਖ ਮੰਤਰੀ ਸ. ਪ੍ਰਕਾਸ਼ ਸਿੰਘ ਬਾਦਲ ਨੇ ਸਾਰੇ ਪਿੰਡਾਂ ਵਿਚ ਸੰਗਤ ਦਰਸ਼ਨ ਪ੍ਰੋਗਰਾਮ ਕੀਤੇ। ਉਹਨਾਂ ਨੇ ਇਸ ਮੌਕੇ ਪੰਥਕ ਏਕਤਾ ਦੀ ਅਪੀਲ ਵੀ ਕੀਤੀ ਤੇ ਸਾਰੇ ਅਕਾਲੀਆਂ ਨੂੰ ਵਾਪਸ ਪਾਰਟੀ ਵਿਚ ਪਰਤਣ ਦੀ ਅਪੀਲ ਕੀਤੀ। ਪੰਜਾਬ ਲਈ ਆਪਣੀ ਸੋਚ ਦੀ ਗੱਲ ਕਰਦਿਆਂ ਬਾਦਲ ਨੇ ਕਿਹਾ ਕਿ ਸਰਕਾਰੀ ਨੌਕਰੀਆਂ ਪੰਜਾਬੀਆਂ ਨੂੰ ਦਿੱਤੀਆਂ ਜਾਣਗੀਆਂ ਨਾ ਕਿ ਆਪ ਸਰਕਾਰ ਵਾਂਗੂ ਬਾਹਰਲਿਆਂ ਨੂੰ ਨੌਕਰੀਆਂ ਦਿੱਤੀਆਂ ਜਾਣਗੀਆਂ। ਉਹਨਾਂ ਕਿਹਾ ਕਿ ਅਗਲੀ ਅਕਾਲੀ ਦਲ ਦੀ ਸਰਕਾਰ ਸੂਬੇ ਵਿਚ ਨਵਾਂ ਨਿਵੇਸ਼ ਲਿਆਵੇਗੀ ਪਰ ਨਾਲ ਹੀ ਸ਼ਰਤ ਰੱਖੇਗੀ ਕਿ ਸਾਰੀਆਂ ਲੱਗਣ ਵਾਲੀਆਂ ਨਵੀਆਂ ਇਕਾਈਆਂ ਵਿਚ 75 ਫੀਸਦੀ ਨੌਕਰੀਆਂ ਪੰਜਾਬੀਆਂ ਨੂੰ ਦਿੱਤੀਆਂ ਜਾਣਗੀਆਂ। ਉਹਨਾਂ ਐਲਾਨ ਕੀਤਾ ਕਿ ਨੌਜਵਾਨਾਂ ਨੂੰ ਵਿਆਜ ਮੁਕਤ 10 ਲੱਖ ਰੁਪਏ ਤੱਕ ਦਾ ਕਰਜ਼ਾ ਦਿੱਤਾ ਜਾਵੇਗਾ ਅਤੇ ਪਸ਼ੂ ਪਾਲਣ ਫਾਰਮ ਸਥਾਪਿਤ ਕਰਨ ਲਈ 75 ਫੀਸਦੀ ਸਬਸਿਡੀ ਦਿੱਤੀ ਜਾਵੇਗੀ। ਬਾਦਲ ਨੇ ਇਹ ਵੀ ਦੱਸਿਆ ਕਿ ਅਕਾਲੀ ਸਰਕਾਰ ਵਿਸ਼ਵ ਸਕਿੱਲ ਯੂਨੀਵਰਸਿਟੀ ਸਥਾਪਿਤ ਕਰੇਗੀ ਜੋ ਹਰ ਸਾਲ ਇਕ ਲੱਖ ਨੌਜਵਾਨਾਂ ਨੂੰ ਸਿੱਖਲਾਈ ਦੇਵੇਗੀ ਅਤੇ ਇਸਦੇ ਸੈਂਟਰ ਹਰ ਜ਼ਿਲ੍ਹੇ ਵਿਚ ਹੋਣਗੇ। ਉਹਨਾਂ ਕਿਹਾ ਕਿ ਅਕਾਲੀ ਦਲ ਦੀ ਸਰਕਾਰ ਆਟਾ-ਦਾਲ ਸਕੀਮ ਦਾ ਵਿਸਥਾਰ ਕਰੇਗੀ ਅਤੇ ਬੁਢਾਪਾ ਪੈਨਸ਼ਨ ਵਧਾ ਕੇ 3100 ਰੁਪਏ ਪ੍ਰਤੀ ਮਹੀਨਾ ਕੀਤੀ ਜਾਵੇਗੀ ਤੇ ਸ਼ਗਨ ਸਕੀਮ ਦੀ ਰਾਸ਼ੀ ਵਧਾ ਕੇ 1 ਲੱਖ ਰੁਪਏ ਕੀਤੀ ਜਾਵੇਗੀ। ਇਸ ਮੌਕੇ ਐਨ.ਕੇ. ਸ਼ਰਮਾ, ਡਾ. ਦਲਜੀਤ ਸਿੰਘ ਚੀਮਾ, ਗੁਰਪ੍ਰੀਤ ਸਿੰਘ ਰਾਜੂ ਖੰਨਾ, ਕਬੀਰ ਦਾਸ, ਮੱਖਣ ਸਿੰਘ ਲਾਲਕਾ, ਸਰਬਜੀਤ ਸਿੰਘ ਝਿੰਜਰ, ਰਾਜਿੰਦਰ ਸਿੰਘ ਵਿਰਕ, ਅਮਿਤ ਸਿੰਘ ਰਾਠੀ ਤੇ ਅਰਸ਼ਦੀਪ ਸਿੰਘ ਕਲੇਰ ਨੇ ਵੀ ਸੰਬੋਧਨ ਕੀਤਾ।

### ਪੰਜਾਬ ਦੇ ਕਈ ਜ਼ਿਲ੍ਹਿਆਂ ਲਈ ਮੀਂਹ ਦਾ

ਲਗਾਤਾਰ ਦੋ ਦਿਨ ਸੂਬੇ ਵਿਚ ਭਾਰੀ ਬਾਰਿਸ਼ ਹੋਵੇਗੀ। 8 ਅਪ੍ਰੈਲ ਦੇ ਮਗਰੋਂ ਮੌਸਮ ਵਿਚ ਥੋੜ੍ਹੀ ਰਾਹਤ ਮਿਲਣ ਦੀ ਸੰਭਾਵਨਾ ਦੱਸੀ ਜਾ ਰਹੀ ਹੈ। 9 ਅਪ੍ਰੈਲ ਨੂੰ ਸੂਬੇ ਵਿਚ ਮੌਸਮ ਪੂਰੀ ਤਰ੍ਹਾਂ ਰਹੇਗਾ,ਇਸ ਦਿਨ ਲਈ ਵਿਭਾਗ ਨੇ ਕੋਈ ਚਿਤਾਵਨੀ ਜ਼ਾਹਰ ਨਹੀਂ ਕੀਤੀ ਹੈ। ਪਿਛਲੇ 24 ਘੰਟਿਆਂ ਦੌਰਾਨ ਔਸਤ ਤਾਪਮਾਨ ਲਗਭਗ 0.7 ਡਿਗਰੀ ਸੈਲਸੀਅਸ ਘਟਿਆ ਹੈ, ਜੋਕਿ ਆਮ ਪੱਧਰ ਤੋਂ ਲਗਭਗ 2.6 ਡਿਗਰੀ ਘੱਟ ਹੈ। ਮੌਸਮ ਵਿਭਾਗ ਨੇ 7 ਅਪ੍ਰੈਲ ਨੂੰ ਪਠਾਨਕੋਟ, ਗੁਰਦਾਸਪੁਰ, ਅੰਮ੍ਰਿਤਸਰ, ਤਰਨਤਾਰਨ, ਮਾਨਸਾ, ਸੰਗਰੂਰ, ਬਰਨਾਲਾ, ਹੁਸ਼ਿਆਰਪੁਰ, ਬਠਿੰਡਾ ਵਿਚ ਭਾਰੀ ਬਾਰਿਸ਼ ਲਈ ਓਰੇਂਜ ਅਲਰਟ ਜਾਰੀ ਕੀਤਾ ਹੈ। ਉਥੇ ਹੀ ਕਪੂਰਥਲਾ, ਜਲੰਧਰ, ਨਵਾਂਸ਼ਹਿਰ, ਰੂਪਨਗਰ, ਮੋਹਾਲੀ ਫਤਿਹਗੜ੍ਹ ਸਾਹਿਬ, ਲੁਧਿਆਣਾ, ਮੋਗਾ, ਫਾਜ਼ਿਲਕਾ, ਮੁਕਤਸਰ ਸਾਹਿਬ, ਪਟਿਆਲਾ ਵਿਚ ਯੈਲੋ ਅਲਰਟ ਜਾਰੀ ਕੀਤਾ ਗਿਆ ਹੈ। ਇਨ੍ਹਾਂ ਜ਼ਿਲ੍ਹਿਆਂ ਵਿਚ 40-50 ਦੀ ਤੇਜ਼ ਰਫ਼ਤਾਰ ਨਾਲ ਹਨ੍ਹੇਰੀ-ਤੂਫ਼ਾਨ ਦੀ ਚਿਤਾਵਨੀ ਦਿੱਤੀ ਗਈ ਹੈ। ਮੌਸਮ ਵਿਭਾਗ ਦੀ ਇਸ ਜਾਣਕਾਰੀ ਨੂੰ ਧਿਆਨ 'ਚ ਰੱਖਦੇ ਹੋਏ ਖ਼ਾਸ ਕਰਕੇ ਉੱਤਰੀ ਪੰਜਾਬ ਦੇ ਲੋਕਾਂ ਨੂੰ ਸਾਵਧਾਨ ਰਹਿਣ ਦੀ ਲੋੜ ਹੈ। ਕਿਸਾਨਾਂ ਨੂੰ ਆਪਣੀ ਵਾਢੀ ਜਾਂ ਫਸਲਾਂ ਦੇ ਪ੍ਰਬੰਧਨ ਲਈ ਇਸ ਮੌਸਮ ਦੀ ਤਬਦੀਲੀ ਨੂੰ ਧਿਆਨ ਵਿੱਚ ਰੱਖਣਾ ਚਾਹੀਦਾ ਹੈ। ਇਸ ਦੇ ਨਾਲ ਹੀ 8 ਅਪ੍ਰੈਲ ਨੂੰ ਕੁਝ ਜ਼ਿਲ੍ਹਿਆਂ ਨੂੰ ਛੱਡ ਕੇ ਸੂਬੇ ਵਿਚ ਓਰੇਂਜ ਤੇ ਯੈਲੋ ਅਲਰਟ ਜਾਰੀ ਕੀਤਾ ਗਿਆ ਹੈ।

### ਯੂਪੀ ਵਿੱਚ ਤੂਫਾਨ ਅਤੇ ਮੀਂਹ ਕਾਰਨ 12 ਮੌਤਾਂ

ਜਿਸ ਨਾਲ ਆਟੋ-ਰਿਕਸ਼ਾ ਚਾਲਕ ਅਤੇ ਇੱਕ 60 ਸਾਲਾ ਔਰਤ ਦੀ ਮੌਤ ਹੋ ਗਈ। ਔਰਤ ਆਪਣੀ ਧੀ ਨਾਲ ਦਵਾਈ ਲੈਣ ਗਈ ਸੀ। ਲਲਿਤਪੁਰ, ਝਾਂਸੀ ਅਤੇ ਜਲੌਨ ਵਿੱਚ ਵੀ ਗੜੇ ਪਏ। ਸੜਕਾਂ ਅਤੇ ਖੇਤ ਗੜਿਆਂ ਦੀ ਚਾਦਰ ਨਾਲ ਢੱਕ ਗਏ, ਜਿਸ ਨਾਲ ਕਣਕ ਅਤੇ ਸਰ੍ਹੋਂ ਦੀਆਂ ਫਸਲਾਂ ਨੂੰ ਨੁਕਸਾਨ ਪਹੁੰਚਿਆ। ਸੀਤਾਪੁਰ ਵਿੱਚ, ਇੱਕ ਘਰ 'ਤੇ ਬਿਜਲੀ ਡਿੱਗੀ ਅਤੇ ਉਸ ਨੂੰ ਅੱਗ ਲੱਗ ਗਈ। ਇੱਕ ਮਾਂ ਅਤੇ ਧੀ ਦੀ ਮੌਤ ਹੋ ਗਈ, ਜਦੋਂ ਕਿ ਇੱਕ 7 ਸਾਲ ਦੀ ਬੱਚੀ ਝੁਲਸ ਗਈ। ਲਖਨਊ ਵਿੱਚ 1 ਮਾਰਚ ਤੋਂ ਹੁਣ ਤੱਕ 19.4 ਮਿਲੀਮੀਟਰ ਮੀਂਹ ਪਿਆ ਹੈ। ਇਹ ਆਮ ਨਾਲੋਂ 165% ਵੱਧ ਹੈ। ਕਾਨਪੁਰ ਵਿੱਚ ਤੂਫ਼ਾਨ, ਮੀਂਹ ਅਤੇ ਬਿਜਲੀ ਡਿੱਗਣ ਕਾਰਨ ਚਾਰ ਲੋਕਾਂ ਦੀ ਮੌਤ ਹੋ ਗਈ ਹੈ। ਸੀਤਾਪੁਰ ਵਿੱਚ ਤਿੰਨ, ਵਾਰਾਨਸੀ ਅਤੇ ਚਿੱਤਰਕੂਟ ਵਿੱਚ ਦੋ-ਦੋ ਅਤੇ ਲਲਿਤਪੁਰ ਵਿੱਚ ਇੱਕ ਮੌਤ ਦੀ ਖ਼ਬਰ ਹੈ। ਮੌਸਮ ਵਿਭਾਗ ਨੇ ਅੱਜ 23 ਜ਼ਿਲ੍ਹਿਆਂ ਵਿਚ ਮੀਂਹ ਅਤੇ 15 ਜ਼ਿਲ੍ਹਿਆਂ ਵਿਚ ਗੜੇਮਾਰੀ ਦੀ ਚੇਤਾਵਨੀ ਜਾਰੀ ਕੀਤੀ ਹੈ।

### ਤ੍ਰਿਣਮੂਲ ਦੇ ਪਾਪ ਦਾ ਘੜਾ

ਕਲਪਨਾ ਕਰੋ ਕਿ ਪੱਛਮੀ ਬੰਗਾਲ ਦੀ ਪਛਾਣ ਨੂੰ ਕਿਵੇਂ ਬਦਲਿਆ ਜਾ ਰਿਹਾ ਹੈ। ਤੁਸੀਂ ਜਾਣਦੇ ਹੋ ਕਿ ਬੰਗਾਲ ਵਿੱਚ 'ਇਸ਼ਤਿਹਾਰ' ਕਿਸ ਲਈ ਵਰਤਿਆ ਜਾਂਦਾ ਸੀ। 1905 ਵਿੱਚ, ਧਾਰਮਿਕ ਤਾਕਤਾਂ ਨੇ ਬੰਗਾਲ ਵਿੱਚ 'ਲਾਲ ਇਸ਼ਤਿਹਾਰ' ਜਾਰੀ ਕੀਤਾ, ਜਿਸ ਨਾਲ ਹਿੰਦੂਆਂ ਦਾ ਕਤਲੇਆਮ ਹੋਇਆ। ਟੀਐਮਸੀ ਸਾਨੂੰ ਇਸ ਦੀ ਯਾਦ ਦਿਵਾਉਣਾ ਚਾਹੁੰਦੀ ਹੈ। ਇਹ ਨਾ ਭੁੱਲੋ ਕਿ ਇਸ ਬੇਰਹਿਮ ਸਰਕਾਰ ਦੇਅਧੀਨ, ਖੁੱਲ੍ਹੇਆਮ ਧਮਕੀਆਂ ਦਿੱਤੀਆਂ ਜਾ ਰਹੀਆਂ ਹਨ। ਇੱਕ ਖਾਸ ਧਰਮ ਦੇ ਇਹ ਲੋਕ ਬੰਗਾਲ ਵਿੱਚ ਹਿੰਦੂਆਂ ਦਾ ਰਹਿਣਾ ਮੁਸ਼ਕਲ ਬਣਾ ਦੇਣਗੇ।
ਪੀਐਮ ਮੋਦੀ ਨੇ ਕਿਹਾ ਕਿ ਇਹ ਚੋਣ ਤੁਹਾਡੇ ਬੱਚਿਆਂ ਦੇ ਭਵਿੱਖ ਦਾ ਫੈਸਲਾ ਕਰੇਗੀ। ਇਸ ਲਈ, ਆਪਣੇ ਬੱਚਿਆਂ ਦੇ ਭਵਿੱਖ ਲਈ ਵੋਟ ਦਿਓ। ਆਪਣੇ ਪਰਿਵਾਰ ਲਈ ਵੋਟ ਦਿਓ। ਭਾਜਪਾ ਨੂੰ ਵੋਟ ਦੇ ਕੇ ਬਦਲਾਅ 'ਤੇ ਮੋਹਰ ਲਗਾਓ। ਮੈਨੂੰ ਚੋਣ ਕਮਿਸ਼ਨ 'ਤੇ ਵਿਸ਼ਵਾਸ ਹੈ ਕਿ ਇਸ ਵਾਰ ਚੋਣਾਂ ਨਿਰਪੱਖ ਹੋਣਗੀਆਂ। ਤ੍ਰਿਣਮੂਲ ਕਾਂਗਰਸ (ਟੀਐਮਸੀ) ਦੇ ਅਧੀਨ ਬੰਗਾਲ ਦੇ ਲੋਕਤੰਤਰ ਵਿੱਚ ਇੱਕ ਡੂੰਘਾ ਬਦਲਾਅ ਆਇਆ ਹੈ। ਇਨ੍ਹਾਂ ਘੁਸਪੈਠੀਆਂ ਨੂੰ ਟੀਐਮਸੀ ਤੋਂ ਸਿੱਧਾ ਸਮਰਥਨ ਮਿਲਦਾ ਹੈ। ਇਸ ਲਈ, ਭਾਰਤ ਸਰਕਾਰ ਘੁਸਪੈਠੀਆਂ ਦੀ ਪਛਾਣ ਕਰਨ ਅਤੇ ਉਨ੍ਹਾਂ ਨੂੰ ਬਾਹਰ ਕੱਢਣ ਲਈ ਕੰਮ ਕਰ ਰਹੀ ਹੈ। ਦੁਨੀਆ ਭਰ ਦੇ ਵੱਡੇ ਦੇਸ਼ ਆਪਣੇ ਦੇਸ਼ਾਂ ਤੋਂ ਘੁਸਪੈਠੀਆਂ ਨੂੰ ਬਾਹਰ ਕੱਢ ਰਹੇ ਹਨ। ਹਾਲਾਂਕਿ, ਪੱਛਮੀ ਬੰਗਾਲ ਵਿੱਚ, ਘੁਸਪੈਠੀਆਂ ਨੂੰ ਬਚਾਉਣ ਲਈ ਯਤਨ ਕੀਤੇ ਜਾ ਰਹੇ ਹਨ। ਇਸ ਲਈ, ਟੀਐਮਸੀ ਸਰਕਾਰ ਐਸਆਈਆਰ ਦਾ ਵਿਰੋਧ ਕਰਦੀ ਹੈ।

### ਪੀ.ਐਮ. ਵੱਲੋਂ ਰਾਸ਼ਟਰੀ ਸਮੁੰਦਰੀ

ਉਨ੍ਹਾਂ ਦਾ ਸਮਰਪਣ ਸਾਡੀ ਅਰਥਵਿਵਸਥਾ, ਵਪਾਰ ਅਤੇ ਸੰਪਰਕ ਨੂੰ ਮਜ਼ਬੂਤ ਕਰਦਾ ਹੈ। ਉਨ੍ਹਾਂ ਅੱਗੇ ਕਿਹਾ ਕਿ ਅਸੀਂ ਇੱਕ ਖੁਸ਼ਹਾਲ ਭਵਿੱਖ ਲਈ ਆਪਣੇ ਸਮੁੰਦਰੀ ਖੇਤਰ ਦੀ ਵਿਸ਼ਾਲ ਸੰਭਾਵਨਾ ਨੂੰ ਵਰਤਣਾ ਜਾਰੀ ਰੱਖਾਂਗੇ।

### ਈਰਾਨ ਨੇ ਅਮਰੀਕੀ ਸੀ-130 ਜਹਾਜ਼

ਪ੍ਰਮਾਣੂ ਕੇਂਦਰ ਨੇੜੇ ਇੱਕ ਹੋਰ ਅਮਰੀਕੀ ਜਹਾਜ਼ ਨੂੰ ਸੁੱਟ ਦਿੱਤਾ। 'ਇੱਕ ਸਾਂਝੇ ਆਪ੍ਰੇਸ਼ਨ (ਏਅਰਸਪੇਸ, ਜ਼ਮੀਨੀ ਫੌਜਾਂ, ਪ੍ਰਸਿੱਧ ਇਕਾਈਆਂ,
ਬਾਸੀਜ ਅਤੇ ਪੁਲਿਸ ਕਮਾਂਡ) ਦੌਰਾਨ ਦੁਸ਼ਮਣ ਦੇ ਉਡਾਣ ਉਪਕਰਣ ਨਸ਼ਟ ਕਰ ਦਿੱਤੇ ਗਏ ਸਨ' ਸਮੂਹ ਨੇ ਕਿਹਾ।

### ਪਾਣੀ ਦੇ ਹਿੱਸੇ ਨੂੰ ਲੈ ਕੇ ਹਰਿਆਣਾ ਵੱਲੋਂ

ਰਾਹੀਂ ਹਰਿਆਣਾ ਨੂੰ ਮਿਲਣ ਵਾਲੇ ਬਿਆਸ ਦੇ ਪਾਣੀ ਦਾ ਹਿੱਸਾ ਘੱਟ ਗਿਆ ਹੈ, ਜਿਸ ਨਾਲ ਅਲਾਟ ਕੀਤੇ ਕੋਟੇ ਤੋਂ ਘੱਟ ਪਾਣੀ ਮਿਲਣ ਦਾ ਡਰ ਪੈਦਾ ਹੋ ਗਿਆ ਹੈ। ਸੂਤਰਾਂ ਅਨੁਸਾਰ, ਬੀਐਸਐਲ ਰਾਹੀਂ ਪਾਣੀ ਦੇ ਘੱਟ ਨਿਕਾਸ ਦਾ ਕਾਰਨ ਦੇਹਰ ਪਾਵਰ ਹਾਊਸ ਵਿੱਚ ਆਈਆਂ ਤਕਨੀਕੀ ਖਰਾਬੀਆਂ ਹਨ। ਦੇਹਰ ਪ੍ਰਾਜੈਕਟ ਦੀਆਂ ਛੇ ਟਰਬਾਈਨਾਂ ਵਿੱਚੋਂ ਇਸ ਵੇਲੇ ਸਿਰਫ਼ ਦੋ ਹੀ ਚੱਲ ਰਹੀਆਂ ਹਨ, ਜਿਸ ਕਾਰਨ ਬਿਆਸ ਬੇਸਿਨ ਤੋਂ ਸਤਲੁਜ ਵੱਲ ਪਾਣੀ ਦੀ ਤਬਦੀਲੀ ਸੀਮਤ ਹੋ ਗਈ ਹੈ। ਬੀਬੀਐਮਬੀ ਨੇ ਇਸ ਸਮੱਸਿਆ ਦਾ ਕਾਰਨ ਪੁਰਾਣਾ ਬੁਨਿਆਦੀ ਢਾਂਚਾ ਦੱਸਿਆ ਹੈ। ਉਨ੍ਹਾਂ ਅਨੁਸਾਰ ਚਾਰ ਦਹਾਕੇ ਪੁਰਾਣੇ ਦੇਹਰ ਪਾਵਰ ਹਾਊਸ ਦੀ ਤੁਰੰਤ ਮੁਰੰਮਤ ਦੀ ਲੋੜ ਹੈ। ਦੂਜੇ ਪਾਸੇ, ਬੀਬੀਐਮਬੀਦੇ ਅਧਿਕਾਰੀਆਂ ਨੇ ਹਰਿਆਣਾ ਦੇ ਡਰ ਨੂੰ ਦੂਰ ਕਰਨ ਦੀ ਕੋਸ਼ਿਸ਼ ਕਰਦਿਆਂ ਕਿਹਾ ਹੈ ਕਿ ਭਾਖੜਾ ਡੈਮ ਦੇ ਰਿਜ਼ਰਵਾਇਰ ਵਿੱਚ ਸਾਰੇ ਹਿੱਸੇਦਾਰ ਸੂਬਿਆਂ ਦੀਆਂ ਲੋੜਾਂ ਪੂਰੀਆਂ ਕਰਨ ਲਈ ਲੋੜੀਂਦਾ ਪਾਣੀ ਉਪਲਬਧ ਹੈ। ਉਨ੍ਹਾਂ ਦਾਅਵਾ ਕੀਤਾ ਕਿ ਹਰਿਆਣਾ ਨੂੰ ਪਾਣੀ ਦੀ ਸਪਲਾਈ ਪ੍ਰਭਾਵਿਤ ਨਹੀਂ ਹੋਣ ਦਿੱਤੀ ਜਾਵੇਗੀ। ਹਾਲਾਂਕਿ, ਹਰਿਆਣਾ ਦੇ ਅਧਿਕਾਰੀ ਸਾਵਧਾਨ ਹਨ। ਉਨ੍ਹਾਂ ਪਿਛਲੇ ਸਾਲ ਦੀ ਸਥਿਤੀ ਦਾ ਹਵਾਲਾ ਦਿੱਤਾ ਜਦੋਂ ਪੰਜਾਬ ਵੱਲੋਂ ਸਤਲੁਜ ਦੇ ਪਾਣੀ ਨੂੰ ਛੱਡਣ 'ਤੇ ਇਤਰਾਜ਼ ਜਤਾਏ ਗਏ ਸਨ, ਜਿਸ ਨਾਲ ਪਾਣੀ ਦੀ ਵੰਡ ਨੂੰ ਲੈ ਕੇ ਅਨਿਸ਼ਚਿਤਤਾ ਪੈਦਾ ਹੋ ਗਈ ਸੀ। ਦੱਸਣਯੋਗ ਹੈ ਕਿ 1966 ਅਤੇ 1982 ਦੇ ਸਮਝੌਤਿਆਂ ਤਹਿਤ ਹਰਿਆਣਾ ਸਤਲੁਜ ਦੇ 32.31 ਫੀਸਦ ਅਤੇ ਰਾਵੀ-ਬਿਆਸ ਦੇ 21 ਫੀਸਦ ਪਾਣੀ ਦਾ ਹੱਕਦਾਰ ਹੈ ਅਤੇ ਇਸੇ ਪ੍ਰਣਾਲੀ ਰਾਹੀਂ ਦਿੱਲੀ ਨੂੰ ਵੀ ਪੀਣ ਵਾਲੇ ਪਾਣੀ ਦੀ ਸਪਲਾਈ ਕੀਤੀ ਜਾਂਦੀ ਹੈ। ਹਰਿਆਣਾ ਇਸ ਪ੍ਰਣਾਲੀ ਰਾਹੀਂ ਦਿੱਲੀ ਨੂੰ ਰੋਜ਼ਾਨਾ ਲਗਪਗ 500 ਕਿਊਸਿਕ ਪੀਣ ਵਾਲਾ ਪਾਣੀ ਵੀ ਸਪਲਾਈ ਕਰਦਾ ਹੈ। 22$2 ਨੇ ਟਰਬਾਈਨਾਂ ਦੇ ਨਵੀਨੀਕਰਨ ਲਈ ਕੇਂਦਰੀ ਬਿਜਲੀ ਅਥਾਰਟੀ (ਸੀ.ਈ.ਏ.) ਤੋਂ ਸਲਾਹ ਮੰਗੀ ਹੈ, ਪਰ ਇਸ ਮੁਰੰਮਤ ਦੇ ਕੰਮ ਵਿੱਚ ਸਮਾਂ ਲੱਗ ਸਕਦਾ ਹੈ।

### ਟੋਲ ਪਲਾਜ਼ਾ 'ਤੇ ਹੁਣ ਨਹੀਂ ਚੱਲੇਗਾ 'ਕੈਸ਼',

ਜੇਕਰ ਕੋਈ ਯੂਪੀਆਈ ਰਾਹੀਂ ਵੀ ਭੁਗਤਾਨ ਨਹੀਂ ਕਰਦਾ, ਤਾਂ ਉਸ ਨੂੰ ਹਾਈਵੇਅ 'ਤੇ ਦਾਖਲ ਹੋਣ ਤੋਂ ਰੋਕਿਆ ਜਾ ਸਕਦਾ ਹੈ ਜਾਂ ਵਾਹਨ ਜ਼ਬਤ ਕੀਤਾ ਜਾ ਸਕਦਾ ਹੈ। ਸਰਕਾਰ ਨੇ ਨਵੀਂ ਵਿਵਸਥਾ ਵਿੱਚ ਸਖ਼ਤੀ ਵਧਾ ਦਿੱਤੀ ਹੈ। ਜੇਕਰ ਕੋਈ ਵਾਹਨ ਬਿਨਾਂ ਟੋਲ ਦਿੱਤੇ ਨਿਕਲ ਜਾਂਦਾ ਹੈ, ਤਾਂ ਵਾਹਨ ਮਾਲਕ ਨੂੰ ਈ-ਨੋਟਿਸ ਭੇਜਿਆ ਜਾਵੇਗਾ। ਮਾਲਕ ਨੂੰ 3 ਦਿਨਾਂ ਦੇ ਅੰਦਰ ਭੁਗਤਾਨ ਕਰਨਾ ਹੋਵੇਗਾ। ਜੇਕਰ ਤੈਅ ਸਮੇਂ ਵਿੱਚ ਪੈਸੇ ਨਹੀਂ ਜਮ੍ਹਾਂ ਕਰਵਾਏ ਜਾਂਦੇ, ਤਾਂ ਦੁੱਗਣਾ ਟੋਲ ਵਸੂਲਿਆ ਜਾਵੇਗਾ।
ਡਿਜੀਟਲ ਟੋਲਿੰਗ ਵੱਲ ਵੱਡਾ ਕਦਮ ਅਧਿਕਾਰੀਆਂ ਦਾ ਕਹਿਣਾ ਹੈ ਕਿ ਟੋਲ ਛੋਟ ਵਿਅਕਤੀ ਦੇਆਧਾਰ 'ਤੇ ਨਹੀਂ, ਸਗੋਂ ਅਹੁਦੇ ਅਤੇ ਸੰਸਥਾ ਦੇ ਆਧਾਰ 'ਤੇ ਹੁੰਦੀ ਹੈ। ਸਰਕਾਰ ਦਾ ਟੀਚਾ 'ਫ੍ਰੀ-ਫਲੋ' ਸਿਸਟਮ ਲਾਗੂ ਕਰਨਾ ਹੈ ਤਾਂ ਜੋ ਗੱਡੀਆਂ ਨੂੰ ਟੋਲ 'ਤੇ ਰੁਕਣਾ ਹੀ ਨਾ ਪਵੇ। ਇਸ ਬਦਲਾਅ ਨਾਲ ਨਾ ਸਿਰਫ਼ ਸਮੇਂ ਦੀ ਬਚਤ ਹੋਵੇਗੀ, ਸਗੋਂ ਹਾਈਵੇਅ 'ਤੇ ਸਫਰ ਵੀ ਤੇਜ਼ ਅਤੇ ਸੁਖਾਲਾ ਹੋ ਜਾਵੇਗਾ।

## ਭਾਰਤੀ ਦਵਾਈਆਂ ਨੇ ਬਣਾਇਆ ਨਵਾਂ ਰਿਕਾਰਡ, ਫਰਵਰੀ ਤੱਕ 2.7 ਲੱਖ ਕਰੋੜ ਦੀ ਹੋਈ ਬਰਾਮਦ

ਹੈਦਰਾਬਾਦ, 5 ਅਪ੍ਰੈਲ (ਚ.ਨ.ਸ.) : ਭਾਰਤੀ ਫਾਰਮਾ ਸੈਕਟਰ ਲਗਾਤਾਰ ਰਿਕਾਰਡ ਬਣਾ ਰਿਹਾ ਹੈ। ਜਾਣਕਾਰੀ ਅਨੁਸਾਰ ਇਸ ਵਿੱਤੀ ਸਾਲ 'ਚ ਫਰਵਰੀ ਤੱਕ ਭਾਰਤੀ ਫਾਰਮਾਸਿਊਟੀਕਲ ਬਰਾਮਦ ਲੱਗਭਗ 29 ਅਰਬ ਡਾਲਰ ਯਾਨੀ ਲੱਗਭਗ 2.7 ਲੱਖ ਕਰੋੜ ਰਹੀ, ਜੋ ਪਿਛਲੇ ਸਾਲ ਦੀ ਇਸੇ ਸਮਾਂ-ਹੱਦ ਦੀ ਤੁਲਨਾ 'ਚ 5 ਫੀਸਦੀ ਦੇ ਵਾਧੇ ਨੂੰ ਦਰਸਾਉਂਦੀ ਹੈ। ਫਾਰਮਾਸਿਊਟੀਕਲਜ਼ ਐਕਸਪੋਰਟ ਪ੍ਰਮੋਸ਼ਨ ਕੌਂਸਲ ਆਫ ਇੰਡੀਆ (ਫਾਰਮੇਕਸਿਲ) ਦੇ ਮਹਾਨਿਰਦੇਸ਼ਕ ਕੇ. ਰਾਜਾ ਭਾਨੂੰ ਨੇ ਕਿਹਾ ਕਿ ਇਹ ਸੈਕਟਰ, ਜਿਸ ਦਾ ਮੌਜੂਦਾ ਮੁੱਲ ਲੱਗਭਗ 60 ਅਰਬ ਡਾਲਰ ਹੈ, ਦੇ 2030 ਤੱਕ ਵਧ ਕੇ 130 ਅਰਬ ਡਾਲਰ ਤੱਕ ਪਹੁੰਚਣ



ਦਾ ਅੰਦਾਜ਼ਾ ਹੈ।

ਕਿੰਨੀ ਰਹੀ ਦਰਾਮਦ ?

ਉਨ੍ਹਾਂ ਕਿਹਾ ਕਿ ਗਲੋਬਲ ਚੁਣੌਤੀਆਂ ਦੇ ਬਾਵਜੂਦ ਫਾਰਮਾਸਿਊਟੀਕਲ ਬਰਾਮਦ ਉਨ੍ਹਾਂ ਕੁਝ ਸੈਕਟਰਾਂ ਵਿੱਚੋਂ ਇਕ ਰਹੀ ਹੈ, ਜਿਸ ਨੇ ਆਪਣੀ ਵਿਕਾਸ ਗਤੀ ਨੂੰ ਬਣਾਈ ਰੱਖਿਆ ਹੈ। ਵਿੱਤੀ ਸਾਲ 2026 ਦੀ ਅਪ੍ਰੈਲ-ਫਰਵਰੀ ਸਮਾਂ-ਹੱਦ ਦੌਰਾਨ ਫਾਰਮਾਸਿਊਟੀਕਲ ਬਰਾਮਦ 28.29 ਅਰਬ ਡਾਲਰ ਰਹੀ, ਜੋ ਵਿੱਤੀ ਸਾਲ 25 ਦੀ ਇਸੇ ਸਮਾਂ-ਹੱਦ ਦੀ ਤੁਲਨਾ 'ਚ 5.6 ਫੀਸਦੀ ਦਾ ਵਾਧਾ ਦਰਸਾਉਂਦੀ ਹੈ। ਇਸ ਵਾਧੇ ਵਿਚ ਫਾਰਮੂਲੇਸ਼ਨ, ਬਾਇਓਲਾਜਿਕਲਜ਼, ਟੀਕੇ ਅਤੇ ਆਯੂਸ਼ ਉਤਪਾਦਾਂ ਦਾ ਮੁੱਖ ਯੋਗਦਾਨ ਰਿਹਾ। ਅਧਿਕਾਰੀ ਨੇ ਅੱਗੇ ਦੱਸਿਆ ਕਿ ਵਿੱਤੀ ਸਾਲ 2024 'ਚ ਬਰਾਮਦ 30.47 ਅਰਬ ਡਾਲਰ ਤੱਕ ਪੁੱਜ ਗਈ, ਜੋ ਗਲੋਬਲ ਪ੍ਰਾਈਸ ਪ੍ਰੈਸ਼ਰਜ਼ ਤੇ ਵਪਾਰ 'ਚ ਉਤਰਾਅ-ਚੜ੍ਹਾਅ ਦੇ ਬਾਵਜੂਦ ਸਾਲ-ਦਰ-ਸਾਲ ਆਧਾਰ 'ਤੇ 9.4 ਫੀਸਦੀ ਦਾ ਵਿਕਾਸ ਦਰਸਾਉਂਦੀ ਹੈ।

ਫਰਵਰੀ 'ਚ ਕੁਝ ਇਵੇਂ ਦਿਸੇ ਅੰਕੜੇ

ਜੇ ਗੱਲ ਮਾਰਕੀਟ ਰਿਸਰਚ ਫਰਮ ਫਾਰਮਾਰੈਕ ਦੀ ਰਿਪੋਰਟ ਦੀ ਗੱਲ ਕਰੀਏ ਤਾਂ ਇਸ ਸਾਲ ਫਰਵਰੀ 'ਚ ਭਾਰਤੀ ਫਾਰਮਾਸਿਊਟੀਕਲ ਮਾਰਕੀਟ (ਆਈ. ਪੀ. ਐੱਮ.) 'ਚ 11 ਫੀਸਦੀ ਦਾ ਵਾਧਾ ਹੋਇਆ, ਜਿਸ 'ਚ ਮੁੱਖ ਥੈਰੇਪੀਜ਼ 'ਚ ਕੀਮਤ ਪੱਖੋਂ ਚੰਗਾ ਵਾਧਾ ਦੇਖਣ ਨੂੰ ਮਿਲਿਆ। ਇਨ੍ਹਾਂ ਵਿਚੋਂ ਐਂਟੀ-ਡਾਇਬਟਿਕ, ਕਾਰਡਿਅਕ ਤੇ ਐਂਟੀ-ਇਨਫੈਕਟਿਵ ਥੈਰੇਪੀਜ਼ 'ਚ ਕ੍ਰਮਵਾਰ 15.5 ਫੀਸਦੀ, 14.8 ਫੀਸਦੀ ਅਤੇ 7.6 ਫੀਸਦੀ ਦਾ ਚੰਗਾ ਵਾਧਾ ਦੇਖਣ ਨੂੰ ਮਿਲਿਆ, ਜਿਸ ਨਾਲ ਕੁੱਲ ਆਈ. ਪੀ. ਐੱਮ. ਵਾਧੇ ਨੂੰ ਹੁਲਾਰਾ ਮਿਲਿਆ। ਫਾਰਮਾਰੈਕ ਦੀ ਵਾਈਸ-ਪ੍ਰੈਜ਼ੀਡੈਂਟ (ਕਮਰਸ਼ੀਅਲ) ਸ਼ੀਤਲ ਸਪੇਲੇ ਨੇ ਕਿਹਾਂ ਕ ਮੁੱਖ ਥੈਰੇਪੀਜ਼ 'ਚ ਵਾਧੇ ਦੇ ਤਿੰਨ ਮੁੱਖ ਕਾਰਕਾਂ (ਨਵੇਂ ਪ੍ਰੋਡਕਟਸ ਦੀ ਸ਼ੁਰੂਆਤ, ਕੀਮਤ ਤੇ ਵਾਲਿਊਮ) 'ਚ ਚੰਗਾ ਵਾਧਾ ਦੇਖਣ ਨੂੰ ਮਿਲਿਆ। ਉਨ੍ਹਾਂ ਅੱਗੇ ਕਿਹਾ ਕਿ ਮਾਰਕੀਟ 'ਚ ਮੰਗ ਕਾਰਨ ਚੰਗਾ ਵਾਧਾ ਦਰਜ ਕੀਤਾ ਜਾ ਰਿਹਾ ਹੈ। ਮਾਰਚ 2025 ਤੋਂ ਫਰਵਰੀ 2026 ਦੇ ਵਿਚਕਾਰ ਆਈ. ਪੀ. ਐੱਮ. 'ਚ ਮੂਵਿੰਗ ਐਨੂਅਲ ਟਰਨਓਵਰ (ਐੱਮ. ਏ. ਟੀ., ਭਾਵ ਪਿਛਲੇ 12 ਮਹੀਨਿਆਂ ਦਾ ਟਰਨਓਵਰ) 'ਚ 8.4 ਫੀਸਦੀ ਦਾ ਵਾਧਾ ਹੋਇਆ, ਜਿਸ ਨਾਲ ਕੁੱਲ ਟਰਨਓਵਰ 2.44 ਲੱਖ ਕਰੋੜ ਰੁਪਏ ਤੋਂ ਵੱਧ ਹੋ ਗਿਆ, ਉੱਥੇ ਘਰੇਲੂ ਮਾਰਕੀਟ 'ਚ ਯੂਨਿਟਸ ਦੀ ਵਿਕਰੀ 'ਚ 0.7 ਫੀਸਦੀ ਦਾ ਵਾਧਾ ਹੋਇਆ।

**ਚੜ੍ਹਦੀਕਲਾ**
ਪਰਮਜੀਤ ਸਿੰਘ, ਪ੍ਰਿੰਟਰ ਪਬਲਿਸ਼ਰ ਨੇ ਰੋਜ਼ਾਨਾ ਚੜ੍ਹਦੀਕਲਾ, ਚੜ੍ਹਦੀਕਲਾ ਪ੍ਰਿੰਟਿੰਗ ਪ੍ਰੈੱਸ ਪ੍ਰਾਈਵੇਟ ਲਿਮਟਿਡ ਲਈ ਦਲਜੀਤ ਪ੍ਰਿੰਟਰਜ਼, 593 ਐਸ.ਐਸ.ਟੀ. ਨਗਰ ਪਟਿਆਲਾ ਤੋਂ ਛਪਵਾ ਕੇ ਦਫ਼ਤਰ ਰੋਜ਼ਾਨਾ ਚੜ੍ਹਦੀਕਲਾ, 577, ਐਸ.ਐਸ.ਟੀ. ਨਗਰ, ਪਟਿਆਲਾ ਤੋਂ ਪ੍ਰਕਾਸ਼ਿਤ ਕੀਤਾ। ਮੁੱਖ ਸੰਪਾਦਕ : ਜਗਜੀਤ ਸਿੰਘ 'ਦਰਦੀ'।
PRGI (RNI) Regd. No. 22972/1972

Printed & Published by Paramjit Singh on behalf of Charhdikala Printing Press Pvt. Ltd., Patiala & Printed at Daljit Printers 593, SST Nagar Patiala. Published at Office Daily Charhdikala 577, SST Nagar Patiala.
Chief Editor : Jagjit Singh Dardi
PRGI (RNI) Regd. No. 22972/1972

## ਰਾਘਵ ਚੱਢਾ ਨੇ ਪੰਜਾਬ ਦੇ ਮੁੱਦੇ ਉਠਾਉਣ ਵਾਲੀ ਆਪਣੀ ਵੀਡੀਓ ਜਾਰੀ ਕਰਕੇ ਕਿਹਾ; 'ਪਿਕਚਰ ਅਭੀ ਬਾਕੀ ਹੈ'

### ਉਪ-ਨੇਤਾ ਦੇ ਅਹੁਦੇ ਤੋਂ ਹਟਾਏ ਜਾਣ ਮਗਰੋਂ ਚੱਢਾ ਅਤੇ 'ਆਪ' ਵਿਚਾਲੇ ਸ਼ਬਦੀ ਜੰਗ ਜਾਰੀ

ਨਵੀਂ ਦਿੱਲੀ, 5 ਅਪ੍ਰੈਲ (ਚ.ਨ.ਸ.) : ਆਮ ਆਦਮੀ ਪਾਰਟੀ ਦੇ ਰਾਜ ਸਭਾ ਮੈਂਬਰ ਰਾਘਵ ਚੱਢਾ ਨੇ ਅੱਜ ਆਪਣੀ ਪਾਰਟੀ ਦੇ ਵਿਰੁੱਧ ਤੀਸਰੀ ਵੀਡੀਓ ਜਾਰੀ ਕੀਤੀ ਹੈ। ਇਸ ਵੀਡੀਓ ਰਾਹੀਂ ਉਨ੍ਹਾਂ ਨੇ ਆਪਣੇ 'ਤੇ ਲੱਗੇ ਕਈ ਦੋਸ਼ਾਂ ਦਾ ਜਵਾਬ ਦਿੱਤਾ ਹੈ। ਵੀਡੀਓ ਦਾ ਕੈਪਸ਼ਨ 'ਪਿਕਚਰ ਅਭੀ ਬਾਕੀ ਹੈ' ਲਿਖਦੇ ਹੋਏ ਚੱਢਾ ਨੇ 'ਆਪ' ਦੇ ਉਨ੍ਹਾਂ ਦਾਅਵਿਆਂ ਨੂੰ ਖਾਰਜ ਕਰ ਦਿੱਤਾ, ਜਿਸ ਵਿੱਚ ਕਿਹਾ ਗਿਆ ਸੀ ਕਿ ਉਹ ਸੰਸਦ ਵਿੱਚ ਆਪਣੇ ਭਾਸ਼ਣਾਂ ਦੌਰਾਨ ਪੰਜਾਬ ਨਾਲ ਸਬੰਧਤ ਮੁੱਦੇ ਨਹੀਂ ਉਠਾ ਰਹੇ ਸਨ।



ਚੱਢਾ ਨੇ ਅੱਜ ਰਾਜ ਸਭਾ ਦੀਆਂ ਵੀਡੀਓਜ਼ ਦਾ ਇੱਕ ਸੰਗ੍ਰਹਿ ਸਾਂਝਾ ਕੀਤਾ ਹੈ, ਜਿਸ ਵਿੱਚ ਉਹ ਪੰਜਾਬ ਦੇ ਮੁੱਦੇ ਉਠਾਉਂਦੇ ਨਜ਼ਰ ਆ ਰਹੇ ਹਨ। ਇਨ੍ਹਾਂ ਵੀਡੀਓਜ਼ ਵਿੱਚ ਉਹ ਪੰਜਾਬ ਦੇ ਪਾਣੀ ਦਾ ਸੰਕਟ, ਕਿਸਾਨਾਂ ਲਈ ਐੱਮ.ਐੱਸ.ਪੀ. ਦੀ ਕਾਨੂੰਨੀ ਗਾਰੰਟੀ ਅਤੇ ਪਾਕਿਸਤਾਨ ਸਥਿਤ ਇਤਿਹਾਸਕ ਗੁਰਦੁਆਰਿਆਂ ਦੇ ਦਰਸ਼ਨਾਂ ਲਈ ਨਵੇਂ ਲਾਂਘੇ ਬਣਾਉਣ ਦੀ ਮੰਗ ਕਰਦੇ ਦਿਖਾਈ ਦੇ ਰਹੇ ਹਨ।

ਚੱਢਾ ਨੇ ਵੀਡੀਓ ਜਾਰੀ ਕਰਦੇ ਹੋਏ ਕੈਪਸ਼ਨ ਵਿੱਚ ਕਿਹਾ, ਆਮ ਆਦਮੀ ਪਾਰਟੀ ਦੇ ਮੇਰੇ ਉਨ੍ਹਾਂ ਸਾਥੀਆਂ ਲਈ, ਜਿਨ੍ਹਾਂ ਨੂੰ ਇਹ ਵੀਡੀਓ ਜਾਰੀ ਕਰਨ ਲਈ ਮਜਬੂਰ ਕੀਤਾ ਗਿਆ ਸੀ ਕਿ ਰਾਘਵ ਚੱਢਾ ਸੰਸਦ ਵਿੱਚ ਪੰਜਾਬ ਦੇ ਮੁੱਦੇ ਨਹੀਂ ਚੁੱਕਦੇ, ਇਹ ਇੱਕ ਛੋਟਾ ਜਿਹਾ ਟਰੇਲਰ ਹੈ...ਪਿਕਚਰ ਅਭੀ ਬਾਕੀ ਹੈ। ਉਨ੍ਹਾਂ ਅੱਗੇ ਕਿਹਾ, 'ਪੰਜਾਬ ਮੇਰੇ ਲਈ ਗੱਲਬਾਤ ਦਾ ਵਿਸ਼ਾ ਨਹੀਂ ਹੈ। ਇਹ ਮੇਰਾ ਘਰ ਹੈ, ਮੇਰਾ ਫਰਜ਼ ਹੈ, ਮੇਰੀ ਮਿੱਟੀ ਹੈ ਅਤੇ ਮੇਰੀ ਰੂਹ ਹੈ।' ਜ਼ਿਕਰਯੋਗ ਹੈ ਕਿ ਰਾਜ ਸਭਾ ਵਿੱਚ ਉਪ-ਨੇਤਾ ਦੇ ਅਹੁਦੇ ਤੋਂ ਹਟਾਏ ਜਾਣ ਤੋਂ ਬਾਅਦ ਰਾਘਵ ਚੱਢਾ ਅਤੇ 'ਆਪ' ਵਿਚਾਲੇ ਜਨਤਕ ਤੌਰ 'ਤੇ ਸ਼ਬਦੀ ਜੰਗ ਜਾਰੀ ਹੈ।

## ਆਈ.ਟੀ.ਬੀ.ਪੀ. ਦੀਆਂ ਮਹਿਲਾ ਜਵਾਨ ਦੁਨੀਆਂ ਦੀ ਸਭ ਤੋਂ ਉੱਚੀ ਚੋਟੀ ਨੂੰ ਫ਼ਤਹਿ ਕਰਨ ਲਈ ਕਰਨਗੀਆਂ ਚੜ੍ਹਾਈ

### ਗ੍ਰਹਿ ਮੰਤਰਾਲੇ ਦੇ ਹੁਕਮਾਂ 'ਤੇ ਸ਼ੁਰੂ ਕੀਤੀ ਗਈ ਹੈ ਮੁਹਿੰਮ

ਨਵੀਂ ਦਿੱਲੀ, 5 ਅਪ੍ਰੈਲ (ਚ.ਨ.ਸ.) : ਭਾਰਤ-ਤਿੱਬਤ ਸੀਮਾ ਪੁਲਿਸ (ਆਈ ਟੀ ਬੀ ਪੀ) ਦੀਆਂ ਮਹਿਲਾ ਜਵਾਨ ਇਸ ਸਾਲ ਮਈ-ਜੂਨ ਵਿੱਚ ਦੁਨੀਆਂ ਦੀ ਸਭ ਤੋਂ ਉੱਚੀ ਚੋਟੀ ਮਾਊਂਟ ਐਵਰੈਸਟ 'ਤੇ ਚੜ੍ਹਾਈ ਕਰਨਗੀਆਂ। ਇਹ ਆਈ ਟੀ ਬੀ ਪੀ ਦੀ ਪਹਿਲੀ ਅਜਿਹੀ ਮੁਹਿੰਮ ਹੈ ਜਿਸ ਵਿੱਚ ਕੇਵਲ ਮਹਿਲਾਵਾਂ ਸ਼ਾਮਲ ਹੋਣਗੀਆਂ।

ਇਸ ਦਾ ਮੁੱਖ ਮਕਸਦ ਮਹਿਲਾ ਸਸ਼ਕਤੀਕਰਨ ਨੂੰ ਉਤਸ਼ਾਹਿਤ ਕਰਨਾ ਅਤੇ ਉਨ੍ਹਾਂ ਨੂੰ ਉੱਚੇ ਪਹਾੜਾਂ 'ਤੇ ਕੰਮ ਕਰਨ ਲਈ ਹੋਰ ਵੀ ਨਿਪੁੰਨ ਬਣਾਉਣਾ ਹੈ। ਇਸ ਮੁਹਿੰਮ ਲਈ 17 ਮੈਂਬਰੀ ਟੀਮ ਬਣਾਈ ਗਈ ਹੈ, ਜਿਸ ਵਿੱਚ ਤਿੰਨ ਪੁਰਸ਼ ਮੈਂਬਰ ਵੀ ਸ਼ਾਮਲ ਹਨ। ਇਨ੍ਹਾਂ ਵਿੱਚੋਂ 14 ਮੈਂਬਰ ਪਹਾੜ ਦੀ ਚੜ੍ਹਾਈ ਕਰਨਗੇ, ਜਦਕਿ 3 ਮੈਂਬਰ ਮੱਦਦ ਲਈ ਬੇਸ ਕੈਂਪ 'ਤੇ ਰਹਿਣਗੇ। ਇਹ ਚੜ੍ਹਾਈ ਤਿੱਬਤ ਦੀ ਬਜਾਏ ਨੇਪਾਲ ਵਾਲੇ ਰਸਤੇ ਤੋਂ ਕੀਤੀ ਜਾਵੇਗੀ। ਆਈ ਟੀ ਬੀ ਪੀ ਅਧਿਕਾਰੀਆਂ ਅਨੁਸਾਰ ਇਹ ਮੁਹਿੰਮ ਗ੍ਰਹਿ ਮੰਤਰਾਲੇ ਦੇ ਹੁਕਮਾਂ 'ਤੇ ਸ਼ੁਰੂ ਕੀਤੀ ਗਈ ਹੈ, ਜਿਸ ਤਹਿਤ ਅਗਲੇ



ਤਿੰਨ ਸਾਲਾਂ ਤੱਕ ਹਰ ਸਾਲ ਐਵਰੈਸਟ ਦੀ ਚੜ੍ਹਾਈ ਕੀਤੀ ਜਾਵੇਗੀ। ਹਾਲਾਂਕਿ ਆਈ ਟੀ ਬੀ ਪੀ ਦੀਆਂ ਮਹਿਲਾ ਜਵਾਨਾਂ ਨੇ ਪਹਿਲਾਂ ਵੀ ਅਜਿਹੀ ਗਤੀਵਿਧਿਆਂ ਵਿੱਚ ਹਿੱਸਾ ਲਿਆ ਹੈ। ਸਤੰਬਰ 2025 ਵਿੱਚ ਅਸਿਸਟੈਂਟ ਕਮਾਂਡੈਂਟ ਭਨੀਤਾ ਦੀ ਅਗਵਾਈ ਵਿੱਚ 14 ਮੈਂਬਰੀ ਮਹਿਲਾ ਟੀਮ ਨੇ ਲੱਦਾਖ ਦੀ ਮਾਊਂਟ ਨਨ ਚੋਟੀ ਫਤਹਿ ਕੀਤੀ ਸੀ। ਹੁਣ ਐਵਰੈਸਟ ਜਾਣ ਵਾਲੀ ਟੀਮ ਵਿੱਚ ਵੀ ਉਹੀ ਮੈਂਬਰ ਸ਼ਾਮਲ ਹਨ। ਆਈ ਟੀ ਬੀ ਪੀ ਦਾ ਗਠਨ ਸਾਲ 1962 ਵਿੱਚ ਹੋਇਆ ਸੀ।

ਇਹ ਫੋਰਸ ਭਾਰਤ-ਚੀਨ ਸਰਹੱਦ ਉੱਤੇ ਦੇਸ਼ ਦੀ ਰੱਖਿਆ ਕਰਦੀ ਹੈ, ਇਸ ਨੇ 1970 ਤੋਂ ਹੁਣ ਤੱਕ ਪਹਾੜਾਂ 'ਤੇ ਚੜ੍ਹਨ ਦੀਆਂ 230 ਤੋਂ ਵੱਧ ਮੁਹਿੰਮਾਂ ਪੂਰੀਆਂ ਕੀਤੀਆਂ ਹਨ। ਇਹ ਫੋਰਸ ਅਸਲ ਕੰਟਰੋਲ ਰੇਖਾ 'ਤੇ 10 ਅਜਿਹੀਆਂ ਚੌਕੀਆਂ ਬਣਾ ਰਹੀ ਹੈ ਜਿੱਥੇ ਕੇਵਲ ਮਹਿਲਾ ਜਵਾਨ ਤਾਇਨਾਤ ਰਹਿਣਗੀਆਂ। ਇਸ ਤੋਂ ਇਲਾਵਾ 32 ਹੋਰ ਚੌਕੀਆਂ 'ਤੇ ਮਹਿਲਾ ਜਵਾਨਾਂ ਲਈ ਖ਼ਾਸ ਰਿਹਾਇਸ਼ੀ ਕਮਰੇ ਬਣਾਏ ਜਾ ਰਹੇ ਹਨ, ਜੋ ਠੰਢ ਤੋਂ ਬਚਾਉਣ ਵਾਲੀਆਂ ਅਤੇ ਹੋਰ ਆਧੁਨਿਕ ਸਹੂਲਤਾਂ ਨਾਲ ਲੈਸ ਹੋਣਗੇ।

## ਸੰਪਾਦਕੀ

# ਏ.ਆਈ. ਦਾ ਚੈਲੰਜ

ਤੇਜ਼ੀ ਨਾਲ ਬਦਲ ਰਹੇ ਭੂ-ਰਾਜਨੀਤਿਕ ਦ੍ਰਿਸ਼ਟੀਕੋਣ ਵਿੱਚ, ਦੁਨੀਆ ਇਸ ਸਮੇਂ ਆਧੁਨਿਕ ਤਕਨਾਲੋਜੀਆਂ ਦੇ ਵਿਕਾਸ ਅਤੇ ਇਸ ਖੇਤਰ ਵਿੱਚ ਵਧੇਰੇ ਨਵੀਨਤਾ ਦੀ ਵਰਤੋਂ 'ਤੇ ਧਿਆਨ ਕੇਂਦਰਿਤ ਕਰ ਰਹੀ ਹੈ। ਦੇਸ਼ ਆਪਣੀਆਂ ਵਿਕਾਸ ਨੀਤੀਆਂ ਵਿੱਚ ਨਵੀਨਤਮ ਤਕਨਾਲੋਜੀਆਂ ਨੂੰ ਅਪਣਾ ਰਹੇ ਹਨ ਅਤੇ ਬਹੁਤ ਸਾਰੇ ਰਵਾਇਤੀ ਤੌਰ 'ਤੇ ਕੀਤੇ ਜਾਂਦੇ ਕਾਰਜ ਹੁਣ ਪਰਿਵਰਤਨ ਦੇ ਦੌਰ ਵਿੱਚੋਂ ਗੁਜ਼ਰ ਰਹੇ ਹਨ। ਖਾਸ ਤੌਰ 'ਤੇ ਆਰਟੀਫੀਸ਼ੀਅਲ ਇੰਟੈਲੀਜੈਂਸ ਦੇ ਵਿਸਤ੍ਰਿਤ ਦਾਇਰੇ ਦਾ ਵਿਸ਼ਵਵਿਆਪੀ ਕਾਰਜ ਅਭਿਆਸਾਂ ਅਤੇ ਉਨ੍ਹਾਂ ਵਿੱਚ ਮਨੁੱਖਾਂ ਦੀ ਭੂਮਿਕਾ 'ਤੇ ਡੂੰਘਾ ਪ੍ਰਭਾਵ ਪਿਆ ਹੈ। ਇਸਨੂੰ ਸਮੇਂ ਦੇ ਨਾਲ ਤਾਲਮੇਲ ਰੱਖਣ ਅਤੇ ਵਿਕਾਸ ਲਈ ਜ਼ਰੂਰੀ ਮੰਨਿਆ ਜਾਂਦਾ ਹੈ ਅਤੇ ਸਾਰੇ ਦੇਸ਼ ਆਰਟੀਫੀਸ਼ੀਅਲ ਇੰਟੈਲੀਜੈਂਸ ਦੇ ਸਕਾਰਾਤਮਕ ਵਰਤੋਂ ਨੂੰ ਸਰਗਰਮੀ ਨਾਲ ਅੱਗੇ ਵਧਾ ਰਹੇ ਹਨ। ਭਾਰਤ ਇਸ ਸਬੰਧ ਵਿੱਚ ਮਹੱਤਵਪੂਰਨ ਭੂਮਿਕਾ ਨਿਭਾ ਸਕਦਾ ਹੈ। ਇਹ ਧਿਆਨ ਦੇਣ ਯੋਗ ਹੈ ਕਿ ਸੋਮਵਾਰ ਤੋਂ ਨਵੀਂ ਦਿੱਲੀ ਵਿੱਚ ਪੰਜ ਦਿਨਾਂ ਆਰਟੀਫੀਸ਼ੀਅਲ ਇੰਟੈਲੀਜੈਂਸ ਸੰਮੇਲਨ ਆਯੋਜਿਤ ਕੀਤਾ ਜਾ ਰਿਹਾ ਹੈ, ਜਿਸ ਵਿੱਚ ਰਾਜਾਂ ਦੇ ਮੁਖੀ ਅਤੇ ਆਰਟੀਫੀਸ਼ੀਅਲ ਇੰਟੈਲੀਜੈਂਸ ਕੰਪਨੀਆਂ ਦੇ ਸੀ ਈ ਓ ਸ਼ਾਮਲ ਹੋਣਗੇ। ਸੰਮੇਲਨ ਦਾ ਉਦੇਸ਼ ਆਰਟੀਫੀਸ਼ੀਅਲ ਇੰਟੈਲੀਜੈਂਸ ਦੇ ਵਿਆਪਕ ਢਾਂਚੇ 'ਤੇ ਚਰਚਾ ਕਰਨਾ ਅਤੇ ਆਮ ਲੋਕਾਂ ਦੇ ਜੀਵਨ 'ਤੇ ਇਸਦੇ ਸਿੱਧੇ ਪ੍ਰਭਾਵ ਅਤੇ ਲਾਭਾਂ ਬਾਰੇ ਜਾਗਰੂਕਤਾ ਪੈਦਾ ਕਰਨਾ ਹੈ। ਦਰਅਸਲ, ਤਕਨੀਕੀ ਨਵੀਨਤਾ ਦੀ ਤੇਜ਼ ਰਫ਼ਤਾਰ ਅਤੇ ਸਾਰੇ ਮਹੱਤਵਪੂਰਨ ਖੇਤਰਾਂ ਵਿੱਚ ਆਰਟੀਫੀਸ਼ੀਅਲ ਇੰਟੈਲੀਜੈਂਸ ਦੇ ਫੈਲਾਅ ਨੂੰ ਦੇਖਦੇ ਹੋਏ, ਇਸਦੀ ਸੰਭਾਵਨਾ, ਉਮੀਦਾਂ ਅਤੇ ਸੰਬੰਧਿਤ ਚਿੰਤਾਵਾਂ 'ਤੇ ਚਰਚਾ ਕਰਨਾ ਜ਼ਰੂਰੀ ਹੋ ਜਾਂਦਾ ਹੈ। ਇਹ ਯਾਦ ਰੱਖਣਾ ਜ਼ਰੂਰੀ ਹੈ ਕਿ ਵਿਕਾਸ ਦਾ ਕੋਈ ਵੀ ਰੂਪ ਅੰਤ ਵਿੱਚ ਆਮ ਲੋਕਾਂ ਨੂੰ ਪ੍ਰਭਾਵਿਤ ਕਰਦਾ ਹੈ ਅਤੇ ਕਿਸੇ ਵੀ ਤਕਨਾਲੋਜੀ ਦਾ ਨਿਰਣਾ ਇਸਦੀ ਸਮੁੱਚੀ ਭਲਾਈ ਅਤੇ ਵਿਸ਼ਵ ਆਬਾਦੀ ਲਈ ਇਸਦੀ ਉਪਯੋਗਤਾ ਦੇ ਅਧਾਰ 'ਤੇ ਕੀਤਾ ਜਾਵੇਗਾ। ਜਦੋਂ ਤੋਂ ਹਾਲ ਹੀ ਵਿੱਚ ਆਰਟੀਫੀਸ਼ੀਅਲ ਇੰਟੈਲੀਜੈਂਸ ਦੇ ਵਧਦੇ ਦਾਇਰੇ ਅਤੇ ਪ੍ਰਭਾਵ ਬਾਰੇ ਚਰਚਾ ਸ਼ੁਰੂ ਹੋਈ ਹੈ, ਇਸਨੂੰ ਭਵਿੱਖ ਵਿੱਚ ਨੌਕਰੀਆਂ ਪੈਦਾ ਕਰਨ ਲਈ ਇੱਕ ਸਾਧਨ ਵਜੋਂ ਪੇਸ਼ ਕੀਤਾ ਗਿਆ ਹੈ। ਦੂਜੇ ਪਾਸੇ, ਰੁਜ਼ਗਾਰ 'ਤੇ ਆਰਟੀਫੀਸ਼ੀਅਲ ਇੰਟੈਲੀਜੈਂਸ ਦੇ ਵਿਆਪਕ ਪ੍ਰਭਾਵ ਅਤੇ ਜ਼ੋਖਮਾਂ ਬਾਰੇ ਚਿੰਤਾਵਾਂ ਉਠਾਈਆਂ ਗਈਆਂ ਹਨ। ਦਿੱਲੀ ਕਾਨਫਰੰਸ ਦੇ ਉਦੇਸ਼ਾਂ ਵਿੱਚੋਂ ਇੱਕ ਰੁਜ਼ਗਾਰ 'ਤੇ ਆਰਟੀਫੀਸ਼ੀਅਲ ਇੰਟੈਲੀਜੈਂਸ ਦੇ ਪ੍ਰਭਾਵ, ਆਮ ਲੋਕਾਂ ਦੇ ਜੀਵਨ 'ਤੇ ਪ੍ਰਭਾਵ ਅਤੇ ਇਸਦੇ ਜ਼ੋਖਮਾਂ ਨੂੰ ਘਟਾਉਣ ਲਈ ਠੋਸ ਉਪਾਵਾਂ ਅਤੇ ਯਤਨਾਂ 'ਤੇ ਚਰਚਾ ਕਰਨਾ ਹੈ। ਇਹ ਚੰਗੀ ਤਰ੍ਹਾਂ ਜਾਣਿਆ ਜਾਂਦਾ ਹੈ ਕਿ ਆਰਟੀਫੀਸ਼ੀਅਲ ਇੰਟੈਲੀਜੈਂਸ ਦਾ ਦਾਇਰਾ ਕਿੰਨਾ ਵਿਸ਼ਾਲ ਹੋ ਗਿਆ ਹੈ। ਹੱਥ ਵਿੱਚ ਸਮਾਰਟਫੋਨ ਹੁਣ ਸਿਰਫ਼ ਫੋਟੋਆਂ ਨੂੰ ਸੰਪਾਦਿਤ ਕਰਕੇ ਸੋਸ਼ਲ ਮੀਡੀਆ ਪਲੇਟਫਾਰਮਾਂ 'ਤੇ ਸੁਰਖੀਆਂ ਹਾਸਲ ਕਰਨ ਦਾ ਸਾਧਨ ਨਹੀਂ ਰਿਹਾ। ਡਾਕਟਰੀ ਖੇਤਰ ਵਿੱਚ, ਆਰਟੀਫੀਸ਼ੀਅਲ ਇੰਟੈਲੀਜੈਂਸ ਦੀ ਵਰਤੋਂ ਬਿਮਾਰੀ ਦੇ ਨਿਦਾਨ ਤੋਂ ਲੈ ਕੇ ਇਲਾਜ ਤੱਕ ਹਰ ਚੀਜ਼ ਲਈ ਕੀਤੀ ਜਾ ਰਹੀ ਹੈ। ਅਪਰਾਧ ਨੂੰ ਰੋਕਣ ਵਿੱਚ ਇਸਦੀ ਉਪਯੋਗਤਾ ਸਾਬਤ ਹੋਈ ਹੈ। ਇਸਦੀ ਵਰਤੋਂ ਸਿੱਖਿਆ ਤੋਂ ਲੈ ਕੇ ਰੱਖਿਆ ਅਤੇ ਕਾਰੋਬਾਰ ਤੱਕ ਵੱਖ-ਵੱਖ ਖੇਤਰਾਂ ਵਿੱਚ ਨਵੇਂ ਪੱਧਰਾਂ 'ਤੇ ਕੀਤੀ ਜਾ ਰਹੀ ਹੈ। ਸਪੱਸ਼ਟ ਤੌਰ 'ਤੇ ਵਿਕਾਸ ਲਈ ਨਵੇਂ ਮਾਪਦੰਡ ਸਥਾਪਤ ਕਰਨ ਅਤੇ ਆਧੁਨਿਕ ਦੁਨੀਆ ਵਿੱਚ ਇੱਕ ਸਥਾਨ ਸਥਾਪਤ ਕਰਨ ਲਈ ਆਰਟੀਫੀਸ਼ੀਅਲ ਇੰਟੈਲੀਜੈਂਸ 'ਤੇ ਅਪਡੇਟ ਰਹਿਣ ਦੀ ਲੋੜ ਹੋਵੇਗੀ। ਹਾਲਾਂਕਿ, ਤੇਜ਼ੀ ਨਾਲ ਉੱਭਰ ਰਹੇ ਮੁੱਦਿਆਂ ਨੂੰ ਹੱਲ ਕਰਨਾ, ਰੁਜ਼ਗਾਰ ਦੇ ਮੌਕਿਆਂ ਦੇ ਸੁੰਗੜਨ ਤੋਂ ਲੈ ਕੇ ਵੱਖ-ਵੱਖ ਪੱਧਰਾਂ 'ਤੇ ਲੋਕਾਂ ਦੇ ਜੀਵਨ ਲਈ ਬਹੁਪੱਖੀ ਜ਼ੋਖਮਾਂ ਤੱਕ, ਇੱਕ ਵੱਡੀ ਚੁਣੌਤੀ ਹੋਵੇਗੀ। ਇਸ ਤੋਂ ਇਲਾਵਾ, ਜੇਕਰ ਆਰਟੀਫੀਸ਼ੀਅਲ ਇੰਟੈਲੀਜੈਂਸ ਡੇਟਾ ਸੈਂਟਰਾਂ ਦੇ ਵਾਤਾਵਰਣ ਪ੍ਰਭਾਵ ਅਤੇ ਪਾਣੀ ਦੀ ਖਪਤ ਨਾਲ ਸਬੰਧਤ ਚਿੰਤਾਵਾਂ ਨੂੰ ਹੱਲ ਕਰਨ ਲਈ ਠੋਸ ਹੱਲ ਨਹੀਂ ਲੱਭੇ ਜਾਂਦੇ ਹਨ, ਤਾਂ ਆਰਟੀਫੀਸ਼ੀਅਲ ਇੰਟੈਲੀਜੈਂਸ 'ਤੇ ਅਧਾਰਤ ਵਿਕਾਸ ਦੀ ਪਰਖ ਕੀਤੀ ਜਾਵੇਗੀ।

**-ਜਗਜੀਤ ਸਿੰਘ ਦਰਦੀ**

# ਪੰਜਾਬ ਦੇ ਭਵਿੱਖ ਤੇ 2027 ਵੱਲ ਨਵੇਂ ਏਜੰਡੇ ਦੀ ਲੋੜ ਲਈ ਪੰਥਕ ਇਕੱਤਰਤਾ ਪੰਜਾਬ ਦੇ ਭਲੇ ਤੇ ਰਾਜਨੀਤੀ ਲਈ ਇਕ ਅਹਿਮ ਕਦਮ



ਪ੍ਰੋ . ਡਾ. ਕ੍ਰਿਸ਼ਨ ਕੁਮਾਰ ਰੱਤੂ
ਮੋ: 9478730156
ਉੱਘੇ ਲੇਖਕ ਤੇ ਮੀਡੀਆ ਵਿਸ਼ਲੇਸ਼ਕ

ਅੱਜ, 6 ਅਪ੍ਰੈਲ 2026 ਨੂੰ ਅੰਮ੍ਰਿਤਸਰ ਵਿਖੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ (SGPC) ਵੱਲੋਂ ਸੱਦੀ ਗਈ ਪੰਥਕ ਇਕੱਤਰਤਾ ਪੰਜਾਬ ਦੀ ਰਾਜਨੀਤੀ ਵਿੱਚ ਇੱਕ ਅਹਿਮ ਪੰਥਕ ਘਟਨਾ ਹੈ। ਇਸ ਇਕੱਤਰਤਾ ਵਿੱਚ ਸਾਰੀਆਂ ਸਿੱਖ ਜਥੇਬੰਦੀਆਂ, ਨਿਹੰਗ ਸਿੰਘ ਦਲਾਂ, ਦਮਦਮੀ ਟਕਸਾਲ, ਸਿੱਖ ਵਿਦਵਾਨਾਂ, ਜੱਜਾਂ, ਵਕੀਲਾਂ, ਮਿਸ਼ਨਰੀ ਕਾਲਜਾਂ, ਸਿੰਘ ਸਭਾਵਾਂ ਅਤੇ ਵੱਖ-ਵੱਖ ਸੰਪਰਦਾਵਾਂ ਦੇ ਆਗੂਆਂ ਨੂੰ ਸੱਦਾ ਦਿੱਤਾ ਗਿਆ ਹੈ। ਅੱਜ ਮੁੱਖ ਏਜੰਡਾ ਬੇਅਦਬੀਆਂ ਰੋਕਥਾਮ ਲਈ ਕਾਨੂੰਨ ਬਣਾਉਣ ਦਾ ਮਾਮਲਾ ਹੈ, ਜਿਸ ਬਾਰੇ ਪੰਜਾਬ ਸਰਕਾਰ ਵੱਲੋਂ ਉਠਾਏ ਗਏ ਕਦਮਾਂ 'ਤੇ ਪੰਥਕ ਰਾਇ ਬਣਾਉਣੀ ਹੈ। ਇਸ ਤੋਂ ਇਲਾਵਾ ਪਿਛਲੇ ਸਾਲਾਂ ਤੋਂ ਚੱਲ ਰਹੇ ਅਤੀ ਜ਼ਰੂਰੀ ਸਿੱਖ ਮਸਲਿਆਂ 'ਤੇ ਵਿਚਾਰ ਹੋਣਗੇ, ਜੋ ਪੰਥ, ਪੰਜਾਬ ਦੀ ਸਿੱਖ ਸੰਗਤ ਅਤੇ ਰਾਜਨੀਤੀ ਲਈ ਬੇਹੱਦ ਮਹੱਤਵਪੂਰਨ ਹਨ।

ਇਥੇ ਇਸ ਇਕੱਤਰਤਾ ਦੇ ਮਸਲਿਆਂ ਦੀ ਡੂੰਘੀ ਪੜਤਾਲ ਕਰਦਿਆਂ ਉਨ੍ਹਾਂ ਦੀ ਰਾਜਨੀਤਿਕ ਪਹੁੰਚ, ਆਉਣ ਵਾਲੇ ਦਿਨਾਂ ਵਿੱਚ ਪੰਜਾਬ ਲਈ ਭਵਿੱਖ ਅਤੇ 2027 ਵਿਧਾਨ ਸਭਾ ਚੋਣਾਂ ਦੇ ਏਜੰਡੇ ਨੂੰ ਧਿਆਨ ਵਿੱਚ ਰੱਖਦਿਆਂ ਲਿਖਿਆ ਗਿਆ ਹੈ। ਇਸ ਵਿੱਚ ਇਤਿਹਾਸਕ ਪਿਛੋਕੜ, ਵਰਤਮਾਨ ਚੁਣੌਤੀਆਂ ਅਤੇ ਭਵਿੱਖੀ ਰਣਨੀਤੀਆਂ 'ਤੇ ਵਿਸਥਾਰ ਨਾਲ ਚਰਚਾ ਕੀਤੀ ਗਈ ਹੈ। ਅੱਜ ਇਸ ਇਕੱਤਰਤਾ ਦਾ ਪਿਛੋਕੜ ਅਤੇ ਮਹੱਤਵ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਇਸ ਇਕੱਤਰਤਾ ਨੂੰ ਬੇਹੱਦ ਸੰਜੀਦਾ ਮਾਮਲਾ ਦੱਸਿਆ ਹੈ।

ਉਨ੍ਹਾਂ ਕਿਹਾ ਕਿ ਗੁਰੂ ਗ੍ਰੰਥ ਸਾਹਿਬ ਜੀ ਦੀ ਜਾਗਤ ਜੋਤ ਗੁਰੂ ਵਜੋਂ ਆਭਾ, ਵਡਿਆਈ ਅਤੇ ਮਹਾਨਤਾ ਨੂੰ ਬਚਾਉਣਾ ਲਾਜ਼ਮੀ ਹੈ। ਪਿਛਲੇ ਲੰਮੇ ਸਮੇਂ ਤੋਂ ਪੰਜਾਬ ਵਿੱਚ ਬੇਅਦਬੀਆਂ ਦੇ ਮਾਮਲੇ ਨਹੀਂ ਰੁਕ ਰਹੇ ਹਨ । ਇਸ ਲਈ ਦੋ ਕਾਰਜ ਜ਼ਰੂਰੀ ਹਨ: ਇੱਕ ਗੁਰੂ ਘਰਾਂ ਵਿੱਚ ਹਰ ਵੇਲੇ ਪਹਿਰੇਦਾਰੀ ਦਾ ਪ੍ਰਬੰਧ ਅਤੇ ਦੂਜਾ ਬੇਅਦਬੀਆਂ ਰੋਕਣ ਲਈ ਵਿਸ਼ੇਸ਼ ਕਾਨੂੰਨ। SGPC ਨੇ ਪੰਜਾਬ ਸਰਕਾਰ ਵੱਲੋਂ ਉਠਾਏ ਗਏ ਪੰਜਾਬ ਪ੍ਰੀਵੈਂਸ਼ਨ ਆਫ ਆਫੈਂਸਿਜ਼ ਅਗੇਨਸਟ ਹੋਲੀ ਸਕ੍ਰਿਪਚਰਜ਼ ਬਿਲ 2025 ਬਾਰੇ ਚਿੰਤਾ ਜ਼ਾਹਰ ਕੀਤੀ ਹੈ। ਸਰਕਾਰ ਵੱਲੋਂ ਇਸ ਬਿਲ ਵਿੱਚ ਸੋਧਾਂ ਬਾਰੇ ਸਪੱਸ਼ਟਤਾ ਨਹੀਂ ਦਿੱਤੀ ਗਈ ਅਤੇ ਇਸ ਨਾਲ ਸੰਗਤ ਵਿੱਚ ਉਲਝਣ ਪੈਦਾ ਹੋਈ ਹੈ। SGPC ਨੇ ਇਸ ਬਿਲ ਦਾ ਖਰੜਾ ਪੰਥਕ ਰਾਇ ਲਈ ਪੇਸ਼ ਕਰਨ ਦੀ ਮੰਗ ਕੀਤੀ ਹੈ। ਇਹ ਇਕੱਤਰਤਾ ਪੰਥਕ ਏਕਤਾ ਬਣਾਉਣ ਅਤੇ ਸਾਂਝੀ ਰਾਇ ਬਣਾਉਣ ਲਈ ਹੈ ਤਾਂ ਜੋ ਕੋਈ ਵੀ ਫੈਸਲਾ ਇੱਕ ਪਾਸੇ ਨਾ ਲਿਆ ਜਾਵੇ। ਅੱਜ ਇਸ ਇਕੱਤਰਤਾ ਦਾ ਮਹੱਤਵ ਇਸ ਲਈ ਵੀ ਵਧੇਰੇ ਹੈ ਕਿਉਂਕਿ ਇਹ 2027 ਵਿਧਾਨ ਸਭਾ ਚੋਣਾਂ ਤੋਂ ਪਹਿਲਾਂ ਆ ਰਿਹਾ ਹੈ। ਪੰਜਾਬ ਦੀ ਰਾਜਨੀਤੀ ਵਿੱਚ ਸਿੱਖ ਮਸਲੇ ਹਮੇਸ਼ਾ ਤੋਂ ਇੱਕ ਵੱਡਾ ਫੈਕਟਰ ਰਹੇ ਹਨ। AAP ਸਰਕਾਰ, ਕਾਂਗਰਸ, ਅਕਾਲੀ ਦਲ ਅਤੇ ਭਾਜਪਾ ਵਿਚਾਲੇ ਇਹਨਾਂ ਮਸਲਿਆਂ 'ਤੇ ਰਾਜਨੀਤੀ ਚੱਲ ਰਹੀ ਹੈ। ਇਸ ਇਕੱਤਰਤਾ ਰਾਹੀਂ ਪੰਥਕ ਤਾਕਤ ਇੱਕਠੀ ਹੋਣ ਨਾਲ ਰਾਜਨੀਤਿਕ ਧਿਰਾਂ 'ਤੇ ਦਬਾਅ ਪੈ ਸਕਦਾ ਹੈ।ਮੁੱਖ ਸਿੱਖ ਮਸਲੇ ਜਿਨ੍ਹਾਂ 'ਤੇ ਵਿਚਾਰ ਹੋਣਗੇ ਇਸ ਇਕੱਤਰਤਾ ਵਿੱਚ ਬੇਅਦਬੀਆਂ ਤੋਂ ਇਲਾਵਾ ਹੋਰ ਵੀ ਕਈ ਅਹਿਮ ਮਸਲੇ ਵਿਚਾਰੇ ਜਾਣਗੇ, ਜੋ ਪਿਛਲੇ ਸਾਲਾਂ ਤੋਂ ਪੰਥ ਲਈ ਚੁਣੌਤੀ ਬਣੇ ਹੋਏ ਹਨ।

ਅੱਜ ਸਿੱਖ ਬੰਦੀਆਂ ਦੀ ਰਿਹਾਈ ਅਤੇ ਭਾਈ ਬਲਵੰਤ ਸਿੰਘ ਰਾਜੋਆਣਾ ਦੀ ਸਜ਼ਾ ਘਟਾਉਣਾ ਅਤੇ SGPC ਨੇ ਬਜਟ ਸੈਸ਼ਨ ਵਿੱਚ ਵੀ ਇਸ ਮਸਲੇ 'ਤੇ ਰੈਜ਼ੋਲੂਸ਼ਨ ਪਾਸ ਕੀਤਾ ਹੈ। ਕੇਂਦਰ ਅਤੇ ਰਾਜ ਸਰਕਾਰਾਂ ਤੇ ਇਸ ਬਾਰੇ ਸਖ਼ਤ ਆਲੋਚਨਾ ਹੋਈ ਹੈ ਕਿ ਸਿੱਖ ਬੰਦੀਆਂ ਨੂੰ ਲੰਮੇ ਸਮੇਂ ਤੋਂ ਬੰਦੀ ਰੱਖਿਆ ਗਿਆ ਹੈ। ਇਹ ਮਸਲਾ ਪੰਥਕ ਭਾਵਨਾਵਾਂ ਨਾਲ ਜੁੜਿਆ ਹੈ ਅਤੇ ਰਾਜਨੀਤੀ ਵਿੱਚ ਵੀ ਵਰਤਿਆ ਜਾਂਦਾ ਹੈ।

ਅੱਜ ਸਿੱਖ ਧਰਮ ਦੀ ਵੱਖਰੀ ਪਛਾਣ ਅਤੇ ਇਸ ਨੂੰ ਘਟਾਉਣ ਦੀਆਂ ਕੋਸ਼ਿਸ਼ਾਂ ਵਿੱਚ SGPC ਨੇ ਰੈਜ਼ੋਲੂਸ਼ਨ ਵਿੱਚ ਚਿੰਤਾ ਜ਼ਾਹਰ ਕੀਤੀ ਹੈ ਕਿ ਸਿੱਖ ਧਰਮ ਦੀ ਵੱਖਰੀ ਇਤਿਹਾਸਕ, ਫਲਸਫ਼ੀਆਨਾ ਅਤੇ ਰੀਤੀ-ਰਿਵਾਜ਼ੀ ਪਛਾਣ ਨੂੰ ਘਟਾਉਣ ਦੀਆਂ ਕੋਸ਼ਿਸ਼ਾਂ ਹੋ ਰਹੀਆਂ ਹਨ । ਇਸ ਲਈ ਸਿੱਖ ਸੰਸਥਾਵਾਂ, ਵਿਦਵਾਨਾਂ ਅਤੇ ਵਿਸ਼ਵਵਿਆਪੀ ਸਿੱਖ ਸੰਗਤ ਨੂੰ ਏਕਤਾ ਨਾਲ ਵਿਰੋਧ ਕਰਨ ਦੀ ਅਪੀਲ ਕੀਤੀ ਗਈ ਹੈ। ਇਸ ਵਿੱਚ ਧਰਮ ਪਰਿਵਰਤਨ, ਸਿੱਖ ਰਹਿਤ ਮਰਿਆਦਾ ਉਲੰਘਣ ਅਤੇ ਗੁਰੂ ਘਰਾਂ ਦੀ ਮਰਿਆਦਾ ਨਾਲ ਜੁੜੇ ਮਸਲੇ ਸ਼ਾਮਲ ਹਨ।

ਅੱਜ SGPC ਅਤੇ ਸਿੱਖ ਸੰਸਥਾਵਾਂ ਵਿੱਚ ਪਾਰਦਰਸ਼ਤਾ ਅਤੇ ਭ੍ਰਿਸ਼ਟਾਚਾਰ ਦੇ ਆਰੋਪਾਂ ਵਿੱਚ ਗਿਆਨੀ ਰਘਬੀਰ ਸਿੰਘ ਵਰਗੇ ਆਗੂਆਂ ਵੱਲੋਂ SGPC ਵਿੱਚ ਭ੍ਰਿਸ਼ਟਾਚਾਰ, ਗੁਰਦੁਆਰਾ ਜਾਇਦਾਦਾਂ ਦੀ ਅਸਧਾਰਨ ਵਿਕਰੀ, ਲੰਗਰ ਵਿੱਚ ਰਾਸ਼ਨ ਚੋਰੀ ਅਤੇ ਹੋਰ ਮਾਮਲਿਆਂ 'ਤੇ ਆਰੋਪ ਲੱਗੇ ਹਨ। ਇਸ ਨੇ ਪੰਥਕ ਏਕਤਾ ਲਈ ਚੁਣੌਤੀ ਪੈਦਾ ਕੀਤੀ ਹੈ ਅਤੇ ਸਰਬੱਤ ਖਾਲਸਾ ਵਰਗੀਆਂ ਮੰਗਾਂ ਉਠੀਆਂ ਹਨ। ਇਕੱਤਰਤਾ ਵਿੱਚ ਇਸ 'ਤੇ ਵੀ ਵਿਚਾਰ ਹੋ ਸਕਦਾ ਹੈ ਤਾਂ ਜੋ ਸੰਸਥਾਵਾਂ ਨੂੰ ਮਜ਼ਬੂਤ ਕੀਤਾ ਜਾਵੇ।

ਅੱਜ ਧਰਮ ਪਰਿਵਰਤਨ ਅਤੇ ਡੇਰਾ ਰਾਜਨੀਤੀ ਨਾਲ ਪੰਜਾਬ ਵਿੱਚ ਧਰਮ ਪਰਿਵਰਤਨ ਦਾ ਮਸਲਾ ਗੰਭੀਰ ਹੋ ਰਿਹਾ ਹੈ। ਭਾਜਪਾ ਨੇ ਇਸ 'ਤੇ ਕਾਨੂੰਨ ਬਣਾਉਣ ਦੀ ਗੱਲ ਕੀਤੀ ਹੈ। ਇਹ ਮਸਲਾ ਸਿੱਖ-ਹਿੰਦੂ ਏਕਤਾ ਅਤੇ ਪੰਜਾਬੀ ਆਪਣੀਅਤ ਨਾਲ ਜੁੜਿਆ ਹੈ। ਡੇਰਿਆਂ ਦੀ ਰਾਜਨੀਤੀ ਵੀ ਚੋਣਾਂ ਵਿੱਚ ਅਸਰ ਪਾਉਂਦੀ ਹੈ।

ਅੱਜ ਪੰਜਾਬ ਦੀਆਂ ਆਰਥਿਕ ਅਤੇ ਸਮਾਜਿਕ ਸਮੱਸਿਆਵਾਂ ਜਿਵੇਂ ਕਿਸਾਨੀ ਸੰਕਟ, ਨੌਜਵਾਨਾਂ ਦਾ ਵਿਦੇਸ਼ ਪਲਾਇਨ, ਨਸ਼ਿਆਂ ਦੀ ਸਮੱਸਿਆ ਅਤੇ ਖੇਤੀਬਾੜੀ ਦੀ ਘਾਟ ਇਸ ਇਕੱਤਰਤਾ ਵਿੱਚ ਰਾਜਨੀਤਿਕ ਰੂਪ ਵਿੱਚ ਵਿਚਾਰੇ ਜਾ ਸਕਦੇ ਹਨ। ਸਿੱਖ ਪੰਥ ਨੇ ਹਮੇਸ਼ਾ ਸਮਾਜਿਕ ਨਿਆਂ ਅਤੇ ਬਰਾਬਰੀ ਲਈ ਆਵਾਜ਼ ਉਠਾਈ ਹੈ।

ਅੱਜ ਰਾਜਨੀਤਿਕ ਪਹੁੰਚ ਅਤੇ ਪੰਜਾਬ ਦੀਆਂ ਸਮੱਸਿਆਵਾਂ ਦਾ ਪੰਜਾਬ ਦੀ ਰਾਜਨੀਤੀ ਵਿੱਚ ਸਿੱਖ ਮਸਲੇ ਅਤੇ ਪੰਥਕ ਏਕਤਾ ਹਮੇਸ਼ਾ ਤੋਂ ਇੱਕ ਵੱਡਾ ਟੂਲ ਰਿਹਾ ਹੈ। ਵਰਤਮਾਨ ਵਿੱਚ AAP ਸਰਕਾਰ ਤੇ ਭਗਵੰਤ ਮਾਨ ਵੱਲੋਂ ਬੇਅਦਬੀ ਬਿਲ ਬਾਰੇ ਉਠਾਏ ਕਦਮਾਂ 'ਤੇ ਆਲੋਚਨਾ ਹੋ ਰਹੀ ਹੈ। ਕਾਂਗਰਸ ਵਿੱਚ ਜਾਤੀ ਵੰਡ (ਜੱਟ ਸਿੱਖ ਬਨਾਮ ਦਲਿਤ) ਅਤੇ ਅੰਦਰੂਨੀ ਝਗੜੇ ਚੱਲ ਰਹੇ ਹਨ। ਅਕਾਲੀ ਦਲ ਪੰਥਕ ਮੁੱਦਿਆਂ 'ਤੇ ਆਪਣੀ ਪਛਾਣ ਮਜ਼ਬੂਤ ਕਰਨ ਦੀ ਕੋਸ਼ਿਸ਼ ਕਰ ਰਿਹਾ ਹੈ ਅਤੇ 2027 ਲਈ ਰੈਲੀਆਂ ਸ਼ੁਰੂ ਕਰ ਚੁੱਕਾ ਹੈ। ਭਾਜਪਾ ਧਰਮ ਪਰਿਵਰਤਨ ਅਤੇ ਸਿੱਖ ਵੋਟਰਾਂ ਵਿੱਚ ਘੁਸਪੈਠ ਲਈ ਯਤਨਸ਼ੀਲ ਹੈ।

ਅੱਜ ਪੰਜਾਬ ਦੀਆਂ ਮੁੱਖ ਸਮੱਸਿਆਵਾਂ ਵਿੱਚ ਆਰਥਿਕ ਮੰਦਹਾਲੀ, ਕਿਸਾਨਾਂ ਦਾ ਕਰਜ਼ਾ, ਨਸ਼ੀਲੀਆਂ ਦਵਾਈਆਂ ਦਾ ਵਪਾਰ, ਬੇਰੁਜ਼ਗਾਰੀ ਅਤੇ ਵਾਤਾਵਰਣੀ ਸਮੱਸਿਆਵਾਂ ਸ਼ਾਮਲ ਹਨ। ਇਹਨਾਂ ਨੂੰ ਸਿੱਖ ਮਸਲਿਆਂ ਨਾਲ ਜੋੜ ਕੇ ਰਾਜਨੀਤੀ ਕੀਤੀ ਜਾਂਦੀ ਹੈ। ਇਕੱਤਰਤਾ ਰਾਹੀਂ ਜੇ ਪੰਥਕ ਏਕਤਾ ਬਣੀ ਤਾਂ ਇਹ ਰਾਜਨੀਤਿਕ ਧਿਰਾਂ ਲਈ ਚੁਣੌਤੀ ਬਣ ਸਕਦੀ ਹੈ ਅਤੇ ਉਨ੍ਹਾਂ ਨੂੰ ਪੰਥਕ ਮਸਲਿਆਂ 'ਤੇ ਵਧੇਰੇ ਗੰਭੀਰਤਾ ਨਾਲ ਵਿਚਾਰ ਕਰਨ ਲਈ ਮਜਬੂਰ ਕਰ ਸਕਦੀ ਹੈ।ਆਉਣ ਵਾਲੇ ਦਿਨਾਂ ਵਿੱਚ ਪੰਜਾਬ ਲਈ ਇਸ ਇਕੱਤਰਤਾ ਦਾ ਭਵਿੱਖ ਇਸ ਗੱਲ 'ਤੇ ਨਿਰਭਰ ਕਰਦਾ ਹੈ ਕਿ ਇਸ ਵਿੱਚ ਕਿਹੜੀਆਂ ਠੋਸ ਰਣਨੀਤੀਆਂ ਬਣਦੀਆਂ ਹਨ।

ਜੇਕਰ ਬੇਅਦਬੀ ਲਈ ਸਖ਼ਤ ਕਾਨੂੰਨ ਅਤੇ ਪਾਰਦਰਸ਼ੀ ਸ਼੍ਰੋਮਣੀ ਪ੍ਰਬੰਧਕ ਕਮੇਟੀ ਲਈ ਏਕਤਾ ਬਣੀ ਤਾਂ ਇਹ ਪੰਥ ਨੂੰ ਮਜ਼ਬੂਤ ਕਰੇਗੀ। ਨਹੀਂ ਤਾਂ ਰਾਜਨੀਤਿਕ ਖੇਡਾਂ ਵਿੱਚ ਇਹ ਵੀ ਘੁਲ ਸਕਦੀ ਹੈ।

ਅੱਜ ਹੁਣ 2027 ਚੋਣਾਂ ਦਾ ਏਜੰਡਾ ਅਤੇ ਪੰਥਕ ਏਕਤਾ ਦੀ ਭੂਮਿਕਾ 2027 ਵਿਧਾਨ ਸਭਾ ਚੋਣਾਂ ਵਿੱਚ ਪੰਥਕ ਮਸਲੇ ਇੱਕ ਵੱਡਾ ਅਜੰਡਾ ਹੋਣਗੇ। ਅਕਾਲੀ ਦਲ ਪੰਥਕ ਗਰਵ ਅਤੇ ਸੰਸਥਾਵਾਂ ਨੂੰ ਮਜ਼ਬੂਤ ਕਰਨ 'ਤੇ ਫੋਕਸ ਕਰ ਰਿਹਾ ਹੈ। AAP ਨੇ ਕਿਸਾਨੀ ਅਤੇ ਲੋਕ ਭਲਾਈ 'ਤੇ ਜ਼ੋਰ ਦਿੱਤਾ ਹੈ ਪਰ ਬੇਅਦਬੀ ਮਸਲੇ ਤੇ ਉਸ 'ਤੇ ਦਬਾਅ ਹੈ। ਭਾਜਪਾ ਧਰਮ ਪਰਿਵਰਤਨ ਅਤੇ ਹਿੰਦੂ-ਸਿੱਖ ਏਕਤਾ 'ਤੇ ਖੇਡ ਰਹੀ ਹੈ। ਕਾਂਗਰਸ ਵਿੱਚ ਅੰਦਰੂਨੀ ਵੰਡ ਉਸ ਨੂੰ ਕਮਜ਼ੋਰ ਕਰ ਰਹੀ ਹੈ।ਪੰਥਕ ਇਕੱਤਰਤਾ ਜੇਕਰ ਠੋਸ ਫੈਸਲੇ ਲੈਂਦੀ ਹੈ ਤਾਂ ਇਹ 2027 ਵਿੱਚ ਵੋਟਰਾਂ 'ਤੇ ਅਸਰ ਪਾ ਸਕਦੀ ਹੈ, ਖਾਸ ਕਰਕੇ ਗ੍ਰਾਮੀਣ ਅਤੇ ਸਿੱਖ ਬਹੁਲ ਖੇਤਰਾਂ ਵਿੱਚ। ਅੱਜ ਇਸ ਨਾਲ ਰਾਜਨੀਤਿਕ ਧਿਰਾਂ ਨੂੰ ਪੰਥਕ ਮਸਲਿਆਂ 'ਤੇ ਵਧੇਰੇ ਧਿਆਨ ਦੇਣਾ ਪਵੇਗਾ। ਪਰ ਜੇਕਰ ਇਹ ਇਕੱਤਰਤਾ ਵੀ ਰਾਜਨੀਤਿਕ ਲਾਭ ਲਈ ਵਰਤੀ ਗਈ ਤਾਂ ਇਸ ਦਾ ਅਸਰ ਉਲਟਾ ਹੋ ਸਕਦਾ ਹੈ ਅਤੇ ਸੰਗਤ ਵਿੱਚ ਨਿਰਾਸ਼ਾ ਵਧੇਗੀ।ਪੰਜਾਬ ਦੀਆਂ ਸਮੱਸਿਆਵਾਂ ਨੂੰ ਹੱਲ ਕਰਨ ਲਈ ਰਾਜਨੀਤੀ ਤੋਂ ਉਪਰ ਉੱਠ ਕੇ ਏਕਤਾ ਲੋੜੀਂਦੀ ਹੈ। ਸਿੱਖ ਪੰਥ ਨੇ ਇਤਿਹਾਸ ਵਿੱਚ ਹਮੇਸ਼ਾ ਏਕਤਾ ਰਾਹੀਂ ਚੁਣੌਤੀਆਂ ਨੂੰ ਪਾਰ ਕੀਤਾ ਹੈ।

ਅੱਜ ਇਸ ਇਕੱਤਰਤਾ ਤੋਂ ਉਮੀਦ ਹੈ ਕਿ ਇਹ ਪੰਥ ਨੂੰ ਇੱਕ ਨਵੀਂ ਦਿਸ਼ਾ ਦੇਵੇਗੀ ਅਤੇ ਇਹ ਭਵਿੱਖੀ ਰਾਹ ਪੰਥਕ ਇਕੱਤਰਤਾ ਇੱਕ ਮੌਕਾ ਹੈ ਜਿਸ ਰਾਹੀਂ ਸਿੱਖ ਪੰਥ ਆਪਣੀਆਂ ਚੁਣੌਤੀਆਂ ਨੂੰ ਇੱਕਠੇ ਹੋ ਕੇ ਹੱਲ ਕਰ ਸਕਦਾ ਹੈ। ਬੇਅਦਬੀਆਂ ਰੋਕਣ ਲਈ ਸਖ਼ਤ ਕਾਨੂੰਨ, ਸਿੱਖ ਬੰਦੀਆਂ ਦੀ ਰਿਹਾਈ, SGPC ਵਿੱਚ ਪਾਰਦਰਸ਼ਤਾ ਅਤੇ ਧਰਮ ਦੀ ਵੱਖਰੀ ਪਛਾਣ ਬਚਾਉਣ ਵਰਗੇ ਮਸਲੇ ਪੰਥ ਦੀ ਏਕਤਾ ਤੋਂ ਬਿਨਾਂ ਹੱਲ ਨਹੀਂ ਹੋ ਸਕਦੇ ਹਨ । ਸਭ ਰਾਜਨੀਤਿਕ ਧਿਰਾਂ ਨੂੰ ਇਸ ਤੋਂ ਸਬਕ ਲੈਣਾ ਚਾਹੀਦਾ ਹੈ ਕਿ ਪੰਥਕ ਮਸਲੇ ਰਾਜਨੀਤੀ ਤੋਂ ਉਪਰ ਹਨ।

ਆਉਣ ਵਾਲੇ ਦਿਨਾਂ ਵਿੱਚ ਪੰਜਾਬ ਲਈ ਇਸ ਇਕੱਤਰਤਾ ਦਾ ਭਵਿੱਖ ਇਸ ਗੱਲ 'ਤੇ ਨਿਰਭਰ ਕਰੇਗਾ ਕਿ ਇਸ ਵਿੱਚ ਲਏ ਫੈਸਲੇ ਕਿਵੇਂ ਲਾਗੂ ਹੁੰਦੇ ਹਨ ਅਤੇ ਕੀ ਏਕਤਾ ਲੰਮੇ ਸਮੇਂ ਤੱਕ ਬਣੀ ਰਹਿੰਦੀ ਹੈ। ਜੇਕਰ ਇਹ ਸਫ਼ਲ ਹੋਈ ਤਾਂ ਇਹ ਪੰਥ ਲਈ ਇੱਕ ਨਵੀਂ ਉਮੀਦ ਬਣ ਸਕਦੀ ਹੈ ਅਤੇ 2027 ਚੋਣਾਂ ਵਿੱਚ ਵੀ ਅਸਰ ਪਾ ਸਕਦੀ ਹੈ।

## ਐਪਸਟਿਨ ਫਾਈਲਜ਼

# ਸੱਤਾ ਦੇ ਗਲਬੇ, ਦੱਬੇ ਹੋਏ ਸੱਚ ਅਤੇ ਨਿਆਂ ਪ੍ਰਣਾਲੀ ਦੀਆਂ ਚੁਣੌਤੀਆਂ



ਵਿੰਕਲਜੀਤ ਸਿੰਘ ਸਰਾ
9501477889

**ਸੱਤਾ ਅਤੇ ਅਪਰਾਧ ਦਾ ਗੁੰਝਲਦਾਰ ਗਠਜੋੜ** : ਜੈਫਰੀ ਐਪਸਟਿਨ ਦਾ ਮਾਮਲਾ ਆਧੁਨਿਕ ਇਤਿਹਾਸ ਦੇ ਉਨ੍ਹਾਂ ਸਭ ਤੋਂ ਗੁੰਝਲਦਾਰ ਅਤੇ ਪਰੇਸ਼ਾਨ ਕਰਨ ਵਾਲੇ ਅਧਿਆਇਆਂ ਵਿੱਚੋਂ ਇੱਕ ਹੈ, ਜਿਸ ਨੇ ਨਾ ਸਿਰਫ਼ ਅਮਰੀਕਾ ਬਲਕਿ ਪੂਰੀ ਦੁਨੀਆ ਦੀ ਸਿਆਸੀ ਅਤੇ ਸਮਾਜਿਕ ਵਿਵਸਥਾ ਨੂੰ ਹਿਲਾ ਕੇ ਰੱਖ ਦਿੱਤਾ। ਇਹ ਕਹਾਣੀ ਮਹਿਜ਼ ਇਕ ਅਮੀਰ ਵਿਅਕਤੀ ਦੇ ਨਿੱਜੀ ਅਪਰਾਧਾਂ ਤੱਕ ਸੀਮਤ ਨਹੀਂ ਹੈ ਸਗੋਂ ਇਹ ਇਸ ਗੱਲ ਦਾ ਪ੍ਰਤੱਖ ਪ੍ਰਮਾਣ ਹੈ ਕਿ ਕਿਵੇਂ ਬੇਅੰਤ ਦੌਲਤ, ਉੱਚ ਪੱਧਰੀ ਰਾਜਨੀਤਿਕ ਪਹੁੰਚ ਅਤੇ ਸਮਾਜਿਕ ਪ੍ਰਭਾਵ ਮਿਲ ਕੇ ਨਿਆਂ ਦੇ ਰਸਤੇ ਵਿੱਚ ਰੁਕਾਵਟਾਂ ਖੜ੍ਹੀਆਂ ਕਰ ਸਕਦੇ ਹਨ। ਜਦੋਂ ਅਸੀਂ ਇਸ ਮਾਮਲੇ ਦੀਆਂ ਤਹਿਆਂ ਨੂੰ ਫਰੋਲਦੇ ਹਾਂ ਤਾਂ ਸਾਨੂੰ ਪਤਾ ਲੱਗਦਾ ਹੈ ਕਿ 2019 ਵਿੱਚ ਨਿਊਯਾਰਕ ਵਿੱਚ ਹੋਈ ਉਸ ਦੀ ਗ੍ਰਿਫ਼ਤਾਰੀ ਕੋਈ ਅਚਾਨਕ ਵਾਪਰੀ ਘਟਨਾ ਨਹੀਂ ਸੀ, ਸਗੋਂ ਇਹ ਸਾਲਾਂ ਤੋਂ ਦੱਬੇ ਹੋਏ ਉਸ ਸੱਚ ਦਾ ਜੁਆਲਾਮੁਖੀ ਸੀ, ਜਿਸ ਨੂੰ ਸਿਸਟਮ ਨੇ ਆਪਣੀਆਂ ਕਮਜ਼ੋਰੀਆਂ ਕਾਰਨ ਲੰਬੇ ਸਮੇਂ ਤੱਕ ਦਬਾਈ ਰੱਖਿਆ। ਐਪਸਟਿਨ ਉੱਤੇ ਲੱਗੇ ਨਾਬਾਲਿਗਾਂ ਦੀ ਸੈਕਸ ਟਰੈਫਿਕਿੰਗ ਅਤੇ ਅਪਰਾਧਿਕ ਸਾਜ਼ਿਸ਼ ਦੇ ਦੋਸ਼ਾਂ ਨੇ ਇਹ ਸਪੱਸ਼ਟ ਕਰ ਦਿੱਤਾ ਕਿ ਸੱਤਾ ਦੇ ਗਲਿਆਰਿਆਂ ਵਿੱਚ ਕਿਵੇਂ ਨੈਤਿਕਤਾ ਨੂੰ ਦਰਕਿਨਾਰ ਕਰਕੇ ਘਿਨਾਉਣੇ ਅਪਰਾਧ ਕੀਤੇ ਜਾ ਸਕਦੇ ਹਨ।

**ਰਹੱਸਮਈ ਸ਼ਖ਼ਸੀਅਤ ਅਤੇ 'ਪਾਵਰ-ਇਮੇਜ' ਦੀ ਸਿਰਜਣਾ** : ਇਸ ਪੂਰੇ ਘਟਨਾਕ੍ਰਮ ਨੂੰ ਸਮਝਣ ਲਈ ਸਾਨੂੰ ਪਿੱਛੇ ਮੁੜ ਕੇ ਦੇਖਣਾ ਪਵੇਗਾ ਕਿ ਜੈਫਰੀ ਐਪਸਟਿਨ ਅਸਲ ਵਿੱਚ ਕੌਣ ਸੀ ਅਤੇ ਉਸ ਨੇ ਆਪਣੀ 'ਪਾਵਰ-ਇਮੇਜ' ਨੂੰ ਕਿਸ ਤਰ੍ਹਾਂ ਸਿਰਜਿਆ ਸੀ। ਉਹ ਇੱਕ ਅਜਿਹਾ ਰਹੱਸਮਈ ਫਾਇਨੈਂਸਰ ਸੀ, ਜਿਸ ਦੀ ਪਹੁੰਚ ਦੁਨੀਆ ਦੇ ਸਭ ਤੋਂ ਸ਼ਕਤੀਸ਼ਾਲੀ ਲੋਕਾਂ, ਰਾਜਨੇਤਾਵਾਂ, ਵਿਗਿਆਨੀਆਂ ਅਤੇ ਸੈਲੀਬ੍ਰਿਟੀਜ਼ ਤੱਕ ਸੀ। ਉਸ ਦੇ ਨਿੱਜੀ ਜੈੱਟ, ਨਿਊਯਾਰਕ ਦਾ ਆਲੀਸ਼ਾਨ ਮੈਨਹੈਟਨ ਘਰ ਅਤੇ ਯੂ.ਐੱਸ. ਵਰਜਿਨ ਆਈਲੈਂਡਜ਼ ਵਿੱਚ ਸਥਿਤ ਉਸ ਦਾ ਨਿੱਜੀ ਟਾਪੂ 'ਲਿਟਲ ਸੇਂਟ ਜੇਮਸ', ਉਸ ਦੀ ਅਸੀਮ ਸ਼ਕਤੀ ਦੇ ਪ੍ਰਤੀਕ ਬਣ ਗਏ ਸਨ। ਇਹੀ ਉਹ ਥਾਵਾਂ ਸਨ, ਜਿੱਥੇ ਪੀੜਤਾਂ ਅਨੁਸਾਰ ਸਾਲਾਂ ਤੱਕ ਸ਼ੋਸ਼ਣ ਦਾ ਗੰਦਾ ਖੇਡ ਖੇਡਿਆ ਜਾਂਦਾ ਰਿਹਾ। ਇੱਥੇ ਇੱਕ ਬਹੁਤ ਹੀ ਮਹੱਤਵਪੂਰਨ ਨੁਕਤਾ ਇਹ ਹੈ ਕਿ ਕਿਸੇ ਪ੍ਰਭਾਵਸ਼ਾਲੀ ਵਿਅਕਤੀ ਨਾਲ ਮਹਿਜ਼ ਜਾਣ-ਪਛਾਣ ਜਾਂ ਤਸਵੀਰ ਹੋਣਾ ਆਪਣੇ ਆਪ ਵਿੱਚ ਅਪਰਾਧ ਸਾਬਤ ਨਹੀਂ ਕਰਦਾ ਪਰ ਐਪਸਟਿਨ ਦੇ ਮਾਮਲੇ ਵਿੱਚ ਇਹ ਸਮਾਜਿਕ ਰਿਸ਼ਤੇ ਇੱਕ ਅਜਿਹੇ ਨੈੱਟਵਰਕ ਦਾ ਹਿੱਸਾ ਜਾਪਦੇ ਸਨ, ਜਿਸ ਨੇ ਉਸ ਨੂੰ ਕਾਨੂੰਨ ਦੇ ਹੱਥਾਂ ਤੋਂ ਬਚਾਈ ਰੱਖਣ ਵਿੱਚ ਮਦਦ ਕੀਤੀ।

**ਨਿਆਂ ਪ੍ਰਣਾਲੀ 'ਤੇ ਸਵਾਲੀਆ ਨਿਸ਼ਾਨ: 2008 ਦੀ 'ਨਰਮ' ਡੀਲ** : ਇਸ ਕੇਸ ਦਾ ਸਭ ਤੋਂ ਵਿਵਾਦਪੂਰਨ ਮੋੜ 2007 ਅਤੇ 2008 ਦੇ ਦਰਮਿਆਨ ਆਇਆ, ਜਦੋਂ ਫਲੋਰਿਡਾ ਵਿੱਚ ਪਹਿਲੀ ਵਾਰ ਉਸ ਦੇ ਖ਼ਿਲਾਫ਼ ਗੰਭੀਰ ਸਬੂਤ ਇਕੱਠੇ ਕੀਤੇ ਗਏ ਸਨ। ਉਸ ਵੇਲੇ ਇੱਕ ਬਹੁਤ ਹੀ 'ਨਰਮ' ਨਾਨ-ਪ੍ਰੌਸੀਕਿਊਸ਼ਨ ਐਗਰੀਮੈਂਟ ਕੀਤਾ ਗਿਆ, ਜਿਸ ਨੇ ਦੁਨੀਆ ਨੂੰ ਹੈਰਾਨ ਕਰ ਦਿੱਤਾ। ਇਹ ਉਹ ਪੜਾਅ ਸੀ, ਜਿਸ ਨੇ ਨਿਆਂ ਪ੍ਰਣਾਲੀ ਉੱਤੇ ਸਵਾਲੀਆ ਨਿਸ਼ਾਨ ਖੜ੍ਹੇ ਕੀਤੇ ਕਿ ਕੀ ਕੋਈ ਆਮ ਨਾਗਰਿਕ ਵੀ ਅਜਿਹੀ ਰਿਆਇਤ ਦੀ ਉਮੀਦ ਕਰ ਸਕਦਾ ਸੀ। ਬਾਅਦ ਵਿੱਚ ਜਾਰੀ ਹੋਈਆਂ ਸਰਕਾਰੀ ਰਿਪੋਰਟਾਂ ਨੇ ਵੀ ਮੰਨਿਆ ਕਿ ਇਹ ਡੀਲ ਨਿਆਂ ਦੇ ਸਿਧਾਂਤਾਂ ਦੇ ਖ਼ਿਲਾਫ਼ ਸੀ ਅਤੇ ਇਸ ਵਿੱਚ ਪੀੜਤਾਂ ਦੇ ਹੱਕਾਂ ਨੂੰ ਪੂਰੀ ਤਰ੍ਹਾਂ ਅੱਖੋਂ-ਓਹਲੇ ਕੀਤਾ ਗਿਆ ਸੀ। ਇਸ ਘਟਨਾ ਨੇ ਇਹ ਸਾਬਤ ਕਰ ਦਿੱਤਾ ਕਿ ਐਲੀਟ ਇਮਪਿਊਨਿਟੀ ਭਾਵ ਕੁਲੀਨ ਵਰਗ ਲਈ ਸਜ਼ਾ ਤੋਂ ਮੁਕਤੀ ਦਾ ਸੰਕਲਪ ਅਜੇ ਵੀ ਆਧੁਨਿਕ ਲੋਕਤੰਤਰਾਂ ਵਿੱਚ ਜਿਉਂਦਾ ਹੈ।

**ਪੱਤਰਕਾਰੀ ਦੀ ਭੂਮਿਕਾ ਅਤੇ 'ਐਪਸਟਿਨ ਫਾਈਲਜ਼' ਦਾ ਉਦੇ** : ਹਾਲਾਂਕਿ ਐਪਸਟਿਨ ਨੂੰ 2008 ਵਿੱਚ ਮਾਮੂਲੀ ਸਜ਼ਾ ਦੇ ਕੇ ਕੇਸ ਨੂੰ ਖ਼ਤਮ ਕਰਨ ਦੀ ਕੋਸ਼ਿਸ਼ ਕੀਤੀ ਗਈ ਸੀ ਪਰ ਸੱਚ ਦੀ ਆਵਾਜ਼ ਨੂੰ ਲੰਬੇ ਸਮੇਂ ਤੱਕ ਦਬਾਇਆ ਨਹੀਂ ਜਾ ਸਕਿਆ। 2011 ਤੋਂ 2018 ਦੇ ਦਰਮਿਆਨ, ਵਰਜੀਨੀਆ ਜਿਊਫਰੇ ਵਰਗੇ ਹਿੰਮਤੀ ਸਰਵਾਈਵਰਾਂ ਅਤੇ ਜੂਲੀ ਕੇ. ਬਰਾਊਨ ਵਰਗੇ ਖੋਜੀ ਪੱਤਰਕਾਰਾਂ ਨੇ ਇਸ ਮਾਮਲੇ ਨੂੰ ਦੁਬਾਰਾ ਜਨਤਕ ਚੇਤਨਾ ਵਿੱਚ ਲਿਆਂਦਾ। ਉਨ੍ਹਾਂ ਦੀਆਂ ਕੋਸ਼ਿਸ਼ਾਂ ਸਦਕਾ ਹੀ ਉਹ ਦਸਤਾਵੇਜ਼ ਸਾਹਮਣੇ ਆਏ, ਜਿਨ੍ਹਾਂ ਨੂੰ ਅੱਜ 'ਐਪਸਟਿਨ ਫਾਈਲਜ਼' ਵਜੋਂ ਜਾਣਿਆ ਜਾਂਦਾ ਹੈ। ਇਹ ਫਾਈਲਾਂ ਕੋਈ ਇੱਕ ਗੁਪਤ ਸੂਚੀ ਨਹੀਂ ਹਨ, ਸਗੋਂ ਇਹ ਸਾਲਾਂ ਤੱਕ ਚੱਲੀ ਕਾਨੂੰਨੀ ਲੜਾਈ, ਅਦਾਲਤੀ ਬਿਆਨਾਂ ਅਤੇ ਜਾਂਚ ਰਿਪੋਰਟਾਂ ਦਾ ਇੱਕ ਵਿਸ਼ਾਲ ਸੰਗ੍ਰਹਿ ਹਨ। ਇਹ ਦਸਤਾਵੇਜ਼ ਸਾਨੂੰ ਉਸ ਹਨੇਰੀ ਦੁਨੀਆ ਵਿੱਚ ਲੈ ਜਾਂਦੇ ਹਨ, ਜਿੱਥੇ ਮਾਸੂਮਾਂ ਦਾ ਸ਼ੋਸ਼ਣ ਇੱਕ ਸਿਲਸਿਲੇਵਾਰ ਤਰੀਕੇ ਨਾਲ ਕੀਤਾ ਜਾਂਦਾ ਸੀ।

**ਅਨਿਲ ਅੰਬਾਨੀ ਅਤੇ ਐਪਸਟਿਨ ਦੇ ਗੁਪਤ ਰਿਸ਼ਤੇ** : ਹਾਲ ਹੀ ਵਿੱਚ ਸਾਹਮਣੇ ਆਈਆਂ ਰਿਪੋਰਟਾਂ ਅਨੁਸਾਰ ਐਪਸਟਿਨ ਦਾ ਪ੍ਰਭਾਵ ਸਿਰਫ਼ ਅਮਰੀਕਾ ਤੱਕ ਸੀਮਤ ਨਹੀਂ ਸੀ, ਸਗੋਂ ਉਹ ਅੰਤਰਰਾਸ਼ਟਰੀ ਪੱਧਰ 'ਤੇ ਕਾਰੋਬਾਰੀਆਂ ਨੂੰ ਆਪਣਾ ਜਾਲ ਵਿਛਾ ਕੇ ਪ੍ਰਭਾਵਿਤ ਕਰਦਾ ਸੀ। ਭਾਰਤੀ ਉਦਯੋਗਪਤੀ ਅਨਿਲ ਅੰਬਾਨੀ ਦਾ ਮਾਮਲਾ ਇਸ ਦੀ ਇੱਕ ਵੱਡੀ ਮਿਸਾਲ ਹੈ। 2017 ਵਿੱਚ ਜਦੋਂ ਅਮਰੀਕਾ ਵਿੱਚ ਟਰੰਪ ਪ੍ਰਸ਼ਾਸਨ ਦੇ ਸ਼ੁਰੂਆਤੀ ਦਿਨ ਸਨ, ਤਾਂ ਅਨਿਲ ਅੰਬਾਨੀ ਇਹ ਜਾਣਨ ਲਈ ਬਹੁਤ ਉਤਸੁਕ ਸਨ ਕਿ ਨਵੇਂ ਰਾਸ਼ਟਰਪਤੀ ਦੀ ਰਾਸ਼ਟਰੀ ਸੁਰੱਖਿਆ ਰਣਨੀਤੀ ਵਿੱਚ ਭਾਰਤ ਦੀ ਕੀ ਭੂਮਿਕਾ ਹੋ ਸਕਦੀ ਹੈ। ਐਪਸਟਿਨ ਨੇ ਆਪਣੇ ਆਪ ਨੂੰ ਵਹਾਈਟ ਹਾਊਸ ਦੇ ਇੱਕ ਅੰਦਰੂਨੀ ਵਿਅਕਤੀ ਵਜੋਂ ਪੇਸ਼ ਕੀਤਾ ਅਤੇ ਅੰਬਾਨੀ ਨੂੰ ਭਰੋਸਾ ਦਿਵਾਇਆ ਕਿ ਉਹ ਉਨ੍ਹਾਂ ਨੂੰ ਅਜਿਹੀ ਜਾਣਕਾਰੀ ਦੇ ਸਕਦਾ ਹੈ ਜੋ ਹੋਰ ਕਿਸੇ ਕੋਲ ਨਹੀਂ। ਐਪਸਟਿਨ ਨੇ ਕਥਿਤ ਤੌਰ 'ਤੇ ਦਾਅਵਾ ਕੀਤਾ ਸੀ ਕਿ ਉਹ ਬੈਕ-ਚੈਨਲ ਕੂਟਨੀਤੀ ਦੀ ਦੁਨੀਆ ਵਿੱਚ ਬਹੁਤ ਸਰਗਰਮ ਹੈ। ਮਾਰਚ 2017 ਵਿੱਚ ਅੰਬਾਨੀ ਨੇ ਐਪਸਟਿਨ ਤੋਂ ਪੁੱਛਿਆ ਸੀ ਕਿ ਕੀ ਸੀਆਈਏ ਦੇ ਸਾਬਕਾ ਨਿਰਦੇਸ਼ਕ ਡੇਵਿਡ ਪੇਟਰਾਇਸ ਨੂੰ ਭਾਰਤ ਵਿੱਚ ਅਮਰੀਕੀ ਰਾਜਦੂਤ ਨਿਯੁਕਤ ਕੀਤਾ ਜਾਵੇਗਾ? ਐਪਸਟਿਨ ਨੇ ਬਾਅਦ ਵਿੱਚ ਜਵਾਬ ਦਿੱਤਾ ਕਿ ਪੇਟਰਾਇਸ ਨੂੰ ਤਰਜੀਹ ਨਹੀਂ ਦਿੱਤੀ ਜਾ ਰਹੀ ਅਤੇ ਇਹ ਅਹੁਦਾ ਕੇਨਿਥ ਜਸਟਰ ਨੂੰ ਦਿੱਤਾ ਗਿਆ। ਇਸ ਤੋਂ ਇਲਾਵਾ ਐਪਸਟਿਨ ਨੇ ਰਾਸ਼ਟਰੀ ਸੁਰੱਖਿਆ ਸਲਾਹਕਾਰ ਦੇ ਅਹੁਦੇ ਵਿੱਚ ਹੋਣ ਵਾਲੀ ਤਬਦੀਲੀ ਦੀ ਵੀ ਪਹਿਲਾਂ ਹੀ ਜਾਣਕਾਰੀ ਦੇ ਦਿੱਤੀ ਸੀ ਕਿ ਐੱਚ.ਆਰ. ਮੈਕਮਾਸਟਰ ਦੀ ਜਗ੍ਹਾ ਜਾਨ ਬੋਲਟਨ ਲੈਣਗੇ। ਇਹ ਸਾਰੀਆਂ ਗੱਲਾਂ ਅੱਠ ਮਹੀਨੇ ਬਾਅਦ ਸੱਚ ਸਾਬਤ ਹੋਈਆਂ, ਜਿਸ ਨਾਲ ਇਹ ਸਪੱਸ਼ਟ ਹੋਇਆ ਕਿ ਐਪਸਟਿਨ ਕੋਲ ਵਾਕਿਆ ਹੀ ਸੱਤਾ ਦੇ ਉੱਚ ਪੱਧਰਾਂ ਤੱਕ ਪਹੁੰਚ ਸੀ ਜਾਂ ਉਹ ਇਨ੍ਹਾਂ ਜਾਣਕਾਰੀਆਂ ਨੂੰ ਕਾਰੋਬਾਰੀ ਸਬੰਧ ਬਣਾਉਣ ਲਈ ਹਥਿਆਰ ਵਜੋਂ ਵਰਤਦਾ ਸੀ।

**ਅਪਰਾਧਿਕ ਸਾਥੀਆਂ ਦੀ ਜਵਾਬਦੇਹੀ ਅਤੇ ਸ਼ਾਹੀ ਪਰਿਵਾਰ ਦੇ ਨਾਂ** : ਘਿਸਲੇਨ ਮੈਕਸਵੈੱਲ ਦੀ ਭੂਮਿਕਾ ਨੇ ਇਸ ਕੇਸ ਨੂੰ ਇੱਕ ਹੋਰ ਭਿਆਨਕ ਮੋੜ ਦਿੱਤਾ। 2021 ਵਿੱਚ ਉਸ ਦੀ ਦੋਸ਼ੀ ਸਿੱਧੀ ਨੇ ਇਹ ਸਪੱਸ਼ਟ ਕਰ ਦਿੱਤਾ ਕਿ ਐਪਸਟਿਨ ਇਕੱਲਾ ਨਹੀਂ ਸੀ, ਸਗੋਂ ਉਸ ਕੋਲ ਇੱਕ ਅਜਿਹਾ ਤੰਤਰ ਸੀ, ਜਿਸ ਰਾਹੀਂ ਨਾਬਾਲਿਗ ਕੁੜੀਆਂ ਨੂੰ ਫਸਾਇਆ ਅਤੇ ਤਿਆਰ ਕੀਤਾ ਜਾਂਦਾ ਸੀ। ਮੈਕਸਵੈੱਲ ਦੀ 20 ਸਾਲ ਦੀ ਸਜ਼ਾ ਨੇ ਪੀੜਤਾਂ ਨੂੰ ਇੱਕ ਹੱਦ ਤੱਕ ਨਿਆਂ ਦਿੱਤਾ ਅਤੇ ਇਹ ਕਾਨੂੰਨੀ ਤੌਰ 'ਤੇ ਸਾਬਤ ਕੀਤਾ ਕਿ ਕਿਸੇ ਵੀ ਪਹੁੰਚ ਵਾਲੇ ਵਿਅਕਤੀ ਦਾ ਸਾਥ ਦੇਣਾ ਤੁਹਾਨੂੰ ਕਾਨੂੰਨ ਦੀ ਪਕੜ ਤੋਂ ਬਚਾ ਨਹੀਂ ਸਕਦਾ। ਇਸੇ ਦੌਰਾਨ ਬ੍ਰਿਟਿਸ਼ ਸ਼ਾਹੀ ਪਰਿਵਾਰ ਦੇ ਪ੍ਰਿੰਸ ਐਂਡਰਿਊ ਨਾਲ ਜੁੜੇ ਸਿਵਲ ਕੇਸ ਅਤੇ ਉਸ ਦੇ ਸਮਝੌਤੇ ਨੇ ਵੀ ਇਸ ਗੱਲ ਵੱਲ ਇਸ਼ਾਰਾ ਕੀਤਾ ਕਿ ਇਹ ਮਾਮਲਾ ਕਿੰਨੀਆਂ ਉੱਚੀਆਂ ਹੱਦਾਂ ਤੱਕ ਫੈਲਿਆ ਹੋਇਆ ਸੀ।

**ਜੇਲ੍ਹ ਵਿੱਚ ਮੌਤ: ਖ਼ੁਦਕੁਸ਼ੀ ਜਾਂ ਸਾਜ਼ਿਸ਼ ?** : ਐਪਸਟਿਨ ਦੀ ਜੇਲ੍ਹ ਵਿੱਚ ਹੋਈ ਰਹੱਸਮਈ ਮੌਤ ਨੇ ਇਸ ਪੂਰੇ ਮਾਮਲੇ ਵਿੱਚ ਸਾਜ਼ਿਸ਼ ਦੀਆਂ ਕਹਾਣੀਆਂ ਨੂੰ ਹੋਰ ਹਵਾ ਦਿੱਤੀ। 2019 ਵਿੱਚ ਜਦੋਂ ਉਹ ਨਿਊਯਾਰਕ ਦੀ ਫੈਡਰਲ ਜੇਲ੍ਹ ਵਿੱਚ ਮ੍ਰਿਤਕ ਮਿਲਿਆ, ਤਾਂ ਸੁਰੱਖਿਆ ਪ੍ਰਬੰਧਾਂ ਦੀ ਨਾਕਾਮੀ ਨੇ ਸਭ ਨੂੰ ਹੈਰਾਨ ਕਰ ਦਿੱਤਾ। ਕੈਮਰਿਆਂ ਦਾ ਕੰਮ ਨਾ ਕਰਨਾ ਅਤੇ ਗਾਰਡਾਂ ਦੀ ਗੈਰ-ਜ਼ਿੰਮੇਵਾਰੀ ਨੇ ਅਜਿਹੇ ਸਵਾਲ ਖੜ੍ਹੇ ਕੀਤੇ, ਜਿਨ੍ਹਾਂ ਦਾ ਜਵਾਬ ਲੱਭਣਾ ਅੱਜ ਵੀ ਔਖਾ ਹੈ। ਹਾਲਾਂਕਿ ਅਧਿਕਾਰਤ ਤੌਰ 'ਤੇ ਇਸ ਨੂੰ ਖ਼ੁਦਕੁਸ਼ੀ ਮੰਨਿਆ ਗਿਆ ਹੈ ਅਤੇ 2025 ਦੀਆਂ ਤਾਜ਼ਾ ਜਾਂਚਾਂ ਨੇ ਵੀ ਇਸੇ ਨਤੀਜੇ ਨੂੰ ਦੁਹਰਾਇਆ ਹੈ, ਪਰ ਲੋਕਾਂ ਦੇ ਮਨਾਂ ਵਿੱਚ ਅਜੇ ਵੀ ਇਹ ਸ਼ੱਕ ਹੈ ਕਿ ਕੀ ਕਿਸੇ ਵੱਡੇ ਸੱਚ ਨੂੰ ਛੁਪਾਉਣ ਲਈ ਉਸ ਦੀ ਮੌਤ ਇੱਕ ਸਾਜ਼ਿਸ਼ ਸੀ।

**2025 ਦੇ ਖ਼ੁਲਾਸੇ: ਅਫਵਾਹਾਂ ਬਨਾਮ ਅਸਲ ਤੱਥ** : ਅੱਜ ਦੇ ਸਮੇਂ ਵਿੱਚ ਜਦੋਂ ਅਸੀਂ ਐਪਸਟਿਨ ਫਾਈਲਜ਼ ਦੀ ਗੱਲ ਕਰਦੇ ਹਾਂ ਤਾਂ ਸਾਨੂੰ ਵਾਇਰਲ ਹੁੰਦੀਆਂ ਅਫਵਾਹਾਂ ਅਤੇ ਅਸਲ ਕਾਨੂੰਨੀ ਤੱਥਾਂ ਵਿੱਚ ਫਰਕ ਕਰਨਾ ਪਵੇਗਾ। 2024 ਅਤੇ 2025 ਦੇ ਤਾਜ਼ਾ ਖੁਲਾਸੇ ਅਤੇ ਨਿਆਂ ਵਿਭਾਗ ਦੇ ਮੀਮੋ ਇਹ ਦੱਸਦੇ ਹਨ ਕਿ ਕੋਈ ਅਜਿਹੀ 'ਕ੍ਰਿਮੀਨਲ ਕਲਾਇੰਟ ਲਿਸਟ' ਅਜੇ ਤੱਕ ਨਹੀਂ ਮਿਲੀ ਜਿਸ ਵਿੱਚ ਦੁਨੀਆ ਦੇ ਸਾਰੇ ਸ਼ਕਤੀਸ਼ਾਲੀ ਲੋਕਾਂ ਨੂੰ ਸਿੱਧਾ ਦੋਸ਼ੀ ਠਹਿਰਾਇਆ ਜਾ ਸਕੇ। ਕਈ ਵਾਰ ਦਸਤਾਵੇਜ਼ਾਂ ਵਿੱਚ ਨਾਮ ਆਉਣਾ ਸਿਰਫ਼ ਜਾਣ-ਪਛਾਣ ਜਾਂ ਕਿਸੇ ਘਟਨਾ ਦੇ ਸੰਦਰਭ ਵਿੱਚ ਹੁੰਦਾ ਹੈ ਨਾ ਕਿ ਅਪਰਾਧ ਦੇ ਸਬੂਤ ਵਜੋਂ। ਇਸ ਲਈ ਜ਼ਿੰਮੇਵਾਰ ਪੱਤਰਕਾਰੀ ਅਤੇ ਸਮਾਜਿਕ ਸੋਚ ਦੀ ਲੋੜ ਹੈ ਤਾਂ ਜੋ ਸੱਚਾਈ ਨੂੰ ਸਨਸਨੀ ਤੋਂ ਵੱਖ ਕੀਤਾ ਜਾ ਸਕੇ।

**ਭਾਰਤੀ ਸੰਦਰਭ ਅਤੇ ਸਮਾਜਿਕ ਪ੍ਰਭਾਵ** : ਭਾਰਤੀ ਸੰਦਰਭ ਵਿੱਚ ਵੀ ਇਸ ਕੇਸ ਦਾ ਵੱਡਾ ਪ੍ਰਭਾਵ ਪਿਆ ਹੈ। ਹਾਲਾਂਕਿ ਭਾਰਤ ਵਿੱਚ ਉਸ ਦਾ ਕੋਈ ਸਿੱਧਾ ਅਪਰਾਧਿਕ ਨੈੱਟਵਰਕ ਸਾਬਤ ਨਹੀਂ ਹੋਇਆ ਪਰ ਇਸ ਕੇਸ ਨੇ ਭਾਰਤੀ ਸਮਾਜ ਅਤੇ ਮੀਡੀਆ ਵਿੱਚ ਇਸ ਬਹਿਸ ਨੂੰ ਤੇਜ਼ ਕੀਤਾ ਹੈ ਕਿ ਕਿਵੇਂ 'ਵੀ.ਆਈ.ਪੀ. ਕਲਚਰ' ਨਿਆਂ ਦੇ ਰਾਹ ਵਿੱਚ ਅੜਿੱਕਾ ਬਣ ਸਕਦਾ ਹੈ। ਇਹ ਮਾਮਲਾ ਇੱਕ ਸਬਕ ਹੈ ਕਿ ਨਿਆਂ ਪ੍ਰਣਾਲੀ ਨੂੰ ਇੰਨਾ ਪਾਰਦਰਸ਼ੀ ਅਤੇ ਮਜ਼ਬੂਤ ਹੋਣਾ ਚਾਹੀਦਾ ਹੈ ਕਿ ਚਾਹੇ ਕੋਈ ਕਿੰਨਾ ਵੀ ਸ਼ਕਤੀਸ਼ਾਲੀ ਕਿਉਂ ਨਾ ਹੋਵੇ, ਉਹ ਕਾਨੂੰਨ ਦੀ ਪਕੜ ਤੋਂ ਬਚ ਨਾ ਸਕੇ।

**ਨਿਆਂ ਦੀ ਲੰਬੀ ਪਰ ਅਟੱਲ ਲੜਾਈ** : ਅਖੀਰ ਵਿੱਚ ਐਪਸਟਿਨ ਦਾ ਕੇਸ ਸਾਨੂੰ ਸਿਖਾਉਂਦਾ ਹੈ ਕਿ ਸੱਚ ਨੂੰ ਸਾਲਾਂ ਤੱਕ ਦਬਾਇਆ ਜਾ ਸਕਦਾ ਹੈ ਪੈਸੇ ਅਤੇ ਪਹੁੰਚ ਰਾਹੀਂ ਰਸਤੇ ਬਣਾਏ ਜਾ ਸਕਦੇ ਹਨ ਪਰ ਜਦੋਂ ਸਰਵਾਈਵਰਾਂ ਦੀ ਹਿੰਮਤ ਅਤੇ ਨਿਰਪੱਖ ਪੱਤਰਕਾਰੀ ਇਕੱਠੇ ਹੁੰਦੇ ਹਨ ਤਾਂ ਸਭ ਤੋਂ ਵੱਡੇ ਕਿਲ੍ਹੇ ਵੀ ਢਹਿ-ਢੇਰੀ ਹੋ ਜਾਂਦੇ ਹਨ। ਇਹ ਕੇਸ ਨਿਆਂ ਦੀ ਲੜਾਈ ਦਾ ਇੱਕ ਅਜਿਹਾ ਚਿੰਨ੍ਹ ਬਣ ਗਿਆ ਹੈ ਜੋ ਸਾਨੂੰ ਹਮੇਸ਼ਾ ਯਾਦ ਦਿਵਾਉਂਦਾ ਰਹੇਗਾ ਕਿ ਸੱਤਾ ਦੇ ਹਨੇਰੇ ਗਲਿਆਰਿਆਂ ਵਿੱਚ ਵੀ ਰੌਸ਼ਨੀ ਪਹੁੰਚਾਉਣੀ ਸੰਭਵ ਹੈ। ਸੱਚ ਦੀ ਇਹ ਜਿੱਤ ਅਧੂਰੀ ਹੋ ਸਕਦੀ ਹੈ ਕਿਉਂਕਿ ਮੁੱਖ ਦੋਸ਼ੀ ਸਜ਼ਾ ਮਿਲਣ ਤੋਂ ਪਹਿਲਾਂ ਹੀ ਚਲਾ ਗਿਆ ਪਰ ਇਸ ਨੇ ਆਉਣ ਵਾਲੀਆਂ ਪੀੜ੍ਹੀਆਂ ਲਈ ਇੱਕ ਅਜਿਹਾ ਰਸਤਾ ਤਿਆਰ ਕੀਤਾ ਹੈ, ਜਿੱਥੇ ਕੋਈ ਵੀ ਆਪਣੇ ਆਪ ਨੂੰ ਕਾਨੂੰਨ ਤੋਂ ਉੱਪਰ ਨਹੀਂ ਸਮਝ ਸਕੇਗਾ।

ਕਮਲਜੀਤ ਸਿੰਘ ਬਨਵੈਤ
98147 34035



# ਬੇਅਦਬੀਆਂ ਲਈ ਅਸਲ ਕਸੂਰਵਾਰ ਕੌਣ !

ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਬੇਹੁਰਮਤੀ ਲਈ ਬੇਅਦਬੀ ਕਰਨ ਵਾਲਾ ਹੀ ਪਹਿਲੀ ਨਜ਼ਰ ਇਹ ਦੋਸ਼ੀ ਦਿਸਦਾ ਹੈ। ਇਹ ਹੈ ਵੀ ਸੱਚ । ਪਰ ਅਸਲ ਕਸੂਰਵਾਰ ਕੌਣ ਹਨ ਉਹਨਾਂ ਦੀ ਸ਼ਨਾਖ਼ਤ ਕਰਨ ਦਾ ਹੀਆ ਵੀ ਕਈਆਂ ਵੱਲੋਂ ਕੀਤਾ ਗਿਆ ਹੋਣਾ ਪਰ ਹਿੱਕ ਠੋਕ ਕੇ ਉਂਗਲ ਧਰਨ ਦਾ ਦਮ ਕਿਸੇ ਨਹੀਂ ਰੱਖਿਆ। ਸੱਚ ਕਹਿਣ ਦਾ ਜੇਰਾ ਕਰ ਲਈਏ ਤਾਂ ਸਾਡੇ ਸਿਆਸੀ ਅਤੇ ਧਾਰਮਿਕ ਨੇਤਾ ਕਾਫੀ ਹੱਦ ਤੱਕ ਕਸੂਰਵਾਰ ਹਨ। ਧਾਰਮਿਕ ਅਤੇ ਸਿਆਸੀ ਲੀਡਰਾਂ ਨੇ ਬੇਅਦਬੀਆਂ ਰੋਕਣ ਲਈ ਦਿਲੋਂ ਚਾਹਿਆ ਹੁੰਦਾ ਤਾਂ ਘਟਨਾਵਾਂ ਲਗਾਤਾਰ ਵਾਪਰਦੀਆਂ ਨਹੀਂ ਸਨ ਰਹਿਣੀਆਂ। ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀਆਂ ਬੇਅਦਬੀਆਂ ਰੋਕਣ ਤੇ ਦੋਸ਼ੀਆਂ ਨੂੰ ਕਟਹਿਰੇ ਵਿੱਚ ਖੜਾ ਕਰਕੇ ਮਿਸਾਲੀ ਸਜ਼ਾ ਦੁਆਉਣ ਉਤੇ ਸਿਆਸਤ ਤੇ ਨਿੱਜੀ ਸੁਆਰਥ ਭਾਰੂ ਪੈਂਦੇ ਰਹੇ। ਵੱਖਰੀ ਗੱਲ ਹੈ ਕਿ ਅਕਾਲੀ ਅਤੇ ਕਾਂਗਰਸ ਸਰਕਾਰਾਂ ਬੇਅਦਬੀ ਦੀਆਂ ਭੇਟ ਚੜ੍ਹਦੀਆਂ ਰਹੀਆਂ। ਮੌਜੂਦਾ ਸਰਕਾਰ ਨਾਲ ਵੀ ਲੋਕ ਕਿਸੇ ਹੱਦ ਤੱਕ ਨਾਰਾਜ਼ ਹਨ।

ਹਾਂ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਤੇ ਸਿਆਸੀ ਪਾਰਟੀਆਂ ਨੇ ਬੇਅਦਬੀਆਂ ਦੇ ਮੁੱਦੇ ਨੂੰ ਕੈਸ਼ ਕਰਨ ਦੀ ਕੋਸ਼ਿਸ਼ ਕੀਤੀ ਜਾਂ ਫਿਰ ਇੱਕ ਦੂਜੇ ਉੱਤੇ ਚਿੱਕੜ ਸੁੱਟ ਕੇ ਆਪਣੇ ਆਪ ਨੂੰ ਬਰੀ ਹੋਣ ਦਾ ਭਰਮ ਪਾਲਿਆ। ਗਰਮ ਖਿਆਲੀਆਂ ਦੀ ਭਾਸ਼ਾ ਵਿੱਚ ਗੱਲ ਕਰੀਏ ਤਾਂ ਬੇਅਦਬੀ ਦੇ ਕਈ ਦੋਸ਼ੀਆਂ ਨੂੰ ਮੌਕੇ 'ਤੇ ਸੋਧਾ ਲਾ ਦਿੱਤਾ ਗਿਆ ਅਤੇ ਹੋਰ ਜੇਲ੍ਹਾਂ ਦੀਆਂ ਸਲਾਖਾਂ ਪਿੱਛੇ ਡੱਕੇ ਗਏ ਹਨ। ਦੋਸ਼ੀਆਂ ਨੂੰ ਸਜ਼ਾ ਦੇਣ ਦਾ ਕੋਈ ਅਜਿਹਾ ਮਿਸਾਲੀ ਕਾਨੂੰਨ ਨਹੀਂ ਜਿਸ ਨੂੰ ਚਿਤਵ ਕੇ ਕੋਈ ਵੀ ਅਜਿਹੀ ਘਟੀਆ ਹਰਕਤ ਕਰਨ ਤੋਂ ਪਹਿਲਾਂ ਹੀ ਕੰਬਣ ਲੱਗ ਪਵੇ।

ਪੰਜਾਬ ਪੁਲਿਸ ਦੇ ਰਿਕਾਰਡ ਅਨੁਸਾਰ ਪਿਛਲੇ 10 ਸਾਲਾਂ ਦੌਰਾਨ ਸ੍ਰੀ ਗੁਰੂ ਗ੍ਰੰਥ ਸਾਹਿਬ ਸਮੇਤ ਦੂਜੇ ਧਾਰਮਿਕ ਗ੍ਰੰਥਾਂ ਦੀਆਂ ਬੇਅਦਬੀ ਦੀਆਂ 597 ਬਦਕਿਸਮਤ ਘਟਨਾਵਾਂ ਵਾਪਰੀਆਂ ਹਨ। ਸਾਲ 2015 ਤੋਂ ਲੈ ਕੇ ਹੁਣ ਤੱਕ 544 ਨੂੰ ਦੋਸ਼ੀ ਠਹਿਰਾਇਆ ਗਿਆ ਹੈ ਅਤੇ 44 ਨੂੰ ਸਜ਼ਾ ਸੁਣਾਈ ਗਈ ਹੈ ਜਦ ਕਿ 99 ਬਰੀ ਹੋ ਗਏ । ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਬੇਅਦਬੀ ਦੀ ਪਹਿਲੀ ਬਦਕਿਸਮਤ ਵਾਰਦਾਤ ਫਰੀਦਕੋਟ ਦੇ ਪਿੰਡ ਬੁਰਜ ਜਵਾਹਰਕੇ ਵਿਖੇ ਇਕ ਜੂਨ 2015 ਨੂੰ ਵਾਪਰੀ ਸੀ। ਉਸ ਤੋਂ ਬਾਅਦ ਹੁਣ ਤੱਕ ਇਹੋ ਜਿਹੀਆਂ 597 ਬਦਕਿਸਮਤ ਘਟਨਾਵਾਂ ਵਾਪਰ ਚੁੱਕੀਆਂ ਹਨ। ਪੰਜਾਬ ਸਰਕਾਰ ਵੱਲੋਂ ਬੇਅਦਬੀ ਦੇ ਦੋਸ਼ੀਆਂ ਨੂੰ ਸਖ਼ਤ ਸਜ਼ਾ ਦੇਣ ਲਈ ਕਾਨੂੰਨ ਬਣਾਉਣ ਵਾਸਤੇ 13 ਅਪ੍ਰੈਲ ਨੂੰ ਪੰਜਾਬ ਵਿਧਾਨ ਸਭਾ ਦਾ ਵਿਸ਼ੇਸ਼ ਸੈਸ਼ਨ ਸੱਦਿਆ ਜਾ ਰਿਹਾ ਹੈ। ਬਰਗਾੜੀ ਵਿਖੇ 2015 ਨੂੰ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਅੰਗ ਪਾੜ ਕੇ ਗਲੀਆਂ ਵਿੱਚ ਰੋਲੇ ਗਏ, ਉਸ ਤੋਂ ਬਾਅਦ ਰਾਜ ਅਕਾਲੀਆਂ ਦਾ ਰਿਹਾ ਹੋਵੇ, ਕਾਂਗਰਸ ਪਾਰਟੀ ਦਾ ਜਾਂ ਫਿਰ ਮੌਜੂਦਾ ਆਮ ਆਦਮੀ ਪਾਰਟੀ, ਬਦਕਿਸਮਤ ਘਟਨਾਵਾਂ ਲਗਾਤਾਰ ਵਾਪਰਦੀਆਂ ਆ ਰਹੀਆਂ ਹਨ।

ਸਿਤਮ ਦੀ ਗੱਲ ਇਹ ਹੈ ਕਿ ਬੇਅਦਬੀ ਦੀਆਂ ਵਾਪਰੀਆਂ 597 ਵਾਰਦਾਤਾਂ ਵਿੱਚੋਂ 480 ਵਿੱਚ ਸਿੱਖਾਂ ਦੇ ਜਾਗਤ ਜੋਤ ਗੁਰੂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਨੂੰ ਨਿਸ਼ਾਨਾ ਬਣਾਇਆ ਗਿਆ। ਹਿੰਦੂ ਧਾਰਮਿਕ ਸਥਾਨਾਂ ਉੱਤੇ ਬੇਅਦਬੀ ਦੀਆਂ 92, ਮੁਸਲਮਾਨ ਭਾਈਚਾਰੇ ਦੇ ਧਾਰਮਿਕ ਸਥਾਨਾਂ ਉੱਤੇ 14 ਅਤੇ ਈਸਾਈਆਂ ਦੇ ਪੂਜਾ ਅਸਥਾਨ 'ਤੇ 11 ਅਜਿਹੀਆਂ ਘਟਨਾਵਾਂ ਵਾਪਰੀਆਂ ਹਨ। ਪੰਜਾਬ ਪੁਲਿਸ ਦੇ ਏਡੀਜੀਪੀ ਯਾਦਵ ਕਹਿੰਦੇ ਹਨ ਕਿ ਮਾਮਲੇ ਦੀ ਨਾਜ਼ੁਕਤਾ ਨੂੰ ਗੰਭੀਰਤਾ ਨਾਲ ਲੈਂਦਿਆਂ ਦੋਸ਼ੀਆਂ ਨੂੰ ਫੜਨ ਅਤੇ ਸਖਤ ਸਜ਼ਾ ਦੇਣ ਲਈ ਹਰ ਸੰਭਵ ਯਤਨ ਕੀਤਾ ਜਾ ਰਿਹਾ ਹੈ। ਉਹ ਅੱਜ ਕੱਲ ਬਿਊਰੋ ਆਫ ਇਨਵੈਸਟੀਗੇਸ਼ਨ ਦੇ ਡਾਇਰੈਕਟਰ ਹਨ।

ਪੰਜਾਬ ਪੁਲਿਸ ਦੇ ਅੰਕੜੇ ਦੱਸਦੇ ਹਨ ਕਿ 597 ਪੁਲਿਸ ਕੇਸ ਦਰਜ ਕੀਤੇ ਗਏ ਅਤੇ 44 ਦੋਸ਼ੀਆਂ ਨੂੰ ਸਜ਼ਾ ਕਰਵਾਈ ਜਾ ਚੁੱਕੀ ਹੈ। ਸ੍ਰੀ ਗੁਰੂ ਗ੍ਰੰਥ ਸਾਹਿਬ ਸਮੇਤ ਦੂਜੇ ਧਰਮ ਗ੍ਰੰਥਾਂ ਦੀ ਬੇਅਦਬੀ ਦੇ 99 ਦੋਸ਼ੀ ਬਰੀ ਹੋ ਚੁੱਕੇ ਹਨ ਜਦ ਕਿ ਜਾਂਚ ਦੌਰਾਨ 83 ਕੇਸ ਕੈਂਸਲ ਕਰ ਦਿੱਤੇ ਗਏ। ਅਦਾਲਤਾਂ ਵੱਲੋਂ ਹੋਰ 37 ਕੇਸ ਖਾਰਜ ਕਰ ਦਿੱਤੇ ਗਏ ਹਨ ਜਦੋਂ ਕਿ 131 ਕੇਸਾਂ ਵਿੱਚ ਦੋਸ਼ੀ ਨਹੀਂ ਮਿਲੇ ਹਨ। ਹੋਰ 111 ਕੇਸ ਜਾਂਚ ਅਧੀਨ ਹਨ। ਪਿਛਲੇ ਇੱਕ ਦਹਾਕੇ ਦੌਰਾਨ ਬੇਅਦਬੀ ਦੀਆਂ ਘਟਨਾਵਾਂ ਲਈ 791 ਮੁਲਜ਼ਮਾਂ ਦੀ ਸ਼ਨਾਖਤ ਕੀਤੀ ਗਈ ਸੀ ਅਤੇ ਇਹਨਾਂ ਵਿੱਚੋਂ 544 ਗ੍ਰਿਫ਼ਤਾਰ ਕੀਤੇ ਜਾ ਚੁੱਕੇ ਹਨ। ਹੈਰਾਨੀ ਦੀ ਗੱਲ ਇਹ ਹੈ ਕਿ ਬੇਅਦਬੀ ਦੀਆਂ ਘਟਨਾਵਾਂ ਸਭ ਤੋਂ ਵੱਧ ਅੰਮ੍ਰਿਤਸਰ ਜ਼ਿਲ੍ਹੇ ਵਿੱਚ ਵਾਪਰੀਆਂ ਹਨ। ਸਾਲ 2015 ਨੂੰ ਅੰਮ੍ਰਿਤਸਰ ਜ਼ਿਲ੍ਹੇ ਵਿੱਚ 65 , ਸਾਲ 2016 ਨੂੰ 54, ਸਾਲ 2017 ਨੂੰ 47 ਅਤੇ ਸਾਲ 2018 ਨੂੰ 40 ਬੇਹੁਰਮਤੀ ਦੀਆਂ ਘਟਨਾਵਾਂ ਵਾਪਰੀਆਂ ਸਨ। ਸਾਲ 2019 ਵਿੱਚ ਸਭ ਤੋਂ ਘੱਟ 31 ਵਾਰਦਾਤਾਂ ਸਾਹਮਣੇ ਆਈਆਂ ਸਨ। ਉਸ ਤੋਂ ਬਾਅਦ 2020 ਨੂੰ ਬੇਅਦਬੀ ਦੀਆਂ 59 ਅਤੇ 2021 ਤੇ 2022 ਨੂੰ 160 ਘਟਨਾਵਾਂ ਵਾਪਰੀਆਂ। ਸਾਲ 2022 ਚੋਣ ਸਾਲ ਸੀ।

ਉਸ ਤੋਂ ਬਾਅਦ 2023 ਨੂੰ 54 ਅਤੇ 2024 ਨੂੰ ਬੇਅਦਬੀ ਦੀਆਂ 65 ਘਟਨਾਵਾਂ ਵਾਪਰੀਆਂ। ਬੀਤੇ ਸਾਲ ਅੰਕੜਾ ਮੁੜ ਹੇਠਾਂ ਆਇਆ ਅਤੇ 22 ਕੇਸ ਰਿਪੋਰਟ ਕੀਤੇ ਗਏ। ਚਾਲੂ ਸਾਲ ਦੇ ਪਹਿਲੇ ਦੋ ਮਹੀਨਿਆਂ ਦੌਰਾਨ ਨੌਂ ਕੇਸ ਸਾਹਮਣੇ ਆ ਚੁੱਕੇ ਹਨ। ਅੰਮ੍ਰਿਤਸਰ ਦਿਹਾਤੀ ਖੇਤਰ ਵਿੱਚ ਬੇਅਦਬੀ ਦੀਆਂ 51 ਅਤੇ ਅੰਮ੍ਰਿਤਸਰ ਸ਼ਹਿਰ ਵਿੱਚ 42 ਘਟਨਾਵਾਂ ਵਾਪਰੀਆਂ। ਬਠਿੰਡਾ ਵਿੱਚ 39 ਅਤੇ ਤਰਨ ਤਾਰਨ ਵਿੱਚ 36 ਤੇ ਹੁਸ਼ਿਆਰਪੁਰ ਤੇ ਪਟਿਆਲਾ ਵਿੱਚ ਕੁੱਲ ਮਿਲਾ ਕੇ 70 ਘਟਨਾਵਾਂ ਵਾਪਰ ਚੁੱਕੀਆਂ ਹਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀਆਂ ਬੇਅਦਬੀਆਂ ਦੇ ਦੋਸ਼ੀਆਂ ਨੂੰ ਸਜ਼ਾ ਦੇਣ ਲਈ 1960 ਦੇ ਐਕਟ ਵਿੱਚ 2016 ਅਤੇ 2018 ਨੂੰ ਦੋ ਵਾਰ ਸਮੇਂ ਦੀਆਂ ਸਰਕਾਰਾਂ ਵੱਲੋਂ ਬਿੱਲ ਪਾਸ ਕੀਤੇ ਗਏ, ਜਿਨ੍ਹਾਂ ਉੱਤੇ ਕੇਂਦਰ ਸਰਕਾਰ ਨੇ ਮੋਹਰ ਲਾਉਣ ਤੋਂ ਨਾਂਹ ਕਰ ਦਿੱਤੀ, ਜਿਸ ਕਰਕੇ ਕਾਨੂੰਨ ਬਣਦਾ ਬਣਦਾ ਵਿੱਚ ਹੀ ਰਹਿੰਦਾ ਗਿਆ। ਪੰਜਾਬ ਦੀ ਆਮ ਆਦਮੀ ਪਾਰਟੀ ਦੀ ਸਰਕਾਰ ਨੇ 2025 ਵਿੱਚ ਮੌਜੂਦਾ ਕਾਨੂੰਨ ਵਿੱਚ ਸੋਧ ਕਰਨ ਲਈ ਇੱਕ ਖਰੜਾ ਤਿਆਰ ਕਰਕੇ ਸਲੈਕਟ ਕਮੇਟੀ ਦੇ ਹਵਾਲੇ ਕੀਤਾ। ਸਰਕਾਰ ਵੱਲੋਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੂੰ ਵੀ ਖਰੜਾ ਪ੍ਰਵਾਨਗੀ ਲਈ ਭੇਜਿਆ ਗਿਆ। ਇਸ ਖਰੜੇ ਨੂੰ ਲੈ ਕੇ ਸ਼੍ਰੋਮਣੀ ਕਮੇਟੀ ਇਤਰਾਜ਼ ਖੜ੍ਹਾ ਕਰ ਰਹੀ ਹੈ ਕਿ ਇਸ ਰਾਹੀਂ ਬੇਅਦਬੀ ਦੇ ਦੋਸ਼ੀਆਂ ਨੂੰ ਸਖ਼ਤ ਸਜ਼ਾ ਦੇਣ ਦਾ ਬਿੱਲ ਪਾਸ ਕਰਨ ਦਾ ਪ੍ਰਸਤਾਵ ਤਿਆਰ ਨਹੀਂ ਕੀਤਾ ਗਿਆ ਹੈ ਜੋ ਇਸ ਦਾ ਸਬੰਧ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਪ੍ਰਕਾਸ਼ਨਾ ਨਾਲ ਹੈ। ਇਸ ਵੇਲੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪ੍ਰਕਾਸ਼ਨਾਂ ਦੇ ਸਾਰੇ ਅਧਿਕਾਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਕੋਲ ਹਨ ਜਦੋਂ ਕਿ ਵਿੱਚ ਵਿਚਾਲੇ ਪ੍ਰਾਈਵੇਟ ਪ੍ਰਕਾਸ਼ਕਾਂ ਨੂੰ ਵੀ ਅਧਿਕਾਰ ਦੇ ਦਿੱਤੇ ਗਏ ਸਨ। ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਦਮਦਮੀ ਟਕਸਾਲ ਸਮੇਤ ਕਈ ਹੋਰ ਸਿੱਖ ਸੰਪਰਦਾਵਾਂ ਨਾਲ ਮੀਟਿੰਗ ਕਰਨ ਤੋਂ ਬਾਅਦ 13 ਅਪ੍ਰੈਲ ਨੂੰ ਵਿਸਾਖੀ ਦੇ ਦਿਨ ਪੰਜਾਬ ਵਿਧਾਨ ਸਭਾ ਦਾ ਸੈਸ਼ਨ ਸੱਦ ਕੇ ਨਵੇਂ ਬਿਲ ਉੱਤੇ ਮੋਹਰ ਲਾਉਣ ਦਾ ਐਲਾਨ ਕਰ ਦਿੱਤਾ ਹੈ ਜਦੋਂ ਕਿ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਸ਼ੰਕੇ ਖੜ੍ਹੇ ਕਰਦਿਆਂ ਛੇ ਅਪ੍ਰੈਲ ਨੂੰ ਪੰਥਕ ਇਕੱਠ ਸੱਦ ਲਿਆ ਹੈ। ਇਹ ਇਕੱਠ ਤੇਜਾ ਸਿੰਘ ਸਮੁੰਦਰੀ ਹਾਲ ਵਿਖੇ 11 ਵਜੇ ਜੁੜੇਗਾ।

ਜਿਵੇਂ ਕਿ ਸ਼ੁਰੂ ਵਿੱਚ ਹੀ ਕਿਹਾ ਗਿਆ ਸੀ ਕਿ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਬੇਅਦਬੀ ਕਰਨ ਵਾਲੇ ਦੋਸ਼ੀ ਤਾਂ ਮੰਨੇ ਹੀ ਜਾਂਦੇ ਰਹਿਣਗੇ ਪਰ ਸੂਬੇ ਦੇ ਧਾਰਮਿਕ ਅਤੇ ਸਿਆਸੀ ਨੇਤਾਵਾਂ ਨੂੰ ਵੀ ਬਰੀ ਨਹੀਂ ਕੀਤਾ ਜਾ ਸਕਦਾ, ਸਗੋਂ ਕਸੂਰਵਾਰ ਠਹਿਰਾਇਆ ਜਾਣਾ ਬਣਦਾ ਹੈ। ਪਿਛਲੇ 11 ਸਾਲਾਂ ਦੌਰਾਨ ਸੂਬੇ ਦੀਆਂ ਤਿੰਨ ਸਰਕਾਰਾਂ ਕੇਸ ਕਿਸੇ ਤਣ ਪੱਤਣ ਨਹੀਂ ਲਾ ਸਕੀਆਂ ਹਨ, ਜਦੋਂ ਕਿ ਹਰ ਵਾਰ ਵਿਧਾਨ ਸਭਾ ਦੀਆਂ ਚੋਣਾਂ ਤੋਂ ਪਹਿਲਾਂ ਦੋਸ਼ੀਆਂ ਨੂੰ ਜੇਲ੍ਹਾਂ ਪਿੱਛੇ ਡੱਕਣ ਦੇ ਦਾਅਵੇ ਇਹ ਇਕੱਠ ਹੋ ਕੇ ਕੀਤਾ ਜਾਂਦੇ ਰਹੇ ਹਨ। ਸਿਆਸੀ ਅਤੇ ਧਾਰਮਿਕ ਨੇਤਾ ਆਪਣੇ ਵੋਟ ਬੈਂਕ ਨੂੰ ਪਰੇ ਰੱਖ ਕੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਨੂੰ ਸੱਚੇ ਦਿਲੋਂ ਸਮਰਪਿਤ ਹੋ ਜਾਣ ਤਾਂ ਕੋਈ ਵਜ੍ਹਾ ਨਹੀਂ ਕਿ ਦੋਸ਼ੀਆਂ ਨੂੰ ਜੇਲ੍ਹਾਂ ਵਿੱਚ ਡੱਕ ਕੇ ਮਿਸਾਲੀ ਸਜ਼ਾਵਾਂ ਨਾ ਦਿੱਤੀਆਂ ਜਾ ਸਕਣ। ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਬੇਅਦਬੀ ਦਾ ਮੁੱਦਾ ਵਿਧਾਨ ਸਭਾ ਦੀਆਂ ਅਗਲੀਆਂ ਚੋਣਾਂ ਵਿੱਚ ਵੀ ਕੈਸ਼ ਕੀਤਾ ਜਾਵੇਗਾ। ਇਹ ਵੀ ਸਾਡੀ ਸਿਆਸਤ ਦਾ ਦੁਖਾਂਤ ਬਣ ਨਿਬੜਿਆ ਹੈ। ਹੁਣ ਤਾਂ ਇੰਝ ਲੱਗਣ ਲੱਗਾ ਹੈ ਜਿਵੇਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਬੇਹੁਰਮਤੀ ਦੀਆਂ ਘਟਨਾਵਾਂ ਉੱਤੇ ਰਾਜਨੀਤੀ ਕਰਨ ਵਾਲੇ ਸਿਆਸੀ ਤੇ ਧਾਰਮਿਕ ਨੇਤਾਵਾਂ ਦੀ ਜ਼ਮੀਰ ਮਰ ਗਈ ਹੋਵੇ।

# ਗੁਰ ਸ਼ਬਦ ਦੇ ਅਭਿਆਸੀ ਜਿਊੜੇ– ਭਾਈ ਸਾਹਿਬ ਭਾਈ ਰਣਧੀਰ ਸਿੰਘ



ਭਗਵਾਨ ਸਿੰਘ ਜੌਹਲ
ਮੋ. 98143-24040

ਰੱਬੀ ਰੰਗ ਵਿੱਚ ਰੰਗੀ ਪਵਿੱਤਰ ਆਤਮਾ, ਬਹੁਪੱਖੀ ਸ਼ਖ਼ਸੀਅਤ ਦੇ ਮਾਲਕ ਭਾਈ ਸਾਹਿਬ ਭਾਈ ਰਣਧੀਰ ਸਿੰਘ ਜੀ ਗੁਰ-ਸ਼ਬਦ ਦੇ ਅਭਿਆਸੀ ਜਿਊੜੇ ਸਨ। ਅਖੰਡ ਕੀਰਤਨ ਉਨ੍ਹਾਂ ਦੇ ਜੀਵਨ ਦੀ ਆਤਮਿਕ ਖੁਰਾਕ ਸੀ । ਅਖੰਡ ਕੀਰਤਨ ਉਨ੍ਹਾਂ ਦੇ ਜੀਵਨ ਦਾ ਅਟੁੱਟ ਅੰਗ ਬਣ ਚੁੱਕਾ ਸੀ । ਰੱਬੀ ਪ੍ਰੇਮ ਵਿੱਚ ਜਦੋਂ ਉਨ੍ਹਾਂ ਦੀ ਆਤਮਾ ਬੋਲਦੀ ਸੀ, ਉਦੋਂ ਅਨੇਕਾਂ ਰੱਬੀ ਰੰਗ ਵਿੱਚ ਰੰਗੀਆਂ ਆਤਮਾਵਾਂ ਅੰਦਰੋਂ ਵੀ ਗੁਰ-ਸ਼ਬਦ ਦੀ ਹੂਕ ਸੁਣਾਈ ਦਿੰਦੀ ਸੀ । ਸਮੁੱਚਾ ਸਿੱਖ ਜਗਤ ਉਨ੍ਹਾਂ ਨੂੰ ਇਸ ਕਰਕੇ ਸਤਿਕਾਰ ਦਿੰਦਾ ਸੀ ਕਿ ਉਹ ਇਕੋ ਸਮੇਂ ਕੌਮੀ ਦਰਦ ਨਾਲ ਓਤ-ਪੋਤ ਦੇਸ਼ ਭਗਤ, ਸੰਤ ਕਵੀ, ਗੁਰਬਾਣੀ ਦੇ ਵਿਆਖਿਆਕਾਰ ਹੋਣ ਦੇ ਨਾਲ-ਨਾਲ ਸਮੇਂ ਦੀ ਬਰਤਾਨਵੀ ਹਕੂਮਤ ਨੂੰ ਵੰਗਾਰਨ ਵਾਲੇ ਗ਼ਦਰੀ ਬਾਬਿਆਂ ਦੇ ਸਾਥੀ, ਗੁਰਦੁਆਰਾ ਸੁਧਾਰ ਲਹਿਰ ਦੇ ਮੋਢੀ ਗੁਰਸਿੱਖ ਸਨ ।

ਭਾਈ ਸਾਹਿਬ ਦਾ ਜਨਮ 7 ਜੁਲਾਈ 1878 ਈ: ਨੂੰ ਪਿੰਡ ਨਾਰੰਗਵਾਲ ਜ਼ਿਲ੍ਹਾ ਲੁਧਿਆਣਾ ਵਿਖੇ ਪਿਤਾ ਸ: ਨੱਥਾ ਸਿੰਘ ਅਤੇ ਮਾਤਾ ਪੰਜਾਬ ਕੌਰ ਦੇ ਗ੍ਰਿਹ ਵਿਖੇ ਹੋਇਆ । ਆਪ ਜੀ ਨੇ ਮੁੱਢਲੀ ਸਿੱਖਿਆ ਨਾਭੇ ਤੋਂ ਹਾਸਲ ਕੀਤੀ । ਉਚੇਰੀ ਸਿੱਖਿਆ ਵਾਸਤੇ ਸਰਕਾਰੀ ਕਾਲਜ ਲਾਹੌਰ ਵਿਖੇ ਦਾਖਲਾ ਲਿਆ । ਕਾਲਜ ਵਿੱਚ ਪੜ੍ਹਦਿਆਂ ਭਰ ਜਵਾਨੀ ਦੇ ਦਿਨਾਂ ਵਿੱਚ ਰੱਬੀ ਰੰਗ ਵਿੱਚ ਰੰਗੇ ਗਏ । ਅਜਿਹਾ ਮਜੀਠਾ ਰੰਗ ਚੜ੍ਹਿਆ ਜਿਸ ਨਾਲ ਉਨ੍ਹਾਂ ਦੀ ਆਤਮਾ ਰੰਗੀ ਗਈ । 22 ਸਾਲ ਦੀ ਉਮਰ ਵਿੱਚ ਗ੍ਰੈਜੂਏਸ਼ਨ ਕਰਕੇ ਜਦੋਂ ਅਜੇ ਜੀਵਨ ਸਫਲ ਦੀ ਆਰੰਭਤਾ ਕਰਨੀ ਸੀ। ਉਸ ਸਮੇਂ ਪੰਜਾਬ ਵਿੱਚ ਪਲੇਗ ਦੀ ਭਿਆਨਕ ਮਹਾਂਮਾਰੀ ਫੈਲ ਗਈ । 1902 ਈ: ਵਿੱਚ ਪਲੇਗ ਦੀ ਮਹਾਂਮਾਰੀ ਨੂੰ ਕਾਬੂ ਕਰਨ ਲਈ ਅੰਗ੍ਰੇਜ਼ੀ ਹਕੂਮਤ ਨੇ ਇੰਗਲੈਂਡ ਤੋਂ ਆਏ ਡਾ: ਫਿਸ਼ਰ ਨਾਲ ਭਾਈ ਸਾਹਿਬ ਨਾਇਬ-ਤਹਿਸੀਲਦਾਰ ਨਿਯੁਕਤ ਹੋਏ। ਜਦੋਂ ਪਲੇਗ ਵਰਗੀ ਬਿਮਾਰੀ ਦਾ ਹਮਲਾ ਖਤਮ ਹੋਇਆ ਤਾਂ ਸਰਕਾਰ ਨੇ ਇਸ ਮਹਿਕਮੇ ਨੂੰ ਖਤਮ ਕਰਕੇ ਭਾਈ ਸਾਹਿਬ ਨੂੰ ਕਿਸੇ ਹੋਰ ਮਹਿਕਮੇ ਵਿੱਚ ਤਬਦੀਲ ਕਰਨ ਦੀ ਵਿਚਾਰ ਕੀਤੀ । ਪਰ ਭਾਈ ਸਾਹਿਬ ਨੇ ਇਸ ਗੱਲ ਤੋਂ ਇਨਕਾਰ ਕਰਦਿਆਂ ਪੂਰਨ ਰੂਪ ਵਿੱਚ ਗੁਰਮਤਿ ਸਿਧਾਂਤਾਂ ਦਾ ਪ੍ਰਚਾਰ ਤੇ ਪ੍ਰਸਾਰ ਕਰਨ ਦਾ ਮਨ ਬਣਾ ਲਿਆ । ਉਨ੍ਹਾਂ ਵੇਖਿਆ ਪੰਜਾਬ ਦੇ ਲੋਕਾਂ 'ਚ ਗੁਰੂ ਸਾਹਿਬ ਦੀ ਫਿਲਾਸਫੀ ਤੇ ਗੁਰ-ਸ਼ਬਦ ਨਾਲ ਜੋੜਨ ਤੋਂ ਬਿਨਾਂ ਲੋਕਾਂ ਦੀ ਜੀਵਨ ਸ਼ੈਲੀ ਵਿੱਚ ਤਬਦੀਲੀ ਨਹੀਂ ਆ ਸਕਦੀ ।

ਇਸ ਤੋਂ ਛੇਤੀ ਪਿੱਛੋਂ ਖੰਡੇ-ਬਾਟੇ ਦੀ ਪਾਹੁਲ ਪ੍ਰਾਪਤ ਕਰਕੇ ਸਰਬਲੋਹ ਦੇ ਧਾਰਨੀ ਬਣ ਕੇ ਬਿਬੇਕੀ ਜੀਵਨ ਆਰੰਭ ਕਰ ਦਿੱਤਾ । ਇਸ ਤੋਂ ਪਿੱਛੋਂ ਕੁਝ ਸਮਾਂ ਜੀਵਨ ਨਿਰਬਾਹ ਲਈ ਐਬਟਾਬਾਦ (ਪਾਕਿਸਤਾਨ) ਵਿੱਚ ਹੈੱਡ ਕਲਰਕ ਅਤੇ ਖ਼ਾਲਸਾ ਕਾਲਜ ਅੰਮ੍ਰਿਤਸਰ ਵਿਖੇ ਸੁਪਰਡੈਂਟ ਵਜੋਂ ਵੀ ਸੇਵਾ ਨਿਭਾਈ । ਪਰ ਸਿੱਖ ਧਰਮ ਦੇ ਪ੍ਰਚਾਰ ਲਈ ਹਿਰਦੇ ਵਿੱਚ ਅਥਾਹ ਪ੍ਰੇਮ ਸੀ, ਉਹ ਨਹੀਂ ਸੀ ਚਾਹੁੰਦੇ ਕਿ ਸਿੱਖ ਸਰਦਾਰ ਬਰਤਾਨਵੀ ਹਕੂਮਤ ਦੇ ਹੱਥਾਂ ਵਿੱਚ ਖੇਡਣ, ਹੁਣ ਉਨ੍ਹਾਂ ਧਰਮ ਦੇ ਪ੍ਰਚਾਰ ਲਈ ਕਮਰਕੱਸਾ ਕਰ ਲਿਆ ।

ਖ਼ਾਲਸੇ ਦੀ ਜਨਮ ਭੂਮੀ ਸ੍ਰੀ ਅਨੰਦਪੁਰ ਸਾਹਿਬ ਵਿਖੇ ਹੋਲੇ-ਮਹੱਲੇ ਦੇ ਪਾਵਨ ਅਵਸਰ 'ਤੇ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਅਤੇ ਹੋਰ ਗੁਰਦੁਆਰਾ ਸਾਹਿਬਾਨ ਦੇ ਨੇੜੇ ਹੋਣ ਵਾਲੇ ਨਾਚ-ਗਾਣੇ ਤੇ ਮੁਜਰੇ ਬੰਦ ਕਰਵਾ ਦਿੱਤੇ । ਗੁਰਦੁਆਰਾ ਸ੍ਰੀ ਚਮਕੌਰ ਸਾਹਿਬ ਨੂੰ ਮਹੰਤਾਂ ਦੇ ਪ੍ਰਬੰਧ ਤੋਂ ਮੁਕਤੀ ਦਿਵਾਈ । 1914 ਈ: ਵਿੱਚ ਅੰਗ੍ਰੇਜ਼ ਹਕੂਮਤ ਵੱਲੋਂ ਵਾਇਸਰਾਏ ਭਵਨ ਦੇ ਵਿਸਥਾਰ ਲਈ ਸਿੱਖ ਸੰਗਤ ਤੋਂ ਪੁੱਛੇ ਬਿਨਾਂ ਗੁਰਦੁਆਰਾ ਸ੍ਰੀ ਰਕਾਬ ਗੰਜ ਸਾਹਿਬ ਦਿੱਲੀ ਦੀ ਕੰਧ ਨੂੰ ਢਾਹੇ ਜਾਣ ਅਤੇ ਕਾਮਾਗਾਟਾਮਾਰੂ ਜਹਾਜ਼ ਦੇ ਨਿਹੱਥੇ ਮੁਸਾਫਿਰਾਂ ਉੱਪਰ ਗੋਲੀ ਚਲਾ ਕੇ ਸ਼ਹੀਦ ਕਰਨ ਦੀ ਘਟਨਾ ਤੋਂ ਪਿੱਛੋਂ ਭਾਈ ਸਾਹਿਬ ਨੇ ਹਕੂਮਤ ਨਾਲ ਸਿੱਧੀ ਟੱਕਰ ਲੈਣ ਲਈ ਫਿਰੋਜ਼ਪੁਰ ਛਾਉਣੀ ਤੋਂ ਹਮਲਾ ਕਰਨ ਅਤੇ ਲਾਹੌਰ ਸਾਜਿਸ਼ ਕੇਸ ਵਿੱਚ ਆਪ ਜੀ ਨੂੰ ਗ੍ਰਿਫਤਾਰ ਕਰਕੇ 30 ਮਾਰਚ, 1916 ਨੂੰ ਉਮਰ ਕੈਦ ਦੀ ਸਜ਼ਾ ਸੁਣਾਈ ਗਈ ।

ਭਾਈ ਸਾਹਿਬ ਨੇ ਜੇਲ੍ਹ ਯਾਤਰਾ ਦੇ ਦੌਰਾਨ 42 ਦੇ ਲਗਭਗ ਕਿਤਾਬਾਂ ਗੁਰਮਤਿ ਸਾਹਿਤ ਦੇ ਪਾਠਕਾਂ ਦੀ ਝੋਲੀ ਪਾਈਆਂ । ਇਨ੍ਹਾਂ ਪੁਸਤਕਾਂ ਵਿੱਚ ਜੇਲ੍ਹ ਚਿੱਠੀਆਂ, ਜੋਤਿ ਵਿਗਾਸ, (ਕਾਵਿ ਸੰਗ੍ਰਹਿ), ਕੀ ਸ੍ਰੀ ਗੁਰੂ ਗ੍ਰੰਥ ਸਾਹਿਬ ਦੀ ਪੂਜਾ ਬੁੱਤ ਪ੍ਰਸਤੀ ਹੈ, ਗੁਰਮਤਿ ਵਿਚਾਰਾਂ, ਸੱਚਖੰਡ ਦਰਸ਼ਨ, ਸਿੱਖ ਕੌਣ, ਅੰਮ੍ਰਿਤ ਵੇਲਾ, ਸਿੰਘਾਂ ਦਾ ਪੰਥ ਨਿਰਾਲਾ, ਦਰਸ਼ਨ ਝਲਕਾਂ, ਕਾਵਿ ਉਡਾਰੀਆਂ ਅਤੇ ਕਥਾ ਕੀਰਤਨ ਆਦਿ ਸ਼ਾਮਿਲ ਹਨ ।

ਭਾਈ ਸਾਹਿਬ ਭਾਈ ਰਣਧੀਰ ਸਿੰਘ ਪੰਥ ਦੀ ਅਜਿਹੀ ਰੰਗ-ਰੱਤੜੀ ਆਤਮਾ ਸਨ, ਜੋ ਸੱਚਖੰਡ ਪਿਆਨੇ ਤੱਕ ਲਗਾਤਾਰ ਸਿੱਖ ਹਿੱਤਾਂ ਲਈ ਕਾਰਜਸ਼ੀਲ ਰਹੇ । ਉਨ੍ਹਾਂ ਨੇ ਆਪਣੀ ਜੀਵਨ ਯਾਤਰਾ ਦੌਰਾਨ ਲੱਖਾਂ ਸਿੱਖ ਸੰਗਤਾਂ ਦੀ ਜੀਵਨ ਸ਼ੈਲੀ ਨੂੰ ਬਦਲਣ ਲਈ ਵੱਡਾ ਯੋਗਦਾਨ ਪਾਇਆ । 83 ਸਾਲ ਦੀ ਉਮਰ ਭੋਗ ਕੇ ਆਪ 16 ਅਪ੍ਰੈਲ, 1961 ਈ: ਨੂੰ ਆਪ ਅਕਾਲ ਪੁਰਖ ਵਾਹਿਗੁਰੂ ਵਿੱਚ ਅਭੇਦ ਹੋ ਗਏ ।

# ਸਰਕਾਰ-ਏ-ਖਾਲਸਾ ਦਾ ਆਖਰੀ ਦਰਬਾਰ

ਕੁਲਬੀਰ ਸਿੰਘ

29 ਮਾਰਚ 1849 ਨੂੰ ਲਾਹੌਰ ਦੇ ਸ਼ਾਹੀ ਕਿਲ੍ਹੇ ਵਿੱਚ ਵਿਸ਼ੇਸ਼ ਦਰਬਾਰ ਲਗਾਇਆ ਗਿਆ। ਇਸ ਦਰਬਾਰ ਵਿੱਚ 10 ਸਾਲਾਂ ਦੇ ਮਹਾਰਾਜੇ ਦਲੀਪ ਸਿੰਘ ਕੋਲੋਂ ਇੱਕ ਦਸਤਾਵੇਜ਼ 'ਤੇ ਦਸਤਖਤ ਕਰਵਾਏ ਗਏ। ਦਲੀਪ ਸਿੰਘ ਨੇ ਰੋਮਨ ਅੱਖਰਾਂ ਵਿੱਚ ਆਪਣੇ ਦਸਤਖਤ ਕੀਤੇ। ਲਾਰਡ ਡਲਹੌਜ਼ੀ ਦੇ ਸਕੱਤਰ ਸਰ ਹੈਨਰੀ ਇਲੀਅਟ ਨੇ ਦਰਬਾਰ ਵਿੱਚ ਇਹ ਦਸਤਵੇਜ਼ ਉੱਚੀ ਅਵਾਜ਼ ਵਿੱਚ ਪੜ੍ਹ ਕੇ ਸੁਣਾਇਆ ਕਿ ਮਹਾਰਾਜਾ ਦਲੀਪ ਸਿੰਘ ਨੇ ਆਪਣੇ, ਆਪਣੇ ਵਾਰਸਾਂ ਦੇ ਪੰਜਾਬ ਉੱਪਰੋਂ ਸਾਰੇ ਹੱਕ, ਰੁਤਬੇ ਛੱਡੇ। ਕੋਹਿਨੂਰ ਸਮੇਤ ਸਾਰੇ ਖਜ਼ਾਨੇ ਅਤੇ ਰਾਜ ਦੀ ਜਾਇਦਾਦ ਦੀ ਮਾਲਕੀ ਛੱਡੀ ਜੋ ਹੁਣ ਬਰਤਾਨੀਆਂ ਦੀ ਹੈ। ਸਿੱਖ ਹਕੂਮਤ ਖਤਮ ਹੋਈ। ਇਹ ਹੁਣ ਬ੍ਰਿਸ਼ਟ ਰਾਜ ਵਿੱਚ ਹੋਵੇਗੀ। ਐਲਾਨ ਦੌਰਾਨ ਸਾਰੇ ਦਰਬਾਰ ਵਿੱਚ ਖਾਮੋਸ਼ੀ ਪਸਰ ਗਈ। ਜਦੋਂ ਇਹ ਐਲਾਨ ਖਤਮ ਹੋਇਆ ਤਾਂ ਮਹਾਰਾਜਾ ਦਲੀਪ ਸਿੰਘ ਨੇ ਕੋਹਿਨੂਰ ਹੀਰਾ ਅੰਗਰੇਜ਼ਾਂ ਨੂੰ ਸੌਂਪ ਦਿੱਤਾ ਤੇ ਫਿਰ ਕਦੇ ਤਖਤ ਨਾ ਬੈਠਣ ਲਈ ਆਪਣੇ ਪ੍ਰਸਿੱਧ ਪਿਤਾ ਦੇ ਤਖਤ ਤੋਂ ਥੱਲੇ ਉਤਰ ਗਿਆ। ਜਿਉਂ ਹੀ ਮਹਾਰਾਜਾ ਦਲੀਪ ਸਿੰਘ ਤਖਤ ਤੋਂ ਥੱਲੇ ਉੱਤਰਿਆ ਤਾਂ ਸਰਕਾਰ-ਏ-ਖਾਲਸਾ ਦਾ ਸੂਰਜ ਵੀ ਨਾਲ ਹੀ ਡੁੱਬ ਗਿਆ। ਸਿੱਖ ਸਰਦਾਰਾਂ ਵਿੱਚ ਮਾਯੂਸੀ ਪਸਰ ਗਈ। ਇਸ ਤੋਂ ਪਹਿਲਾਂ ਜਦੋਂ ਖਾਲਸਾ ਫੌਜ ਦੀ ਆਪਣਿਆਂ ਦੀ ਗਦਾਰੀ ਕਾਰਨ ਹਾਰ ਹੋਈ ਸੀ ਤਾਂ ਅੰਗਰੇਜ਼ਾਂ ਨੇ ਉਸ ਸਮੇਂ ਦੀ ਉਦਾਸ ਤਸਵੀਰ ਇਸ ਤਰ੍ਹਾਂ ਬਿਆਨ ਕੀਤੀ ਹੈ:- 'ਜਦੋਂ ਹਾਰੇ ਹੋਏ ਖਾਲਸਾ ਸਿਪਾਹੀ ਹਥਿਆਰਾਂ ਦੇ ਢੇਰ ਉੱਪਰ ਆਪਣੀਆਂ ਬੰਦੂਕਾਂ, ਤਲਵਾਰਾਂ, ਢਾਲਾਂ ਤੇ ਨੇਜ਼ੇ ਸੁੱਟ ਕੇ ਆਤਮ ਸਮਰਪਣ ਕਰ ਰਹੇ ਸਨ ਤਾਂ ਸਭ ਤੋਂ ਦਿਲ ਵਿੰਨਵਾਂ ਦ੍ਰਿਸ਼ ਉਦੋਂ ਹੁੰਦਾ ਜਦੋਂ ਸਿੱਖ ਸਿਪਾਹੀ ਦਾ ਘੋੜਾ ਉਸ ਕੋਲੋਂ ਸਦਾ ਲਈ ਵਿਛੜਦਾ ਤੇ ਜਾਂਦੇ ਘੋੜੇ ਵੱਲ ਆਖਰੀ ਨਜ਼ਰ ਮਾਰਦਾ।' ਇੱਕ ਹੋਰ ਅੰਗਰੇਜ਼ ਜਨਰਲ ਠੈਕਵੈਲ ਨੇ ਵੀ ਇਸ ਦ੍ਰਿਸ਼ ਨੂੰ ਇਸ ਤਰ੍ਹਾਂ ਵਰਨਣ ਕੀਤਾ ਹੈ ਕਿ 'ਬਜ਼ੁਰਗ ਖਾਲਸਾ ਮਹਾਂਰਥੀਆਂ ਦੀ ਹਥਿਆਰ ਸੁੱਟਣ ਦੀ ਝਿਜਕ ਸਾਫ਼ ਦਿਖਾਈ ਦਿੰਦੀ ਸੀ। ਕਈ ਤਾਂ ਆਪਣੇ ਅੱਥਰੂ ਵੀ ਨਾ ਰੋਕ ਸਕੇ। ਦੂਸਰਿਆਂ ਦੇ ਚਿਹਰਿਆਂ 'ਤੇ ਗੁੱਸਾ ਤੇ ਨਫ਼ਰਤ ਸਾਫ਼ ਦਿਖਾਈ ਦਿੰਦੀ ਸੀ। ਇੱਕ ਚਿੱਟੀ ਦਾੜ੍ਹੀ ਵਾਲੇ ਬਜ਼ੁਰਗ ਦੀ ਟਿੱਪਣੀ ਨੇ ਪੰਜਾਬ ਦੇ ਇਤਿਹਾਸ ਦਾ ਸਾਰ ਪ੍ਰਗਟ ਕਰਦਿਆਂ ਕਿਹਾ : "ਅੱਜ ਰਣਜੀਤ ਸਿੰਘ ਮਰ ਗਿਆ ਹੈ।



ਇਸ ਸਭ ਤੋਂ ਬਾਅਦ ਜਦੋਂ 29 ਮਾਰਚ 1849 ਨੂੰ ਜਦੋਂ ਖਾਲਸਾ ਰਾਜ ਦਾ ਆਖਰੀ ਦਰਬਾਰ ਲਗਾਇਆ ਗਿਆ ਤਾਂ ਵੱਡੇ ਸਿੱਖ ਜਰਨੈਲ ਨੀਵੀਆਂ ਪਾਈ ਆਪਣੀ ਹੋਣੀ 'ਤੇ ਝੂਰ ਰਹੇ ਸਨ। ਇੱਕ ਨਾਬਾਲਗ ਮਹਾਰਾਜੇ ਕੋਲੋਂ ਮਕਾਰੀ ਨਾਲ ਉਸਦੀ ਸਲਤਨਤ ਖੋਹੀ ਗਈ ਸੀ। ਜਿਉਂ ਹੀ ਮਹਾਰਾਜਾ ਦਲੀਪ ਸਿੰਘ ਆਪਣੇ ਸ਼ਾਹੀ ਤਖਤ ਤੋਂ ਥੱਲੇ ਉਤਰਿਆ ਤਾਂ ਲਾਹੌਰ ਦੇ ਸ਼ਾਹੀ ਕਿਲ੍ਹੇ ਉੱਪਰੋਂ ਖਾਲਸਾਈ ਨਿਸ਼ਾਨ ਉਤਾਰ ਕੇ ਯੂਨੀਅਨ ਜੈਕ ਝੁਲਾ ਦਿੱਤਾ ਗਿਆ। ਕੁਝ ਅਰਸੇ ਬਾਅਦ ਇੱਕ ਅੰਗਰੇਜ਼ ਅਧਿਕਾਰੀ ਜਾਨ ਲਾਰੰਸ ਨੇ ਲਿਖਿਆ ਸੀ ਕਿ :- ਅਸੀਂ ਦੁਸ਼ਮਣੀ ਵਾਲੀ ਨਫਰਤ ਨਾਲ ਸਿੱਖਾਂ ਵਿਰੁੱਧ ਫੌਜਾਂ ਚਾੜ੍ਹੀਆਂ ਸਨ ਪਰ ਛੇਤੀ ਹੀ ਸਾਨੂੰ ਪਤਾ ਲੱਗ ਗਿਆ ਸੀ ਕਿ ਇਹ ਸਤਿਕਾਰ ਦੇ ਹੱਕਦਾਰ ਹਨ। ਸਾਰੇ ਭਾਰਤ ਵਿਚੋਂ ਏਨ੍ਹਾਂ ਵਰਗਾ ਬਹਾਦਰ, ਪੱਕੇ ਇਰਾਦੇ ਵਾਲਾ, ਯੁੱਧ ਵਿੱਚ ਖੌਫਜ਼ਦਾ ਕਰਨ ਵਾਲਾ ਹੋਰ ਕੋਈ ਗਰੁੱਪ ਨਹੀਂ।

29 ਮਾਰਚ 1849 ਤੋਂ ਬਾਅਦ ਅੰਗਰੇਜ਼ ਹਕੂਮਤ ਦਾ ਪੰਜਾਬ ਉੱਪਰ ਕਬਜ਼ਾ ਹੋ ਗਿਆ ਅਤੇ ਤਖਤਾਂ ਦੇ ਵਾਰਸ ਤਖਤਿਆਂ ਉੱਪਰ ਆ ਗਏ। ਮਹਾਰਾਜਾ ਰਣਜੀਤ ਸਿੰਘ ਦਾ ਖਾਲਸਾ ਰਾਜ ਇਸ ਕਦਰ ਹਰਮਨ ਪਿਆਰਾ ਅਤੇ ਧਰਮ ਨਿਰਪੱਖ ਸੀ ਕਿ ਅੱਜ ਵੀ ਪੂਰੀ ਦੁਨੀਆਂ ਵਿਚ ਉਸਦੀਆਂ ਮਿਸਾਲਾਂ ਦਿੱਤੀਆਂ ਜਾਂਦੀਆਂ ਹਨ। ਮਹਾਰਾਜਾ ਰਣਜੀਤ ਸਿੰਘ ਦੇ ਰਾਜ ਨੂੰ ਖਤਮ ਹੋਇਆਂ ਭਾਵੇਂ ਅੱਜ 173 ਸਾਲ ਹੋ ਗਏ ਹਨ ਪਰ ਖਾਲਸਾ ਰਾਜ ਦੌਰਾਨ ਮਹਾਰਾਜਾ ਰਣਜੀਤ ਸਿੰਘ ਅਤੇ ਹੋਰ ਬਹਾਦਰ ਸਿੱਖ ਯੋਧਿਆਂ ਦੇ ਬਹਾਦਰੀ ਭਰੇ ਕਾਰਨਾਮੇ ਹਮੇਸ਼ਾਂ ਸਿੱਖਾਂ ਦੇ ਮਨਾਂ ਉੱਪਰ ਰਾਜ ਕਰਦੇ ਰਹਿਣਗੇ।

# ਪੇਂਡੂ ਪਿਛੋਕੜ ਵਾਲੀ ਸਿਮਰਨਦੀਪ ਕੌਰ ਆਈ.ਏ.ਐਸ. ਬਣੀ ਨੌਜਵਾਨਾਂ ਲਈ ਚਾਨਣ-ਮੁਨਾਰਾ

ਮੇਜਰ ਸਿੰਘ ਨਾਭਾ

ਲੜਕੀਆਂ ਨੂੰ ਸਮਾਜ ਵਿੱਚ ਭਾਵੇਂ ਸਮੇਂ ਸਮੇਂ ਤੇ ਅਣਗੌਲਿਆ ਕੀਤਾ ਜਾਂਦਾ ਰਿਹਾ ਹੈ ਪਰ ਅੱਜ ਦੀਆਂ ਲੜਕੀਆਂ ਨੇ ਹਰ ਖੇਤਰ ਵਿੱਚ ਮਲ੍ਹਾਂ ਮਾਰ ਕੇ ਸਮਾਜ ਵਿੱਚ ਆਪਣੇ ਮਾਪਿਆਂ ਦਾ , ਅਧਿਆਪਕਾਂ , ਔਰਤ ਜਾਤੀ ਦਾ , ਪੰਜਾਬ ਦਾ ਨਾਂ ਉੱਚਾ ਕੀਤਾ ਹੈ । ਸਿਵਲ ਸੇਵਾਵਾਂ ਵਿੱਚ ਪੰਜਾਬ ਦੇ ਬੱਚਿਆਂ ਦੀ ਕਾਰਗੁਜ਼ਾਰੀ ਵਧੀਆ ਬੇਹਤਰ ਹੋਣ ਲੱਗੀ ਹੈ । ਹੁਣੇ ਆਏ ਯੂ.ਪੀ.ਐਸ.ਸੀ.ਦੇ ਸਿਵਲ ਸੇਵਾਵਾਂ ਦੇ ਨਤੀਜੇ ਵਿੱਚ ਪੰਜਾਬ ਦੀਆਂ ਪੰਜ ਲੜਕੀਆਂ ਅਤੇ ਦੋ ਲੜਕੇ ਸਿਲੈਕਟ ਹੋਏ ਹਨ ਜਿਨ੍ਹਾਂ 'ਚੋਂ ਬਹੁਤੇ ਮੱਧਵਰਗੀ ਪਰਿਵਾਰਾਂ ਨਾਲ ਸਬੰਧਤ ਹਨ । ਰਿਆਸਤੀ ਸ਼ਹਿਰ ਨਾਭਾ ਦੇ ਨੇੜਲੇ ਪਿੰਡ ਬਿਰੜਵਾਲ ਦੀ ਮੱਧ ਵਰਗੀ ਸੰਯੁਕਤ ਕਿਸਾਨੀ ਪਰਿਵਾਰ ਵਿੱਚ ਪਿਤਾ ਕੁਲਦੀਪ ਸਿੰਘ ਦੇ ਘਰ ਮਾਤਾ ਅਮਨਦੀਪ ਕੌਰ ਦੀ ਕੁੱਖੋਂ 19 ਦਸੰਬਰ 2000 ਨੂੰ ਜਨਮੀ ਬੇਟੀ ਸਿਮਰਨਦੀਪ ਕੌਰ ਨੇ ਦੇਸ਼ 'ਚੋਂ 15 ਵਾਂ ਅਤੇ ਪੰਜਾਬ 'ਚ ਪਹਿਲਾ ਰੈਂਕ ਪ੍ਰਾਪਤ ਕਰ ਕੇ ਇਲਾਕੇ ਅਤੇ ਪੰਜਾਬ ਦਾ ਨਾਂ ਉੱਚਾ ਕੀਤਾ ਹੈ ।ਉਸ ਨੇ ਮੁਢਲੀ ਪੜ੍ਹਾਈ ਦਸਵੀਂ ਤੱਕ ਨਾਭਾ ਦੇ ਦਇਆਨੰਦ ਪਬਲਿਕ ਸਕੂਲ (ਪਾਂਡੂਸਰ) ਤੋਂ ਕੀਤੀ ।ਉਸ ਨੇ ਬਾਰ੍ਹਵੀਂ ਨਾਨ-ਮੈਡੀਕਲ ਸਟਰੀਮ ਵਿੱਚ ਇਸੇ ਸਕੂਲ ਦੀ ਬ੍ਰਾਂਚ ਸਿਲਵਰ ਸਿਟੀ ਨਾਭਾ ਤੋਂ ਕਰਦੇ ਸਮੇਂ ਉੱਚ ਮੁਕਾਮ ਤੇ ਪੁੱਜਣ ਦਾ ਸੁਪਨਾ ਲੈ ਲਿਆ ਸੀ ।ਉਸ ਨੇ ਖਾਲਸਾ ਕਾਲਜ ਪਟਿਆਲਾ ਤੋਂ ਗਰੈਜੂਏਸ਼ਨ ਅਤੇ ਪੋਸਟ ਗਰੈਜੂਏਸ਼ਨ ( ਪੋਲੀਟੀਕਲ ਸਾਇੰਸ) ਦੀ ਪੜ੍ਹਾਈ ਪ੍ਰਾਪਤ ਕੀਤੀ । ਉਸ ਨੇ ਬੀ.ਏ. ਦੀ ਪੜ੍ਹਾਈ ਆਪਣੀ ਸਟਰੀਮ ਬਦਲਦਿਆਂ ਰਾਜਨੀਤੀ ਸ਼ਾਸਤਰ, ਇਤਿਹਾਸ ਅਤੇ ਅਰਥਸ਼ਾਸਤਰ ਵਿਸ਼ਿਆਂ ਨਾਲ ਖਾਲਸਾ ਕਾਲਜ ਪਟਿਆਲਾ ਤੋਂ ਕਰਦਿਆਂ ਸਿਵਲ ਸੇਵਾਵਾਂ 'ਚ ਜਾਣ ਦੇ ਸੁਪਨੇ ਨੂੰ ਆਪਣੇ ਜ਼ਿੰਦਗੀ ਦੇ ਟੀਚੇ ਵਜੋਂ ਲੈ ਲਿਆ ਸੀ । ਉਸਨੂੰ ਕਾਲਜ ਦੇ ਅਧਿਆਪਕਾਂ ਦੀ ਪ੍ਰੇਰਨਾ ਸਦਕਾ ਇਥੋਂ ਦੇ ਵਧੀਆ ਮਾਹੌਲ ਵਿੱਚ ਆਪਣੇ ਟੀਚੇ ਨਾਲ ਵਧੇਰੇ ਲਗਾਅ ਹੋ ਗਿਆ ।ਉਸ ਨੇ ਕਾਲਜ ਵਿੱਚ ਪੜ੍ਹਦਿਆਂ ਸੁਰਜੀਤ ਪਾਤਰ ਅਤੇ ਸੁਖਵਿੰਦਰ ਅੰਮ੍ਰਿਤਾ ਦੀ ਕਾਵਿ ਰਚਨਾ ਤੋਂ ਪ੍ਰਭਾਵਿਤ ਹੋ ਕੇ ਆਪਣੇ ਇਰਾਦੇ ਨੂੰ ਮੰਜ਼ਿਲ ਸਰ ਕਰਨ ਲਈ ਹੋਰ ਵਧੇਰੇ ਮਜਬੂਤ ਬਣਾਇਆ । ਇਸੇ ਕਾਲਜ ਤੋਂ ਉਸ ਨੇ ਐਮ.ਏ. ਰਾਜਨੀਤੀ ਸ਼ਾਸਤਰ ਦੀ ਪ੍ਰੀਖਿਆ ਪਾਸ ਕੀਤੀ ਅਤੇ ਪਹਿਲੀ ਵਾਰ ਹੀ ਯੂ.ਜੀ.ਸੀ. ਨੈਟ ਪਾਸ ਕਰਕੇ ਆਪਣੇ ਹੌਸ਼ਲੇ ਨੂੰ ਹੋਰ ਮਜਬੂਤ ਕੀਤਾ ।

ਸਿਮਰਨਦੀਪ ਕੌਰ ਨੇ ਘਰ ਬੈਠ ਕੇ ਵੱਡੇ ਵੱਡੇ ਕੋਚਿੰਗ ਸੈਂਟਰਾਂ ਦੇ ਸਹਾਰੇ ਨੂੰ ਨਕਾਰਦਿਆਂ ਆਨ ਲਾਈਨ ਹੀ ਵੱਖ-ਵੱਖ ਸ੍ਰੋਤਾਂ ਤੋਂ ਵੱਕਾਰੀ ਆਈ.ਏ.ਐਸ. ਦੀ ਪ੍ਰੀਖਿਆ ਦੀ ਤਿਆਰੀ ਕਰਨੀ ਸ਼ੁਰੂ ਕੀਤੀ ਪਰ ਪਹਿਲੇ ਤਿੰਨ ਮੌਕਿਆਂ ਚੋਂ ਕਾਮਯਾਬੀ ਨਾ ਹੋਣ ਤੇ ਆਪਣੇ ਪਰਿਵਾਰ ਦੇ ਸਮਰਥਨ ਸਦਕਾ ਚੌਥੀ ਵਾਰੀ ਆਪਣੀ ਮੰਜ਼ਿਲ ਸਰ ਕਰ ਕੇ ਪੇਂਡੂ ਖੇਤਰ ਦੇ ਬੱਚਿਆਂ ਲਈ ਇੱਕ ਮਿਸਾਲ ਬਣ ਕੇ ਇਤਿਹਾਸ ਰੱਚਿਆ ਹੈ ।ਉਸ ਦੇ ਪਿਤਾ ਨੇ ਦੱਸ਼ਿਆ ਕਿ ਉਨ੍ਹਾਂ ਚਾਰ ਸਾਲਾਂ ਵਿੱਚ ਆਪਣੀ ਬੇਟੀ ਦੀ ਸਾਰੀ ਤਿਆਰੀ ਉੱਪਰ ਲੱਖ ਤੋਂ ਡੇਢ ਲੱਖ ਦੇ ਕਰੀਬ ਖਰਚ ਆਇਆ ਜੋ ਕਿ ਅੱਜ ਦੇ ਸਮੇਂ ਹਰੇਕ ਮਾਪਾ ਆਪਣੇ ਬੱਚਿਆਂ ਦੇ ਬਿਹਤਰ ਭੱਵਿਖ ਲਈ ਖਰਚ ਸਕਦਾ ਹੈ । ਸਿਰਫ ਬੱਚਿਆਂ ਦੀ ਮਿਹਨਤ , ਦ੍ਰਿੜ ਇਰਾਦਾ ਹੀ ਸਫਲਤਾ ਦਾ ਰਾਜ਼ ਹੈ , ਜੋ ਘੱਟ ਖਰਚੇ ਨਾਲ ਵੀ ਪ੍ਰਾਪਤ ਹੋ ਸਕਦੀ ਹੈ ਜਿਵੇਂ ਸਿਮਰਦੀਪ ਕੌਰ ਨੇ ਕਰ ਦਿਖਾਇਆ ਹੈ ।ਅੱਜ ਦੀਆਂ ਲੜਕੀਆਂ ਅਤੇ ਲੜਕਿਆਂ ਨੂੰ ਇਸ ਸਫਲਤਾ ਤੋਂ ਬਹੁਤ ਕੁਝ ਨਵਾਂ ਸਿੱਖਣ ਲਈ ਮਿਲ ਸਕਦਾ ਹੈ । ਉਸ ਨੇ ਆਨ ਲਾਈਨ ਕੋਚਿੰਗ ਲਈ ਅਤੇ ਘਰ ਬੈਠ ਕੇ ਸਫਲਤਾ ਪ੍ਰਾਪਤ ਕੀਤੀ ਹੈ ਜੋ ਬਹੁਤ ਵੱਡੀ ਗੱਲ ਹੋਣ ਦੇ ਨਾਲ ਪੰਜਾਬ ਦੀ ਨੌਜਵਾਨੀ ਦੇ ਸੰਭਾਵਿਤ ਹਨੇਰੇ ਭਵਿੱਖ ਲਈ ਚਾਨਣ ਮੁਰਾਰਾ ਹੈ ।ਉਸ ਦੇ ਪਿਤਾ ਸ. ਕੁਲਦੀਪ ਸਿੰਘ ਇੱਕ ਮਿਹਨਤੀ , ਧਾਰਮਿਕ ਬਿਰਤੀ ਵਾਲੇ ਕਿਸਾਨ ਹਨ । ਉਸ ਦੀ ਮਾਤਾ ਸਰਦਾਰਨੀ ਅਮਨਦੀਪ ਕੌਰ ਇੱਕ ਘਰੇਲੂ ਔਰਤ ਹਨ ।ਉਹ ਆਪਣੇ ਚਾਚਾ ਜੀ ਦੀ ਹਰ ਪੱਖੋਂ ਮਿਲਦੀ ਹੱਲਾਸ਼ੇਰੀ ਅਤੇ ਸਹਿਯੋਗ ਲਈ ਸਰਾਹਨਾ ਕਰਦੀ ਹੈ ।ਉਸ ਦਾ ਹਰ ਰੋਜ਼ ਸਵੇਰੇ ਗੁਰੂ ਘਰ ਜਾਣਾ ਨਿੱਤਨੇਮ ਕਰਨਾ ਅਤੇ ਉਸਤੋਂ ਬਾਅਦ ਸਾਰਾ ਸਮਾਂ ਟਿਕਾਅ 'ਚ ਰਹਿ ਕੇ ਪੜ੍ਹਾਈ ਲਈ ਦੇਣਾ ਉਸ ਦਾ ਸਡਿਊਲ ਰਿਹਾ । ਉਸ ਦਾ ਕਹਿਣਾ ਹੈ ਕਿ ਉਹ ਸਿੱਖ ਪਰਿਵਾਰ ਦੇ ਸ਼ੰਸਕਾਰਾਂ ਵਿੱਚ ਪਲੀ ਹੋਣ ਕਾਰਨ ਗੁਰੂ ਨਾਨਕ ਦੇਵ ਜੀ ਦੇ ਸਿਧਾਂਤਾਂ ਤੋਂ ਪ੍ਰਭਾਵਿਤ ਹੋਣ ਕਰਕੇ ਸਮਾਜ ਲਈ ਇੱਕ ਨਿਵੇਕਲੀ ਤਬਦੀਲੀ ਲਿਆਉਣ ਲਈ ਹਮੇਸ਼ਾ ਯਤਨਸ਼ੀਲ ਰਹੇਗੀ । ਉਸ ਦੇ ਭਰਾ ਹਰਜੋਤ ਸਿੰਘ ਜੋ ਖਾਲਸਾ ਕਾਲਜ ਪਟਿਆਲਾ ਬੀ.ਏ. ਵੋਕੇਸਨਲ ਦਾ ਵਿਦਿਆਰਥੀ ਹੈ ਨੇ ਵੀ ਆਪਣੀ ਲਾਡਲੀ ਭੈਣ ਦੀ ਕਾਮਯਾਬੀ ਲਈ ਹਰ ਸੰਭਵ ਸਹਿਯੋਗ ਦਿੱਤਾ ।ਉਸ ਨੂੰ ਕਰਨਾਟਕਾ ਤੋਂ ਫਰੀਦ ਸਰ ਅਤੇ ਨਿਖਿਲ ਗੌੜਾ ਵਲੋਂ ਆਨ ਲਾਈਨ ਗਾਈਡ ਲਾਈਨਜ ਦੇਣ ਲਈ ਵੀ ਉਨ੍ਹਾ ਦੇ ਬਹੁਮੁੱਲੇ ਦਿੱਤੇ ਸਹਿਯੋਗ ਲਈ ਉਹ ਧੰਨਵਾਦੀ ਹੈ । ਉਸ ਨੂੰ 'ਮਹਿਲਾ ਦਿਵਸ' ਤੇ ਪੰਜਾਬ ਦੇ ਮੁੱਖ ਮੰਤਰੀ ਵਲੋਂ ਸਨਮਾਨਿਤ ਕੀਤਾ ਗਿਆ ਹੈ । ਬਾਹਰਲੇ ਦੇਸ਼ਾਂ ਵਿੱਚ ਪਿਛਲੇ ਕੁਝ ਸਾਲਾਂ ਤੋਂ ਬਹੁਤਾਤ ਵਿੱਚ ਉੱਧਰ ਹੀ ਸੈਟਲ ਹੋਣ ਦੇ ਇਰਾਦੇ ਨਾਲ ਪੜ੍ਹਾਈ ਕਰਨ ਦਾ ਬਹਾਨਾ ਬਣਾ ਕੇ ਨੌਜਵਾਨਾਂ ਦੇ ਪ੍ਰਵਾਸ ਕਰਨ ਵਾਲਿਆਂ ਲਈ ਸਿਮਰਨਦੀਪ ਕੌਰ ਰਾਹ ਦਿਸੇਰਾ ਦੇ ਪ੍ਰਤੀਕ ਵਜੋਂ ਮਿਸਾਲ ਬਣੀ ਹੈ ਕਿ ਦ੍ਰਿੜ ਇਰਾਦੇ ਨਾਲ ਇਥੇ ਹੀ ਵੱਡੇ ਮੁਕਾਮ ਤੇ ਪੁੱਜਿਆ ਜਾ ਸਕਦਾ ਹੈ । ਪੰਜਾਬ ਦੇ ਇਨ੍ਹਾਂ ਨੌਜਵਾਨ ਲੜਕੇ ਲੜਕੀਆਂ ਦੀਆਂ ਉੱਚ ਮੁਕਾਮ ਤੇ ਕਾਮਯਾਬੀਆਂ ਦਾ ਹੋਣਾ ਪੰਜਾਬ ਲਈ ਸ਼ੁਭ ਸਗਨ ਹੈ।

# ਹਰਿਆਣਾ ਦੀਆਂ ਯੂਨੀਵਰਸਿਟੀਆਂ ਵਿੱਚ ਭ੍ਰਿਸ਼ਟਾਚਾਰ ਦਾ ਕਾਲਾ ਸੱਚ



ਡਾ. ਸਤਿਆਵਾਨ ਸੌਰਭ,
9466526148

ਹਰਿਆਣਾ ਦੇ ਉੱਚ ਸਿੱਖਿਆ ਖੇਤਰ ਵਿੱਚ ਹਾਲ ਹੀ ਵਿੱਚ ਹੋਏ ਭ੍ਰਿਸ਼ਟਾਚਾਰ ਘੁਟਾਲੇ ਨੇ ਨਾ ਸਿਰਫ਼ ਰਾਜ ਦੀਆਂ ਚਾਰ ਪ੍ਰਮੁੱਖ ਯੂਨੀਵਰਸਿਟੀਆਂ ਦੀ ਸਾਖ ਨੂੰ ਢਾਹ ਲਗਾਈ ਹੈ, ਸਗੋਂ ਪੂਰੀ ਸਿੱਖਿਆ ਪ੍ਰਣਾਲੀ ਦੀ ਭਰੋਸੇਯੋਗਤਾ ਬਾਰੇ ਵੀ ਗੰਭੀਰ ਸਵਾਲ ਖੜ੍ਹੇ ਕੀਤੇ ਹਨ। ਇਸ ਵਿਵਾਦ ਵਿੱਚ ਫਸੀਆਂ ਯੂਨੀਵਰਸਿਟੀਆਂ-ਮਹਾਰਿਸ਼ੀ ਦਯਾਨੰਦ ਯੂਨੀਵਰਸਿਟੀ, ਰੋਹਤਕ; ਗੁਰੂ ਜੰਭੇਸ਼ਵਰ ਯੂਨੀਵਰਸਿਟੀ, ਹਿਸਾਰ; ਦੀਨਬੰਧੂ ਛੋਟੂ ਰਾਮ ਵਿਗਿਆਨ ਅਤੇ ਤਕਨਾਲੋਜੀ ਯੂਨੀਵਰਸਿਟੀ, ਮੂਰਥਲ; ਅਤੇ ਸ਼੍ਰੀ ਕ੍ਰਿਸ਼ਨ ਆਯੁਰਵੈਦਿਕ ਯੂਨੀਵਰਸਿਟੀ, ਕੁਰੂਕਸ਼ੇਤਰ-ਸਾਰੇ ਲੰਬੇ ਸਮੇਂ ਤੋਂ ਆਪਣੇ-ਆਪਣੇ ਖੇਤਰਾਂ ਵਿੱਚ ਸਿੱਖਿਆ ਦੇ ਮਹੱਤਵਪੂਰਨ ਕੇਂਦਰ ਰਹੇ ਹਨ। ਹਾਲਾਂਕਿ, ਇਨ੍ਹਾਂ ਸੰਸਥਾਵਾਂ ਦੇ ਚੋਟੀ ਦੇ ਵਾਈਸ-ਚਾਂਸਲਰਾਂ ਵਿਰੁੱਧ ਭ੍ਰਿਸ਼ਟਾਚਾਰ, ਵਿੱਤੀ ਬੇਨਿਯਮੀਆਂ, ਭਰਤੀ ਘੁਟਾਲਿਆਂ ਅਤੇ ਸ਼ਕਤੀ ਦੀ ਦੁਰਵਰਤੋਂ ਦੇ ਦੋਸ਼ਾਂ ਨੇ ਉਨ੍ਹਾਂ ਦੀ ਸਾਖ ਨੂੰ ਬੁਰੀ ਤਰ੍ਹਾਂ ਨੁਕਸਾਨ ਪਹੁੰਚਾਇਆ ਹੈ। ਸਟੇਟ ਵਿਜੀਲੈਂਸ ਐਂਡ ਐਂਟੀ ਕਰੱਪਸ਼ਨ ਬਿਊਰੋ (SV&ACB) ਵੱਲੋਂ 1-2 ਅਪ੍ਰੈਲ, 2026 ਨੂੰ ਸ਼ੁਰੂ ਕੀਤੀ ਗਈ ਜਾਂਚ ਨੇ ਮਾਮਲੇ ਨੂੰ ਹੋਰ ਵੀ ਵਧਾ ਦਿੱਤਾ ਹੈ। ਇਹ ਕੁਝ ਵਿਅਕਤੀਆਂ ਦੇ ਕਥਿਤ ਗਲਤ ਕੰਮਾਂ ਤੱਕ ਸੀਮਤ ਨਹੀਂ ਹੈ, ਸਗੋਂ ਇੱਕ ਵਿਆਪਕ ਪ੍ਰਣਾਲੀਗਤ ਅਸਫਲਤਾ ਵੱਲ ਇਸ਼ਾਰਾ ਕਰਦਾ ਹੈ, ਜਿੱਥੇ ਸਿੱਖਿਆ ਵਰਗੇ ਪਵਿੱਤਰ ਖੇਤਰ ਵਿੱਚ ਵੀ ਪਾਰਦਰਸ਼ਤਾ ਅਤੇ ਜਵਾਬਦੇਹੀ ਦੀ ਘਾਟ ਹੈ। ਇਨ੍ਹਾਂ ਦੋਸ਼ਾਂ ਨੇ ਇਹ ਸਪੱਸ਼ਟ ਕਰ ਦਿੱਤਾ ਹੈ ਕਿ ਉੱਚ ਸਿੱਖਿਆ ਸੰਸਥਾਵਾਂ ਵਿੱਚ ਪੜ੍ਹ ਰਹੇ ਵਿਦਿਆਰਥੀਆਂ ਦਾ ਭਵਿੱਖ ਕਿਵੇਂ ਪ੍ਰਭਾਵਿਤ ਹੋ ਸਕਦਾ ਹੈ ਜੇਕਰ ਉਨ੍ਹਾਂ ਦੀ ਲੀਡਰਸ਼ਿਪ ਖੁਦ ਸ਼ੱਕੀ ਹੈ।

ਸਭ ਤੋਂ ਹੈਰਾਨ ਕਰਨ ਵਾਲਾ ਮਾਮਲਾ ਦੀਨਬੰਧੂ ਛੋਟੂ ਰਾਮ ਯੂਨੀਵਰਸਿਟੀ ਆਫ਼ ਸਾਇੰਸ ਐਂਡ ਟੈਕਨਾਲੋਜੀ, ਮੂਰਥਲ ਨਾਲ ਸਬੰਧਤ ਹੈ। ਵਾਈਸ ਚਾਂਸਲਰ 'ਤੇ ਵਿਦਿਆਰਥੀ ਭਲਾਈ ਫੰਡ ਵਿੱਚੋਂ ਲਗਭਗ_ 50 ਕਰੋੜ ਦੀ ਹੇਰਾਫੇਰੀ ਕਰਨ ਦਾ ਦੋਸ਼ ਹੈ। ਦੋਸ਼ਾਂ ਅਨੁਸਾਰ ਇਸ ਪੈਸੇ ਨੂੰ ਉੱਚ ਵਿਆਜ ਦਰਾਂ 'ਤੇ ਸਰਕਾਰੀ ਬੈਂਕਾਂ ਵਿੱਚ ਸੁਰੱਖਿਅਤ ਰੱਖਣ ਦੀ ਬਜਾਏ, ਇਸਨੂੰ ਘੱਟ ਵਿਆਜ ਦਰਾਂ 'ਤੇ ਨਿੱਜੀ ਬੈਂਕਾਂ ਵਿੱਚ ਫਿਕਸਡ ਡਿਪਾਜ਼ਿਟ ਵਿੱਚ ਨਿਵੇਸ਼ ਕੀਤਾ ਗਿਆ, ਜਿਸਦੇ ਨਤੀਜੇ ਵਜੋਂ ਯੂਨੀਵਰਸਿਟੀ ਨੂੰ ਕਾਫ਼ੀ ਵਿੱਤੀ ਨੁਕਸਾਨ ਹੋਇਆ। ਇਹ ਸਿਰਫ਼ ਵਿੱਤੀ ਲਾਪਰਵਾਹੀ ਦਾ ਮਾਮਲਾ ਨਹੀਂ, ਸਗੋਂ ਇੱਕ ਸ਼ੱਕੀ ਯੋਜਨਾਬੱਧ ਬੇਨਿਯਮੀਆਂ ਵੀ ਜਾਪਦਾ ਹੈ। ਜੇਕਰ ਇਹ ਦੋਸ਼ ਸੱਚ ਸਾਬਤ ਹੁੰਦੇ ਹਨ, ਤਾਂ ਇਹ ਨਾ ਸਿਰਫ਼ ਪ੍ਰਸ਼ਾਸਨਿਕ ਅਸਫਲਤਾ, ਸਗੋਂ ਨੈਤਿਕ ਗਿਰਾਵਟ ਦੀ ਵੀ ਇੱਕ ਉਦਾਹਰਣ ਹੋਵੇਗੀ।

ਮਹਾਰਿਸ਼ੀ ਦਯਾਨੰਦ ਯੂਨੀਵਰਸਿਟੀ, ਰੋਹਤਕ ਵਿੱਚ ਵੀ ਗੰਭੀਰ ਬੇਨਿਯਮੀਆਂ ਦੇ ਦੋਸ਼ ਸਾਹਮਣੇ ਆਏ ਹਨ। ਰੁੱਖ ਲਗਾਉਣ ਦੇ ਨਾਮ 'ਤੇ ਇੱਕ ਵੱਡਾ ਵਿੱਤੀ ਘੁਟਾਲਾ ਕੀਤਾ ਜਾ ਰਿਹਾ ਹੈ। ਕਾਗਜ਼ਾਂ 'ਤੇ ਹਜ਼ਾਰਾਂ ਰੁੱਖ ਖਰੀਦੇ ਅਤੇ ਲਗਾਏ ਗਏ ਦਿਖਾਏ ਗਏ ਸਨ, ਪਰ ਅਸਲੀਅਤ ਵਿੱਚ ਉਨ੍ਹਾਂ ਵਿੱਚੋਂ ਕੋਈ ਵੀ ਮੌਜੂਦ ਨਹੀਂ ਸੀ। ਇਸ ਤੋਂ ਇਲਾਵਾ ਭਰਤੀ ਪ੍ਰਕਿਰਿਆਵਾਂ ਵਿੱਚ ਪੱਖਪਾਤ ਅਤੇ ਨਿਯਮਾਂ ਦੀ ਉਲੰਘਣਾ ਦੇ ਦੋਸ਼ ਸਾਹਮਣੇ ਆਏ ਹਨ, ਜਿੱਥੇ ਯੋਗ ਉਮੀਦਵਾਰਾਂ ਨੂੰ ਬਾਈਪਾਸ ਕੀਤਾ ਗਿਆ ਸੀ ਅਤੇ ਪਸੰਦੀਦਾ ਵਿਅਕਤੀਆਂ ਨੂੰ ਨੌਕਰੀਆਂ ਦਿੱਤੀਆਂ ਗਈਆਂ ਸਨ।

ਗੁਰੂ ਜੰਭੇਸ਼ਵਰ ਯੂਨੀਵਰਸਿਟੀ, ਹਿਸਾਰ ਵਿੱਚ ਗੈਰ-ਅਧਿਆਪਨ ਸਟਾਫ ਦੀ ਭਰਤੀ ਵਿੱਚ ਵੱਡੇ ਪੱਧਰ 'ਤੇ ਬੇਨਿਯਮੀਆਂ ਦਾ ਪਰਦਾਫਾਸ਼ ਹੋਇਆ ਹੈ। ਰਾਖਵੇਂਕਰਨ ਨਿਯਮਾਂ ਦੀ ਉਲੰਘਣਾ, ਚੋਣ ਪ੍ਰਕਿਰਿਆ ਵਿੱਚ ਪਾਰਦਰਸ਼ਤਾ ਦੀ ਘਾਟ ਅਤੇ ਲੋੜੀਂਦੀ ਯੋਗਤਾ ਤੋਂ ਬਿਨਾਂ ਕੀਤੀਆਂ ਗਈਆਂ ਨਿਯੁਕਤੀਆਂ ਦੇ ਦੋਸ਼ ਹਨ। ਇਹ ਸਥਿਤੀ ਨਾ ਸਿਰਫ਼ ਸੰਸਥਾ ਦੀ ਪ੍ਰਬੰਧਕੀ ਸਮਰੱਥਾ 'ਤੇ ਸਵਾਲ ਖੜ੍ਹੇ ਕਰਦੀ ਹੈ ਸਗੋਂ ਸਮਾਜਿਕ ਨਿਆਂ ਦੇ ਸਿਧਾਂਤਾਂ ਦੀ ਵੀ ਉਲੰਘਣਾ ਕਰਦੀ ਹੈ। ਇਸੇ ਤਰ੍ਹਾਂ ਕੁਰੂਕਸ਼ੇਤਰ ਦੀ ਸ਼੍ਰੀ ਕ੍ਰਿਸ਼ਨ ਆਯੁਰਵੈਦਿਕ ਯੂਨੀਵਰਸਿਟੀ ਵਿੱਚ ਭਰਤੀ ਪ੍ਰਕਿਰਿਆ ਵਿੱਚ ਬੇਨਿਯਮੀਆਂ ਅਤੇ ਰਿਜ਼ਰਵੇਸ਼ਨ ਰੋਸਟਰਾਂ ਦੀ ਉਲੰਘਣਾ ਦੀਆਂ ਸ਼ਿਕਾਇਤਾਂ ਸਾਹਮਣੇ ਆਈਆਂ ਹਨ। ਆਯੁਰਵੇਦ ਵਰਗੇ ਰਵਾਇਤੀ ਡਾਕਟਰੀ ਵਿਗਿਆਨ ਨੂੰ ਉਤਸ਼ਾਹਿਤ ਕਰਨ ਲਈ ਸਥਾਪਿਤ ਸੰਸਥਾ ਵਿੱਚ ਅਜਿਹੀਆਂ ਬੇਨਿਯਮੀਆਂ ਬਹੁਤ ਚਿੰਤਾਜਨਕ ਹਨ। ਇਹ ਸਾਰੇ ਮਾਮਲੇ ਇੱਕ ਸਮਾਨ ਪੈਟਰਨ ਨੂੰ ਪ੍ਰਗਟ ਕਰਦੇ ਹਨ— ਸੱਤਾ ਦੀ ਦੁਰਵਰਤੋਂ, ਵਿੱਤੀ ਬੇਨਿਯਮੀਆਂ ਅਤੇ ਪ੍ਰਸ਼ਾਸਕੀ ਫੈਸਲਿਆਂ ਵਿੱਚ ਪਾਰਦਰਸ਼ਤਾ ਦੀ ਘਾਟ। ਇਹ ਸਥਿਤੀ ਅਚਾਨਕ ਪੈਦਾ ਨਹੀਂ ਹੋਈ, ਸਗੋਂ ਇੱਕ ਕਮਜ਼ੋਰ ਅਤੇ ਰਾਜਨੀਤਿਕ ਤੌਰ 'ਤੇ ਪ੍ਰਭਾਵਿਤ ਪ੍ਰਣਾਲੀ ਤੋਂ ਪੈਦਾ ਹੋਈ ਹੈ ਜੋ ਸਾਲਾਂ ਤੋਂ ਮੌਜੂਦ ਹੈ। ਹਰਿਆਣਾ ਦੀਆਂ ਯੂਨੀਵਰਸਿਟੀਆਂ ਵਿੱਚ ਵਾਈਸ-ਚਾਂਸਲਰ ਨਿਯੁਕਤੀਆਂ ਲੰਬੇ ਸਮੇਂ ਤੋਂ ਰਾਜਨੀਤਿਕ ਪ੍ਰਭਾਵ ਦੇ ਅਧੀਨ ਰਹੀਆਂ ਹਨ, ਜਿੱਥੇ ਨੇੜਤਾ ਅਤੇ ਵਫ਼ਾਦਾਰੀ ਨੂੰ ਯੋਗਤਾ ਅਤੇ ਤਜਰਬੇ ਨਾਲੋਂ ਤਰਜੀਹ ਦਿੱਤੀ ਗਈ ਹੈ। ਇਸ ਦੇ ਨਤੀਜੇ ਵਜੋਂ ਸੰਸਥਾਵਾਂ ਦੇ ਅੰਦਰ ਜਵਾਬਦੇਹੀ ਅਤੇ ਨੈਤਿਕਤਾ ਕਮਜ਼ੋਰ ਹੋਈ ਹੈ।

ਜਾਂਚ ਏਜੰਸੀਆਂ ਵੱਲੋਂ ਕੀਤੀ ਜਾ ਰਹੀ ਕਾਰਵਾਈ ਦਾ ਸਵਾਗਤ ਕੀਤਾ ਜਾਣਾ ਚਾਹੀਦਾ ਹੈ, ਪਰ ਇਹ ਵੀ ਓਨਾ ਹੀ ਮਹੱਤਵਪੂਰਨ ਹੈ ਕਿ ਇਹ ਜਾਂਚਾਂ ਨਿਰਪੱਖ ਅਤੇ ਸਮੇਂ ਸਿਰ ਹੋਣ। ਅਕਸਰ ਦੇਖਿਆ ਗਿਆ ਹੈ ਕਿ ਅਜਿਹੇ ਮਾਮਲਿਆਂ ਵਿੱਚ ਸ਼ੁਰੂਆਤੀ ਕਾਰਵਾਈ ਕੀਤੀ ਜਾਂਦੀ ਹੈ, ਪਰ ਬਾਅਦ ਵਿੱਚ ਰਾਜਨੀਤਿਕ ਦਬਾਅ ਜਾਂ ਪ੍ਰਸ਼ਾਸਨਿਕ ਢਿੱਲ ਕਾਰਨ ਮਾਮਲਿਆਂ ਨੂੰ ਲਟਕਾਇਆ ਜਾਂਦਾ ਹੈ। ਜੇਕਰ ਅਜਿਹਾ ਦੁਬਾਰਾ ਹੁੰਦਾ ਹੈ ਤਾਂ ਇਹ ਨਾ ਸਿਰਫ਼ ਦੋਸ਼ੀਆਂ ਨੂੰ ਬਚਾਏਗਾ ਬਲਕਿ ਜਨਤਾ ਦੇ ਵਿਸ਼ਵਾਸ ਨੂੰ ਵੀ ਬੁਰੀ ਤਰ੍ਹਾਂ ਕਮਜ਼ੋਰ ਕਰੇਗਾ।

ਇਸ ਪੂਰੇ ਮੁੱਦੇ ਦਾ ਸਭ ਤੋਂ ਵੱਡਾ ਪ੍ਰਭਾਵ ਵਿਦਿਆਰਥੀਆਂ 'ਤੇ ਪੈ ਰਿਹਾ ਹੈ। ਹਜ਼ਾਰਾਂ ਯੂਨੀਵਰਸਿਟੀ ਵਿਦਿਆਰਥੀ ਆਪਣੇ ਭਵਿੱਖ ਬਾਰੇ ਚਿੰਤਤ ਹਨ। ਜਦੋਂ ਕਿਸੇ ਸੰਸਥਾ ਦੇ ਸਰੋਤਾਂ ਦੀ ਦੁਰਵਰਤੋਂ ਹੁੰਦੀ ਹੈ, ਤਾਂ ਇਹ ਸਿੱਧੇ ਤੌਰ 'ਤੇ ਸਿੱਖਿਆ ਦੀ ਗੁਣਵੱਤਾ 'ਤੇ ਪ੍ਰਭਾਵ ਪਾਉਂਦਾ ਹੈ। ਪ੍ਰਯੋਗਸ਼ਾਲਾਵਾਂ ਦੀ ਘਾਟ, ਯੋਗ ਫੈਕਲਟੀ ਦੀ ਅਣਉਪਲਬਧਤਾ ਅਤੇ ਨਾਕਾਫ਼ੀ ਬੁਨਿਆਦੀ ਢਾਂਚਾ ਵਿਦਿਆਰਥੀਆਂ ਦੇ ਅਕਾਦਮਿਕ ਵਿਕਾਸ ਵਿੱਚ ਰੁਕਾਵਟ ਪਾਉਂਦਾ ਹੈ। ਇਸ ਨਾਲ ਵਿਦਿਆਰਥੀਆਂ ਦੇ ਮਨੋਬਲ ਵਿੱਚ ਗਿਰਾਵਟ ਆਉਂਦੀ ਹੈ ਅਤੇ ਉਨ੍ਹਾਂ ਦੇ ਕਰੀਅਰ ਦੀਆਂ ਸੰਭਾਵਨਾਵਾਂ 'ਤੇ ਮਾੜਾ ਪ੍ਰਭਾਵ ਪੈਂਦਾ ਹੈ।

ਹਰਿਆਣਾ ਵਰਗੇ ਰਾਜ ਵਿੱਚ, ਜਿੱਥੇ ਬੇਰੁਜ਼ਗਾਰੀ ਪਹਿਲਾਂ ਹੀ ਇੱਕ ਵੱਡੀ ਸਮੱਸਿਆ ਹੈ, ਇਸ ਤਰ੍ਹਾਂ ਦੇ ਘੁਟਾਲੇ ਨੌਜਵਾਨਾਂ ਵਿੱਚ ਨਿਰਾਸ਼ਾ ਅਤੇ ਅਸੰਤੁਸ਼ਟੀ ਵਧਾਉਂਦੇ ਹਨ। ਇਹ ਸਮਾਜਿਕ ਅਸੰਤੁਲਨ ਵੱਲ ਵੀ ਲੈ ਜਾਂਦਾ ਹੈ ਜਦੋਂ ਉਹ ਮਹਿਸੂਸ ਕਰਦੇ ਹਨ ਕਿ ਸਖ਼ਤ ਮਿਹਨਤ ਅਤੇ ਯੋਗਤਾ ਦੇ ਬਾਵਜੂਦ ਮੌਕੇ ਨਿਰਪੱਖਤਾ ਨਾਲ ਨਹੀਂ ਮਿਲਦੇ।

ਇਸ ਸਥਿਤੀ ਨੂੰ ਹੱਲ ਕਰਨ ਲਈ, ਸਿਰਫ਼ ਜਾਂਚ ਅਤੇ ਸਜ਼ਾ ਕਾਫ਼ੀ ਨਹੀਂ ਹੈ; ਵਿਆਪਕ ਸੁਧਾਰਾਂ ਦੀ ਲੋੜ ਹੈ। ਪਹਿਲਾਂ, ਵਾਈਸ ਚਾਂਸਲਰ ਅਤੇ ਹੋਰ ਸੀਨੀਅਰ ਅਹੁਦਿਆਂ 'ਤੇ ਨਿਯੁਕਤੀਆਂ ਦੀ ਪ੍ਰਕਿਰਿਆ ਨੂੰ ਪੂਰੀ ਤਰ੍ਹਾਂ ਪਾਰਦਰਸ਼ੀ ਅਤੇ ਯੋਗਤਾ-ਅਧਾਰਤ ਬਣਾਇਆ ਜਾਣਾ ਚਾਹੀਦਾ ਹੈ। ਇਹ ਸੁਤੰਤਰ ਚੋਣ ਕਮੇਟੀਆਂ ਸਥਾਪਤ ਕਰਕੇ ਪ੍ਰਾਪਤ ਕੀਤਾ ਜਾ ਸਕਦਾ ਹੈ ਜੋ ਰਾਜਨੀਤਿਕ ਪ੍ਰਭਾਵ ਤੋਂ ਮੁਕਤ ਫੈਸਲੇ ਲੈਂਦੀਆਂ ਹਨ।

ਦੂਜਾ, ਯੂਨੀਵਰਸਿਟੀ ਦੇ ਵਿੱਤੀ ਲੈਣ-ਦੇਣ ਦਾ ਨਿਯਮਤ ਅਤੇ ਸੁਤੰਤਰ ਆਡਿਟ ਲਾਜ਼ਮੀ ਕੀਤਾ ਜਾਣਾ ਚਾਹੀਦਾ ਹੈ। ਇਹ ਸਮੇਂ ਸਿਰ ਫੰਡਾਂ ਦੀ ਦੁਰਵਰਤੋਂ ਨੂੰ ਰੋਕੇਗਾ। ਤੀਜਾ, ਭਰਤੀ ਪ੍ਰਕਿਰਿਆਵਾਂ ਨੂੰ ਪੂਰੀ ਤਰ੍ਹਾਂ ਡਿਜੀਟਲ ਅਤੇ ਪਾਰਦਰਸ਼ੀ ਬਣਾਇਆ ਜਾਣਾ ਚਾਹੀਦਾ ਹੈ, ਜਿਸ ਨਾਲ ਕਿਸੇ ਵੀ ਬੇਨਿਯਮੀਆਂ ਦੀ ਸੰਭਾਵਨਾ ਘੱਟ ਤੋਂ ਘੱਟ ਹੋਵੇ।

ਇਸ ਤੋਂ ਇਲਾਵਾ, ਵਿਦਿਆਰਥੀਆਂ ਅਤੇ ਫੈਕਲਟੀ ਨੂੰ ਸੰਸਥਾ ਦੇ ਸ਼ਾਸਨ ਵਿੱਚ ਵਧੇਰੇ ਸ਼ਮੂਲੀਅਤ ਦਿੱਤੀ ਜਾਣੀ ਚਾਹੀਦੀ ਹੈ, ਜਿਸ ਨਾਲ ਉਹ ਕਿਸੇ ਵੀ ਬੇਨਿਯਮੀਆਂ ਵਿਰੁੱਧ ਬੋਲਣ ਦੇ ਯੋਗ ਹੋ ਸਕਣ। ਸੂਚਨਾ ਦਾ ਅਧਿਕਾਰ (ਆਰ.ਟੀ.ਆਈ.) ਅਤੇ ਮੀਡੀਆ ਦੀ ਸਰਗਰਮ ਭੂਮਿਕਾ ਵੀ ਇਸ ਦਿਸ਼ਾ ਵਿੱਚ ਮਹੱਤਵਪੂਰਨ ਹੋ ਸਕਦੀ ਹੈ।

ਅੰਤ ਵਿੱਚ, ਇਹ ਮਾਮਲਾ ਹਰਿਆਣਾ ਤੱਕ ਸੀਮਿਤ ਨਹੀਂ ਹੈ, ਸਗੋਂ ਪੂਰੇ ਦੇਸ਼ ਲਈ ਇੱਕ ਚੇਤਾਵਨੀ ਵਜੋਂ ਕੰਮ ਕਰਦਾ ਹੈ। ਜੇਕਰ ਸਿੱਖਿਆ ਵਰਗੇ ਮਹੱਤਵਪੂਰਨ ਖੇਤਰ ਵਿੱਚ ਭ੍ਰਿਸ਼ਟਾਚਾਰ ਨੂੰ ਕੰਟਰੋਲ ਨਹੀਂ ਕੀਤਾ ਗਿਆ ਤਾਂ ਇਹ ਦੇਸ਼ ਦੇ ਵਿਕਾਸ ਨੂੰ ਪ੍ਰਭਾਵਤ ਕਰੇਗਾ। ਯੂਨੀਵਰਸਿਟੀਆਂ ਸਿਰਫ਼ ਡਿਗਰੀਆਂ ਪ੍ਰਦਾਨ ਕਰਨ ਦੇ ਕੇਂਦਰ ਨਹੀਂ ਹਨ; ਉਹ ਸਮਾਜ ਦੇ ਬੌਧਿਕ ਅਤੇ ਨੈਤਿਕ ਵਿਕਾਸ ਦੀ ਨੀਂਹ ਹਨ। ਇਸ ਲਈ, ਇਹ ਜ਼ਰੂਰੀ ਹੈ ਕਿ ਸਰਕਾਰ, ਨਿਆਂਪਾਲਿਕਾ ਅਤੇ ਸਮਾਜ ਇਸ ਸਮੱਸਿਆ ਦੇ ਹੱਲ ਲਈ ਮਿਲ ਕੇ ਕੰਮ ਕਰਨ। ਦੋਸ਼ੀਆਂ ਨੂੰ ਸਖ਼ਤ ਸਜ਼ਾ ਦਿੱਤੀ ਜਾਣੀ ਚਾਹੀਦੀ ਹੈ ਅਤੇ ਇੱਕ ਅਜਿਹਾ ਸਿਸਟਮ ਵਿਕਸਤ ਕੀਤਾ ਜਾਣਾ ਚਾਹੀਦਾ ਹੈ ਜੋ ਪਾਰਦਰਸ਼ਤਾ, ਜਵਾਬਦੇਹੀ ਅਤੇ ਇਮਾਨਦਾਰੀ ਨੂੰ ਤਰਜੀਹ ਦੇਵੇ। ਕੇਵਲ ਤਦ ਹੀ ਅਸੀਂ ਇੱਕ ਮਜ਼ਬੂਤ ਅਤੇ ਵਿਕਸਤ ਰਾਸ਼ਟਰ ਬਣਾ ਸਕਦੇ ਹਾਂ, ਜਿੱਥੇ ਸਾਡੇ ਨੌਜਵਾਨਾਂ ਦਾ ਭਵਿੱਖ ਸੁਰੱਖਿਅਤ ਅਤੇ ਉੱਜਵਲ ਹੋਵੇ।

# ਬੌਖਲਾਹਟ ਨਾਲ ਟਰੰਪ ਦੀ ਫ਼ਿਸਲਦੀ ਜ਼ੁਬਾਨ ਅਤੇ ਐਪਸਟੀਨ ਫ਼ਾਈਲਜ਼ ਦਾ ਤੂਫ਼ਾਨ

ਡਾ. ਰਜਿੰਦਰ ਕੌਰ
9814336134

ਅਮਰੀਕੀ ਅਖਬਾਰ ਯੂ.ਐਸ.ਪੋਲੀਟਿਕਸ ਨਿਊਜ਼ ਲੈਟਰ ਵਿੱਚ ਛਪਿਆ ਸੀ ਕਿ- ÷ਡੋਨਲਡ ਟਰੰਪ ਦੀ ਆਦਤ ਹੈ ਕਿ ਉਹ ਬਿਨਾਂ ਸੋਚੇ ਸਮਝੇ ਤੁਰੰਤ ਬੋਲ ਪੈਂਦੇ ਹਨ।÷ ਇਹੀ ਕਾਰਨ ਹੈ ਕਿ ਉਹ ਅਮਰੀਕਾ-ਇਜਰਾਇਲ ਵੱਲੋਂ ਈਰਾਨ ਖਿਲਾਫ ਵਿੱਢੀ ਗਈ ਜੰਗ ਦੀ ਸਥਿਤੀ ਨੂੰ ਕਾਬੂ ਕਰਨ ਵਿੱਚ ਮੁਸ਼ਕਲ ਮਹਿਸੂਸ ਕਰ ਰਹੇ ਹਨ। ਹਾਲਾਂਕਿ ਫੌਜੀ ਪੱਧਰ ਤੇ ਕਈ ਤਕਨੀਕੀ ਸਫਲਤਾਵਾਂ ਮਿਲੀਆਂ ਵੀ ਹਨ। ਜਦੋਂ ਇਜਰਾਇਲ ਨੇ ਇਰਾਨ ਦੇ ਸਾਊਥ ਪਾਰਸ ਗੈਸ ਫੀਲਡ ਤੇ ਹਮਲਾ ਕੀਤਾ ਤਾਂ ਇਜਰਾਇਲ ਦੀ ਇਸ ਹਰਕਤ ਨੇ ਜੰਗ ਨੂੰ ਪ੍ਰਚੰਡ ਰੂਪ ਦੇ ਦਿੱਤਾ। ਇਸ ਹਮਲੇ ਦੇ ਜਵਾਬ ਵਿੱਚ ਇਰਾਨ ਨੇ ਕਤਰ ਅਤੇ ਮੱਧ ਪੂਰਬ ਦੇ ਹੋਰ ਹਿੱਸਿਆਂ ਵਿੱਚ ਊਰਜਾ ਸਬੰਧੀ ਢਾਂਚਿਆਂ ਤੇ ਹਵਾਈ ਹਮਲੇ ਕੀਤੇ ਜਿਸ ਨਾਲ ਦੁਨੀਆਂ ਭਰ ਵਿੱਚ ਊਰਜਾ ਦੀਆਂ ਕੀਮਤਾਂ ਦੇ ਤੇਜ਼ੀ ਨਾਲ ਵਧਣ ਦਾ ਡਰ ਹੋਰ ਵੀ ਵਧ ਗਿਆ। ਜਦੋਂ ਇਸ ਹਮਲੇ ਬਾਰੇ ਰਿਪੋਰਟਰਾਂ ਵੱਲੋਂ ਟਰੰਪ ਨੂੰ ਸਵਾਲ ਕੀਤੇ ਤਾਂ ਉਸਨੇ ਕਿਹਾ ਕਿ ਉਹਨਾਂ ਨੂੰ ਇਜਰਾਇਲ ਵੱਲੋਂ ਇਰਾਨ ਦੇ @ਸਾਊਥ ਪਾਰਸ ਗੈਸ ਫੀਲਡ@ ਤੇ ਕੀਤੇ ਗਏ ਹਮਲੇ ਬਾਰੇ ਪਹਿਲਾਂ ਤੋਂ ਕੁਝ ਵੀ ਪਤਾ ਨਹੀਂ ਸੀ।

ਪਰ ਇਜਰਾਇਲੀ ਅਧਿਕਾਰੀਆਂ ਨੇ ਸੰਸਾਰ ਦੀ ਸਭ ਤੋਂ ਵੱਡੀ ਤੇ ਸਤਿਕਾਰਤ ਨਿਊਜ਼ ਏਜੰਸੀ ਰਿਊਟਰਸ ਨੂੰ ਦੱਸਿਆ ਕਿ ਇਹ ਹਮਲਾ ਅਮਰੀਕਾ ਨਾਲ ਪੂਰਨ ਤਾਲਮੇਲ ਕਰਕੇ ਕੀਤਾ ਗਿਆ। ਰਿਊਟਰਸ ਅਨੁਸਾਰ ਜਨਤਕ ਸ਼ਖਸ਼ੀਅਤ ਵਜੋਂ ਰਾਸ਼ਟਰਪਤੀ ਡੋਨਲਡ ਟਰੰਪ ਦੀ ਖਾਸੀਅਤ ਰਹੀ ਹੈ ਕਿ ਉਹ ਧਿਆਨ ਨੂੰ ਦੂਜੇ ਪਾਸੇ ਮੋੜ ਸਕਦੇ ਹਨ, ਸਵਾਲਾਂ ਤੋਂ ਬਚ ਸਕਦੇ ਹਨ ਤੇ ਇਨਕਾਰ ਕਰ ਸਕਦੇ ਹਨ। ਪਰ ਰਿਪਬਲੀਕਨ ਨੇਤਾ ਡੋਨਲਡ ਟਰੰਪ ਦਾ ਮੁਸ਼ਕਲ ਰਾਜਨੀਤਿਕ ਮਸਲਿਆਂ ਤੋਂ ਧਿਆਨ ਹਟਾਉਣ ਦਾ ਪੁਰਾਣਾ ਤਰੀਕਾ ਹੁਣ ਆਮ ਲੋਕਾਂ ਨੂੰ ਹਜਮ ਨਹੀਂ ਹੁੰਦਾ ਕਿਉਂਕਿ ਵਾਈਟ ਹਾਊਸ ਨੂੰ ਉਸਦੇ ਆਪਣੇ ਵਫਾਦਾਰ ਸਮਰਥਕਾਂ ਵੱਲੋਂ ਹੀ ਲਗਾਤਾਰ ਨਰਾਜ਼ਗੀ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਹੁਣ ਤਾਂ ਉਸ ਦੇ ਵਫਾਦਾਰ ਸਮਰਥਕਾਂ ਵੱਲੋਂ ਵੀ ਉਸਦੇ ਜੈਫਰੀ ਐਪਸਟੀਨ ਨਾਲ ਸੰਬੰਧਿਤ ਮਾਮਲੇ ਬਾਰੇ ਸਪਸ਼ਟੀਕਰਨ ਮੰਗਿਆ ਜਾ ਰਿਹਾ ਹੈ। ਰਿਊਟਰਸ ਦੀ ਇਰਾਨ ਬ੍ਰੀਫਿੰਗ ਅਨੁਸਾਰ ਜਦੋਂ ਵੀ ਕਿਸੇ ਰਿਪੋਰਟਰ ਵੱਲੋਂ ਟਰੰਪ ਤੋਂ ਐਪਸਟੀਨ ਫਾਈਲ ਬਾਰੇ ਸਵਾਲ ਪੁੱਛਣ ਦੀ ਕੋਸ਼ਿਸ਼ ਕੀਤੀ ਤਾਂ ਟਰੰਪ ਨੇ ਰਿਪੋਰਟਰਾਂ ਨੂੰ ਡਾਂਟਿਆ ਅਤੇ ਖੁਦ ਨੂੰ ਅਨਜਾਣ ਦੱਸਣ ਦਾ ਦਾਅਵਾ ਕੀਤਾ ਅਤੇ ਧਿਆਨ ਭਟਕਾਉਣ ਦੀ ਕੋਸ਼ਿਸ਼ ਕੀਤੀ।

ਰਿਪਬਲਿਕਨ ਰਣਨੀਤੀਕਾਰ ਐਰਨ ਮੈਗੋਇਰ ਅਨੁਸਾਰ ਇੱਕ ਰਾਸ਼ਟਰਪਤੀ ਅਤੇ ਪ੍ਰਸ਼ਾਸਨ ਲਈ ਕਿਸੇ ਵੀ ਸਥਿਤੀ ਨੂੰ ਕਾਬੂ ਕਰਨ ਵਿੱਚ ਮਹਾਰਤ ਅਤੇ ਸਮਰੱਥਾ ਹੁੰਦੀ ਹੈ ਪਰ ਡੋਨਲਡ ਟਰੰਪ ਲਈ ਅਮਰੀਕਾ- ਇਜਰਾਇਲ ਵੱਲੋਂ ਈਰਾਨ ਖਿਲਾਫ ਵਿੱਢੀ ਜੰਗ ਤੇ ਕਾਬੂ ਪਾਉਣਾ ਮੁਸ਼ਕਿਲ ਹੁੰਦਾ ਜਾ ਰਿਹਾ ਹੈ।

ਆਪਣੇ ਪਹਿਲੇ ਕਾਰਜ ਕਾਲ ਦੌਰਾਨ ਵੀ ਆਪਣੇ ਰਾਜਨੀਤਿਕ ਵਿਰੋਧੀਆਂ ਕਰਕੇ ਟਰੰਪ ਨੂੰ ਦੋ ਵਾਰ ਮਹਾਂਅਭਿਯੋਗ ( Impeachment) ਅਤੇ ਰੂਸ ਨਾਲ ਚੋਣ ਮੁਹਿੰਮ ਦੇ ਸੰਭਾਵਿਤ ਸਾਥ ਬਾਰੇ ਦੋਸ਼ਾਂ ਦਾ ਸਾਹਮਣਾ ਕਰਨਾ ਪਿਆ। ਪਰ ਇਸ ਵਾਰ ਤਾਂ ਉਸ ਦੇ ਆਪਣੇ ਸਮਰੱਥਕ ਹੀ ਉਸ ਤੋਂ ਪਾਰਦਰਸ਼ਤਾ ਦੀ ਮੰਗ ਕਰ ਰਹੇ ਹਨ। ਨਿਊਜ਼ ਅਦਾਰਿਆਂ ਮੁਤਾਬਕ ਟਰੰਪ ਨੇ ਹਮੇਸ਼ਾਂ ਸਾਜਸ਼ੀ ਸਿਧਾਂਤਾਂ ਨੂੰ ਉਤਸਾਹਿਤ ਕੀਤਾ। ਟਰੰਪ ਨੇ ਸਾਜਸ਼ੀ ਢੰਗ ਨਾਲ ਇਹ ਵੀ ਸਾਬਿਤ ਕਰਨ ਦੀ ਕੋਸ਼ਿਸ਼ ਕੀਤੀ ਸੀ ਕਿ ਸਾਬਕਾ ਰਾਸ਼ਟਰਪਤੀ ਬਰਾਕ ਓਬਾਮਾ ਦਾ ਜਨਮ ਅਮਰੀਕਾ ਵਿੱਚ ਨਹੀਂ ਹੋਇਆ ਸੀ। ਟਰੰਪ ਦੇ ਸੱਜੇ ਪੱਖੀ ਸਮਰਥਕ ਮੰਨਦੇ ਹਨ ਕਿ ਟਰੰਪ ਸਰਕਾਰ ਐਪਸਟੀਨ ਦੇ ਅਮੀਰ ਅਤੇ ਪ੍ਰਭਾਵਸ਼ਾਲੀ ਲੋਕਾਂ ਨਾਲ ਸੰਬੰਧਾਂ ਨੂੰ ਛੁਪਾ ਰਹੀ ਹੈ।

ਹਾਲਾਂਕਿ ਵਾਈਟ ਹਾਊਸ ਨੇ ਟਰੰਪ ਦੇ ਐਪਸਟੀਨ ਨਾਲ ਸੰਬੰਧਾਂ ਬਾਰੇ ਰਿਪੋਰਟਿੰਗ ਨੂੰ ਜਾਹਲੀ ਖਬਰ (ਫੇਕ ਨਿਊਜ਼) ਕਿਹਾ ਹੈ। ਪਰ ਨਾਲ ਹੀ ਵਾਈਟ ਹਾਊਸ ਨੇ ਇਹ ਮੰਨਿਆ ਹੈ ਕਿ ਐਪਸਟੀਨ ਮਾਮਲੇ ਨਾਲ ਸੰਬੰਧਿਤ ਕੁਝ ਦਸਤਾਵੇਜਾਂ ਵਿੱਚ ਡੋਨਲਡ ਟਰੰਪ ਦਾ ਨਾਮ ਦਰਜ ਹੈ। ਵਾਈਟ ਹਾਊਸ ਅਨੁਸਾਰ ਟਰੰਪ ਅਤੇ ਜੈਫਰੀ ਐਪਸਟੀਨ ਕਈ ਸਾਲਾਂ ਤੱਕ ਦੋਸਤ ਰਹੇ ਸਨ ਪਰ ਬਾਅਦ ਵਿੱਚ ਉਹਨਾਂ ਦੇ ਰਿਸ਼ਤੇ ਟੁੱਟ ਗਏ।

ਐਪਸਟੀਨ ਫਾਈਲ ਦੇ ਮਾਮਲੇ ਨੇ ਏਨਾ ਤੂਲ ਪਕੜ ਲਿਆ ਕਿ ਟਰੰਪ ਨੇ ਸਕਾਟਲੈਂਡ ਦੌਰੇ ਤੇ ਜਾਣ ਤੋਂ ਪਹਿਲਾਂ ਲੋਕਾਂ ਤੇ ਪੱਤਰਕਾਰਾਂ ਨੂੰ ਆਪਣਾ ਧਿਆਨ ਹੋਰ ਮਸਲਿਆਂ ਤੇ ਕੇਂਦਰਿਤ ਕਰਨ ਲਈ ਨਸੀਹਤ ਦਿੰਦਿਆਂ ਕਿਹਾ ਕਿ - ÷ ਲੋਕਾਂ ਨੂੰ ਇਸ ਗੱਲ ਤੇ ਧਿਆਨ ਦੇਣਾ ਚਾਹੀਦਾ ਹੈ ਕਿ ਦੇਸ਼ ਕਿੰਨਾ ਚੰਗਾ ਕਰ ਰਿਹਾ ਹੈ... ਉਹ ਹੋਰ ਲੋਕਾਂ ਬਾਰੇ ਗੱਲ ਕਿਉਂ ਨਹੀਂ ਕਰਦੇ...ਬਲਕਿ ਸਿਰਫ ਮੇਰੇ ਬਾਰੇ ਹੀ ਗੱਲ ਕਰਦੇ ਹਨ। ਮੇਰਾ ਉਸ ਵਿਅਕਤੀ ( ਜੈਫਰੀ ਐਪਸਟੀਨ) ਨਾਲ ਕੋਈ ਸਬੰਧ ਨਹੀਂ ਹੈ÷। ਐਪਸਟੀਨ ਨਾਲ ਸੰਬੰਧਾਂ ਨੂੰ ਲੈ ਕੇ ਇਲੀਨੋਇਸ ਦੇ ਗਵਰਨਰ ਜੇ.ਬੀ. ਪ੍ਰਿਟਜਕਰ ਨੇ ਤਾਂ ਇੱਥੋਂ ਤੱਕ ਕਹਿ ਦਿੱਤਾ ਕਿ, ਉਸ ਦਾ ਵੱਡਾ ਡਰ ਇਹ ਹੈ ਕਿ ਇਸ ਜਾਣਕਾਰੀ ਦੇ ਨਸ਼ਰ ਹੋਣ ਨਾਲ ਟਰੰਪ ਲੋਕਾਂ ਦਾ ਧਿਆਨ ਹਟਾਉਣ ਲਈ ਆਪਣੀ ਪੂਰੀ ਤਾਕਤ ਲਗਾ ਸਕਦੇ ਹਨ। ਉਸ ਨੇ ਕਿਹਾ ਕਿ ਮੇਰਾ ਮਤਲਬ ਹੈ ਕਿ ਉਹ ਐਪਸਟੀਨ ਫਾਈਲਜ਼ ਦੀਆਂ ਖਬਰਾਂ ਤੋਂ ਧਿਆਨ ਹਟਾਉਣ ਤੇ ਭਟਕਾਉਣ ਵਾਸਤੇ ਸਾਨੂੰ ਵੈਨਜ਼ੁਏਲਾ ਨਾਲ ਜੰਗ ਵਿੱਚ ਵੀ ਲਿਜਾ ਸਕਦੇ ਹਨ÷ । ਜੇ.ਬੀ. ਪ੍ਰਿਟਜ਼ਕਰ ਅਨੁਸਾਰ ਸੱਤ ਡੈਮੋਕਰੇਟਿਕ ਸੈਨੇਟਰਾਂ ਅਤੇ ਇੱਕ ਸੁਤੰਤਰ ਮੈਂਬਰ ਵੱਲੋਂ ਸਰਕਾਰ ਦੀ ਬੰਦਿਸ਼ ਖਤਮ ਕਰਨ ਲਈ ਹੋਈ ਸੈਨਟ ਵੋਟ ਵਿੱਚ ਰਿਪਬਲਿਕਨਾਂ ਦਾ ਸਾਥ ਦੇਣਾ ÷ਇੱਕ ਬਹੁਤ ਵੱਡੀ ਗਲਤੀ÷ ਸੀ ਜਿਸ ਨਾਲ ਟਰੰਪ ਨੂੰ ਖੂਬ ਫਾਇਦਾ ਮਿਲਿਆ। ਧਿਆਨ ਭਟਕਾਉਣ ਵਾਲੀ ਜੰਗ ਦੇ ਸਿਧਾਂਤ ਅਨੁਸਾਰ ਰਾਜਨੀਤਿਕ ਵਿਸ਼ਲੇਸ਼ਕ ਇਹ ਮੰਨਦੇ ਹਨ ਕਿ ਜਦੋਂ ਕਿਸੇ ਦੇਸ਼ ਦੇ ਨੇਤਾ ਨੂੰ ਆਪਣੇ ਦੇਸ਼ ਅੰਦਰ ਆਪਣੇ ਖਿਲਾਫ ਪ੍ਰਦਰਸ਼ਨ, ਘਪਲੇ ਜਾਂ ਵਿਵਾਦਾਂ ਆਦਿ ਕਾਰਨ ਆਪਣੀ ਲੋਕਪ੍ਰਿਯਤਾ ਘਟਣ ਦਾ ਡਰ ਪੈਦਾ ਹੋ ਜਾਵੇ ਤਾਂ ਉਹ ਕਈ ਵਾਰ ਬਾਹਰੀ ਦੇਸ਼ ਨਾਲ ਟਕਰਾ ਜਾ ਜੰਗ ਸ਼ੁਰੂ ਕਰ ਸਕਦਾ ਹੈ। ਇਹ ਥਿਊਰੀ ਟਰੰਪ ਖਿਲਾਫ ਅਮਰੀਕਾ ਅੰਦਰਲੀ ਵਿਰੋਧੀ ਰਾਜਨੀਤਿਕ ਧਿਰ ਵੱਲੋਂ ਚਰਚਾ ਵਿੱਚ ਲਿਆਂਦੀ ਗਈ।

ਮੌਜੂਦਾ ਸਮੇਂ ਵਿੱਚ ਵੀ ਟਰੰਪ ਨੇ ਆਪਣੀ ਹੈਂਕੜ ਜਮਾਉਣ ਲਈ ਵੱਖ ਵੱਖ ਦੇਸ਼ਾਂ ਤੇ ਕਦੇ ਟੈਰਿਫ ਵਧਾਏ ਤੇ ਕਦੇ ਘਟਾਏ। ਟਰੰਪ ਦੀ ਫਿਸਲਦੀ ਜੁਬਾਨ, ਉਸਦੀ ਫੋਕੀ ਹੈਂਕੜ ਤੇ ਉਸਦੀਆਂ ਆਪ ਹੁਦਰੀਆਂ ਨੇ ਵਿਸ਼ਵ ਪੱਧਰੀ ਦ੍ਰਿਸ਼ਟੀਕੋਣ ਵਿੱਚ ਅਮਰੀਕਾ ਦੇ ਵਜੂਦ ਨੂੰ ਨੀਵਾਂ ਕੀਤਾ ਹੈ। ਈਰਾਨ ਨਾਲ ਚੱਲ ਰਹੀ ਜੰਗ ਦੌਰਾਨ ਕਦੇ ਈਰਾਨ ਨੂੰ ਸਰੰਡਰ ਕਰਨ ਦੀ ਧਮਕੀ ਤੇ ਕਦੇ ਸਮਝੌਤੇ ਦੀ ਪੇਸ਼ਕਸ਼ । ਆਪਣੀ ਚੌਧਰ ਦੀ ਫੂਕ ਨਿਕਲਦਿਆਂ ਦੇਖ ਕੇ ਉਸਨੂੰ ਰੂਸ ਦੇ ਰਾਸ਼ਟਰਪਤੀ ਵਲਾਦੀਮੀਰ ਪੂਤਿਨ ਨਾਲ ਗੱਲਬਾਤ ਕਰਨੀ ਪਈ। ਨਾਟੋ ਦੇਸ਼ਾਂ ਤੋਂ ਸਹਿਯੋਗ ਮੰਗਣਾ ਪਿਆ। ਪਰ ਕਿਸੇ ਨੇ ਉਸ ਦਾ ਸਾਥ ਨਹੀਂ ਦਿੱਤਾ। ਅਜਿਹੇ ਵਿੱਚ ਇਜਰਾਇਲ-ਇਰਾਨ ਤੇ ਨਾਲ ਲਗਦੇ ਛੋਟੇ ਛੋਟੇ ਸੁਤੰਤਰ ਦੇਸ਼ਾਂ ਦੀ ਅਰਥ ਵਿਵਸਥਾ ਤੇ ਓਥੋਂ ਦੇ ਨਿਰਦੋਸ਼ ਲੋਕਾਂ ਦਾ ਜੋ ਘਾਣ ਹੋਇਆ ਉਹ ਕਿਸੇ ਤੋਂ ਲੁਕਿਆ ਨਹੀਂ ਤੇ ਆਉਣ ਵਾਲੇ ਸਮੇਂ ਵਿੱਚ ਇਸ ਦਾ ਪ੍ਰਭਾਵ ਸਮੁੱਚੇ ਸੰਸਾਰ ਅੰਦਰ ਸੰਕਟ ਬਣ ਕੇ ਮੰਡਰਾ ਰਿਹਾ ਹੈ। ਇਤਿਹਾਸ ਗਵਾਹ ਹੈ ਕਿ ਜਦ ਵੀ ਜੰਗ ਹੋਇਆ, ਤਾਂ ਜ਼ਰ, ਜੋਰੂ ਅਤੇ ਜਮੀਨ ਦੀ ਖਾਤਰ ਹੋਇਆ। ਇਤਿਹਾਸ ਆਪਣੇ ਪੰਨੇ ਦੁਹਰਾ ਰਿਹਾ ਹੈ ਤੇ ਹੰਕਾਰੀ ਸ਼ਕਤੀਆਂ ਕਰਕੇ ਸੰਸਾਰ ਆਪਣੇ ਪਤਨ ਵੱਲ ਜਾ ਰਿਹਾ ਹੈ।

GRIHUM HOUSING FINANCE Apna Ghar, Apni Pehchan

ਗ੍ਰੀਹਮ ਹਾਊਸਿੰਗ ਫਾਇਨਾਂਸ ਲਿਮਟਿਡ
ਰਜਿ. ਦਫਤਰ-6ਵੀਂ ਮੰਜ਼ਿਲ, ਬੀ-ਬਿਲਡਿੰਗ, ਗੰਗਾ ਟਰੂਨੋ ਬਿਜ਼ਨਸ ਪਾਰਕ, ਲੋਹੇਗਾਉਂ, ਪੂਣੇ-411014

ਅੰਤਿਕਾ 4 (ਵੇਖੋ ਨਿਯਮ 8 (1))
ਕਬਜ਼ਾ ਸੂਚਨਾ
(ਅਚੱਲ ਸੰਪੱਤੀ ਲਈ)

ਜਿਥੇ ਕਿ, ਨਿਮਨ ਹਸਤਾਖ਼ਰੀ ਨੇ **ਗ੍ਰੀਹਮ ਹਾਊਸਿੰਗ ਫਾਇਨਾਂਸ ਲਿਮਟਿਡ** ਦੇ ਅਧਿਕਾਰਤ ਅਧਿਕਾਰੀ ਵਜੋਂ ਵਿੱਤੀ ਸੰਪੱਤੀਆਂ ਦੇ ਸੁਰੱਖਿਅਣ ਅਤੇ ਪੁਨਰ ਉਸਾਰੀ ਅਤੇ ਸੁਰੱਖਿਆ ਵਿਆਜ ਦਾ ਲਾਗੂਕਰਣ ਕਾਨੂੰਨ, 2002 ਦੇ ਅਧੀਨ ਅਤੇ ਸੁਰੱਖਿਆ ਵਿਆਜ (ਲਾਗੂਕਰਨ) ਨਿਯਮਾਂਵਲੀ, 2002 ਦੇ ਨਿਯਮ 3 ਨਾਲ ਪੜ੍ਹੀ ਜਾਣ ਵਾਲੀ ਧਾਰਾ 13 (12) ਅਧੀਨ ਪ੍ਰਦੱਤ ਸ਼ਕਤੀਆਂ ਦੀ ਵਰਤੋਂ ਕਰਦੇ ਹੋਏ ਦਰਸਾਈ ਸੂਚਨਾ ਦੀ ਮਿਤੀ ਤੋਂ 60 ਦਿਨਾਂ ਦੇ ਅੰਦਰ ਸਬੰਧਤ ਮੰਗ ਸੂਚਨਾ ਵਿਚ ਦਰਸਾਈ ਰਕਮ (†) ਨੂੰ ਅਦਾ ਕਰਨ ਲਈ ਉਨ੍ਹਾਂ ਨੂੰ ਸੱਦਾ ਦਿੰਦੇ ਹੋਏ ਨਿਮਨ ਦਰਸਾਈ ਮਿਤੀ ਨੂੰ ਕਰਜ਼ਦਾਰਾਂ ਨੂੰ ਮੰਗ ਸੂਚਨਾ ਜਾਰੀ ਕੀਤੀ ਸੀ।
ਜਿਵੇਂ ਕਿ ਕਰਜ਼ਦਾਰ ਰਕਮ ਦਾ ਭੁਗਤਾਨ ਕਰਨ ਵਿਚ ਨਾਕਾਮ ਰਹੇ ਹਨ, ਇੱਥੇ ਸੰਪੱਤੀ ਦੇ ਮਾਲਕ ਨੂੰ, ਕਰਜ਼ਦਾਰਾਂ ਨੂੰ ਅਤੇ ਆਮ ਜਨਤਾ ਨੂੰ ਸੂਚਨਾ ਦਿੱਤੀ ਜਾਂਦੀ ਹੈ ਕਿ ਨਿਮਨ ਹਸਤਾਖ਼ਰੀ ਨੇ ਨਿਮਨ ਦਰਸਾਈ ਮਿਤੀ ਨੂੰ ਦਰਸਾਈ ਨਿਯਮਾਂਵਲੀ ਦੇ ਨਿਯਮ 8 ਨਾਲ ਪੜ੍ਹੇ ਜਾਣ ਵਾਲੇ ਦਰਸਾਏ ਕਾਨੂੰਨ ਦੀ **ਧਾਰਾ** 13 (4) ਦੇ ਅਧੀਨ ਉਨ੍ਹਾਂ ਨੂੰ ਪ੍ਰਦੱਤ ਸ਼ਕਤੀਆਂ ਦੀ ਵਰਤੋਂ ਕਰਦੇ ਹੋਏ ਨਿਮਨ ਦਰਸਾਈ ਸੰਪੱਤੀ ਦਾ **ਕਬਜ਼ਾ ਮਿਤੀ 31 ਮਾਰਚ 2026 ਨੂੰ** ਲੈ ਲਿਆ ਹੈ।
ਕਰਜ਼ਦਾਰਾਂ ਨੂੰ ਵਿਸ਼ੇਸ਼ ਕਰਕੇ ਅਤੇ ਜਨਤਾ ਨੂੰ ਆਮ ਕਰਕੇ ਇਥੇ ਚੇਤਾਵਨੀ ਦਿੱਤੀ ਜਾਂਦੀ ਹੈ ਕਿ ਸੰਪੱਤੀ ਦੀ ਸੌਦੇਬਾਜ਼ੀ ਨਾ ਕੀਤੀ ਜਾਵੇ ਅਤੇ ਸੰਪੱਤੀ ਦੀ ਕੋਈ ਵੀ ਸੌਦੇਬਾਜ਼ੀ ਰਕਮ ਅਤੇ ਵਿਆਜ ਲਈ ਸੁਰੱਖਿਅਤ ਕਰਜ਼ਦਾਤਾ ਦੇ ਚਾਰਜ ਨਾਲ ਸਬੰਧਤ ਹੋਵੇਗੀ।
ਕਰਜ਼ਦਾਰ ਦਾ ਧਿਆਨ ਸੁਰੱਖਿਅਤ ਸੰਪੱਤੀਆਂ ਦੀ ਪੁਨਰ ਪ੍ਰਾਪਤੀ ਲਈ ਉਪਲਬਧ ਸਮੇਂ ਦੇ ਸਬੰਧ ਵਿੱਚ ਕਾਨੂੰਨ ਦੀ ਧਾਰਾ 13 ਦੀ ਉਪ-ਧਾਰਾ (8) ਦੀਆਂ ਵਿਵਸਥਾਵਾਂ ਵੱਲ ਦੁਆਇਆ ਜਾਂਦਾ ਹੈ। ਕਬਜ਼ੇ ਵਿਚ ਲਈ ਗਈ ਸੰਪੱਤੀ ਦਾ ਵੇਰਵਾ ਨਿਮਨ ਅਨੁਸਾਰ ਹੈ।

| ਲ. ਨੰ. | ਕਰਜ਼ਦਾਰਾਂ ਦੇ ਨਾਮ | ਸੰਪੱਤੀ ਦਾ ਵੇਰਵਾ | ਕਬਜ਼ੇ ਲੈਣ ਦੀ ਮਿਤੀ | ਵਿਧਾਨਿਕ ਮੰਗ ਸੂਚਨਾ ਦੀ ਮਿਤੀ | ਮੰਗ ਸੂਚਨਾ ਵਿਚ ਰਕਮ (ਰੁਪਏ) |
|---|---|---|---|---|---|
| 1. | ਕਿਰਨਦੀਪ ਸਿੰਘ, ਪ੍ਰਵੀਨ ਕੌਰ | ਇੱਕ ਕੋਠੀ ਦੇ ਸਾਰੇ ਭਾਗ ਅਤੇ ਹਿੱਸੇ ਕੁੱਲ 3 ਮਰਲੇ 9.5. 3/276 ਹਿੱਸਾ ਆਊਟ 13 ਕਨਾਲ 16 ਮਰਲੇ, ਖਤੌਣੀ ਨੰ: 423/868, 422/867 ਖਸਰਾ ਨੰਬਰ 1367(8-0), 1371(5-16), 1275(0-9), 1278(8-0), 1281 ਪਿੰਡ ਡੋਲੋ ਨੰਗਲ ਤਹਿਸੀਲ ਬਾਬਾ ਬਕਾਲਾ, ਜ਼ਿਲ੍ਹਾ ਅੰਮ੍ਰਿਤਸਰ। ਹੱਦਬੰਦੀ ਦਾ ਜ਼ਿਕਰ ਨਹੀਂ ਕੀਤਾ ਗਿਆ। | 31-03-2026 | 11-11-2025 | LOAN NO.HL00213000000005000091 Rs.1916257/- (ਰੁਪਏ ਉਨੀ ਲੱਖ ਸੌਲਾਂ ਹਜ਼ਾਰ ਦੋ ਸੌ ਸਤਵੰਜਾ ਕੇਵਲ) ਪੂਰਤੀ ਹੋਣ ਤੱਕ 12.85% ਸਲਾਨਾ ਦੀ ਦਰ 'ਤੇ ਵਿਆਜ ਸਮੇਤ 11.11.2025 ਨੂੰ ਅਦਾਇਗੀਯੋਗ |

ਸਥਾਨ : ਅੰਮ੍ਰਿਤਸਰ, ਪੰਜਾਬ
ਮਿਤੀ : 06.04.2026
ਸਹੀ/- ਅਧਿਕਾਰਤ ਦਫਤਰ
ਗ੍ਰੀਹਮ ਹਾਊਸਿੰਗ ਫਾਇਨਾਂਸ ਲਿਮਟਿਡ

ਬੈਂਕ ਔਫ਼ ਬੜੌਦਾ Bank of Baroda

ਅਹਾਤੇ ਦੀ ਲੋੜ

ਬੈਂਕ ਆਫ਼ ਬੜੌਦਾ ਹੇਠ ਲਿਖੇ ਸਥਾਨ 'ਤੇ ਬ੍ਰਾਂਚ ਅਤੇ ਆਫ ਸਾਈਟ ਏਟੀਐਮ ਖੋਲ੍ਹਣ ਲਈ ਦੋ ਬੋਲੀ ਪ੍ਰਣਾਲੀ ਵਿੱਚ ਲੀਜ਼ ਦੇ ਆਧਾਰ 'ਤੇ, ਹੇਠ ਲਿਖੇ ਸਥਾਨ 'ਤੇ ਵਪਾਰਕ ਤੌਰ 'ਤੇ ਮਨਜ਼ੂਰਸ਼ੁਦਾ ਇਮਾਰਤਾਂ/ਬੁਨਿਆਦੀ ਢਾਂਚੇ ਦੇ ਮੁਕੰਮਲ/ਵਰਤੋਂ ਲਈ ਤਿਆਰ ਇਮਾਰਤਾਂ ਨੂੰ ਪ੍ਰਾਪਤ ਕਰਨ ਦਾ ਇਰਾਦਾ ਰੱਖਦਾ ਹੈ।
1. ਆਫਸਾਈਟ ਏਟੀਐਮ ਪ੍ਰੀਮਿਸ ਲਈ ਲੋੜਾਂ:

| ਕਾਰਪੇਟ ਏਰੀਆ | ਸਥਾਨ/ ਸ਼ਹਿਰ | ਪਸੰਦੀਦਾ ਸਥਾਨ | ਸਬਮਿਸ਼ਨ ਦੀ ਆਖਰੀ ਮਿਤੀ | ਲੋੜੀਂਦਾ |
|---|---|---|---|---|
| 70-100 (Sq.ft) | ਪਟਿਆਲਾ | ਤਰਜੀਹੀ ਤੌਰ 'ਤੇ ਗੁਰਦੁਆਰਾ ਸ਼੍ਰੀ ਦੁਖਨਿਵਾਰਨ ਸਾਹਿਬ ਤੋਂ ਓਵਰਹੈੱਡ ਪਾਣੀ ਦੀ ਟੈਂਕੀ ਦੇ ਸਾਹਮਣੇ, ਪਾਸੀ ਰੋਡ, ਪਟਿਆਲਾ, 147001 | 22.04.2026 till 15:00 Hr | * ਤਿੰਨ ਪੜਾਅ ਵਾਲਾ ਬਿਜਲੀ ਕੁਨੈਕਸ਼ਨ। * ਐਂਟੀਨਾ ਲਈ ਘੱਟੋ-ਘੱਟ 4 ਫੁੱਟ x 4 ਫੁੱਟ ਜਗ੍ਹਾ ਵਾਲੀ ਛੱਤ ਤੱਕ ਪਹੁੰਚ * ਸਾਫ ਦ੍ਰਿਸ਼ਟਤਾ ਨਾਲ 24x7 ਪਹੁੰਚ * ਛੱਤ ਤੱਕ ਪਹੁੰਚ ਸਮੇਤ ਤਰਜੀਹੀ ਤੌਰ 'ਤੇ ਜ਼ਮੀਨੀ ਤੱਲ ਉਤੇ। |
| 70-100 (Sq.ft) | ਦੁੱਗਰੀ, ਲੁਧਿਆਣਾ | ਅਰਬਨ ਅਸਟੇਟ, ਫੇਜ਼ 3, ਦੁੱਗਰੀ, ਤਰਜੀਹੀ ਤੌਰ 'ਤੇ ਫੇਜ਼ 3 ਮੇਨ ਰੋਡ 'ਤੇ, ਆਰਮੀ ਫਲੈਟਾਂ ਦੇ ਨੇੜੇ-141013 | 27.04.2026 till 15:00 Hr | |
| 70-100 (Sq.ft) | ਸੁੰਦਰ ਨਗਰ, ਲੁਧਿਆਣਾ | ਸੁੰਦਰ ਨਗਰ ਰੋਡ 'ਤੇ, ਤਰਜੀਹੀ ਤੌਰ 'ਤੇ ਮੌਜੂਦਾ ਬੀਓਬੀ ਆਫਸਾਈਟ ਏਟੀਐਮ ਦੇ ਨੇੜੇ। | 27.04.2026 till 15:00 Hr | |

2. ਸ਼ਾਖਾ ਅਹਾਤਿਆਂ ਲਈ ਲੋੜ :

| ਸ਼ਾਖਾ | ਕਾਰਪੇਟ ਏਰੀਆ ਅੰਦਾਜ਼ਨ | ਸਥਾਨ | ਜਮ੍ਹਾਂ ਕਰਨ ਦੀ ਨਿਰਧਾਰਤ ਮਿਤੀ |
|---|---|---|---|
| ਅਰਬਨ ਅਸਟੇਟ, ਫੇਜ਼ 2, ਪਟਿਆਲਾ | 1500-1800 Sqft | ਫੇਜ਼ 2, ਅਰਬਨ ਅਸਟੇਟ ਪਟਿਆਲਾ ਵਿਚ ਤਰਜੀਹੀ ਤੌਰ 'ਤੇ ਜ਼ਮੀਨੀ ਤਲ 'ਤੇ | 22.04.2026 ਨੂੰ 15.00 ਵਜੇ ਤੱਕ |

ਇੱਛੁਕ ਪੇਸ਼ਕਸ਼ਕਰਤਾ ਆਪਣੀਆਂ ਪੇਸ਼ਕਸ਼ਾਂ ਸੀਲਬੰਦ ਲਿਫਾਫੇ ਨੰਬਰ 1 (ਤਕਨੀਕੀ ਬੋਲੀ) ਅਤੇ ਸੀਲਬੰਦ ਲਿਫਾਫੇ ਨੰਬਰ 2 (ਵਿੱਤੀ ਬੋਲੀ) ਵਿੱਚ ਜਮ੍ਹਾਂ ਕਰਾਉਣਗੇ, ਜੋ ਕਿ ਇੱਕ ਹੋਰ ਸੀਲਬੰਦ ਲਿਫਾਫੇ ਵਿੱਚ ਇਕੱਠੇ ਹੋਣੇ ਚਾਹੀਦੇ ਹਨ ਜਿਸ 'ਤੇ "(ਸ਼ਹਿਰ/ਸਥਾਨ) .............. 'ਤੇ ਅਹਾਤਿਆਂ (ਸ਼ਾਖਾ/ਆਫਸਾਈਟ ਏਟੀਐਮ) ਲਈ ਪੇਸ਼ਕਸ਼" ਲਿਖਿਆ ਹੋਵੇ, ਜਿਸ 'ਤੇ ਬਿਨੈਕਾਰ ਦਾ ਨਾਮ, ਪਤਾ ਅਤੇ ਸੰਪਰਕ ਨੰਬਰ ਦਰਜ ਹੋਵੇ। ਸੀਲਬੰਦ ਕਵਰ ਸਹਾਇਕ ਜਨਰਲ ਮੈਨੇਜਰ, ਬੈਂਕ ਆਫ਼ ਬੜੌਦਾ, ਖੇਤਰੀ ਦਫ਼ਤਰ, ਤੀਜੀ ਮੰਜ਼ਿਲ, ਸੰਧੂ ਟਾਵਰ-II, ਗੁਰੂਦੇਵ ਨਗਰ, ਫਿਰੋਜ਼ਪੁਰ ਰੋਡ, ਲੁਧਿਆਣਾ- 141001 ਨੂੰ ਜਮ੍ਹਾਂ ਕਰਵਾਉਣ ਦੀ ਨਿਰਧਾਰਤ ਮਿਤੀ ਨੂੰ ਜਾਂ ਇਸ ਤੋਂ ਪਹਿਲਾਂ ਜਮ੍ਹਾਂ ਕਰਵਾਉਣਾ ਚਾਹੀਦਾ ਹੈ। ਤਕਨੀਕੀ ਬੋਲੀ ਉਸੇ ਦਿਨ 15:30 ਵਜੇ ਖੋਲ੍ਹੀ ਜਾਵੇਗੀ। ਪਬਲਿਕ ਸੈਕਟਰ ਯੂਨਿਟਾਂ/ਸਰਕਾਰੀ ਵਿਭਾਗਾਂ ਨਾਲ ਸਬੰਧਤ ਇਮਾਰਤਾਂ ਨੂੰ ਤਰਜੀਹ ਦਿੱਤੀ ਜਾਵੇਗੀ। ਸਾਰੇ ਵੇਰਵਿਆਂ ਲਈ, ਸਾਡੀ ਵੈੱਬਸਾਈਟ www.bankofbaroda.com/tenders.asp ਦੇ ਟੈਂਡਰ ਭਾਗ ਵਿੱਚ ਲੌਗਇਨ ਕਰੋ। ਬੈਂਕ ਬਿਨਾਂ ਕਿਸੇ ਜਾਣਕਾਰੀ ਦੇ ਕਿਸੇ ਵੀ ਬੋਲੀ ਨੂੰ ਰੱਦ ਕਰਨ ਦਾ ਅਧਿਕਾਰ ਰਾਖਵਾਂ ਰੱਖਦਾ ਹੈ।

ਸਹਾਇਕ ਜਨਰਲ ਮੈਨੇਜਰ

## ਜਥੇ. ਗਿਆਨੀ ਕੁਲਦੀਪ ਸਿੰਘ ਗੜਗੱਜ ਦੋ ਦਿਨਾਂ ਦੌਰੇ ਲਈ ਮਲੇਸ਼ੀਆ ਪਹੁੰਚੇ

ਅੰਮ੍ਰਿਤਸਰ, 5 ਅਪ੍ਰੈਲ (ਚ.ਨ.ਸ): ਅਕਾਲ ਤਖ਼ਤ ਦੇ ਕਾਰਜਕਾਰੀ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਅੱਜ ਤੋਂ ਦੋ ਦਿਨਾਂ ਦੌਰੇ ਲਈ ਮਲੇਸ਼ੀਆ ਪਹੁੰਚੇ ਹਨ, ਜਿਥੇ ਅੱਜ ਮਲੇਸ਼ੀਆ ਦੇ ਕੁਆਲਾਲੰਪੁਰ ਹਵਾਈ ਅੱਡੇ ਉਤੇ ਪੁੱਜਣ ਮੌਕੇ ਸਥਾਨਕ ਸਿੱਖ ਸੰਗਤ ਨੇ ਉਨ੍ਹਾਂ ਦਾ ਸਵਾਗਤ ਕੀਤਾ। ਇਸ ਦੌਰੇ ਮੌਕੇ ਜਥੇਦਾਰ ਗੜਗੱਜ ਸਿੱਖ ਨੌਜਵਾਨ ਸਭਾ ਮਲੇਸ਼ੀਆ ਤੇ ਤੱਤ ਖ਼ਾਲਸਾ ਦੀਵਾਨ ਸੇਲਾਨਗੋਰ ਵੱਲੋਂ ਸਾਂਝੇ ਤੌਰ ਉਤੇ ਖ਼ਾਲਸਾ ਸਾਜਨਾ ਦਿਵਸ ਵਿਸਾਖੀ ਨੂੰ ਸਮਰਪਿਤ ਕਰਵਾਏ ਜਾ ਰਹੇ ਗੁਰਮਤਿ ਸਮਾਗਮਾਂ ਵਿੱਚ ਸ਼ਮੂਲੀਅਤ ਕਰਨਗੇ। ਉਹ 4 ਤੇ 5 ਅਪ੍ਰੈਲ ਨੂੰ ਗੁਰਦੁਆਰਾ ਗੁਰੂ ਨਾਨਕ ਦਰਬਾਰ, ਤੱਤ ਖ਼ਾਲਸਾ ਦੀਵਾਨ ਸੇਲਾਨਗੋਰ ਵਿਖੇ ਦੋ ਦਿਨ ਗੁਰਮਤਿ ਸਮਾਗਮ ਵਿੱਚ ਸੰਧਿਆ ਵੇਲੇ ਸ਼ਮੂਲੀਅਤ ਉਪਰੰਤ 6 ਅਪ੍ਰੈਲ ਨੂੰ ਭਾਰਤ ਪਰਤਣਗੇ। ਇਸ ਮੌਕੇ ਬਲਦੇਵ ਸਿੰਘ ਭੋਲੇਕੇ, ਜਸਕਰਨ ਸਿੰਘ, ਮਲੇਸ਼ੀਆ ਦੀ ਸੰਗਤ ਵਿੱਚੋਂ ਅਵਤਾਰ ਸਿੰਘ ਸਾਬਕਾ ਪ੍ਰਧਾਨ ਗੁਰਦੁਆਰਾ ਸਾਹਿਬ ਪੇਤਾਲਿੰਗ ਜਯਾ, ਪਰਮਜੀਤ ਸਿੰਘ ਜਥੇਦਾਰ ਸਿੱਖ ਨੌਜਵਾਨ ਸਭਾ ਮਲੇਸ਼ੀਆ, ਮਨਜੀਤ ਸਿੰਘ, ਸੁਰਜੀਤ ਸਿੰਘ, ਹਰਜੀਤ ਸਿੰਘ, ਅਜੀਤ ਸਿੰਘ, ਗੁਰਪਾਲ ਸਿੰਘ, ਰੇਸ਼ਮ ਸਿੰਘ, ਹਰਮੀਤ ਸਿੰਘ, ਰਮਨਦੀਪ ਸਿੰਘ ਸੋਨੂੰ ਮੌਜੂਦ ਸਨ।



## ਐਪਸਟੀਨ ਨੇ ਖ਼ੁਦ ਨੂੰ ਵ੍ਹਾਈਟ ਹਾਊਸ ਦਾ ਅੰਦਰੂਨੀ ਵਿਅਕਤੀ ਦੱਸ ਕੇ ਅਨਿਲ ਅੰਬਾਨੀ ਨਾਲ ਗੱਲਾਂ ਕੀਤੀਆਂ ਸਾਂਝੀਆਂ

ਨਵੀਂ ਦਿੱਲੀ, 5 ਅਪ੍ਰੈਲ (ਚ.ਨ.ਸ): ਟਰੰਪ ਪ੍ਰਸ਼ਾਸਨ ਦੇ ਸ਼ੁਰੂਆਤੀ ਦਿਨਾਂ 'ਚ ਉਦਯੋਗਪਤੀ ਅਨਿਲ ਅੰਬਾਨੀ ਇਹ ਪਤਾ ਲਗਾਉਣ ਲਈ ਉਤਸੁਕ ਸਨ ਕਿ ਨਵੇਂ ਰਾਸ਼ਟਰਪਤੀ ਦੀ ਰਾਸ਼ਟਰੀ ਸੁਰੱਖਿਆ ਰਣਨੀਤੀ 'ਚ ਭਾਰਤ ਦੀ ਕੀ ਭੂਮਿਕਾ ਹੋ ਸਕਦੀ ਹੈ। ਇਸੇ ਨੇ 2017 'ਚ ਉਨ੍ਹਾਂ ਨੂੰ ਜੇਫਰੀ ਐਪਸਟੀਨ ਤੱਕ ਪਹੁੰਚਾਇਆ। ਐਪਸਟੀਨ ਨੇ ਅਨਿਲ ਅੰਬਾਨੀ ਸਾਹਮਣੇ ਖ਼ੁਦ ਨੂੰ ਵ੍ਹਾਈਟ ਹਾਊਸ ਦਾ ਅੰਦਰੂਨੀ ਵਿਅਕਤੀ ਦੱਸਿਆ। ਦੋਹਾਂ ਵਿਚਕਾਰ ਹੋਏ ਸੈਂਕੜੇ ਸੁਨੇਹਿਆਂ ਦੀ ਸਮੀਖਿਆ ਤੋਂ ਬਾਅਦ ਇਹ ਗੱਲ ਸਾਹਮਣੇ ਆਈ ਹੈ। ਅਨਿਲ ਅੰਬਾਨੀ ਨੇ ਐਪਸਟੀਨ ਨਾਲ ਆਨਲਾਈਨ ਜਾਣ-ਪਛਾਣ ਹੋਣ ਦੇ ਬਾਅਦ ਮੈਸੇਜ ਭੇਜਿਆ ਕਿ ਭਾਰਤ ਨਾਲ ਸਬੰਧਾਂ ਤੇ ਰੱਖਿਆ ਸਹਿਯੋਗ ਲਈ ਵ੍ਹਾਈਟ ਹਾਊਸ ਨਾਲ ਸੌਦਾ ਕਰਨ 'ਚ ਤੁਹਾਡੇ ਮਾਰਗਦਰਸ਼ਨ ਦੀ ਲੋੜ ਹੋਵੇਗੀ। ਐਪਸਟੀਨ ਨੇ ਅੰਬਾਨੀ ਨੂੰ ਕੁਝ ਅੰਦਰੂਨੀ ਜਾਣਕਾਰੀ ਦੇਣ ਦਾ ਵਾਅਦਾ ਕੀਤਾ। ਇਹ ਐਪਸਟੀਨ ਦੀ ਵਿਸ਼ਵ ਭਰ 'ਚ ਪਹੁੰਚ ਤੇ ਦੁਨੀਆਂ ਦੇ ਸਭ ਤੋਂ ਧਨੀ ਲੋਕਾਂ 'ਚ ਪਾਵਰ ਬ੍ਰੋਕਰ ਵਜੋਂ ਭੂਮਿਕਾ ਨੂੰ ਦਰਸਾਉਂਦੀ ਹੈ, ਜੋ ਬੈਕ-ਚੈਨਲ ਕੂਟਨੀਤੀ ਦੀ ਦੁਨੀਆਂ 'ਚ ਕੰਮ ਕਰਨ ਵਿੱਚ ਸਮਰੱਥ ਸੀ। ਐਪਸਟੀਨ ਨੇ ਅੰਬਾਨੀ ਨਾਲ ਵਿਦੇਸ਼ ਨੀਤੀ ਤੇ ਟਰੰਪ ਦੀ ਨਿਯੁਕਤੀਆਂ ਨਾਲ ਜੁੜੀਆਂ ਮਹੱਤਵਪੂਰਨ ਜਾਣਕਾਰੀਆਂ ਸਾਂਝੀਆਂ ਕੀਤੀਆਂ। ਉਦਾਹਰਨ ਵਜੋਂ, ਮਾਰਚ 2017 'ਚ, ਅੰਬਾਨੀ ਨੇ ਐਪਸਟਾਈਨ ਤੋਂ ਪੁੱਛਿਆ ਕਿ ਕੀ ਸੀਆਈਏ ਦੇ ਸਾਬਕਾ ਨਿਰਦੇਸ਼ਕ ਤੇ ਭਾਰਤ ਵਿੱਚ ਅਮਰੀਕੀ ਰਾਜਦੂਤ ਦੇ ਅਹੁਦੇ ਲਈ ਉਨ੍ਹਾਂ ਦੇ ਪਸੰਦੀਦਾ ਉਮੀਦਵਾਰ ਡੇਵਿਡ ਪੇਟਰਾਇਸ ਨੂੰ ਨਿਯੁਕਤ ਕੀਤਾ ਜਾਵੇਗਾ।



ਕੁਝ ਸਮੇਂ ਬਾਅਦ ਐਪਸਟਾਈਨ ਨੇ ਕਿਹਾ ਕਿ ਉਨ੍ਹਾਂ ਨੂੰ ਦੱਸਿਆ ਗਿਆ ਸੀ ਕਿ ਪੇਟਰਾਇਸ ਨੂੰ ਪ੍ਰਾਥਮਿਕਤਾ ਨਹੀਂ ਦਿੱਤੀ ਜਾ ਰਹੀ। ਇਹ ਅਹੁਦਾ ਨਵੰਬਰ 'ਚ ਇੱਕ ਕਾਰੋਬਾਰੀ ਤੇ ਸਾਬਕਾ ਸਰਕਾਰੀ ਅਧਿਕਾਰੀ ਕੇਨੇਥ ਆਈ. ਜਸਟਰ ਨੂੰ ਦਿੱਤਾ ਗਿਆ। ਜੁਲਾਈ 2017 'ਚ, ਐਪਸਟਾਈਨ ਨੇ ਅੰਬਾਨੀ ਨੂੰ ਦੱਸਿਆ ਕਿ ਲੰਬੇ ਸਮੇਂ ਤੋਂ ਰਿਪਬਲਿਕਨ ਵਿਚਾਰਧਾਰਾ ਦੇ ਕੱਟੜ ਸਮਰਥਕ ਜਾਨ ਬੋਲਟਨ, ਲੈਫਟੀਨੈਂਟ ਜਨਰਲ ਐਚ.ਆਰ. ਮੈਕਮਾਸਟਰ ਦੀ ਜਗ੍ਹਾ ਰਾਸ਼ਟਰੀ ਸੁਰੱਖਿਆ ਸਲਾਹਕਾਰ ਬਣਨਗੇ। ਐਪਸਟਾਈਨ ਨੇ ਲਿਖਿਆ ਕਿ ਮੈਕਮਾਸਟਰ ਇਸ ਅਹੁਦਾ 'ਤੇ ਜ਼ਿਆਦਾ ਸਮੇਂ ਤੱਕ ਨਹੀਂ ਟਿਕਣਗੇ ਤੇ ਬੋਲਟਨ ਅਗਲੇ ਹੋਣਗੇ। ਹਾਲਾਂਕਿ, ਕੱਟੜ ਰੂੜੀਵਾਦੀ ਆਗੂ ਜਨਰਲ ਨੂੰ ਅਹੁਦੇ ਤੋਂ ਹਟਾਉਣ ਦੀ ਮੰਗ ਕਰ ਰਹੇ ਸਨ, ਜਿਸ ਦਾ ਟਰੰਪ ਨੇ ਬਚਾਅ ਕੀਤਾ ਪਰ ਐਪਸਟਾਈਨ ਦੇ ਸੁਨੇਹੇ ਦੇ ਅੱਠ ਮਹੀਨੇ ਬਾਅਦ, ਇਹ ਜਾਣਕਾਰੀ ਸੱਚ ਸਾਬਤ ਹੋਈ। ਬੋਲਟਨ ਨੇ ਮੈਕਮਾਸਟਰ ਦੀ ਜਗ੍ਹਾ ਲੈ ਲਈ।

## ਮੀਂਹ ਤੇ ਗੜ੍ਹਿਆਂ ਨੇ ਸੂਬੇ ਦੇ ਅੱਧਾ ਦਰਜਨ ਜ਼ਿਲ੍ਹਿਆਂ 'ਚ ਫ਼ਸਲਾਂ ਦਾ ਵੱਡਾ ਨੁਕਸਾਨ ਕੀਤਾ

ਚੰਡੀਗੜ੍ਹ, 5 ਅਪ੍ਰੈਲ (ਚ.ਨ.ਸ): ਪੰਜਾਬ ਵਿੱਚ ਕਣਕ ਦੀ ਫ਼ਸਲ ਦੀ ਵਾਢੀ ਲਈ ਚੱਲ ਰਹੀਆਂ ਤਿਆਰੀਆਂ ਵਿਚਾਲੇ ਅੱਜ ਬਾਅਦ ਦੁਪਹਿਰ ਅਚਾਨਕ ਪਏ ਮੀਂਹ ਤੇ ਗੜ੍ਹਿਆਂ ਨੇ ਸੂਬੇ ਦੇ ਅੱਧਾ ਦਰਜਨ ਜ਼ਿਲ੍ਹਿਆਂ ਵਿੱਚ ਫ਼ਸਲਾਂ ਦਾ ਵੱਡਾ ਨੁਕਸਾਨ ਕੀਤਾ ਹੈ। ਖੇਤਾਂ ਵਿੱਚ ਵਾਢੀ ਲਈ ਬਿਲਕੁਲ ਤਿਆਰ ਖੜ੍ਹੀ ਕਣਕ ਦੀ ਫ਼ਸਲ ਮੀਂਹ ਤੇ ਤੇਜ਼ ਹਵਾਵਾਂ ਕਾਰਨ ਵਿਛ ਗਈ ਹੈ, ਜਿਸ ਕਾਰਨ ਕਿਸਾਨਾਂ ਦੀ ਸਾਲ ਭਰ ਦੀ ਮਿਹਨਤ 'ਤੇ ਪਾਣੀ ਫਿਰਦਾ ਨਜ਼ਰ ਆ ਰਿਹਾ ਹੈ। ਪਿਛਲੇ 8-10 ਦਿਨਾਂ ਤੋਂ ਸੂਬੇ ਵਿੱਚ ਅਜਿਹੇ ਹੀ ਹਾਲਾਤ ਬਣੇ ਹੋਏ ਹਨ।ਅੱਜ ਸਵੇਰੇ ਭਾਵੇਂ ਮੌਸਮ ਸਾਫ ਸੀ ਤੇ ਧੁੱਪ ਖਿੜੀ ਹੋਈ ਸੀ ਪਰ ਦੁਪਹਿਰ ਹੁੰਦਿਆਂ ਹੀ ਅਸਮਾਨ ਵਿੱਚ ਕਾਲੇ ਬੱਦਲ ਛਾ ਗਏ। ਬਠਿੰਡਾ, ਸ੍ਰੀ ਮੁਕਤਸਰ ਸਾਹਿਬ, ਅਬੋਹਰ, ਫ਼ਾਜ਼ਿਲਕਾ, ਫ਼ਿਰੋਜ਼ਪੁਰ, ਤਰਨ ਤਾਰਨ, ਮੋਗਾ, ਜਲੰਧਰ, ਹੁਸ਼ਿਆਰਪੁਰ ਤੇ ਕਪੂਰਥਲਾ ਵਿੱਚ ਭਾਰੀ ਮੀਂਹ ਤੇ ਗੜ੍ਹੇ ਪਏ। ਕਈ ਇਲਾਕਿਆਂ ਵਿੱਚ ਗੜ੍ਹਿਆਂ ਕਾਰਨ ਸਫ਼ੇਦ ਚਾਦਰ ਵਿਛ ਗਈ, ਜਿਸ ਕਾਰਨ ਕਿਸਾਨਾਂ ਨੂੰ ਭਾਰੀ ਨੁਕਸਾਨ ਝੱਲਣਾ ਪਿਆ। ਮਾਲਵਾ ਖੇਤਰ ਵਿੱਚ ਪਹਿਲਾਂ ਹੀ ਇੱਕ ਲੱਖ ਏਕੜ ਦੇ ਕਰੀਬ ਫ਼ਸਲ ਦੇ



ਨੁਕਸਾਨ ਦਾ ਅਨੁਮਾਨ ਸੀ, ਜੋ ਅੱਜ ਤੋਂ ਬਾਅਦ ਦੁੱਗਣਾ ਹੋਣ ਦਾ ਖ਼ਦਸ਼ਾ ਹੈ। ਮੌਸਮ ਵਿਭਾਗ ਨੇ ਕਿਸਾਨਾਂ ਦੇ ਫ਼ਿਕਰ ਹੋਰ ਵਧਾ ਦਿੱਤੇ ਹਨ। ਵਿਭਾਗ ਅਨੁਸਾਰ 7 ਤੇ 8 ਅਪ੍ਰੈਲ ਨੂੰ ਪੰਜਾਬ ਵਿੱਚ ਮੁੜ ਮੌਸਮ ਖ਼ਰਾਬ ਰਹਿ ਸਕਦਾ ਹੈ। ਇਸ ਦੌਰਾਨ 40 ਤੋਂ 50 ਕਿਲੋਮੀਟਰ ਪ੍ਰਤੀ ਘੰਟੇ ਦੀ ਰਫ਼ਤਾਰ ਨਾਲ ਤੇਜ਼ ਹਵਾਵਾਂ ਚੱਲਣ ਤੇ ਗੜ੍ਹੇ ਪੈਣ ਦੀ ਚਿਤਾਵਨੀ ਦਿੱਤੀ ਗਈ ਹੈ। ਸੂਬੇ ਵਿੱਚ ਇਸ ਵਾਰ ਕਰੀਬ 34 ਲੱਖ ਹੈਕਟੇਅਰ ਰਕਬੇ ਵਿੱਚ ਕਣਕ ਦੀ ਬਿਜਾਂਦ ਹੋਈ ਹੈ। ਖੇਤੀਬਾੜੀ ਵਿਭਾਗ ਦੇ ਅਧਿਕਾਰੀਆਂ ਨੇ ਨੁਕਸਾਨ ਦਾ ਜਾਇਜ਼ਾ ਲੈਣ ਲਈ ਕਾਰਵਾਈ ਸ਼ੁਰੂ ਕਰ ਦਿੱਤੀ ਹੈ। ਪਿਛਲੇ 24 ਘੰਟਿਆਂ ਦੌਰਾਨ ਫ਼ਾਜ਼ਿਲਕਾ ਵਿੱਚ ਸਭ ਤੋਂ ਵੱਧ 24.5 ਐਮਐਮ ਮੀਂਹ ਪਿਆ।

**ਸਰਕਾਰ 50 ਹਜ਼ਾਰ ਰੁਪਏ ਏਕੜ ਮੁਆਵਜ਼ਾ ਦੇਵੇ: ਰਾਜੇਵਾਲ**

ਸੰਯੁਕਤ ਕਿਸਾਨ ਮੋਰਚੇ ਦੇ ਸੀਨੀਅਰ ਆਗੂ ਬਲਬੀਰ ਸਿੰਘ ਰਾਜੇਵਾਲ ਨੇ ਇਸ ਕੁਦਰਤੀ ਆਫ਼ਤ 'ਤੇ ਡੂੰਘੀ ਚਿੰਤਾ ਪ੍ਰਗਟਾਈ ਹੈ। ਉਨ੍ਹਾਂ ਕਿਹਾ ਕਿ ਸਰਕਾਰ ਨੂੰ ਤੁਰੰਤ ਕਿਸਾਨਾਂ ਦੀ ਬਾਂਹ ਫੜਦਿਆਂ 50 ਹਜ਼ਾਰ ਰੁਪਏ ਪ੍ਰਤੀ ਏਕੜ ਮੁਆਵਜ਼ਾ ਦੇਣਾ ਚਾਹੀਦਾ ਹੈ। ਉਨ੍ਹਾਂ ਚਿਤਾਵਨੀ ਦਿੱਤੀ ਕਿ ਜੇ ਸਰਕਾਰ ਨੇ ਇਸ ਔਖੀ ਘੜੀ ਵਿੱਚ ਕਿਸਾਨਾਂ ਦੀ ਮਦਦ ਨਾ ਕੀਤੀ ਤਾਂ ਆਗਾਮੀ ਵਿਧਾਨ ਸਭਾ ਚੋਣਾਂ ਵਿੱਚ ਹਾਕਮ ਪਾਰਟੀ ਨੂੰ ਮੋੜਵਾਂ ਜਵਾਬ ਦਿੱਤਾ ਜਾਵੇਗਾ।

## ਈਰਾਨ ਦੇ ਰਾਜਦੂਤ ਡਾ. ਮੁਹੰਮਦ ਫਤਾਲੀ ਵੱਲੋਂ ਭਾਰਤੀ ਜਹਾਜ਼ਾਂ ਲਈ 'ਸੁਰੱਖਿਅਤ ਲਾਂਘੇ' ਦਾ ਭਰੋਸਾ

ਨਵੀਂ ਦਿੱਲੀ, 5 ਅਪ੍ਰੈਲ (ਚ.ਨ.ਸ): ਪੱਛਮੀ ਏਸ਼ੀਆ ਵਿੱਚ ਲਗਾਤਾਰ ਵੱਧ ਰਹੇ ਤਣਾਅ ਤੇ ਜੰਗੀ ਹਾਲਾਤਾਂ ਦੇ ਵਿਚਕਾਰ ਭਾਰਤ ਵਿੱਚ ਈਰਾਨ ਦੇ ਰਾਜਦੂਤ ਡਾ. ਮੁਹੰਮਦ ਫਤਾਲੀ ਨੇ ਇੱਕ ਅਹਿਮ ਬਿਆਨ ਜਾਰੀ ਕਰਦਿਆਂ ਭਾਰਤੀ ਜਹਾਜ਼ਾਂ ਲਈ 'ਸੁਰੱਖਿਅਤ ਲਾਂਘੇ' ਦਾ ਭਰੋਸਾ ਦਿੱਤਾ ਹੈ। ਰਾਜਦੂਤ ਫਤਾਲੀ ਨੇ ਸਪੱਸ਼ਟ ਕੀਤਾ ਹੈ ਕਿ ਰਣਨੀਤਕ ਤੌਰ 'ਤੇ ਮਹੱਤਵਪੂਰਨ ਸਟਰੇਟ ਆਫ ਹੋਰਮੁਜ਼ (ਹੋਰਮੁਜ਼ ਜਲਡਮਰੂ ਮੱਧ) ਰਾਹੀਂ ਭਾਰਤੀ ਜਹਾਜ਼ਾਂ ਦੀ ਆਵਾਜਾਈ ਨੂੰ ਯਕੀਨੀ ਬਣਾਉਣ ਲਈ ਵਿਸ਼ੇਸ਼ ਪ੍ਰਬੰਧ ਕੀਤੇ ਗਏ ਹਨ। ਉਨ੍ਹਾਂ ਕਿਹਾ ਕਿ ਈਰਾਨ ਤੇ ਭਾਰਤ ਦੇ ਇਤਿਹਾਸਕ ਸਬੰਧਾਂ ਦੇ ਮੱਦੇਨਜ਼ਰ ਤੇਲ ਤੇ ਗੈਸ ਦੀ ਸਪਲਾਈ ਨੂੰ ਪ੍ਰਭਾਵਿਤ ਨਹੀਂ ਹੋਣ ਦਿੱਤਾ ਜਾਵੇਗਾ। ਮੀਡੀਆ ਨਾਲ ਗੱਲਬਾਤ ਕਰਦਿਆਂ ਈਰਾਨੀ ਰਾਜਦੂਤ ਨੇ ਆਪਣੇ ਦੇਸ਼ ਵਿਰੁੱਧ ਚੱਲ ਰਹੀ ਜੰਗੀ ਕਾਰਵਾਈ ਦੀ ਸਖ਼ਤ ਨਿੰਦਿਆ ਕੀਤੀ। ਉਨ੍ਹਾਂ ਕਿਹਾ ਕਿ ਈਰਾਨ 'ਤੇ ਕੀਤਾ ਗਿਆ ਹਮਲਾ ਪੂਰੀ ਤਰ੍ਹਾਂ ਗੈਰ-ਕਾਨੂੰਨੀ ਹੈ ਤੇ ਇਹ ਸਿਰਫ਼ ਕੁਝ ਦੇਸ਼ਾਂ ਦੇ ਭਰਮ 'ਤੇ ਆਧਾਰਿਤ ਹੈ। ਫਤਾਲੀ ਨੇ ਕਿਹਾ ਕਿ ਖੇਤਰ ਵਿੱਚ ਅਸਥਿਰਤਾ ਫੈਲਾਉਣ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ, ਪਰ ਈਰਾਨ ਆਪਣੀ ਪ੍ਰਭੂਸੱਤਾ ਦੀ ਰੱਖਿਆ ਕਰਨ ਦੇ ਸਮਰੱਥ ਹੈ। ਉਨ੍ਹਾਂ ਭਾਰਤ ਦੇ ਸਟੈਂਡ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਨਵੀਂ ਦਿੱਲੀ ਨੇ ਖੇਤਰੀ ਜਟਿਲਤਾਵਾਂ ਨੂੰ ਬਹੁਤ ਹੀ ਡੂੰਘਾਈ ਤੇ ਸਮਝਦਾਰੀ ਨਾਲ ਸਮਝਿਆ ਹੈ, ਜੋ ਕਿ ਦੋਵਾਂ ਦੇਸ਼ਾਂ ਦੇ ਮਜ਼ਬੂਤ ਰਿਸ਼ਤਿਆਂ ਦੀ ਗਵਾਹੀ ਭਰਦਾ ਹੈ।ਹੋਰਮੁਜ਼ ਦੇ ਰਸਤੇ ਬਾਰੇ ਫੈਲੇ ਭੰਬਲਭੂਸੇ ਨੂੰ ਦੂਰ ਕਰਦਿਆਂ ਰਾਜਦੂਤ ਨੇ ਕਿਹਾ ਕਿ ਵਰਤਮਾਨ ਵਿੱਚ ਇਹ ਸਮੁੰਦਰੀ ਰਸਤਾ ਸਿਰਫ਼ ਉਨ੍ਹਾਂ ਦੇਸ਼ਾਂ ਲਈ ਬੰਦ ਕੀਤਾ ਗਿਆ ਹੈ ਜੋ ਸਿੱਧੇ ਜਾਂ ਅਸਿੱਧੇ ਤੌਰ 'ਤੇ ਈਰਾਨ ਵਿਰੁੱਧ ਜੰਗ ਵਿੱਚ ਸ਼ਾਮਲ ਹਨ। ਇਹ ਇੱਕ ਕੁਦਰਤੀ ਪ੍ਰਕਿਰਿਆ ਹੈ ਕਿ ਜੰਗ ਦੇ ਸਮੇਂ ਕੋਈ ਵੀ ਦੇਸ਼ ਆਪਣੇ ਅੰਦਰੂਨੀ ਪਾਣੀਆਂ ਵਿੱਚੋਂ ਦੁਸ਼ਮਣ ਦੇ ਜਹਾਜ਼ਾਂ ਨੂੰ ਲੰਘਣ ਦੀ ਇਜਾਜ਼ਤ ਨਹੀਂ ਦਿੰਦਾ। ਉਨ੍ਹਾਂ ਅੱਗੇ ਕਿਹਾ ਕਿ ਹੋਰਮੁਜ਼ ਰਾਹੀਂ ਆਮ ਆਵਾਜਾਈ ਵਿੱਚ ਕਮੀ ਦਾ ਮੁੱਖ ਕਾਰਨ ਖੇਤਰ ਵਿੱਚ ਵਧੀ ਅਸੁਰੱਖਿਆ ਤੇ ਬਹੁਤ ਜ਼ਿਆਦਾ ਵਧੇ ਬੀਮਾ ਖਰਚੇ ਹਨ, ਨਾ ਕਿ ਈਰਾਨ ਵੱਲੋਂ ਲਾਈ ਗਈ ਕੋਈ ਆਮ ਪਾਬੰਦੀ।ਈਰਾਨੀ ਦੂਤਾਵਾਸ ਮੁਤਾਬਿਕ ਭਾਰਤ ਵਰਗੇ ਮਿੱਤਰ ਦੇਸ਼ਾਂ ਦੇ ਜਹਾਜ਼ਾਂ ਲਈ ਵਿਸ਼ੇਸ਼ ਆਪਰੇਸ਼ਨਲ ਉਪਾਅ ਕੀਤੇ ਗਏ ਹਨ। ਇਨ੍ਹਾਂ ਜਹਾਜ਼ਾਂ ਦੀ ਆਵਾਜਾਈ ਨੂੰ ਅਸਲ ਸਮੇਂ ਦੀਆਂ ਸਥਿਤੀਆਂ ਦੇ ਆਧਾਰ 'ਤੇ ਕੇਸ-ਦਰ-ਕੇਸ ਦੇਖਿਆ ਜਾ ਰਿਹਾ ਹੈ ਤਾਂ ਜੋ ਕਿਸੇ ਵੀ ਕਿਸਮ ਦੇ ਹਾਦਸੇ ਤੋਂ ਬਚਿਆ ਜਾ ਸਕੇ।



## ਵਿਆਹੁਤਾ ਕਲੇਸ਼ ਜਾਂ ਆਪਸੀ ਵਿਵਾਦ ਦੇ ਆਧਾਰ 'ਤੇ ਇੱਕ ਸਾਥੀ ਨੂੰ ਦੂਜੇ ਦੀ ਖ਼ੁਦਕੁਸ਼ੀ ਦਾ ਦੋਸ਼ੀ ਨਹੀਂ ਮੰਨਿਆ ਜਾ ਸਕਦਾ

ਮੁੰਬਈ, 5 ਅਪ੍ਰੈਲ (ਚ.ਨ.ਸ): ਬੰਬੇ ਹਾਈ ਕੋਰਟ ਦੇ ਨਾਗਪੁਰ ਬੈਂਚ ਨੇ ਇੱਕ ਅਹਿਮ ਫ਼ੈਸਲੇ ਵਿੱਚ ਸਪੱਸ਼ਟ ਕੀਤਾ ਹੈ ਕਿ ਸਿਰਫ਼ ਵਿਆਹੁਤਾ ਕਲੇਸ਼ ਜਾਂ ਆਪਸੀ ਵਿਵਾਦ ਦੇ ਆਧਾਰ 'ਤੇ ਇੱਕ ਸਾਥੀ ਨੂੰ ਦੂਜੇ ਦੀ ਖ਼ੁਦਕੁਸ਼ੀ ਲਈ ਉਕਸਾਉਣ ਦਾ ਦੋਸ਼ੀ ਨਹੀਂ ਮੰਨਿਆ ਜਾ ਸਕਦਾ। ਜਸਟਿਸ ਉਰਮਿਲਾ ਜੋਸ਼ੀ ਫਾਲਕੇ ਦੇ ਸਿੰਗਲ ਬੈਂਚ ਨੇ 49 ਸਾਲਾ ਅਧਿਆਪਕਾ ਖ਼ਿਲਾਫ਼ ਦਰਜ ਕੇਸ ਰੱਦ ਕਰਦਿਆਂ ਕਿਹਾ ਕਿ ਘਰੇਲੂ ਜੀਵਨ ਵਿੱਚ ਮਤਭੇਦ ਹੋਣਾ ਆਮ ਗੱਲ ਹੈ। ਕੋਰਟ ਨੇ ਆਪਣੇ ਆਦੇਸ਼ ਵਿੱਚ ਜ਼ੋਰ ਦੇ ਕੇ ਕਿਹਾ ਕਿ ਖ਼ੁਦਕੁਸ਼ੀ ਲਈ ਉਕਸਾਉਣ ਦੇ ਅਪਰਾਧ ਨੂੰ ਸਾਬਤ ਕਰਨ ਲਈ ਮੁਲਜ਼ਮ ਵੱਲੋਂ ਸਿੱਧਾ ਉਕਸਾਉਣਾ ਜਾਂ ਸਾਜ਼ਿਸ਼ ਦਾ ਹੋਣਾ ਜ਼ਰੂਰੀ ਹੈ। ਕੋਰਟ ਨੇ ਟਿੱਪਣੀ ਕੀਤੀ ਕਿ ਬਿਨਾਂ ਕਿਸੇ ਪੱਕੇ ਇਰਾਦੇ ਦੇ ਕਿਸੇ ਨੂੰ ਦੋਸ਼ੀ ਨਹੀਂ ਠਹਿਰਾਇਆ ਜਾ ਸਕਦਾ। ਗੁੱਸੇ ਵਿੱਚ ਕਹੇ ਗਏ ਸ਼ਬਦ ਉਕਸਾਉਣ ਦੀ ਸ਼੍ਰੇਣੀ ਵਿੱਚ ਨਹੀਂ ਆਉਂਦੇ। ਹਾਈ ਕੋਰਟ ਨੇ ਸਪੱਸ਼ਟ ਕੀਤਾ ਕਿ ਆਈਪੀਸੀ ਦੀ ਧਾਰਾ 306 ਤਹਿਤ ਮਾਮਲਾ ਚਲਾਉਣ ਲਈ ਇਸਤਗਾਸਾ ਧਿਰ ਨੂੰ ਇਹ ਸਾਬਤ ਕਰਨਾ ਹੋਵੇਗਾ ਕਿ ਮੁਲਜ਼ਮ ਨੇ ਜਾਣਬੁੱਝ ਕੇ ਅਜਿਹੀਆਂ ਸਥਿਤੀਆਂ ਪੈਦਾ ਕੀਤੀਆਂ ਜਾਂ ਪੀੜਤ ਨੂੰ ਉਕਸਾਇਆ, ਜਿਸ ਨਾਲ ਉਸ ਕੋਲ ਆਪਣੀ ਜ਼ਿੰਦਗੀ ਖ਼ਤਮ ਕਰਨ ਤੋਂ ਇਲਾਵਾ ਕੋਈ ਬਦਲ ਨਹੀਂ ਬਚਿਆ। ਇਹ ਮਾਮਲਾ 2019 ਦਾ ਹੈ, ਜਦੋਂ ਅਮਰਾਵਤੀ ਵਿੱਚ ਇੱਕ ਵਿਅਕਤੀ ਨੇ ਖ਼ੁਦਕੁਸ਼ੀ ਕਰ ਲਈ ਸੀ ਤੇ ਉਸ ਦੇ ਮਾਤਾ-ਪਿਤਾ ਨੇ ਨੂੰਹ ਖ਼ਿਲਾਫ਼ ਮਾਮਲਾ ਦਰਜ ਕਰਵਾਇਆ ਸੀ। ਮ੍ਰਿਤਕ ਦੇ ਪਰਿਵਾਰ ਦਾ ਦੋਸ਼ ਸੀ ਕਿ ਪਤਨੀ ਉਸ ਨਾਲ ਮਾਰਕੁੱਟ ਕਰਦੀ ਸੀ ਤੇ ਝੂਠੇ ਕੇਸ ਵਿੱਚ ਫਸਾਉਣ ਦੀ ਧਮਕੀ ਦਿੰਦੀ ਸੀ। ਦੂਜੇ ਪਾਸੇ ਔਰਤ ਦੀ ਦਲੀਲ ਸੀ ਕਿ ਉਸ ਨੂੰ ਵੀ ਸਹੁਰਾ ਪਰਿਵਾਰ ਵੱਲੋਂ ਤਸੀਹਿਆਂ ਦਾ ਸਾਹਮਣਾ ਕਰਨਾ ਪੈਂਦਾ ਸੀ। ਕੋਰਟ ਨੇ ਦੇਖਿਆ ਕਿ ਪਤੀ-ਪਤਨੀ ਦੋਵੇਂ ਇੱਕ-ਦੂਜੇ 'ਤੇ ਦੁਰਵਿਹਾਰ ਦੇ ਦੋਸ਼ ਲਗਾ ਰਹੇ ਸਨ। ਕੋਰਟ ਨੇ ਕਿਹਾ ਕਿ ਵੱਧ ਤੋਂ ਵੱਧ ਇਹ ਕਿਹਾ ਜਾ ਸਕਦਾ ਹੈ ਕਿ ਔਰਤ ਮਰਦ ਦੀ ਨਿਰਾਸ਼ਾ ਦਾ ਕਾਰਨ ਰਹੀ ਹੋਵੇਗੀ, ਪਰ ਘਰੇਲੂ ਝਗੜਿਆਂ ਨੂੰ ਉਦੋਂ ਤੱਕ ਖ਼ੁਦਕੁਸ਼ੀ ਦਾ ਕਾਰਨ ਨਹੀਂ ਮੰਨਿਆ ਜਾ ਸਕਦਾ ਜਦੋਂ ਤੱਕ ਕੋਈ ਅਪਰਾਧਕ ਮਨਸ਼ਾ ਸਾਬਤ ਨਾ ਹੋ ਜਾਵੇ। ਕੋਰਟ ਨੇ ਇਹ ਵੀ ਨੋਟ ਕੀਤਾ ਕਿ ਵਿਅਕਤੀ ਦੇ ਖ਼ੁਦਕੁਸ਼ੀ ਨੋਟ ਵਿੱਚ ਸਾਫ਼ ਲਿਖਿਆ ਸੀ ਕਿ ਉਸ ਦੀ ਮੌਤ ਲਈ ਕੋਈ ਜ਼ਿੰਮੇਵਾਰ ਨਹੀਂ ਹੈ। ਇਸ ਸੰਦਰਭ ਵਿੱਚ ਦੋਸ਼ੀ ਪਤਨੀ 'ਤੇ ਖ਼ੁਦਕੁਸ਼ੀ ਲਈ ਉਕਸਾਉਣ ਦਾ ਮਾਮਲਾ ਚਲਾਉਣਾ ਨਿਆਂਸੰਗਤ ਨਹੀਂ ਹੈ। ਇਸ ਆਧਾਰ 'ਤੇ ਕੋਰਟ ਨੇ ਔਰਤ ਖ਼ਿਲਾਫ਼ ਪੈਂਡਿੰਗ ਅਪਰਾਧਕ ਕਾਰਵਾਈ ਖ਼ਾਰਜ ਕਰ ਦਿੱਤੀ।



## ਦਲਜੀਤ ਸਿੰਘ ਸਬ-ਡਵੀਜ਼ਨ ਪਾਵਰਕਾਮ ਦੇ ਨਵੇਂ ਐਸਡੀਓ ਬਣੇ

ਜ਼ੀਰਾ, 5 ਅਪ੍ਰੈਲ (ਦੀਪਕ ਭਾਰਗੋ): ਜ਼ੀਰਾ ਪੀਐਸਪੀਸੀਐਲ ਸਬ-ਡਵੀਜ਼ਨ ਜ਼ੀਰਾ ਪਾਵਰਕਾਮ ਦੇ ਨਵ-ਨਿਯੁਕਤ ਕੀਤੇ ਗਏ ਐਸਡੀਓ ਦਲਜੀਤ ਸਿੰਘ ਨੇ ਆਪਣਾ ਅਹੁਦਾ ਸੰਭਾਲਦੇ ਹੀ ਇਲਾਕੇ ਦੇ ਲੋਕਾਂ ਨੂੰ ਅਪੀਲ ਕੀਤੀ ਕਿ ਸਰਕਾਰ ਵੱਲੋਂ ਜੋ ਸਹੂਲਤਾਂ ਲੋਕਾਂ ਨੂੰ ਦਿੱਤੀਆਂ ਜਾ ਰਹੀਆਂ ਹਨ, ਉਨ੍ਹਾਂ ਨੂੰ ਸਰਕਾਰ ਦੇ ਆਦੇਸ਼ਾਂ 'ਤੇ ਨਿਰਵਿਘਨ ਜਾਰੀ ਰੱਖਿਆ ਜਾ ਰਿਹਾ ਹੈ। ਸਰਕਾਰ ਵੱਲੋਂ ਕਿਸਾਨਾਂ ਨੂੰ ਦਿਨ-ਰਾਤ ਖੇਤਾਂ ਦੀ ਬਿਜਲੀ ਦਿੱਤੀ ਜਾ ਰਹੀ ਹੈ ਤੇ ਹਰ ਇੱਕ ਪੰਜਾਬੀ ਨੂੰ 600 ਯੂਨਿਟ ਮੁਫਤ ਬਿਜਲੀ ਦੇਣ ਦੀ ਪ੍ਰਕਿਰਿਆ ਜੋ ਸ਼ੁਰੂ ਕੀਤੀ ਗਈ ਹੈ, ਉਸ ਵਿੱਚ ਕੋਈ ਵਿਘਨ ਨਹੀਂ ਆਵੇਗਾ ਤੇ ਲੋਕਾਂ ਤੱਕ ਬਿਜਲੀ ਦੀ ਸਪਲਾਈ ਨਿਰਵਘਨ ਪਹੁੰਚੇਗੀ, ਇਥੇ ਲੋਕਾਂ ਨੂੰ ਉਨ੍ਹਾਂ ਵੱਲੋਂ ਅਪੀਲ ਕੀਤੀ ਗਈ ਕਿ ਜਿਨ੍ਹਾਂ ਲੋਕਾਂ ਦੇ ਬਕਾਏ ਬਿੱਲ ਰਹਿ ਰਹੇ ਹਨ, ਉਨ੍ਹਾਂ ਨੂੰ ਜਲਦ ਤੋਂ ਜਲਦ ਬਿਜਲੀ ਦਫਤਰ ਵਿੱਚ ਆ ਕੇ ਜਮ੍ਹਾਂ ਕਰਵਾਏ ਜਾਣ ਕਿਉਂਕਿ ਇਹ ਪੈਸਾ ਲੋਕਾਂ ਦੀ ਸੁਵਿਧਾ ਵਿੱਚ ਹੀ ਲਗਾਇਆ ਜਾਵੇਗਾ। ਇਸ ਉਨ੍ਹਾਂ ਨੇ ਸਖ਼ਤ ਸ਼ਬਦਾਂ ਵਿੱਚ ਵੀ ਗੱਲ ਕਰਦੇ ਹੋਏ ਕਿਹਾ ਕਿ ਜਿਨ੍ਹਾਂ ਲੋਕਾਂ ਨੇ ਬਕਾਏ ਨਹੀਂ ਦਿੱਤੇ ਜਾਂਦੇ ਜਾਂ ਗਲਤ ਤਰੀਕੇ ਨਾਲ ਬਿਜਲੀ ਦੀ ਵਰਤੋਂ ਕੀਤੀ ਜਾਂਦੀ ਹੈ, ਉਨ੍ਹਾਂ ਖ਼ਿਲਾਫ ਬਣਦੀ ਕਾਨੂੰਨੀ ਕਾਰਵਾਈ ਵੀ ਕੀਤੀ ਜਾਵੇਗੀ। ਇਸ ਮੌਕੇ ਗੁਰਪ੍ਰੀਤ ਸਿੰਘ ਜੋਈ, ਅਵਤਾਰ ਸਿੰਘ ਲਾਈਨਮੈਨ, ਵਿੱਕੀ ਕਲਰਕ ਤੋਂ ਇਲਾਵਾ ਉਨ੍ਹਾਂ ਦਾ ਸਟਾਫ ਹਾਜ਼ਰ ਸੀ।



## ਰਣਦੀਪ ਸਿੰਘ ਨਾਭਾ ਵੱਲੋਂ ਕੌਂਸਲਰ ਅਰਵਿੰਦ ਸਿੰਗਲਾ ਦੇ ਨਿਵਾਸ 'ਤੇ ਵਰਕਰ ਮਿਲਣੀ



ਮੰਡੀ ਗੋਬਿੰਦਗੜ੍ਹ, 5 ਅਪ੍ਰੈਲ (ਡਾ. ਰੂਪਲ ਸੂਦ): ਪੰਜਾਬ ਦੇ ਸਾਬਕਾ ਕੈਬਨਿਟ ਮੰਤਰੀ ਰਣਦੀਪ ਸਿੰਘ ਨਾਭਾ ਨੇ ਵਾਰਡ ਨੰਬਰ 6 ਦੇ ਕੌਂਸਲਰ ਅਰਵਿੰਦ ਸਿੰਗਲਾ ਦੇ ਗ੍ਰਹਿ ਵਿਖੇ ਪਾਰਟੀ ਵਰਕਰਾਂ ਨਾਲ ਮੀਟਿੰਗ ਕੀਤੀ ਤੇ 2027 ਦੀਆਂ ਚੋਣਾਂ ਲਈ ਹੁਣ ਤੋਂ ਹੀ ਤਿਆਰੀਆਂ ਵਿੱਢਣ ਦਾ ਸੱਦਾ ਦਿੱਤਾ। ਪੰਜਾਬ ਦੀ ਆਪ ਸਰਕਾਰ ਦੀ ਤਿੱਖੀ ਆਲੋਚਨਾ ਕਰਦਿਆਂ ਉਨ੍ਹਾਂ ਕਿਹਾ ਕਿ ਇਹ ਹੁਣ ਤੱਕ ਦੀ ਸਭ ਤੋਂ ਝੂਠੀ ਸਰਕਾਰ ਸਾਬਤ ਹੋਈ ਹੈ, ਜਿਸ ਨੇ ਵੋਟਾਂ ਤੋਂ ਪਹਿਲਾਂ ਲੋਕਾਂ ਨੂੰ ਗੁੰਮਰਾਹ ਕਰਕੇ ਸੱਤਾ ਹਾਸਲ ਕੀਤੀ ਪ੍ਰੰਤੂ ਸਰਕਾਰ ਬਣਨ ਬਾਅਦ ਕਾਂਗਰਸ ਸਰਕਾਰ ਸਮੇਂ ਸ਼ੁਰੂ ਹੋਏ। ਪ੍ਰੋਜੈਕਟ ਵਿਚਕਾਰ ਹੀ ਛੱਡ ਦਿੱਤੇ ਤੇ ਵਿਕਾਸ ਕਾਰਜ ਪੰਜਾਬ ਵਿਚੋਂ ਅਲੋਪ ਹੋ ਗਏ। ਉਨ੍ਹਾਂ ਕਿਹਾ ਕਿ ਕਾਂਗਰਸ ਸਰਕਾਰ ਆਉਣ 'ਤੇ ਪੰਜਾਬ ਨੂੰ ਮੁੜ ਤਰੱਕੀ ਤੇ ਬੁਲੰਦੀਆਂ ਵੱਲ ਲਿਜਾਇਆ ਜਾਵੇਗਾ। ਉਨ੍ਹਾਂ ਵਰਕਰਾਂ ਨੂੰ ਹੁਣ ਤੋਂ ਹੀ ਤਿਆਰੀਆਂ ਵਿੱਢਣ ਦਾ ਸੱਦਾ ਦਿੱਤਾ। ਇਸ ਮੌਕੇ ਬਲਾਕ ਪ੍ਰਧਾਨ ਸੰਜੀਵ ਦੱਤਾ, ਡਾ. ਮਨਮੋਹਨ ਕੌਂਸਲ ਤੇ ਨੀਲਮ ਰਾਣੀ ਸਮੇਤ ਵੱਡੀ ਗਿਣਤੀ ਵਿੱਚ ਵਰਕਰ ਹਾਜ਼ਰ ਸਨ।

## ਅਕਾਲੀ ਦਲ ਪੁਨਰ ਸੁਰਜੀਤ ਦੇ ਪੀਏਸੀ ਤੇ ਸਾਬਕਾ ਸੰਸਦ ਮੈਂਬਰ ਬੀਬੀ ਸਤਵਿੰਦਰ ਕੌਰ ਧਾਲੀਵਾਲ ਸ਼੍ਰੋਮਣੀ ਅਕਾਲੀ ਦਲ 'ਚ ਸ਼ਾਮਲ

### ☛ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਵੱਲੋਂ ਸਿਰੋਪਾਓ ਦੇ ਕੇ ਸਵਾਗਤ

ਸ੍ਰੀ ਫਤਿਹਗੜ੍ਹ ਸਾਹਿਬ, 5 ਅਪ੍ਰੈਲ (ਹਰਪ੍ਰੀਤ ਕੌਰ ਟਿਵਾਣਾ): ਸ਼੍ਰੋਮਣੀ ਅਕਾਲੀ ਦਲ ਨੂੰ ਫਤਿਹਗੜ੍ਹ ਸਾਹਿਬ ਵਿੱਚ ਉਦੋਂ ਵੱਡਾ ਬਲ ਮਿਲਿਆ ਜਦੋਂ ਸਾਬਕਾ ਸੰਸਦ ਮੈਂਬਰ ਤੇ ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤ ਦੇ ਪੀ.ਏ.ਸੀ. ਮੈਂਬਰ ਬੀਬੀ ਸਤਵਿੰਦਰ ਕੌਰ ਧਾਲੀਵਾਲ ਮੁੜ ਸ਼੍ਰੋਮਣੀ ਅਕਾਲੀ ਦਲ ਵਿੱਚ ਸ਼ਾਮਲ ਹੋ ਗਏ, ਜਿਨ੍ਹਾਂ ਦਾ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਵੱਲੋਂ ਸਿਰੋਪਾਓ ਦੇ ਕੇ ਸਵਾਗਤ ਕੀਤਾ ਗਿਆ। ਇਸ ਮੌਕੇ 'ਤੇ ਸ਼੍ਰੋਮਣੀ ਅਕਾਲੀ ਦਲ ਦੇ ਸਰਪ੍ਰਸਤ ਬਲਵਿੰਦਰ ਸਿੰਘ ਭੂੰਦੜ, ਯੁਗਵਿੰਦਰ ਸਿੰਘ ਧਾਲੀਵਾਲ ਤੇ ਹੋਰ ਸੀਨੀਅਰ ਆਗੂ ਵੀ ਹਾਜ਼ਰ ਸਨ। ਇਸ ਮੌਕੇ ਬੋਲਦਿਆਂ ਬੀਬੀ ਸਤਵਿੰਦਰ ਕੌਰ ਧਾਲੀਵਾਲ ਨੇ ਕਿਹਾ ਕਿ ਉਹ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਵੱਲੋਂ ਸ਼੍ਰੋਮਣੀ ਅਕਾਲੀ ਦਲ ਦੀ ਚੜ੍ਹਦੀਕਲਾ ਲਈ ਕੀਤੀ ਜਾ ਰਹੀ



ਮਿਹਨਤ ਤੇ ਪੰਜਾਬ ਦੇ ਭਲੇ ਤੇ ਵਿਕਾਸ ਲਈ ਕੀਤੇ ਜਾ ਰਹੇ ਕੰਮਾਂ ਨੂੰ ਮੁੱਖ ਰੱਖ ਕੇ ਹੀ ਬਿਨਾਂ ਸ਼ਰਤ ਸ਼੍ਰੋਮਣੀ ਅਕਾਲੀ ਦਲ ਵਿੱਚ ਸ਼ਾਮਲ ਹੋਏ ਹਨ। ਬੀਬੀ ਧਾਲੀਵਾਲ ਨੇ ਸਪੱਸ਼ਟ ਕੀਤਾ ਕਿ ਉਹ ਜਿਸ ਮਨਸ਼ਾ ਨਾਲ ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤੀ ਵਿੱਚ ਸ਼ਾਮਲ ਹੋਏ ਸਨ, ਉਹ ਪਾਰਟੀ ਆਪਣੇ ਮੰਤਵਾ ਵਿੱਚ ਪੂਰੀ ਨਹੀਂ ਉਤਰ ਸਕੀ, ਜਿਸ ਕਾਰਨ ਹੀ ਉਨ੍ਹਾਂ ਨੇ ਸ਼੍ਰੋਮਣੀ ਅਕਾਲੀ ਦਲ ਵਿੱਚ ਘਰ ਵਾਪਸੀ ਕੀਤੀ। ਜ਼ਿਕਰਯੋਗ ਹੈ ਕਿ ਬੀਬੀ ਸਤਵਿੰਦਰ ਕੌਰ ਧਾਲੀਵਾਲ ਸ਼੍ਰੋਮਣੀ ਅਕਾਲੀ ਦਲ ਵੱਲੋਂ 1997 ਤੇ 1998 ਵਿੱਚ ਹਲਕਾ ਰੋਪੜ ਤੋਂ ਬਤੌਰ 2 ਵਾਰ ਸੰਸਦ ਮੈਂਬਰ ਚੁਣੇ ਗਏ ਸਨ ਤੇ ਉਨ੍ਹਾਂ ਨੇ ਹਲਕੇ ਵਿੱਚ ਵਿਚਰਦਿਆਂ ਹਲਕੇ ਦੇ ਵਿਕਾਸ ਵਿੱਚ ਪੂਰਨ ਯੋਗਦਾਨ ਪਾਇਆ ਸੀ।

## ਵਿਸਾਖੀ ਮੇਲਾ 10 ਤੋਂ 19 ਤੱਕ ਮਨਾਇਆ ਜਾਵੇਗਾ

### ☛ਭਾਰਤ ਤੋਂ 3000 ਸ਼ਰਧਾਲੂਆਂ ਦੇ ਪਾਕਿ ਪਹੁੰਚਣ ਦੀ ਸੰਭਾਵਨਾ

ਅੰਮ੍ਰਿਤਸਰ, 5 ਅਪ੍ਰੈਲ (ਚ.ਨ.ਸ): ਲਹਿੰਦੇ ਪੰਜਾਬ ਦੇ ਗ੍ਰਹਿ ਵਿਭਾਗ ਮੰਤਰਾਲੇ ਵੱਲੋਂ ਵਿਸਾਖੀ ਦੇ ਪ੍ਰਬੰਧਾਂ ਬਾਰੇ ਜਾਰੀ ਕੀਤੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਭਾਰਤੀ ਯਾਤਰੂਆਂ ਦੀ ਸੁਰੱਖਿਆ ਲਈ ਪਹਿਲਾਂ ਦੇ ਮੁਕਾਬਲੇ ਇਸ ਵਾਰ ਵਧੇਰੇ ਸਖ਼ਤ ਸੁਰੱਖਿਆ ਪ੍ਰਬੰਧ ਕੀਤੇ ਜਾਣਗੇ। ਇਸ ਬਾਰੇ ਅਧਿਕਾਰੀਆਂ ਦੀ ਹੋਈ ਉਚ ਪੱਧਰੀ ਬੈਠਕ 'ਚ ਬ੍ਰੀਫਿੰਗ ਦੌਰਾਨ ਇਵੈਕੂਈ ਟਰੱਸਟ ਪ੍ਰਾਪਰਟੀ ਬੋਰਡ ਦੇ ਵਧੀਕ ਸਕੱਤਰ (ਸ਼ਰਾਬੀਨਜ਼) ਨਾਸਿਰ ਮੁਸ਼ਤਾਕ ਨੇ ਦੱਸਿਆ ਕਿ ਵਿਸਾਖੀ ਮੇਲਾ 10 ਅਪ੍ਰੈਲ ਤੋਂ 19 ਅਪ੍ਰੈਲ ਤੱਕ ਮਨਾਇਆ ਜਾਵੇਗਾ, ਜਿਸ 'ਚ ਦੁਨੀਆਂ ਭਰ ਤੋਂ ਲਗਭਗ 26 ਹਜ਼ਾਰ ਪਾਕਿਸਤਾਨੀ, ਭਾਰਤੀ ਤੇ ਹੋਰਨਾ ਮੁਲਕਾਂ ਦੇ ਸ਼ਰਧਾਲੂ ਸ਼ਾਮਲ ਹੋਣਗੇ। ਉਨ੍ਹਾਂ ਨੇ ਕਿਹਾ ਕਿ ਸਿੱਖ ਸ਼ਰਧਾਲੂਆਂ ਦੀ ਸੁਰੱਖਿਆ ਦੇ ਵਿਸ਼ੇਸ਼ ਇੰਤਜ਼ਾਮ ਕਰਨ ਦੇ ਨਾਲ-ਨਾਲ ਉਨ੍ਹਾਂ ਨੂੰ ਪਾਕਿ 'ਚ ਵਧੀਆ ਰਿਹਾਇਸ਼ ਭੋਜਨ, ਮੈਡੀਕਲ ਸਹੂਲਤਾਂ ਮੁਹੱਈਆ ਕਰਵਾਈਆਂ ਜਾਣਗੀਆਂ। ਉਨ੍ਹਾਂ ਇਹ ਵੀ ਕਿਹਾ ਕਿ 327ਵੇਂ ਖ਼ਾਲਸਾ ਸਾਜਣਾ ਦਿਵਸ ਮੌਕੇ ਪਾਕਿ ਵਿਦੇਸ਼ ਮੰਤਰਾਲੇ ਵੱਲੋਂ ਭਾਰਤੀ ਸਿੱਖ ਸ਼ਰਧਾਲੂਆਂ ਲਈ 10 ਦਿਨਾਂ ਦਾ ਵੀਜ਼ਾ ਜਾਰੀ ਕੀਤਾ ਜਾ ਰਿਹਾ ਹੈ ਤੇ ਭਾਰਤ ਤੋਂ 3000 ਸ਼ਰਧਾਲੂਆਂ ਦੇ ਪਾਕਿ ਪਹੁੰਚਣ ਦੀ ਸੰਭਾਵਨਾ ਹੈ। ਨਾਸਿਰ ਮੁਸ਼ਤਾਕ ਨੇ ਪੰਜਾਬ ਸਰਕਾਰ ਦੇ ਗ੍ਰਹਿ ਵਿਭਾਗ ਦੇ ਅੰਦਰੂਨੀ ਸੁਰੱਖਿਆ-3 ਦੇ ਸੈਕਸ਼ਨ ਅਫ਼ਸਰ ਮੋਹਸਿਨ ਅਮੀਨ ਵੱਲੋਂ ਜਾਰੀ ਪੱਤਰ ਦਾ ਹਵਾਲਾ ਦਿੰਦਿਆਂ ਕਿਹਾ ਕਿ ਭਾਰਤੀ ਸ਼ਰਧਾਲੂਆਂ ਦੀ ਸੁਰੱਖਿਆ ਲਈ ਸੰਵੇਦਨਸ਼ੀਲ ਥਾਵਾਂ 'ਤੇ ਵਾਕ-ਥਰੂ ਗੇਟ, ਸੀ.ਸੀ.ਟੀ.ਵੀ. ਕੈਮਰੇ ਤੇ ਸਰਚ ਲਾਈਟਾਂ ਦੀ ਸਥਾਪਨਾ ਜਲਦੀ ਪੂਰੀ ਕੀਤੀ ਜਾਵੇ। ਹਰ ਗੁਰਦੁਆਰਾ ਸਾਹਿਬ 'ਚ ਦਾਖ਼ਲੇ ਤੋਂ ਪਹਿਲਾਂ ਯਾਤਰੂਆਂ ਦੇ ਸਾਮਾਨ ਦੀ ਬਾਰੀਕੀ ਨਾਲ ਸਕੈਨਰਾਂ ਰਾਹੀਂ ਜਾਂਚ ਕੀਤੀ ਜਾਵੇਗੀ। ਬੈਠਕ 'ਚ ਪਾਕਿਸਤਾਨ ਰੇਂਜਰਜ਼, ਪੁਲਿਸ ਤੇ ਕਾਨੂੰਨ ਲਾਗੂ ਕਰਨ ਵਾਲੀਆਂ ਏਜੰਸੀਆਂ ਦੇ ਪ੍ਰਤੀਨਿਧੀ ਸ਼ਾਮਲ ਹੋਏ।



## ਗਊ ਸੇਵਾ ਸੰਮਤੀ ਨੇ ਗਊ ਪੂਜਾ ਕਰਕੇ ਪੂਰਨਮਾਸ਼ੀ ਦਾ ਦਿਹਾੜਾ ਮਨਾਇਆ



ਅਮਲੋਹ, 5 ਅਪ੍ਰੈਲ (ਜਸਵੰਤ ਸਿੰਘ): ਗਊ ਸੇਵਾ ਸੰਮਤੀ ਅਮਲੋਹ ਵੱਲੋਂ ਪੂਰਨਮਾਸ਼ੀ ਦਾ ਦਿਹਾੜਾ ਸੰਮਤੀ ਦੇ ਸਰਪ੍ਰਸਤ ਪ੍ਰੇਮ ਚੰਦ ਸ਼ਰਮਾ ਦੀ ਅਗਵਾਈ ਹੇਠ ਸ੍ਰੀ ਸੰਗਮੇਸ਼ਵਰ ਗਊਸ਼ਾਲਾ ਅਮਲੋਹ ਵਿੱਚ ਗਊ ਪੂਜਾ ਕਰਕੇ ਮਨਾਇਆ ਗਿਆ, ਜਿਸ ਵਿੱਚ ਵੱਡੀ ਗਿਣਤੀ ਵਿੱਚ ਸ਼ਰਧਾਲੂਆਂ ਨੇ ਵੀ ਸ਼ਿਰਕਤ ਕੀਤੀ।ਪੂਜਾ ਦੀ ਰਸਮ ਪੰਡਤ ਰੋਸ਼ਨ ਲਾਲ ਵੱਲੋਂ ਮੰਤਰਾਂ ਦੇ ਉਚਾਰਣ ਨਾਲ ਮਾਨਵ ਭਲਾਈ ਮੰਚ ਅਮਲੋਹ ਦੇ ਪ੍ਰਧਾਨ ਮਾਸਟਰ ਮਨੋਹਰ ਲਾਲ ਤੇ ਬਾਕੀ ਸ਼ਰਧਾਲੂਆਂ ਤੋਂ ਕਰਵਾਈ।ਬਾਅਦ ਵਿੱਚ ਸ਼ਰਧਾਲੂਆਂ ਨੂੰ ਫ਼ਲ ਤੇ ਮਠਿਆਈ ਆਦਿ ਦਾ ਪ੍ਰਸ਼ਾਦ ਵੰਡਿਆ ਗਿਆ। ਇਸ ਮੌਕੇ ਸਰਪ੍ਰਸਤ ਪ੍ਰੇਮ ਚੰਦ ਸ਼ਰਮਾ, ਸੀਨੀਅਰ ਮੀਤ ਪ੍ਰਧਾਨ ਸੰਜੀਵ ਧੀਰ, ਡਾ. ਅਮਰਜੀਤ ਸਿੰਘ ਅਨੇਤਾ, ਗਿਆਨ ਚੰਦ ਗਰਗ, ਸੁਰੇਸ਼ ਕੁਮਾਰ ਲੁਟਾਵਾ, ਬਲਵੀਰ ਸਿੰਘ, ਦਿਨੇਸ਼ ਗੋਇਲ, ਸਰਬਜੀਤ ਕੌਰ ਤੇ ਸਿਮਰਨਜੀਤ ਕੌਰ ਆਦਿ ਹਾਜ਼ਰ ਸਨ।ਸੰਮਤੀ ਦੇ ਪ੍ਰਧਾਨ ਭੂਸ਼ਨ ਸੂਦ ਨੇ ਦੱਸਿਆ ਕਿ ਹਰ ਮਹੀਨੇ ਦੀ ਪੂਰਨਮਾਸ਼ੀ ਤੇ ਮੱਸਿਆ ਨੂੰ ਗਊਸ਼ਾਲਾ ਵਿੱਚ ਗਊ ਪੂਜਾ ਕਰਵਾ ਕੇ ਨਗਰ ਖੇੜੇ ਤੇ ਵਿਸ਼ਵ ਸ਼ਾਤੀ ਦੀ ਅਰਦਾਸ ਕੀਤੀ ਜਾਂਦੀ ਹੈ।ਉਨ੍ਹਾਂ ਕਿਹਾ ਕਿ ਕੋਈ ਵੀ ਗਊ ਭਗਤ ਗਊ ਪੂਜਾ ਲਈ ਉਨ੍ਹਾਂ ਨਾਲ ਸੰਪਰਕ ਕਰ ਸਕਦਾ ਹੈ।ਉਨ੍ਹਾਂ ਲੋਕਾਂ ਨੂੰ ਇਸ ਦਿਹਾੜੇ ਉਪਰ ਵੱਧ ਚੜ੍ਹ ਕੇ ਸ਼ਾਮਲ ਹੋਣ ਦੀ ਅਪੀਲ ਕੀਤੀ।

## ਜੀ.ਏ.ਵੀ. ਜੈਨ ਆਦਰਸ਼ ਵਿਦਿਆਲਯ 'ਚ ਨਵੇਂ ਵਿੱਦਿਅਕ ਸੈਸ਼ਨ ਦੀ ਸ਼ੁਰੂਆਤ

ਫਾਜ਼ਿਲਕਾ, 5 ਅਪ੍ਰੈਲ (ਬਖਸ਼ੀਸ਼ ਸਿੰਘ/ਜਸਪ੍ਰੀਤ ਸਿੰਘ): ਸਥਾਨਕ ਜੀ.ਏ.ਵੀ. ਜੈਨ ਆਦਰਸ਼ ਵਿਦਿਆਲਯ ਵਿੱਚ ਅੱਜ ਤੋਂ ਨਵੇਂ ਵਿੱਦਿਅਕ ਸੈਸ਼ਨ ਦੀ ਸ਼ੁਰੂਆਤ ਹੋ ਗਈ। ਸਕੂਲ ਦੇ ਪਹਿਲੇ ਦਿਨ ਵਿਦਿਆਰਥੀਆਂ ਵਿੱਚ ਖਾਸ ਉਤਸ਼ਾਹ ਤੇ ਰੌਣਕ ਦੇਖਣ ਨੂੰ ਮਿਲੀ। ਸਕੂਲ ਦੇ ਚੇਅਰਮੈਨ ਐਡਵੋਕੇਟ ਅਨਿਲ ਜੈਨ ਤੇ ਪ੍ਰਿੰਸੀਪਲ ਨਰੇਸ਼ ਸਪੜਾ ਦੀ ਅਗਵਾਈ ਹੇਠ ਸਕੂਲ ਪ੍ਰਬੰਧਨ ਤੇ ਅਧਿਆਪਕਾਂ ਵੱਲੋਂ ਨਵੇਂ ਤੇ ਪੁਰਾਣੇ ਵਿਦਿਆਰਥੀਆਂ ਦਾ ਗਰਮਜੋਸ਼ੀ ਨਾਲ ਸਵਾਗਤ ਕੀਤਾ ਗਿਆ, ਜਿਸ ਨਾਲ ਸਕੂਲ ਦਾ ਮਾਹੌਲ ਇੱਕ ਵਾਰ ਫਿਰ ਬੱਚਿਆਂ ਦੀਆਂ ਖਿੜਖਿੜਾਹਟਾਂ ਨਾਲ ਗੂੰਜ ਉਠਿਆ।ਨਵੇਂ ਸੈਸ਼ਨ ਦੇ ਮੌਕੇ 'ਤੇ ਵਿਸ਼ੇਸ਼ ਪ੍ਰਾਰਥਨਾ ਸਭਾ ਦਾ ਆਯੋਜਨ ਵੀ ਕੀਤਾ ਗਿਆ।ਇਸ ਬਾਰੇ ਜਾਣਕਾਰੀ ਦਿੰਦਿਆਂ ਵਾਈਸ ਪ੍ਰਿੰਸੀਪਲ ਸ਼ੀਨਮ ਧੂੜੀਆ ਨੇ ਦੱਸਿਆ ਕਿ ਪਹਿਲੇ ਦਿਨ ਸਵੇਰੇ ਵਿਸ਼ੇਸ਼ ਪ੍ਰਾਰਥਨਾ ਸਭਾ ਕਰਵਾਈ ਗਈ, ਜਿਸ





ਦੌਰਾਨ ਵਿਦਿਆਰਥੀਆਂ ਨੂੰ ਅਨੁਸ਼ਾਸਨ, ਸਮੇਂ ਦੀ ਪਾਬੰਦੀ ਤੇ ਪੜ੍ਹਾਈ ਪ੍ਰਤੀ ਸਮਰਪਿਤ ਰਹਿਣ ਲਈ ਪ੍ਰੇਰਿਤ ਕੀਤਾ ਗਿਆ। ਉਨ੍ਹਾਂ ਦੱਸਿਆ ਕਿ ਸਕੂਲ ਪ੍ਰਬੰਧਨ ਵੱਲੋਂ ਪਹਿਲੇ ਹੀ ਦਿਨ ਤੋਂ ਪੜ੍ਹਾਈ ਦਾ ਸੁਚਾਰੂ ਮਾਹੌਲ ਬਣਾਉਣ ਲਈ ਸਾਰੀਆਂ ਤਿਆਰੀਆਂ ਮੁਕੰਮਲ ਕੀਤੀਆਂ ਗਈਆਂ ਸਨ। ਵਿਦਿਆਰਥੀਆਂ ਨੂੰ ਉਨ੍ਹਾਂ ਦੀਆਂ ਨਵੀਆਂ ਕਲਾਸਾਂ ਵਿੱਚ ਬਿਠਾਇਆ ਗਿਆ ਤੇ ਅਧਿਆਪਕਾਂ ਵੱਲੋਂ ਉਨ੍ਹਾਂ ਨੂੰ ਆਉਣ ਵਾਲੇ ਸਾਲ ਦੇ ਪਾਠਕ੍ਰਮ ਤੇ ਗਤੀਵਿਧੀਆਂ ਬਾਰੇ ਜਾਣੂੰ ਕਰਵਾਇਆ ਗਿਆ। ਛੋਟੇ ਬੱਚਿਆਂ ਲਈ ਖਾਸ ਸਵਾਗਤੀ ਦਰਵਾਜ਼ੇ ਤਿਆਰ ਕੀਤੇ ਗਏ, ਜਿਸ ਨਾਲ ਉਨ੍ਹਾਂ ਦਾ ਪਹਿਲਾ ਦਿਨ ਯਾਦਗਾਰ ਬਣ ਗਿਆ।ਚੇਅਰਮੈਨ ਐਡਵੋਕੇਟ ਅਨਿਲ ਜੈਨ ਦੇ ਮਾਰਗਦਰਸ਼ਨ ਹੇਠ ਸਕੂਲ ਇਸ ਸੈਸ਼ਨ ਵਿੱਚ ਵਿਦਿਆਰਥੀਆਂ ਦੇ ਸਰਵਾਂਗੀਣ ਵਿਕਾਸ ਲਈ ਨਵੀਆਂ ਯੋਜਨਾਵਾਂ 'ਤੇ ਕੰਮ ਕਰ ਰਿਹਾ ਹੈ।

## ਗੁਰੂ ਨਾਨਕ ਦੀ ਰਸੋਈ 'ਚ ਹਰ ਹਫਤੇ ਲੱਗਦੇ ਨੇ ਲੰਗਰ

ਭੋਗਪੁਰ, 5 ਅਪ੍ਰੈਲ (ਜੰਡੀਰ ਸੈਣੀ): ਗੁਰੂ ਨਾਨਕ ਦੀ ਰਸੋਈ ਭੋਗਪੁਰ ਦੇ ਪਿੰਡ ਡੱਲੀ ਹਰ ਹਫਤੇ ਸ਼ਨੀਵਾਰ ਨੂੰ ਗੁਰੂ ਕੇ ਲੰਗਰ ਲਗਾਏ ਜਾਂਦੇ ਹਨ ਤੇ ਇਸ ਲੰਗਰ ਦੀ ਹਰ ਹਫਤੇ ਸੇਵਾ ਸੰਭਾਲਦੇ ਹਨ ਸਾਬਕਾ ਐਸਐਸਪੀ ਹਰਵਿੰਦਰ ਸਿੰਘ ਡੱਲੀ, ਜੋ ਕਿ ਭਾਰਤੀ ਜਨਤਾ ਪਾਰਟੀ ਦੇ ਸੀਨੀਅਰ ਆਗੂ ਵੀ ਹਨ, ਜਾਣਕਾਰੀ ਮਿਲਣ 'ਤੇ ਅੱਜ ਚੜ੍ਹਦੀਕਲਾ ਟਾਈਮ ਟੀਵੀ ਟੀਮ ਵੱਲੋਂ ਮੌਕਾ ਦੇਖਿਆ ਗਿਆ ਤਾਂ ਸਭ ਤੋਂ ਪਹਿਲਾਂ ਸਾਬਕਾ ਐਸਐਸਪੀ ਹਰਵਿੰਦਰ ਸਿੰਘ ਨੇ ਸਭ ਤੋਂ ਪਹਿਲਾਂ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਚਰਨਾਂ ਵਿੱਚ ਅਰਦਾਸ ਬੇਨਤੀ ਕੀਤੀ। ਉਪਰੰਤ ਗੁਰੂ ਦੇ ਲੰਗਰ ਪੰਗਤਾਂ ਵਿੱਚ ਵਰਤਾਉਣ ਦੀ ਸ਼ੁਰੂਆਤ ਕੀਤੇ, ਜੀਟੀ ਰੋਡ ਤੋਂ ਲੰਘਦੇ ਮੁਸਾਫਰ ਲੰਗਰ ਛੱਕਣ ਪਹੁੰਚੇ ਹੋਰ ਵੀ ਭੋਗਪੁਰ ਸ਼ਹਿਰ ਦੀਆਂ ਕਾਫੀ ਗਿਣਤੀ ਵਿੱਚ ਸੰਗਤਾਂ ਲੰਗਰ ਛਕਣ ਪਹੁੰਚੀਆਂ, ਸਾਬਕਾ ਐਸਐਸਪੀ ਹਰਵਿੰਦਰ ਸਿੰਘ ਨੇ ਆਈਆਂ ਸੰਗਤਾਂ ਦਾ ਤੇ ਗੁਰੂ ਸਾਹਿਬ ਦਾ ਧੰਨਵਾਦ ਕੀਤਾ। ਇਸ ਮੌਕੇ 'ਤੇ ਬਲਵਿੰਦਰ ਸਿੰਘ ਭੰਗੂ ਪ੍ਰਧਾਨ ਪ੍ਰੈਸ ਕਲੱਬ, ਸੁਖਵਿੰਦਰ ਸਿੰਘ ਪੱਤਰਕਾਰ ਜਾਗਰਨ, ਅਮਰਜੀਤ ਸਿੰਘ ਸੈਣੀ ਚੜ੍ਹਦੀਕਲਾ, ਕਮਲ ਸਿੰਘ, ਅੰਮ੍ਰਿਤ ਪਾਲ ਸਿੰਘ, ਜਸਵੀਰ ਸਿੰਘ, ਬੱਲ ਸਾਹਿਬ ਹਾਜ਼ਰ ਸਨ।



## ਐਸ.ਪੀ.ਐਨ. ਕਾਲਜੀਏਟ ਸੀਨੀ. ਸੈਕੰ. ਸਕੂਲ 'ਚ ਦਾਖਲਾ ਜਾਣਕਾਰੀ ਪੁਸਤਿਕਾ ਜਾਰੀ

ਮੁਕੇਰੀਆਂ, 5 ਅਪ੍ਰੈਲ (ਧਰਮ ਚੰਦ): ਐਸ.ਪੀ.ਐਨ. ਕਾਲਜੀਏਟ ਸੀਨੀਅਰ ਸੈਕੰਡਰੀ ਸਕੂਲ, ਮੁਕੇਰੀਆਂ ਵਿਖੇ (ਸੈਸ਼ਨ 2026-27) ਦਾਖਲਾ ਸਬੰਧੀ ਜਾਣਕਾਰੀ ਪੁਸਤਿਕਾ ਸਕੂਲ ਪ੍ਰਬੰਧਕ ਕਮੇਟੀ ਦੇ ਸੀਨੀਅਰ ਉਪ-ਪ੍ਰਧਾਨ ਅਜੀਤ ਨਰੰਗ ਤੇ ਸਕੱਤਰ ਸੰਜੀਵ ਆਨੰਦ ਵੱਲੋਂ ਜਾਰੀ ਕੀਤੀ ਗਈ। ਇਸ ਮੌਕੇ 'ਤੇ ਸੰਬੋਧਨ ਕਰਦੇ ਹੋਏ ਅਜੀਤ ਨਰੰਗ ਨੇ ਕਿਹਾ ਕਿ ਕਾਲਜ ਵਿੱਚ +1 ਤੇ +2 ਦੇ 2026-27 ਸੈਸ਼ਨ ਲਈ ਆਰਟਸ, ਸਾਇੰਸ ਤੇ ਕਾਮਰਸ ਵਿਸ਼ਿਆਂ ਵਿੱਚ ਦਾਖਲੇ ਜਾਰੀ ਹਨ।ਅੱਗੇ ਉਨ੍ਹਾਂ ਨੇ ਕਿਹਾ ਕਿ ਜਿਹੜੇ ਵਿਦਿਆਰਥੀ 13 ਅਪ੍ਰੈਲ ਤੱਕ ਸਕੂਲ ਵਿੱਚ ਦਾਖਲਾ ਲੈਣਗੇ, ਉਨ੍ਹਾਂ ਨੂੰ 2000 ਰੁਪਏ ਵਿਸ਼ੇਸ਼ ਰਿਆਇਤ ਦਿੱਤੀ ਜਾਵੇਗੀ।ਸਕੱਤਰ ਸੰਜੀਵ ਆਨੰਦ ਨੇ ਇਸ ਸਬੰਧੀ ਜਾਣਕਾਰੀ ਦਿੰਦਿਆਂ ਕਿਹਾ ਕਿ ਕਾਲਜੀਏਟ ਸਕੂਲ ਵਿੱਚ ਤਜਰਬੇਕਾਰ ਅਧਿਆਪਕ ਵਿਦਿਆਰਥੀਆਂ ਦੇ ਗਿਆਨ ਵਿੱਚ ਵਾਧਾ ਕਰਦੇ ਹਨ।

## ਰੈਲੀ ਨੇ ਤੋੜਿਆ ਰਿਕਾਰਡ, ਭਾਰੀ ਹੋਇਆ ਇਕੱਠ: ਗੁਰਲਾਲ ਸਿੰਘ, ਜਗਦੀਪ ਸਿੰਘ

ਮੋਗਾ, 5 ਅਪ੍ਰੈਲ (ਨਿਸ਼ੀ ਮਨਚੰਦਾ/ਗੁਰਦੇਵ ਖੁਰਾਣਾ): ਅੱਜ ਮੋਗਾ ਦੀ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਰੈਲੀ ਨੂੰ ਲੈ ਕੇ ਸਾਰੇ ਇਕੱਠ ਨੇ ਅੱਜ ਰਿਕਾਰਡ ਤੋੜ ਦਿੱਤਾ ਹੈ ਕਿਉਂਕਿ ਇੰਨੇ ਵੱਡੇ ਇਕੱਠ ਨੇ ਦੱਸ ਦਿੱਤਾ ਕਿ ਅਗਲੀ ਸਰਕਾਰ ਵੀ ਆਪ ਪਾਰਟੀ ਦੀ ਆਵੇਗੀ। ਹਜ਼ਾਰਾਂ ਦੀ ਗਿਣਤੀ ਦੇ ਵਿੱਚ ਆਪ ਦੇ ਵਰਕਰ ਸ਼ਾਮਲ ਹੋਏ। ਵਰਕਰਾਂ ਦੇ ਵਿੱਚ ਇਸ ਰੈਲੀ ਨੂੰ ਲੈ ਕੇ ਬਹੁਤ ਜ਼ਿਆਦਾ ਉਤਸ਼ਾਹ ਸੀ, ਕਿਉਂਕਿ ਲੋਕ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਵਿਚਾਰ ਸੁਣਨ ਲਈ ਆਏ ਸਨ।ਪ੍ਰੈਸ ਨਾਲ ਗੱਲਬਾਤ ਕਰਦੇ ਹੋਏ ਲਾਈਟ ਟਰੱਕ ਯੂਨੀਅਨ ਦੇ ਪ੍ਰਧਾਨ ਗੁਰਲਾਲ ਸਿੰਘ ਤੇ ਜਗਦੀਪ ਸਿੰਘ ਨੇ ਕਿਹਾ ਕਿ ਲੋਕਾਂ ਨੇ ਆਪਣੇ ਦਿਲਾਂ ਵਿੱਚ ਧਾਰ ਲਿਆ ਹੈ ਕਿ ਅਗਲੀ ਸਰਕਾਰ ਫਿਰ ਆਪ ਸਰਕਾਰ ਦੀ ਲੈ ਕੇ ਆਉਣਗੇ ਤੇ ਮੋਗਾ ਤੋਂ ਐਮਐਲਏ ਅਮਨਦੀਪ ਕੌਰ ਅਰੋੜਾ ਨੂੰ ਦੁਬਾਰਾ ਬਣਾਉਣਗੇ ਕਿਉਂਕਿ ਲੋਕਾਂ ਨੂੰ ਆਪ ਸਰਕਾਰ ਉੱਤੇ ਭਰੋਸਾ ਹੋ ਚੁੱਕਿਆ ਹੈ।



## ਇੱਕੋ ਸਥਾਨ 'ਤੇ ਗੁਣਵੱਤਾ ਭਰੀ ਸਿੱਖਿਆ ਦਾ ਕੇਂਦਰ ਬਣੀਆਂ ਐਸਐਫਸੀ ਵਿਦਿਅਕ ਸੰਸਥਾਵਾਂ: ਅਭਿਸ਼ੇਕ ਜਿੰਦਲ

ਮੋਗਾ, 5 ਅਪ੍ਰੈਲ (ਨਿਸ਼ੀ ਮਨਚੰਦਾ/ਗੁਰਦੇਵ ਖੁਰਾਣਾ): ਇਲਾਕੇ ਵਿੱਚ ਗੁਣਵੱਤਾ ਭਰੀ ਤੇ ਵਿਵਹਾਰਕ ਸਿੱਖਿਆ ਪ੍ਰਦਾਨ ਕਰਨ ਵਾਲੀਆਂ ਐਸਐਫਸੀ ਵਿੱਦਿਅਕ ਸੰਸਥਾਵਾਂ ਅੱਜ ਇੱਕ ਮਿਸਾਲ ਵਜੋਂ ਸਾਹਮਣੇ ਆ ਰਹੀਆਂ ਹਨ। ਐਸਐਫਸੀ ਪਬਲਿਕ ਸਕੂਲ, ਐਸਐਫਸੀ ਕਾਨਵੈਂਟ ਸਕੂਲ, ਆਈਟੀਆਈ ਤੇ ਨਰਸਿੰਗ ਸੰਸਥਾਵਾਂ ਨੂੰ ਇੱਕੋ ਸਥਾਨ 'ਤੇ ਚਲਾ ਕੇ ਵਿਦਿਆਰਥੀਆਂ ਨੂੰ ਬੁਨਿਆਦੀ ਤੋਂ ਲੈ ਕੇ ਪੇਸ਼ੇਵਰ ਸਿੱਖਿਆ ਤੱਕ ਦੀ ਸਹੂਲਤ ਮੁਹੱਈਆ ਕਰਵਾਈ ਜਾ ਰਹੀ ਹੈ। ਇਸ ਸਬੰਧੀ ਸੰਸਥਾਵਾਂ ਦੇ ਡਾਇਰੈਕਟਰ ਅਭਿਸ਼ੇਕ ਜਿੰਦਲ ਨੇ ਕਿਹਾ ਕਿ ਉਨ੍ਹਾਂ ਦਾ ਮੁੱਖ ਮਕਸਦ ਵਿਦਿਆਰਥੀਆਂ ਨੂੰ ਅਜਿਹੀ ਸਿੱਖਿਆ ਦੇਣਾ ਹੈ, ਜੋ ਉਨ੍ਹਾਂ ਨੂੰ ਰੋਜ਼ਗਾਰ ਯੋਗ ਬਣਾਉਣ ਦੇ ਨਾਲ-ਨਾਲ ਚੰਗਾ ਇਨਸਾਨ ਵੀ ਤਿਆਰ ਕਰੇ। ਅਭਿਸ਼ੇਕ ਜਿੰਦਲ ਨੇ ਦੱਸਿਆ ਕਿ ਅੱਜ ਦੇ ਮੁਕਾਬਲੇ ਵਾਲੇ ਯੁੱਗ ਵਿੱਚ ਸਿਰਫ ਕਿਤਾਬੀ ਗਿਆਨ ਹੀ ਕਾਫੀ ਨਹੀਂ ਹੈ, ਸਗੋਂ ਤਕਨੀਕੀ ਤੇ ਵਿਵਹਾਰਕ ਸਿੱਖਿਆ ਦੀ ਵੀ ਬਹੁਤ ਲੋੜ ਹੈ। ਇਸ ਲਈ ਐਸਐਫਸੀ ਸੰਸਥਾਵਾਂ ਵਿੱਚ ਸਕੂਲੀ ਸਿੱਖਿਆ ਦੇ ਨਾਲ-ਨਾਲ ਆਈਟੀਆਈ ਤੇ ਨਰਸਿੰਗ ਕੋਰਸਾਂ ਦੀ ਸਹੂਲਤ ਦਿੱਤੀ ਜਾ ਰਹੀ ਹੈ ਤਾਂ ਜੋ ਵਿਦਿਆਰਥੀ ਆਪਣੀ ਰੁਚੀ ਅਨੁਸਾਰ ਖੇਤਰ ਚੁਣ ਸਕਣ। ਉਨ੍ਹਾਂ ਕਿਹਾ ਕਿ ਇੱਕੋ ਕੈਂਪਸ ਵਿੱਚ ਵੱਖ-ਵੱਖ ਸੰਸਥਾਵਾਂ ਹੋਣ ਕਾਰਨ ਵਿਦਿਆਰਥੀਆਂ ਤੇ ਮਾਪਿਆਂ ਨੂੰ ਵੱਡੀ ਸਹੂਲਤ ਮਿਲਦੀ ਹੈ ਤੇ ਸਮੇਂ ਦੀ ਵੀ ਬੱਚਤ ਹੁੰਦੀ ਹੈ।ਉਨ੍ਹਾਂ ਕਿਹਾ ਕਿ ਐਸਐਫਸੀ ਪਬਲਿਕ ਸਕੂਲ ਤੇ ਐਸਐਫਸੀ ਕਾਨਵੈਂਟ ਸਕੂਲ ਵਿੱਚ ਆਧੁਨਿਕ ਸਿੱਖਿਆ ਦੇ ਨਾਲ-ਨਾਲ ਅਨੁਸ਼ਾਸਨ ਤੇ ਨੈਤਿਕ ਮੁੱਲਾਂ 'ਤੇ ਵੀ ਖਾਸ ਧਿਆਨ ਦਿੱਤਾ ਜਾਂਦਾ ਹੈ। ਵਿਦਿਆਰਥੀਆਂ ਦੀ ਸਰਵਪੱਖੀ ਵਿਕਾਸ ਲਈ ਖੇਡਾਂ, ਸੱਭਿਆਚਾਰਕ ਗਤੀਵਿਧੀਆਂ ਤੇ ਵਿਗਿਆਨਕ ਸੋਚ ਨੂੰ ਉਤਸ਼ਾਹਿਤ ਕੀਤਾ ਜਾਂਦਾ ਹੈ।ਉਨ੍ਹਾਂ ਦੱਸਿਆ ਕਿ ਸੰਸਥਾ ਵਿੱਚ ਤਜਰਬੇਕਾਰ ਅਧਿਆਪਕਾਂ ਦੀ ਟੀਮ ਵੱਲੋਂ ਵਿਦਿਆਰਥੀਆਂ ਨੂੰ ਉਚ ਪੱਧਰੀ ਸਿੱਖਿਆ ਦਿੱਤੀ ਜਾ ਰਹੀ ਹੈ।



## ਗੋਲਡਨ ਐਜੂਕੇਸ਼ਨਜ਼ ਸੰਸਥਾ ਦੇ ਆ ਰਹੇ ਨੇ ਲਗਾਤਾਰ ਵੀਜ਼ੇ

ਮੋਗਾ, 5 ਅਪ੍ਰੈਲ (ਨਿਸ਼ੀ ਮਨਚੰਦਾ/ਗੁਰਦੇਵ ਖੁਰਾਣਾ): ਗੋਲਡਨ ਐਜੂਕੇਸ਼ਨਜ਼ ਜੋ ਕਿ ਆਇਲਟਸ ਤੇ ਇਮੀਗ੍ਰੇਸ਼ਨ ਖੇਤਰ ਵਿੱਚ ਅੱਵਲ ਹੈ। ਜੋ ਕਿ ਲੁਧਿਆਣਾ-ਮੋਗਾ ਜੀ.ਟੀ ਰੋਡ ਦੱਤ ਰੋਡ ਦੇ ਸਾਹਮਣੇ ਸਥਿਤ ਹੈ। ਇਹ ਸੰਸਥਾ ਲਗਾਤਾਰ ਪੜ੍ਹਾਈ ਕਰਨ ਦੇ ਚਾਹਵਾਨ ਤੇ ਸਪਾਊਸ ਕੇਸਾਂ ਦੇ ਬੱਚਿਆਂ ਲਈ ਵਰਦਾਨ ਸਾਬਤ ਹੋ ਰਹੀ ਹੈ। ਸੰਸਥਾ ਨੇ ਗੁਰਤੇਜ ਸਿੰਘ ਦਾ ਇੱਕ ਰਿਫੀਊਜ਼ਲ ਤੋਂ ਬਾਅਦ ਕੈਨੇਡਾ ਦਾ ਸੁਪਰ ਵੀਜ਼ਾ ਲਗਵਾ ਕੇ ਕਿੱਤਾ। ਸੰਸਥਾ ਦੇ ਚੇਅਰਮੈਨ ਸੁਭਾਸ਼ ਪਲਤਾ ਨੇ ਦੱਸਿਆ ਕਿ ਸੰਸਥਾ ਵੱਲੋਂ ਵਿਦੇਸ਼ ਪੜ੍ਹਾਈ ਕਰਨ ਜਾਣ ਵਾਲੇ ਬੱਚਿਆਂ ਦਾ ਬਹੁਤ ਵਧੀਆ ਕਾਲਜਾਂ ਵਿੱਚ ਤੇ ਬਹੁਤ ਘੱਟ ਖਰਚੇ 'ਤੇ ਦਾਖਲਾ ਕਰਵਾਇਆ ਜਾਂਦਾ ਹੈ ਤਾਂ ਜੋ ਉਨ੍ਹਾਂ ਨੂੰ ਵਿਦੇਸ਼ਾਂ ਵਿੱਚ ਕੋਈ ਸਮੱਸਿਆ ਨਾ ਆਵੇ। ਉਨ੍ਹਾਂ ਦੱਸਿਆ ਕਿ ਸਪਾਊਸ ਕੇਸਾਂ ਦੀਆਂ ਫਾਈਲਾਂ ਬਹੁਤ ਤਜਰਬੇਕਾਰ ਸਟਾਫ ਵੱਲੋਂ ਤਿਆਰ ਕੀਤੀਆਂ ਜਾਂਦੀਆਂ ਹਨ, ਜਿਨ੍ਹਾਂ ਸਦਕਾ ਬੱਚਿਆਂ ਨੂੰ ਬਹੁਤ ਜਲਦੀ ਵੀਜ਼ੇ ਪ੍ਰਾਪਤ ਹੋ ਰਹੇ ਹਨ। ਇਸ ਸੰਸਥਾ ਦੇ ਚੇਅਰਮੈਨ ਸੁਭਾਸ਼ ਪਲਤਾ ਡਾਇਰੈਕਟਰ ਅਮਿਤ ਪਲਤਾ ਤੇ ਰਮਨ ਅਰੋੜਾ ਤੇ ਉਨ੍ਹਾਂ ਦੇ ਸਟਾਫ ਮੈਂਬਰਾਂ ਨੇ ਗੁਰਤੇਜ ਸਿੰਘ ਨੂੰ ਵੀਜ਼ਾ ਦਿੰਦਿਆਂ ਉਨ੍ਹਾਂ ਦੇ ਉਜਵੱਲ ਭਵਿੱਖ ਦੀ ਕਾਮਨਾ ਕੀਤੀ। ਇਸ ਦੌਰਾਨ ਗੁਰਤੇਜ ਸਿੰਘ ਨੇ ਵੀਜ਼ਾ ਲੈਂਦੇ ਹੋਏ ਸੰਸਥਾ ਦੇ ਮੁਖੀ ਅਮਿਤ ਪਲਤਾ, ਰਮਨ ਅਰੋੜਾ ਤੇ ਪੂਰੀ ਟੀਮ ਦਾ ਬਹੁਤ ਬਹੁਤ ਧੰਨਵਾਦ ਕੀਤਾ। ਇਸ ਸੰਸਥਾ ਦੇ ਮੁਖੀ ਰਮਨ ਅਰੋੜਾ ਨੇ ਦੱਸਿਆ ਕਿ ਸੰਸਥਾ ਵਿੱਚ ਬਹੁਤ ਹੀ ਵਧੀਆ ਤੇ ਆਧੁਨਿਕ ਤਰੀਕੇ ਨਾਲ ਫਾਈਲ ਤਿਆਰ ਕੀਤੀ ਜਾਂਦੀ ਹੈ ਤੇ ਪਿਛਲੇ ਕਈ ਸਾਲਾਂ ਤੋਂ ਸੰਸਥਾ ਵੱਲੋਂ ਲਗਵਾਏ ਗਏ ਮਲਟੀਪਲ, ਸੁਪਰ, ਸਪਾਊਸ ਤੇ ਸਟੂਡੈਂਟ ਵੀਜ਼ੇ ਦੇ ਰਿਜ਼ਲਟਸ ਬਹੁਤ ਚੰਗੇ ਆ ਰਹੇ ਹਨ ਤੇ ਇਹ ਸੰਸਥਾ ਸਾਰੇ ਦੇਸ਼ਾਂ ਦੇ ਆਨਲਾਈਨ ਵੀਜ਼ਾ ਤੇ ਰਿਫੀਊਜ਼ਲ ਕੇਸ ਲਗਾਉਣ ਵਿੱਚ ਮਾਹਿਰ ਜਾਣੀ ਜਾਂਦੀ ਹੈ। ਜਿਹੜੇ ਵੀ ਵਿਅਕਤੀਆਂ ਦਾ ਵੀਜ਼ਾ ਕਿਸੇ ਵੀ ਦੇਸ਼ ਤੋਂ ਰਿਫੀਊਜ਼ ਹੈ ਉਹ ਜਲਦ ਤੋਂ ਜਲਦ ਆ ਕੇ ਮਿਲ ਕੇ ਜਾਣਕਾਰੀ ਲੈ ਸਕਦੇ ਹਨ।



# ਡਾਇਲਿਸਿਸ ਤੋਂ ਲੈ ਕੇ ਕੈਂਸਰ ਦੇ ਇਲਾਜ ਤੱਕ, ਮਾਨ ਸਰਕਾਰ 'ਮੁੱਖ ਮੰਤਰੀ ਸਿਹਤ ਯੋਜਨਾ' ਨੇ 2 ਲੱਖ ਪਰਿਵਾਰਾਂ ਨੂੰ ਆਰਥਿਕ ਬਰਬਾਦੀ ਤੋਂ ਬਚਾਇਆ : ਡਾ. ਬਲਬੀਰ ਸਿੰਘ

ਚੰਡੀਗੜ੍ਹ, 5 ਅਪ੍ਰੈਲ (ਚ.ਨ.ਸ.): ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ "ਮੁੱਖ ਮੰਤਰੀ ਸਿਹਤ ਯੋਜਨਾ" ਪੰਜਾਬ ਵਿੱਚ ਸਿਹਤ ਸੇਵਾਵਾਂ ਦੀ ਪਹੁੰਚ ਨੂੰ ਨਵਾਂ ਰੂਪ ਦੇ ਕੇ ਇਹ ਯਕੀਨੀ ਬਣਾ ਰਹੀ ਹੈ ਕਿ ਹੁਣ ਇਲਾਜ ਕਿਸੇ ਪਰਿਵਾਰ ਦੀ ਵਿੱਤੀ ਸਮਰੱਥਾ ਤੱਕ ਮਹਿਦੂਦ ਨਾ ਰਹੇ ਸਗੋਂ ਹਰੇਕ ਤੱਕ ਪਹੁੰਚੇ । ਨਵਜੰਮੇ ਬੱਚਿਆਂ ਦੀ ਗੰਭੀਰ ਦੇਖਭਾਲ ਤੋਂ ਲੈ ਕੇ ਗੁੰਝਲਦਾਰ ਸਰਜਰੀਆਂ ਅਤੇ ਜੀਵਨ ਭਰ ਚੱਲਣ ਵਾਲੇ ਪੁਰਾਣੇ ਗੰਭੀਰ ਰੋਗਾਂ ਦੇ ਇਲਾਜ ਤੱਕ, ਇਹ ਸਕੀਮ ਪੰਜਾਬ ਭਰ ਦੇ ਲੱਖਾਂ ਪਰਿਵਾਰਾਂ ਨੂੰ ਸਮੇਂ ਸਿਰ, ਨਕਦ ਰਹਿਤ ਡਾਕਟਰੀ ਸਹਾਇਤਾ ਪ੍ਰਦਾਨ ਕਰ ਰਹੀ ਹੈ।

ਜਦੋਂ ਏਮਜ਼ ਬਠਿੰਡਾ ਵਿਖੇ 1.5 ਕਿੱਲੋ ਤੋਂ ਵੀ ਘੱਟ ਭਾਰ ਵਾਲੇ ਅਤੇ ਸਮੇਂ ਤੋਂ ਪਹਿਲਾਂ ਪੈਦਾ ਹੋਏ ਬੱਚੇ ਨੂੰ ਬਚਾਉਣ ਲਈ ਮਕੈਨੀਕਲ ਵੈਂਟੀਲੇਸ਼ਨ ਦੀ ਲੋੜ ਸੀ, ਤਾਂ ਉਸਦੇ ਮਾਪਿਆਂ ਦੀ ਸਿਰਫ਼ ਇੱਕ ਹੀ ਜ਼ਿੰਮੇਵਾਰੀ ਸੀ-ਉਸਦੇ ਨਾਲ ਰਹਿਣਾ। ਇਸ ਇਲਾਜ ਦਾ 4.35 ਲੱਖ ਰੁਪਏ ਦਾ ਖਰਚਾ ਪੂਰੀ ਤਰ੍ਹਾਂ ਪੰਜਾਬ ਸਰਕਾਰ ਵੱਲੋਂ ਉਠਾਇਆ ਗਿਆ। ਪੂਰੇ ਪੰਜਾਬ ਵਿੱਚ, 2 ਲੱਖ ਤੋਂ ਵੱਧ ਪਰਿਵਾਰਾਂ ਨੇ ਅਜਿਹੀ ਹੀ ਰਾਹਤ ਮਹਿਸੂਸ ਕੀਤੀ ਹੈ, ਜਿੱਥੇ ਬਗ਼ੈਰ ਕਿਸੇ ਕਰਜ਼ੇ, ਗਹਿਣੇ ਗਿਰਵੀ ਰੱਖਣ ਜਾਂ ਵਿੱਤੀ ਮਦਦ ਲਈ ਹਾੜੇ ਕੱਢੇ ਬਿਨਾਂ ਤੁਰੰਤ ਇਲਾਜ ਸ਼ੁਰੂ ਹੋਇਆ। ਇਸ ਸਕੀਮ ਨੇ 900 ਤੋਂ ਵੱਧ ਸੂਚੀਬੱਧ ਸਰਕਾਰੀ ਅਤੇ ਨਿਜੀ ਹਸਪਤਾਲਾਂ ਦੇ ਨੈੱਟਵਰਕ ਰਾਹੀਂ 40,000 ਤੋਂ ਵੱਧ ਸਰਜੀਕਲ ਪ੍ਰਕਿਰਿਆਵਾਂ ਸਮੇਤ 2 ਲੱਖ ਤੋਂ ਵੱਧ ਇਲਾਜਾਂ ਲਈ 300 ਕਰੋੜ ਰੁਪਏ ਤੋਂ ਵੱਧ ਦੀ ਨਕਦ ਰਹਿਤ ਸਿਹਤ ਸੇਵਾ ਪ੍ਰਦਾਨ



ਕੀਤੀ ਹੈ। ਇਹਨਾਂ ਵਿੱਚੋਂ ਹਰੇਕ ਅੰਕੜਾ ਇੱਕ ਅਜਿਹੇ ਪਰਿਵਾਰ ਨਾਲ ਸਬੰਧਤ ਹੈ ਜਿਸ ਨੂੰ ਸਿਹਤ ਅਤੇ ਵਿੱਤੀ ਬਚਾਅ ਵਿੱਚੋਂ ਕਿਸੇ ਇੱਕ ਨੂੰ ਚੁਣਨ ਦੀ ਲੋੜ ਨਹੀਂ ਪਈ। ਸਭ ਤੋਂ ਵੱਧ ਪ੍ਰਾਪਤ ਕੀਤੇ ਜਾਣ ਵਾਲੇ ਇਲਾਜਾਂ ਵਿੱਚ ਡਾਇਲਸਿਸ, ਦਿਲ ਦੀਆਂ ਬਿਮਾਰੀਆਂ ਦੇ ਇਲਾਜ, ਆਰਥੋਪੀਡਿਕ ਸਰਜਰੀਆਂ, ਕੈਂਸਰ ਦੀ ਦੇਖਭਾਲ, ਅਤੇ ਸ਼ੂਗਰ ਨਾਲ ਸਬੰਧਤ ਪੇਚੀਦਗੀਆਂ ਤੇ ਸਾਹ ਦੀਆਂ ਬਿਮਾਰੀਆਂ ਦੇ ਇਲਾਜ ਸ਼ਾਮਲ ਹਨ, ਜੋ ਇਸ ਸਕੀਮ ਦੇ ਵਿਆਪਕ ਕਲੀਨਿਕਲ ਘੇਰੇ ਨੂੰ ਦਰਸਾਉਂਦੇ ਹਨ।

ਇੱਕ ਕੇਸ ਵਿੱਚ, ਨਵਦੀਪ ਖ਼ਾਨ, ਜਿਸ ਨੂੰ ਗੁਇਲੇਨ-ਬੈਰੇ ਸਿੰਡਰੋਮ , ਜੋ ਇੱਕ ਦੁਰਲੱਭ ਨਿਊਰੋਲੌਜੀਕਲ ਸਥਿਤੀ ਹੈ,ਜਿਸ ਵਿੱਚ ਇਮਿਊਨ ਸਿਸਟਮ ਦਿਮਾਗ ਦੀਆਂ ਨਸਾਂ 'ਤੇ ਹਮਲਾ ਕਰਦਾ ਹੈ ਅਤੇ ਜਿਸ ਨਾਲ ਅਚਾਨਕ ਅਧਰੰਗ ਹੋ ਜਾਂਦਾ ਹੈ, ਦਾ ਪਤਾ ਲੱਗਿਆ ਸੀ, ਨੇ ਬਠਿੰਡਾ ਦੇ ਇੱਕ ਹਸਪਤਾਲ ਵਿੱਚ ਬਿਨਾਂ ਕੋਈ ਭੁਗਤਾਨ ਕੀਤੇ 4.6 ਲੱਖ ਰੁਪਏ ਦਾ ਇਲਾਜ ਕਰਵਾਇਆ। ਉਸਦਾ ਕੇਸ ਇਸ ਗੱਲ 'ਤੇ ਜ਼ੋਰ ਦਿੰਦਾ ਹੈ ਕਿ ਇਹ ਸਕੀਮ ਸਿਰਫ਼ ਰੋਜ਼ਾਨਾ ਦੀਆਂ ਪ੍ਰਕਿਰਿਆਵਾਂ ਤੱਕ ਸੀਮਤ ਨਹੀਂ ਹੈ ਬਲਕਿ ਗੰਭੀਰ ਅਤੇ ਅਚਾਨਕ ਆਉਣ ਵਾਲੀਆਂ ਡਾਕਟਰੀ ਐਮਰਜੰਸੀਆਂ ਤੱਕ ਫੈਲੀ ਹੋਈ ਹੈ। ਗੁਰਦਿਆਂ ਦੀ ਪੁਰਾਣੀ ਬਿਮਾਰੀ ਇੱਕ ਨਿਰੰਤਰ ਚੁਣੌਤੀ ਹੈ, ਜਿਸ ਵਿੱਚ ਜੀਵਨ ਭਰ ਹਰ ਹਫ਼ਤੇ ਕਈ ਵਾਰ ਡਾਇਲਸਿਸ ਦੀ ਲੋੜ ਹੁੰਦੀ ਹੈ। ਇਸ ਸਕੀਮ ਦੇ ਤਹਿਤ, ਪੂਰੇ ਪੰਜਾਬ ਵਿੱਚ 68,000 ਤੋਂ ਵੱਧ ਗੁਰਦਾ ਰੋਗੀਆਂ ਨੂੰ ਨਿਰੰਤਰ ਡਾਇਲਸਿਸ ਇਲਾਜ ਰਾਹੀਂ ਸਹਾਰਾ ਦਿੱਤਾ ਜਾ ਰਿਹਾ ਹੈ, ਜਿਸ 'ਤੇ 14 ਕਰੋੜ ਰੁਪਏ ਤੋਂ ਵੱਧ ਦਾ ਖ਼ਰਚਾ ਆਇਆ ਹੈ। ਅਜਿਹੀ ਸਹਾਇਤਾ ਤੋਂ ਬਿਨਾਂ, ਕਮਜ਼ੋਰ ਆਰਥਿਕਤਾ ਵਾਲੇ ਪਰਿਵਾਰਾਂ ਨੂੰ ਮਹਿੰਗੇ ਇਲਾਜ ਕਰਾਉਣਾ ਬਹੁਤ ਔਖਾ ਹੈ, ਤੇ ਸਕੀਮ ਵਾਰਦਾਨ ਸਾਬਿਤ ਹੋ ਰਹੀ ਹੈ। ਸਕੀਮ ਅਧੀਨ ਕੈਂਸਰ ਦੀ ਦੇਖਭਾਲ ਵੀ ਵਿਆਪਕ ਰਹੀ ਹੈ, ਜਿਸ ਵਿੱਚ ਕੀਮੋਥੈਰੇਪੀ, ਰੇਡੀਏਸ਼ਨ ਅਤੇ ਸਰਜੀਕਲ ਓਨਕੋਲੋਜੀ ਸਮੇਤ 14,000 ਤੋਂ ਵੱਧ ਇਲਾਜ 35 ਕਰੋੜ ਰੁਪਏ ਤੋਂ ਵੱਧ ਦੀ ਕੁੱਲ ਲਾਗਤ ਨਾਲ ਪ੍ਰਦਾਨ ਕੀਤੇ ਗਏ ਹਨ, ਜੋ ਇਹ ਯਕੀਨੀ ਬਣਾਉਂਦੇ ਹਨ ਕਿ ਮਰੀਜ਼ਾਂ ਨੂੰ ਇਲਾਜ ਦੇ ਸਾਰੇ ਪੜਾਵਾਂ ਵਿੱਚ ਨਿਰਵਿਘਨ ਦੇਖਭਾਲ ਮਿਲੇ। ਇਸੇ ਤਰ੍ਹਾਂ, ਦਿਲ ਦੀਆਂ ਬਿਮਾਰੀਆਂ ਵਿੱਚ ਉੱਨਤ ਇਲਾਜ ਨੂੰ ਪਹੁੰਚਯੋਗ ਬਣਾਇਆ ਗਿਆ ਹੈ। ਪੀ ਜੀ ਆਈ ਐਮ ਈ ਆਰ ਚੰਡੀਗੜ੍ਹ ਵਿਖੇ ਟ੍ਰਾਈਕਸਪਿਡ ਵਾਲਵ ਦੀ ਮੁਰੰਮਤ ਦੇ ਨਾਲ ਇੱਕ ਬਹੁਤ ਹੀ ਗੁੰਝਲਦਾਰ "ਡਬਲ-ਸਵਿੱਚ ਕਾਰਡੀਅਕ ਆਪ੍ਰੇਸ਼ਨ", ਜੋ ਕਿ ਭਾਰਤ ਵਿੱਚ ਦਿਲ ਦੀਆਂ ਸਰਜਰੀਆਂ ਵਿੱਚੋਂ ਸਭ ਤੋਂ ਵੱਧ ਤਕਨੀਕੀ ਤੌਰ 'ਤੇ ਮੁਸ਼ਕਲ ਸਰਜਰੀ ਹੈ, ਨੂੰ 4.41 ਲੱਖ ਰੁਪਏ ਵਿੱਚ ਪੂਰੀ ਤਰ੍ਹਾਂ ਕਵਰ ਕੀਤਾ ਗਿਆ। ਨਿਜੀ ਖੇਤਰ ਵਿੱਚ, ਅਜਿਹੀਆਂ ਪ੍ਰਕਿਰਿਆਵਾਂ ਦੀ ਕੀਮਤ ਆਮ ਤੌਰ 'ਤੇ 5 ਲੱਖ ਤੋਂ 8 ਲੱਖ ਰੁਪਏ ਦੇ ਵਿਚਕਾਰ ਹੁੰਦੀ ਹੈ। ਕੁੱਲ ਮਿਲਾ ਕੇ, ਇਸ ਸਕੀਮ ਅਧੀਨ ਐਂਜੀਓਪਲਾਸਟੀ ਅਤੇ ਸਥਾਈ ਪੇਸਮੇਕਰ ਇਮਪਲਾਂਟੇਸ਼ਨ ਸਮੇਤ 5,700 ਤੋਂ ਵੱਧ ਦਿਲ ਦੀਆਂ ਬਿਮਾਰੀਆਂ ਦੇ ਇਲਾਜ ਕਵਰ ਕੀਤੇ ਗਏਹਨ, ਜਿਸ ਵਿੱਚ ਦਿਲ ਦੇ ਇਲਾਜ ਦਾ ਕੁੱਲ ਖਰਚਾ 47 ਕਰੋੜ ਰੁਪਏ ਤੋਂ ਵੱਧ ਹੈ।

ਇਸ 'ਤੇ ਸਿਹਤ ਅਤੇ ਪਰਿਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਨੇ ਕਿਹਾ, "ਡਾਇਲਸਿਸ, ਦਿਲ ਦੀ ਬਿਮਾਰੀ, ਕੈਂਸਰ, ਇਹ ਅਜਿਹੀਆਂ ਸਥਿਤੀਆਂ ਨਹੀਂ ਹਨ ਜਿਨ੍ਹਾਂ ਵਿਚ ਉਡੀਕ ਦੀ ਗੁਜਾਇਸ਼ ਨਹੀਂ ਹੁੰਦੀ । ਪਿਛਲੇ ਮਹੀਨਿਆਂ ਵਿੱਚ ਹੀ, ਇਸ ਸਕੀਮ ਨੇ ਗੁਰਦਾ ਰੋਗੀਆਂ ਲਈ 68,000 ਤੋਂ ਵੱਧ ਡਾਇਲਸਿਸ ਸੈਸ਼ਨਾਂ ਲਈ ਫੰਡ ਦਿੱਤੇ ਹਨ। ਇਹ ਸਿਰਫ਼ ਇਕ ਅੰਕੜਾ ਨਹੀਂ ਹੈ। ਇਹ ਉਹ 68,000 ਪਰਿਵਾਰ ਹਨ ਜੋ ਬਿਨਾਂ ਕਿਸੇ ਡਰ ਦੇ ਸੌਂ ਸਕੇ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ, ਅਸੀਂ ਇਹ ਯਕੀਨੀ ਬਣਾ ਰਹੇ ਹਾਂ ਕਿ ਇਲਾਜ ਡਾਕਟਰੀ ਲੋੜ ਅਨੁਸਾਰ ਹੋਵੇ, ਨਾ ਕਿ ਪਰਿਵਾਰ ਦੇ ਬੈਂਕ ਬੈਲੇਂਸ ਅਨੁਸਾਰ।"

ਇਸ ਸਕੀਮ ਦੇ ਪ੍ਰਭਾਵ ਦਾ ਇੱਕ ਮਹੱਤਵਪੂਰਨ ਸੂਚਕ ਗੈਰ-ਸਰਜੀਕਲ ਤੇ ਫਾਲੋ-ਅਪ ਦੇਖਭਾਲ ਦੀ ਵਧਦੀ ਗਿਣਤੀ ਹੈ। ਮਰੀਜ਼ ਸਿਰਫ਼ ਐਮਰਜੈਂਸੀ ਦੌਰਾਨ ਹੀ ਇਲਾਜ ਲਈ ਨਹੀਂ ਆ ਰਹੇ ਬਲਕਿ ਸਮੇਂ ਦੇ ਨਾਲ ਇਲਾਜ ਜਾਰੀ ਰੱਖ ਰਹੇ ਹਨ। ਇਹ ਇੱਕ ਵਿਵਹਾਰਕ ਤਬਦੀਲੀ ਨੂੰ ਦਰਸਾਉਂਦਾ ਹੈ, ਜਿੱਥੇ ਲੋਕ ਵਿੱਤੀ ਰੁਕਾਵਟਾਂ ਕਾਰਨ ਦੇਰੀ ਕਰਨ ਦੀ ਬਜਾਏ ਜਲਦੀ ਇਲਾਜ ਦੀ ਮੰਗ ਕਰ ਰਹੇ ਹਨ। ਇਹ ਤਬਦੀਲੀ ਸਕੀਮ ਦੇ ਸਭ ਤੋਂ ਸਾਰਥਕ ਨਤੀਜਿਆਂ ਵਿੱਚੋਂ ਇੱਕ ਹੈ। ਭਗਵੰਤ ਮਾਨ ਸਰਕਾਰ ਲੋਕਾਂ ਨੂੰ ਨਿਰਧਾਰਤ ਕੇਂਦਰਾਂ ਅਤੇ ਜ਼ਮੀਨੀ ਪੱਧਰ 'ਤੇ ਲਗਾਏ ਜਾ ਰਹੇ ਕੈਂਪਾਂ ਰਾਹੀਂ ਸਿਹਤ ਕਾਰਡ ਲਈ ਰਜਿਸਟਰ ਕਰਨ ਲਈ ਉਤਸ਼ਾਹਿਤ ਕਰ ਰਹੀ ਹੈ, ਤਾਂ ਜੋ "ਮੁੱਖ ਮੰਤਰੀ ਸਿਹਤ ਯੋਜਨਾ" ਤਹਿਤ ਨਕਦ ਰਹਿਤ ਇਲਾਜ ਤੱਕ ਵਿਆਪਕ ਪਹੁੰਚ ਬਣਾਈ ਜਾ ਸਕੇ।

# ਮਾਨ ਅੱਜ ਪੀ.ਆਰ.ਟੀ.ਸੀ. ਦੀਆਂ 100 ਨਵੀਆਂ ਬੱਸਾਂ ਨੂੰ ਦਿਖਾਉਣਗੇ ਹਰੀ ਝੰਡੀ : ਚੀਮਾ

## ਭਗਵੰਤ ਮਾਨ ਸਰਕਾਰ ਵੱਲੋਂ ਪੀ.ਆਰ.ਟੀ.ਸੀ. ਦੇ ਬੇੜੇ ਵਿੱਚ 100 ਮਿਡੀ ਤੇ 309 ਸਾਧਾਰਨ ਬੱਸਾਂ ਸ਼ਾਮਲ ਕਰਨ ਲਈ 125 ਕਰੋੜ ਦਾ ਨਿਵੇਸ਼

ਚੰਡੀਗੜ੍ਹ, 5 ਅਪ੍ਰੈਲ (ਚ.ਨ.ਸ.): ਪੰਜਾਬ ਦੇ ਜਨਤਕ ਟਰਾਂਸਪੋਰਟ ਬੁਨਿਆਦੀ ਢਾਂਚੇ ਦੀ ਕਾਇਆ-ਕਲਪ ਕਰਨ ਦੀ ਦਿਸ਼ਾ 'ਚ ਇੱਕ ਅਹਿਮ ਕਦਮ ਚੁੱਕਦਿਆਂ, ਮੁੱਖ ਮੰਤਰੀ ਭਗਵੰਤ ਸਿੰਘ ਮਾਨ 6 ਅਪ੍ਰੈਲ, 2026 ਨੂੰ ਪੈਪਸੂ ਰੋਡ ਟਰਾਂਸਪੋਰਟ ਕਾਰਪੋਰੇਸ਼ਨ (ਪੀ.ਆਰ.ਟੀ.ਸੀ.) ਦੀਆਂ 100 ਨਵੀਆਂ ਬੱਸਾਂ ਨੂੰ ਹਰੀ ਝੰਡੀ ਦਿਖਾ ਕੇ ਰਵਾਨਾ ਕਰਨਗੇ, ਜੋ ਕਿ 'ਆਪ' ਦੀ ਅਗਵਾਈ



ਵਾਲੀ ਪੰਜਾਬ ਸਰਕਾਰ ਦੀ ਸੂਬੇ ਭਰ ਵਿੱਚ ਆਧੁਨਿਕ, ਕੁਸ਼ਲ ਤੇ ਪਹੁੰਚਯੋਗ ਆਵਾਜਾਈ ਪ੍ਰਤੀ ਵਚਨਬੱਧਤਾ ਨੂੰ ਹੋਰ ਪੱਕਾ ਕਰੇਗਾ। ਇਸ ਪਹਿਲਕਦਮੀ ਦੇ ਵੱਡੇ ਪੱਧਰ 'ਤੇ ਚਾਨਣਾ ਪਾਉਂਦਿਆਂ, ਪੰਜਾਬ ਦੇ ਵਿੱਤ ਤੇ ਟਰਾਂਸਪੋਰਟ ਮੰਤਰੀ ਹਰਪਾਲ ਸਿੰਘ ਚੀਮਾ ਨੇ ਕਿਹਾ ਕਿ ਭਗਵੰਤ ਮਾਨ ਸਰਕਾਰ ਜਨਤਕ ਟਰਾਂਸਪੋਰਟ ਬੁਨਿਆਦੀ ਢਾਂਚੇ ਨੂੰ ਮੁੜ ਸੁਰਜੀਤ ਕਰਨ ਤੇ ਪੰਜਾਬ ਭਰ ਦੇ ਲੋਕਾਂ ਲਈ ਇੱਕ ਭਰੋਸੇਮੰਦ ਤੇ ਪਹੁੰਚਯੋਗ ਆਵਾਜਾਈ ਨੈਟਵਰਕ ਨੂੰ ਯਕੀਨੀ ਬਣਾਉਣ ਲਈ ਪੂਰੀ ਤਰ੍ਹਾਂ ਵਚਨਬੱਧ ਹੈ।

ਉਨ੍ਹਾਂ ਨੇ ਅੱਗੇ ਕਿਹਾ, "ਇਨ੍ਹਾਂ ਬੱਸਾਂ ਨੂੰ ਹਰੀ ਝੰਡੀ ਦਿਖਾਉਣਾ ਇਸ ਦਿਸ਼ਾ ਵਿੱਚ ਸਰਕਾਰ ਦੇ ਨਿਰੰਤਰ ਯਤਨਾਂ ਦਾ ਸਪੱਸ਼ਟ ਪ੍ਰਮਾਣ ਹੈ।"

ਪੀ.ਆਰ.ਟੀ.ਸੀ. ਦੀ ਆਧੁਨਿਕੀਕਰਨ ਮੁਹਿੰਮ ਬਾਰੇ ਵਿਸਥਾਰ ਵਿੱਚ ਜਾਣਕਾਰੀ ਦਿੰਦਿਆਂ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਕਿਹਾ, "ਪੰਜਾਬ ਸਰਕਾਰ ਕੁੱਲ 100 ਮਿਡੀ ਅਤੇ 309 ਸਾਧਾਰਨ ਬੱਸਾਂ ਦੀ ਖਰੀਦ ਲਈ ਲਗਭਗ 125 ਕਰੋੜ ਰੁਪਏ ਦਾ ਪੂੰਜੀਗਤ ਨਿਵੇਸ਼ ਕਰ ਰਹੀ ਹੈ, ਜਿਨ੍ਹਾਂ ਨੂੰ ਪੜਾਅਵਾਰ ਢੰਗ ਨਾਲ ਬੇੜੇ ਵਿੱਚ ਸ਼ਾਮਲ ਕੀਤਾ ਜਾਵੇਗਾ। ਜਨਤਕ ਟਰਾਂਸਪੋਰਟ ਦੀ ਵੱਧ ਰਹੀ ਮੰਗ ਨੂੰ ਤੇਜ਼ੀ ਨਾਲ ਪੂਰਾ ਕਰਨ ਤੇ ਕਾਰਪੋਰੇਸ਼ਨ ਦੀ ਸੰਚਾਲਨ ਸਮਰੱਥਾ ਨੂੰ ਹੋਰ ਵਧਾਉਣ ਲਈ, ਪੀ.ਆਰ.ਟੀ.ਸੀ. ਕਿਲੋਮੀਟਰ ਸਕੀਮ ਤਹਿਤ 254 ਵਾਧੂ ਸਾਧਾਰਨ ਬੱਸਾਂ ਵੀ ਪਾਈਆਂ ਜਾਣਗੀਆਂ।" ਉਨ੍ਹਾਂ ਅੱਗੇ ਕਿਹਾ ਕਿ ਇਹ ਰਣਨੀਤਕ ਕਦਮ ਮੁੱਖ ਰੂਟਾਂ 'ਤੇ ਕੁਸ਼ਲ ਸੇਵਾ ਪ੍ਰਦਾਨ ਕਰਨ ਨੂੰ ਯਕੀਨੀ ਬਣਾਉਣ ਲਈ ਤਿਆਰ ਕੀਤਾ ਗਿਆ ਹੈ। ਉਨ੍ਹਾਂ ਕਿਹਾ, "ਸਰਕਾਰ ਵੱਲੋਂ ਪਨਬੱਸ ਦੇ ਬੇੜੇ ਵਿੱਚ ਕੁੱਲ 606 ਬੱਸਾਂ ਸ਼ਾਮਲ ਕਰਨ ਦੀ ਯੋਜਨਾ ਹੈ। ਇਸ ਵਿਆਪਕ ਯੋਜਨਾ ਵਿੱਚ 387 ਨਵੀਆਂ ਬੱਸਾਂ ਸ਼ਾਮਲ ਹਨ, ਜਿਨ੍ਹਾਂ ਨੂੰ ਸਿੱਧੇ ਤੌਰ 'ਤੇ ਬੇੜੇ ਵਿੱਚ ਸ਼ਾਮਲ ਕੀਤਾ ਜਾਵੇਗਾ। ਇਸ ਤੋਂ ਇਲਾਵਾ, ਕਿਲੋਮੀਟਰ ਸਕੀਮ ਤਹਿਤ, ਪਨਬੱਸ 19 ਵੋਲਵੋ ਬੱਸਾਂ, 100 ਐਚ.ਵੀ.ਏ.ਸੀ. ਬੱਸਾਂ ਤੇ 100 ਸਾਧਾਰਨ ਬੱਸਾਂ ਸ਼ਾਮਲ ਕਰੇਗੀ।" ਟਰਾਂਸਪੋਰਟ ਮੰਤਰੀ ਹਰਪਾਲ ਸਿੰਘ ਚੀਮਾ ਨੇ ਅੱਗੇ ਕਿਹਾ, "ਪੀ.ਆਰ.ਟੀ.ਸੀ. ਤੇ ਪਨਬੱਸ ਦੇ ਸਬੇੜੇ ਵਿੱਚ ਇੱਕ ਹਜ਼ਾਰ ਤੋਂ ਵੱਧ ਨਵੀਆਂ ਤੇ ਕਿਲੋਮੀਟਰ ਸਕੀਮ ਵਾਲੀਆਂ ਬੱਸਾਂ ਨੂੰ ਸ਼ਾਮਲ ਕਰਕੇ, ਸੂਬਾ ਸਰਕਾਰ ਪੰਜਾਬ ਦੇ ਆਵਾਜਾਈ ਪ੍ਰਬੰਧ ਨੂੰ ਭਵਿੱਖ ਦੀਆਂ ਲੋੜਾਂ ਮੁਤਾਬਕ ਸਰਗਰਮੀ ਨਾਲ ਤਿਆਰ ਕਰ ਰਹੀ ਹੈ।" ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਇਹ ਵਿਸਥਾਰ ਭਗਵੰਤ ਮਾਨ ਸਰਕਾਰ ਦੀ ਜਨਤਕ ਬੇੜੇ ਦੇ ਆਧੁਨਿਕੀਕਰਨ ਅਤੇ ਜਨਤਕ ਟਰਾਂਸਪੋਰਟ ਨੂੰ ਸਫ਼ਰ ਦੇ ਭਰੋਸੇਮੰਦ ਸਾਧਨ ਵਜੋਂ ਮਜ਼ਬੂਤ ਕਰਨ ਪ੍ਰਤੀ ਅਟੁੱਟ ਵਚਨਬੱਧਤਾ ਨੂੰ ਦਰਸਾਉਂਦਾ ਹੈ। ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਕਿਹਾ, "ਇਸ ਪਹਿਲਕਦਮੀ ਦਾ ਉਦੇਸ਼ ਨਾ ਸਿਰਫ਼ ਬਿਹਤਰ ਸੰਪਰਕ ਰਾਹੀਂ ਆਰਥਿਕ ਵਿਕਾਸ ਨੂੰ ਸੁਵਿਧਾਜਨਕ ਬਣਾਉਣਾ ਹੈ, ਬਲਕਿ ਪੰਜਾਬ ਭਰ ਵਿੱਚ ਯਾਤਰੀਆਂ ਦੇ ਆਰਾਮ ਤੇ ਸੜਕ ਸੁਰੱਖਿਆ ਨੂੰ ਵੀ ਤਰਜੀਹ ਦੇਣਾ ਹੈ।"

# ਵ੍ਹਾਈਟ ਹਾਊਸ ਨੇੜੇ ਤਾਬੜਤੋੜ ਫ਼ਾਇਰਿੰਗ, ਹਾਈ ਅਲਰਟ 'ਤੇ ਸੁਰੱਖਿਆ ਏਜੰਸੀਆਂ



ਵਾਸ਼ਿੰਗਟਨ, 5 ਅਪ੍ਰੈਲ (ਚ.ਨ.ਸ.): ਅਮਰੀਕਾ ਦੀ ਰਾਜਧਾਨੀ ਵਾਸ਼ਿੰਗਟਨ ਡੀ.ਸੀ. ਵਿੱਚ ਐਤਵਾਰ ਤੜਕੇ ਉਸ ਸਮੇਂ ਹੜਕੰਪ ਮਚ ਗਿਆ ਜਦੋਂ ਵ੍ਹਾਈਟ ਹਾਊਸ ਦੇ ਬਿਲਕੁਲ ਨੇੜੇ ਸਥਿਤ ਲਾਫਾਇਟ ਪਾਰਕ ਵਿੱਚ ਫਾਇਰਿੰਗ ਹੋਣ ਦੀ ਖ਼ਬਰ ਸਾਹਮਣੇ ਆਈ। ਇਹ ਘਟਨਾ ਰਾਤ ਕਰੀਬ 1 ਵਜੇ ਵਾਪਰੀ, ਜੋ ਕਿ ਵ੍ਹਾਈਟ ਹਾਊਸ ਦੇ ਉੱਤਰੀ ਪਾਸੇ ਸਥਿਤ ਹੈ। ਹਾਲਾਂਕਿ, ਇਸ ਘਟਨਾ ਵਿੱਚ ਕਿਸੇ ਦੇ ਜ਼ਖਮੀ ਹੋਣ ਦੀ ਕੋਈ ਸੂਚਨਾ ਨਹੀਂ ਮਿਲੀ ਹੈ। ਗੋਲੀਬਾਰੀ ਦੀ ਸੂਚਨਾ ਮਿਲਦੇ ਹੀ ਯੂਨਾਈਟਿਡ ਸਟੇਟਸ ਸੀਕਰੇਟ ਸਰਵਿਸ, ਮੈਟਰੋਪੋਲੀਟਨ ਪੁਲਿਸ ਵਿਭਾਗ ਅਤੇ ਯੂਨਾਈਟਿਡ ਸਟੇਟਸ ਪਾਰਕ ਪੁਲਿਸ ਨੇ ਤੁਰੰਤ ਮੌਕੇ 'ਤੇ ਪਹੁੰਚ ਕੇ ਪੂਰੇ ਇਲਾਕੇ ਵਿੱਚ ਤਲਾਸ਼ੀ ਮੁਹਿੰਮ ਸ਼ੁਰੂ ਕਰ ਦਿੱਤੀ। ਸੁਰੱਖਿਆ ਦੇ ਮੱਦੇਨਜ਼ਰ ਵ੍ਹਾਈਟ ਹਾਊਸ ਦੇ ਆਲੇ-ਦੁਆਲੇ ਦੀਆਂ ਕਈ ਮੁੱਖ ਸੜਕਾਂ ਜਿਵੇਂ ਕਿ ਐਚ ਸਟ੍ਰੀਟ NW, ਆਈ ਸਟ੍ਰੀਟ NW ਅਤੇ 16ਵੀਂ ਸਟ੍ਰੀਟ NW ਨੂੰ ਅਹਿਤਿਆਤ ਵਜੋਂ ਬੰਦ ਕਰ ਦਿੱਤਾ ਗਿਆ ਹੈ।

ਸੀਕਰੇਟ ਸਰਵਿਸ ਦੇ ਸੰਚਾਰ ਮੁਖੀ ਐਂਥਨੀ ਗੁਗਲੀਏਲਮੀ ਨੇ ਦੱਸਿਆ ਕਿ ਅਧਿਕਾਰੀ ਪਾਰਕ ਅਤੇ ਆਸ-ਪਾਸ ਦੇ ਇਲਾਕਿਆਂ ਦੀ ਬਾਰੀਕੀ ਨਾਲ ਜਾਂਚ ਕਰ ਰਹੇ ਹਨ। ਫਿਲਹਾਲ ਕਿਸੇ ਵੀ ਸ਼ੱਕੀ ਦੀ ਗ੍ਰਿਫਤਾਰੀ ਨਹੀਂ ਹੋਈ ਹੈ, ਪਰ ਪੁਲਿਸ ਇੱਕ ਸ਼ੱਕੀ ਵਾਹਨ ਅਤੇ ਇੱਕ ਵਿਅਕਤੀ ਦੀ ਭਾਲ ਕਰ ਰਹੀ ਹੈ। ਉਨ੍ਹਾਂ ਨੇ ਲੋਕਾਂ ਨੂੰ ਅਪੀਲ ਕੀਤੀ ਹੈ ਕਿ ਜੇਕਰ ਕਿਸੇ ਕੋਲ ਵੀ ਇਸ ਘਟਨਾ ਨਾਲ ਸਬੰਧਤ ਕੋਈ ਜਾਣਕਾਰੀ ਜਾਂ ਵੀਡੀਓ ਫੁਟੇਜ ਹੋਵੇ ਤਾਂ ਉਹ ਤੁਰੰਤ ਪੁਲਸ ਨਾਲ ਸੰਪਰਕ ਕਰਨ। ਅਧਿਕਾਰੀਆਂ ਨੇ ਇਹ ਵੀ ਸਪੱਸ਼ਟ ਕੀਤਾ ਹੈ ਕਿ ਇਸ ਘਟਨਾ ਦਾ ਵ੍ਹਾਈਟ ਹਾਊਸ ਦੇ ਰੋਜ਼ਾਨਾ ਦੇ ਕੰਮਕਾਜ 'ਤੇ ਕੋਈ ਅਸਰ ਨਹੀਂ ਪਿਆ ਹੈ ਅਤੇ ਉੱਥੇ ਗਤੀਵਿਧੀਆਂ ਆਮ ਵਾਂਗ ਜਾਰੀ ਹਨ। ਪ੍ਰਤੱਖਦਰਸ਼ੀਆਂ ਮੁਤਾਬਕ ਇਲਾਕੇ ਵਿੱਚ ਭਾਰੀ ਪੁਲਿਸ ਬਲ ਤਾਇਨਾਤ ਹੈ ਅਤੇ ਅਧਿਕਾਰੀ ਹਰ ਸ਼ੱਕੀ ਹਰਕਤ 'ਤੇ ਨਜ਼ਰ ਰੱਖ ਰਹੇ ਹਨ। ਇਹ ਘਟਨਾ ਅਮਰੀਕਾ ਦੇ ਸਭ ਤੋਂ ਸੁਰੱਖਿਅਤ ਖੇਤਰ ਵਿੱਚ ਸੁਰੱਖਿਆ ਏਜੰਸੀਆਂ ਦੀ ਮੁਸਤੈਦੀ ਨੂੰ ਮੁੜ ਦਰਸਾਉਂਦੀ ਹੈ।

# ਚੰਡੀਗੜ੍ਹ ਗ੍ਰਨੇਡ ਧਮਾਕੇ ਦੇ ਦੋ ਮੁੱਖ ਦੋਸ਼ੀ ਹਰਿਆਣਾ ਤੋਂ ਗ੍ਰਿਫ਼ਤਾਰ, ਹੁਣ ਤੱਕ 7 ਕਾਬੂ

ਚੰਡੀਗੜ੍ਹ, 5 ਅਪ੍ਰੈਲ (ਚ.ਨ.ਸ.): ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਨਿਰਦੇਸ਼ਾਂ ਅਨੁਸਾਰ ਪੰਜਾਬ ਨੂੰ ਸੁਰੱਖਿਅਤ ਸੂਬਾ ਬਣਾਉਣ ਲਈ ਚੱਲ ਰਹੀ ਮੁਹਿੰਮ ਦੌਰਾਨ ਚੰਡੀਗੜ੍ਹ ਗ੍ਰਨੇਡ ਹਮਲੇ ਦੇ ਸਬੰਧ ਵਿੱਚ ਆਪਣੀ ਕਾਰਵਾਈ ਜਾਰੀ ਰੱਖਦਿਆਂ ਪੰਜਾਬ ਪੁਲਿਸ ਦੇ ਕਾਊਂਟਰ ਇੰਟੈਲੀਜੈਂਸ ਵਿੰਗ ਨੇ ਚੰਡੀਗੜ੍ਹ ਪੁਲਿਸ ਨਾਲ ਸਾਂਝੇ ਆਪ੍ਰੇਸ਼ਨ ਅਤੇ ਹਰਿਆਣਾ ਪੁਲਿਸ ਦੀ ਸਹਾਇਤਾ ਨਾਲ ਦੋ ਮੁੱਖ ਦੋਸ਼ੀਆਂ ਜਿਨ੍ਹਾਂ ਨੇ ਚੰਡੀਗੜ੍ਹ ਦੇ ਸੈਕਟਰ 37 ਵਿੱਚ ਸਥਿਤ ਭਾਰਤੀ ਜਨਤਾ ਪਾਰਟੀ (ਭਾਜਪਾ) ਦਫਤਰ ਦੇ ਬਾਹਰ ਹੈਂਡ ਗ੍ਰਨੇਡ ਸੁੱਟਿਆ ਸੀ ਨੂੰ ਹਰਿਆਣਾ ਦੇ ਰੇਵਾੜੀ ਤੋਂ ਗ੍ਰਿਫ਼ਤਾਰ ਕਰਨ ਵਿੱਚ ਸਫ਼ਲਤਾ ਹਾਸਲ ਕੀਤੀ ਹੈ। ਇਹ ਜਾਣਕਾਰੀ ਡਾਇਰੈਕਟਰ ਜਨਰਲ ਆਫ਼ ਪੁਲਿਸ (ਡੀਜੀਪੀ) ਪੰਜਾਬ ਗੌਰਵ ਯਾਦਵ ਨੇ ਦਿੱਤੀ। ਗ੍ਰਿਫ਼ਤਾਰ ਕੀਤੇ ਗਏ ਵਿਅਕਤੀਆਂ ਦੀ ਪਛਾਣ ਗੁਰਤੇਜ ਸਿੰਘ ਤੇ ਅਮਨਪ੍ਰੀਤ ਸਿੰਘ ਵਜੋਂ ਹੋਈ ਹੈ, ਦੋਵੇਂ ਰੂਪਨਗਰ ਦੇ ਰਤਨਗੜ੍ਹ ਦੇ ਰਹਿਣ ਵਾਲੇ ਹਨ। ਮੁਲਜ਼ਮ ਅਮਨਪ੍ਰੀਤ ਸਿੰਘ ਦਾ ਪਹਿਲਾਂ ਵੀ ਅਪਰਾਧਿਕ ਪਿਛੋਕੜ ਹੈ। ਉਸ ਦੇ ਖਿਲਾਫ ਕ੍ਰਮਵਾਰ ਐਸਏਐਸ ਨਗਰ ਅਤੇ ਬਿਲਾਸਪੁਰ (ਹਿਮਾਚਲ ਪ੍ਰਦੇਸ਼) ਵਿੱਚ ਚੋਰੀ ਅਤੇ ਲੁੱਟ-ਖੋਹ ਦੇ ਮਾਮਲੇ ਦਰਜ ਹਨ।



ਇਹ ਕਾਰਵਾਈ, ਉਕਤ ਮਾਮਲੇ ਵਿੱਚ ਸ਼ਾਮਲ ਪੰਜ ਮੁਲਜ਼ਮਾਂ - ਬਲਵਿੰਦਰ ਲਾਲ ਉਰਫ਼ ਸ਼ਮੀ, ਜਸਵੀਰ ਸਿੰਘ ਉਰਫ਼ ਜੱਸੀ, ਚਰਨਜੀਤ ਸਿੰਘ ਉਰਫ਼ ਚੰਨੀ, ਰੂਬਲ ਚੌਹਾਨ ਅਤੇ ਮਨਦੀਪ ਉਰਫ਼ ਅਭਿਜੋਤ ਸ਼ਰਮਾ- ਨੂੰ ਇੱਕ ਹੈਂਡ ਗ੍ਰਨੇਡ ਤੇ ਇੱਕ .30 ਬੋਰ ਜ਼ਿਗਾਨਾ ਪਿਸਤੌਲ ਨਾਲ ਗ੍ਰਿਫ਼ਤਾਰ ਕਰਨ ਤੋਂ ਇੱਕ ਦਿਨ ਬਾਅਦ ਅਮਲ ਵਿੱਚ ਲਿਆਂਦੀ ਗਈ ਹੈ। ਡੀਜੀਪੀ ਗੌਰਵ ਯਾਦਵ ਨੇ ਪ੍ਰੈਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਦੱਸਿਆ ਕਿ ਇਨ੍ਹਾਂ ਤਾਜ਼ਾ ਗ੍ਰਿਫ਼ਤਾਰੀਆਂ ਨਾਲ, ਇਸ ਮਾਮਲੇ ਵਿੱਚ ਸ਼ਾਮਲ ਸਾਰੇ ਸੱਤ ਮੁਲਜ਼ਮ ਹੁਣ ਪੁਲਿਸ ਹਿਰਾਸਤ ਵਿੱਚ ਹਨ। ਇਸ ਦੌਰਾਨ ਡੀਜੀਪੀ ਦੇ ਨਾਲ ਏ.ਡੀ.ਜੀ.ਪੀ. ਕਾਊਂਟਰ ਇੰਟੈਲੀਜੈਂਸ ਅਮਿਤ ਪ੍ਰਸਾਦ, ਏ.ਡੀ.ਜੀ.ਪੀ. ਅੰਦਰੂਨੀ ਸੁਰੱਖਿਆ ਐਸ.ਕੇ. ਵਰਮਾ, ਆਈ.ਜੀ.ਪੀ. ਇੰਟੈਲੀਜੈਂਸ ਡਾ. ਸੁਖਚੈਨ ਸਿੰਘ ਗਿੱਲ, ਏ.ਆਈ.ਜੀ. ਐਸ.ਐਸ.ਓ.ਸੀ. ਐਸ.ਏ.ਐਸ. ਨਗਰ ਦੀਪਕ ਪਾਰੀਕ ਵੀ ਮੌਜੂਦ ਸਨ।

ਡੀਜੀਪੀ ਨੇ ਕਿਹਾ ਕਿ ਗ੍ਰਿਫ਼ਤਾਰ ਕੀਤੇ ਗਏ ਮੁਲਜ਼ਮਾਂ ਨੂੰ, ਪੁਰਤਗਾਲ ਵਿੱਚ ਆਈ.ਐਸ.ਆਈ.-ਸਮਰਥਿਤ ਵਿਦੇਸ਼ੀ ਹੈਂਡਲਰ ਬਲਜੋਤ ਸਿੰਘ ਉਰਫ਼ ਜੋਤ ਅਤੇ ਜਰਮਨੀ ਤੋਂ ਹਰਜੀਤ ਸਿੰਘ ਲਾਡੀ ਵੱਲੋਂ 2 ਲੱਖ ਰੁਪਏ ਦੇ ਵਿੱਤੀ ਇਨਾਮ ਦਾ ਵਾਅਦਾ ਕਰਕੇ ਇਸ ਹਮਲੇ ਨੂੰ ਅੰਜਾਮ ਦੇਣ ਲਈ ਪ੍ਰੇਰਿਆ ਗਿਆ ਸੀ। ਉਨ੍ਹਾਂ ਕਿਹਾ ਕਿ ਆਪਣੇ ਵਿਦੇਸ਼ੀ ਹੈਂਡਲਰਾਂ ਦੇ ਨਿਰਦੇਸ਼ਾਂ 'ਤੇ ਕਾਰਵਾਈ ਕਰਦਿਆਂ ਮੁਲਜ਼ਮਾਂ ਨੇ ਹਮਲੇ ਨੂੰ ਅੰਜਾਮ ਦੇਣ ਲਈ ਤਾਲਮੇਲ ਕੀਤਾ। ਉਨ੍ਹਾਂ ਇਹ ਵੀ ਕਿਹਾ ਕਿ ਮੁਲਜ਼ਮਾਂ ਨੇ ਹਮਲੇ ਨੂੰ ਅੰਜਾਮ ਦੇਣ ਲਈ ਕਈ ਕੱਟਆਊਟਸ ਅਤੇ ਸਬ-ਮਾਡਿਊਲਾਂ ਦੀ ਵਰਤੋਂ ਕੀਤੀ।

ਡੀਜੀਪੀ ਗੌਰਵ ਯਾਦਵ ਨੇ ਦੱਸਿਆ ਕਿ ਮੁੱਢਲੀ ਪੁੱਛਗਿੱਛ ਦੌਰਾਨ ਮੁਲਜ਼ਮ ਗੁਰਤੇਜ ਸਿੰਘ ਨੇ ਖੁਲਾਸਾ ਕੀਤਾ ਕਿ ਉਹ ਲਗਭਗ ਛੇ ਮਹੀਨੇ ਪਹਿਲਾਂ ਸੋਸ਼ਲ ਮੀਡੀਆ ਰਾਹੀਂ ਇੱਕ ਵਿਦੇਸ਼ੀ ਹੈਂਡਲਰ ਦੇ ਸੰਪਰਕ ਵਿੱਚ ਆਇਆ ਸੀ। ਉਨ੍ਹਾਂ ਕਿਹਾ ਕਿ ਹੈਂਡਲਰ ਦੇ ਨਿਰਦੇਸ਼ਾਂ 'ਤੇ ਕਾਰਵਾਈ ਕਰਦਿਆਂ ਗੁਰਤੇਜ ਨੇ ਆਪਣੇ ਸਹਿ-ਦੋਸ਼ੀ ਰੂਬਲ ਚੌਹਾਨ ਅਤੇ ਮਨਦੀਪ ਉਰਫ਼ ਅਭਿਜੋਤ ਸ਼ਰਮਾ ਨਾਲ ਮਿਲ ਕੇ 28 ਮਾਰਚ, 2026 ਨੂੰ ਐਸਬੀਐਸ ਨਗਰ ਦੇ ਪਿੰਡ ਭਾਰਾਪੁਰ ਵਿਖੇ ਜਸਵੀਰ ਉਰਫ਼ ਜੱਸੀ ਤੋਂ ਹਥਿਆਰਾਂ ਅਤੇ ਗ੍ਰਨੇਡਾਂ ਦੀ ਖੇਪ ਹਾਸਲ ਕੀਤੀ ਸੀ ਅਤੇ ਗੁਰਤੇਜ ਬਾਅਦ ਵਿੱਚ ਵਾਰਦਾਤ ਨੂੰ ਅੰਜਾਮ ਲਈ ਅਮਨਪ੍ਰੀਤ ਸਿੰਘ ਨੂੰ ਆਪਣੇ ਨਾਲ ਲੈ ਗਿਆ ਸੀ।

ਡੀਜੀਪੀ ਨੇ ਕਿਹਾ ਕਿ 1 ਅਪ੍ਰੈਲ ਨੂੰ, ਰੇਕੀ ਕਰਨ ਤੋਂ ਬਾਅਦ ਅਮਨਪ੍ਰੀਤ ਸਿੰਘ ਨੇ ਗ੍ਰਨੇਡ ਸੁੱਟਿਆ, ਜਦੋਂ ਕਿ ਗੁਰਤੇਜ ਸਿੰਘ ਨੇ ਹੈਂਡਲਰ ਦੇ ਨਿਰਦੇਸ਼ਾਂ ਮੁਤਾਬਿਕ ਆਪਣੇ ਮੋਬਾਈਲ ਫੋਨ 'ਤੇ ਇਸ ਵਾਰਦਾਤ ਨੂੰ ਰਿਕਾਰਡ ਕੀਤਾ ਸੀ। ਉਨ੍ਹਾਂ ਕਿਹਾ ਕਿ ਇਸ ਤੋਂ ਬਾਅਦ ਦੋਵੇਂ ਦੋਸ਼ੀ ਮੌਕੇ ਤੋਂ ਫਰਾਰ ਹੋ ਗਏ ਸਨ। ਡੀਜੀਪੀ ਗੌਰਵ ਯਾਦਵ ਨੇ ਚੰਡੀਗੜ੍ਹ ਅਤੇ ਹਰਿਆਣਾ ਦੇ ਡੀਜੀਪੀਜ਼ ਦਾ ਧੰਨਵਾਦ ਕੀਤਾ ਅਤੇ ਇਸ ਪੂਰੀ ਸਾਜ਼ਿਸ਼ ਦਾ ਪਰਦਾਫਾਸ਼ ਕਰਨ ਅਤੇ ਮੁਲਜ਼ਮਾਂ ਨੂੰ ਫੜਨ ਵਿੱਚ ਚੰਡੀਗੜ੍ਹ ਪੁਲਿਸ ਅਤੇ ਹਰਿਆਣਾ ਪੁਲਿਸ ਦੇ ਐਸ.ਟੀ.ਐਫ. ਵੱਲੋਂ ਨਿਭਾਈ ਅਹਿਮ ਭੂਮਿਕਾ ਦੀ ਸ਼ਲਾਘਾ ਕੀਤੀ।

# ਹਰਿਆਣਾ ਕਾਂਗਰਸ ਦੀ ਅਨੁਸ਼ਾਸਨੀ ਕਮੇਟੀ ਵੱਲੋਂ ਪੰਜ ਵਿਧਾਇਕਾਂ ਨੂੰ ਮੁਅੱਤਲ ਕਰਨ ਦੀ ਸਿਫ਼ਾਰਸ਼

ਚੰਡੀਗੜ੍ਹ, 5 ਅਪ੍ਰੈਲ (ਚ.ਨ.ਸ.): ਹਰਿਆਣਾ ਕਾਂਗਰਸ ਦੀ ਅਨੁਸ਼ਾਸਨੀ ਕਾਰਵਾਈ ਕਮੇਟੀ ਨੇ ਪਿਛਲੇ ਮਹੀਨੇ ਹੋਈਆਂ ਰਾਜ ਸਭਾ ਚੋਣਾਂ ਦੌਰਾਨ ਕਥਿਤ ਤੌਰ 'ਤੇ ਕਰਾਸ ਵੋਟਿੰਗ ਕਰਨ ਵਾਲੇ ਪੰਜ ਵਿਧਾਇਕਾਂ ਨੂੰ ਮੁਅੱਤਲ ਕਰਨ ਦੀ ਸਿਫ਼ਾਰਸ਼ ਕੀਤੀ ਹੈ। ਕਮੇਟੀ ਦੇ ਚੇਅਰਮੈਨ ਧਰਮਪਾਲ ਮਲਿਕ ਨੇ ਦੱਸਿਆ ਕਿ ਪਾਰਟੀ ਵਿਰੋਧੀ ਗਤੀਵਿਧੀਆਂ ਅਤੇ ਕਾਂਗਰਸ ਦੇ ਅਧਿਕਾਰਤ ਉਮੀਦਵਾਰ ਦੇ ਹੱਕ ਵਿੱਚ ਵੋਟ ਨਾ ਪਾਉਣ ਦੇ ਦੋਸ਼ ਹੇਠ ਇਨ੍ਹਾਂ ਵਿਧਾਇਕਾਂ ਨੂੰ ਕਾਰਨ ਦੱਸੋ ਨੋਟਿਸ ਜਾਰੀ ਕੀਤੇ ਗਏ ਸਨ। ਜਵਾਬਾਂ ਦੀ ਘੋਖ ਕਰਨ ਤੋਂ ਬਾਅਦ, ਕਮੇਟੀ ਨੇ ਆਪਣੀ ਰਿਪੋਰਟ ਸੂਬਾ ਪ੍ਰਧਾਨ ਰਾਓ ਨਰਿੰਦਰ ਸਿੰਘ ਅਤੇ ਸੀਨੀਅਰ ਆਗੂ ਕੇ.ਸੀ. ਵੇਣੂਗੋਪਾਲ ਨੂੰ ਭੇਜ ਦਿੱਤੀ ਹੈ। ਪਾਰਟੀ ਨੇ ਨਰਾਇਣਗੜ੍ਹ ਤੋਂ ਵਿਧਾਇਕ ਸ਼ੈਲੀ ਚੌਧਰੀ, ਸਢੌਰਾ ਤੋਂ ਰੇਣੂ ਬਾਲਾ, ਪੁਨਹਾਨਾ ਤੋਂ ਮੁਹੰਮਦ ਇਲਿਆਸ, ਹਥੀਨ ਤੋਂ ਮੁਹੰਮਦ ਇਸਰਾਈਲ ਅਤੇ ਰਤੀਆ ਤੋਂ ਜਰਨੈਲ ਸਿੰਘ 'ਤੇ ਭਾਜਪਾ ਸਮਰਥਿਤ ਆਜ਼ਾਦ ਉਮੀਦਵਾਰ ਸਤੀਸ਼ ਨੰਦਲ ਦੇ ਹੱਕ ਵਿੱਚ ਭੁਗਤਣ ਦਾ ਸ਼ੱਕ ਜਤਾਇਆ ਸੀ। ਹਾਲਾਂਕਿ, ਸ਼ੈਲੀ ਚੌਧਰੀ, ਰੇਣੂ ਬਾਲਾ ਅਤੇ ਜਰਨੈਲ ਸਿੰਘ ਨੇ ਇਨ੍ਹਾਂ ਦੋਸ਼ਾਂ ਨੂੰ ਨਕਾਰਦਿਆਂ ਕਿਹਾ ਕਿ ਉਨ੍ਹਾਂ ਨੇ ਪਾਰਟੀ ਉਮੀਦਵਾਰ ਨੂੰ ਹੀ ਵੋਟ ਪਾਈ ਹੈ। ਸਾਬਕਾ ਮੁੱਖ ਮੰਤਰੀ ਭੁਪਿੰਦਰ ਸਿੰਘ ਹੁੱਡਾ ਨੇ ਕਿਹਾ ਕਿ ਇਨ੍ਹਾਂ ਵਿਧਾਇਕਾਂ ਨੂੰ ਨੈਤਿਕਤਾ ਦੇ ਆਧਾਰ 'ਤੇ ਅਸਤੀਫ਼ਾ ਦੇ ਦੇਣਾ ਚਾਹੀਦਾ ਹੈ ਕਿਉਂਕਿ ਉਨ੍ਹਾਂ ਨੇ ਜਨਤਾ ਨਾਲ ਧੋਖਾ ਕੀਤਾ ਹੈ। ਜ਼ਿਕਰਯੋਗ ਹੈ ਕਿ 16 ਮਾਰਚ ਨੂੰ ਹੋਈਆਂ ਇਨ੍ਹਾਂ ਚੋਣਾਂ ਵਿੱਚ ਭਾਜਪਾ ਦੇ ਸੰਜੇ ਭਾਟੀਆ ਅਤੇ ਕਾਂਗਰਸ ਦੇ ਕਰਮਵੀਰ ਸਿੰਘ ਬੌਧ ਜੇਤੂ ਰਹੇ ਸਨ, ਪਰ ਕਰਾਸ ਵੋਟਿੰਗ ਕਾਰਨ ਪਾਰਟੀ ਅੰਦਰਲੀ ਫੁੱਟ ਸਾਹਮਣੇ ਆ ਗਈ ਹੈ।

# ਮਹਿਲਾ ਸਸ਼ਕਤੀਕਰਨ ਵੱਲ ਸਰਕਾਰ ਦਾ ਮਹੱਤਵਪੂਰਨ ਕਦਮ ਚੁੱਕ ਰਹੀ ਹੈ : ਅਰੋੜਾ

ਲੁਧਿਆਣਾ, 5 ਅਪ੍ਰੈਲ (ਵਿਸ਼ਾਲ ਸ਼ਰਮਾ) ਕੈਬਨਿਟ ਮੰਤਰੀ ਸੰਜੀਵ ਅਰੋੜਾ ਨੇ ਐਤਵਾਰ ਨੂੰ ਦੁਹਰਾਇਆ ਕਿ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ



ਵਾਲੀ ਪੰਜਾਬ ਸਰਕਾਰ ਮਹਿਲਾ ਸਸ਼ਕਤੀਕਰਨ ਵਿੱਚ ਮਹੱਤਵਪੂਰਨ ਕਦਮ ਚੁੱਕ ਰਹੀ ਹੈ। ਅੱਜ ਇੱਥੇ ਗੁਰੂ ਨਾਨਕ ਦੇਵ ਭਵਨ ਲੁਧਿਆਣਾ ਵਿਖੇ ਆਯੋਜਿਤ ਪੰਜਾਬ 'ਹੈਪੀਨੈੱਸ ਐਂਡ ਵੈਲਨੈੱਸ' ਉਤਸਵ ਵਿੱਚ ਹਿੱਸਾ ਲੈਂਦੇ ਹੋਏ ਸੰਜੀਵ ਅਰੋੜਾ ਨੇ ਕਿਹਾ ਕਿ ਸਰਕਾਰ ਮਹੱਤਵਾਕਾਂਖੀ 'ਮੁੱਖ ਮੰਤਰੀ ਮਾਵਾਂ ਧੀਆਂ ਸਤਿਕਾਰ ਯੋਜਨਾ' ਸ਼ੁਰੂ ਕਰਨ ਲਈ ਤਿਆਰ ਹੈ। ਇਸ ਮਹੱਤਵਪੂਰਨ ਯੋਜਨਾ ਜਿਸਦਾ ਉਦੇਸ਼ ਔਰਤਾਂ ਨੂੰ ਸਿੱਧੀ ਵਿੱਤੀ ਸਹਾਇਤਾ ਪ੍ਰਦਾਨ ਕਰਨਾ ਹੈ। ਇਸ ਯੋਜਨਾ ਲਈ ਰਜਿਸਟ੍ਰੇਸ਼ਨ 13 ਅਪ੍ਰੈਲ ਨੂੰ ਵਿਸਾਖੀ ਦੇ ਸ਼ੁਭ ਮੌਕੇ 'ਤੇ ਸ਼ੁਰੂ ਹੋਵੇਗੀ। ਇਸ ਯੋਜਨਾ ਦੇ ਤਹਿਤ 18 ਸਾਲ ਅਤੇ ਇਸ ਤੋਂ ਵੱਧ ਉਮਰ ਦੀਆਂ ਯੋਗ ਔਰਤਾਂ ਨੂੰ ਪ੍ਰਤੀ ਮਹੀਨਾ 1,000 ਰੁਪਏ ਸਿੱਧੇ ਉਨ੍ਹਾਂ ਦੇ ਬੈਂਕ ਖਾਤਿਆਂ ਵਿੱਚ ਪ੍ਰਾਪਤ ਹੋਣਗੇ। ਅਨੁਸੂਚਿਤ ਜਾਤੀ ਸ਼੍ਰੇਣੀ ਨਾਲ ਸਬੰਧਤ ਔਰਤਾਂ ਨੂੰ ਪ੍ਰਤੀ ਮਹੀਨਾ 1,500 ਰੁਪਏ ਦੀ ਵਧੀ ਹੋਈ ਰਕਮ ਮਿਲੇਗੀ। ਸੰਜੀਵ ਅਰੋੜਾ ਨੇ ਦੱਸਿਆ ਕਿ ਰਾਜ ਸਰਕਾਰ ਪਹਿਲਾਂ ਹੀ ਔਰਤਾਂ ਨੂੰ ਮੁਫ਼ਤ ਬੱਸ ਯਾਤਰਾ ਪ੍ਰਦਾਨ ਕਰ ਰਹੀ ਹੈ ਜਿਸ ਨਾਲ ਉਨ੍ਹਾਂ ਦੀ ਗਤੀਸ਼ੀਲਤਾ ਅਤੇ ਆਜ਼ਾਦੀ ਵਿੱਚ ਕਾਫ਼ੀ ਵਾਧਾ ਹੋਇਆ ਹੈ। ਉਨ੍ਹਾਂ ਅੱਗੇ ਕਿਹਾ ਕਿ ਨਵੀਂ ਸਕੀਮ ਔਰਤਾਂ ਦੇ ਬੈਂਕ ਖਾਤਿਆਂ ਵਿੱਚ ਸਿੱਧੇ ਪੈਸੇ ਪਾ ਕੇ ਆਰਥਿਕ ਸਸ਼ਕਤੀਕਰਨ ਨੂੰ ਹੋਰ ਮਜ਼ਬੂਤ ਕਰੇਗੀ। ਉਨ੍ਹਾਂ ਪੰਜਾਬ ਵਿੱਚ ਔਰਤਾਂ ਦੇ ਸੰਪੂਰਨ ਸਸ਼ਕਤੀਕਰਨ ਲਈ ਸਰਕਾਰ ਦੁਆਰਾ ਲਾਗੂ ਕੀਤੀਆਂ ਗਈਆਂ ਕਈ ਹੋਰ ਭਲਾਈ ਯੋਜਨਾਵਾਂ ਬਾਰੇ ਵੀ ਗੱਲ ਕੀਤੀ। ਸਮਾਗਮ ਦੇ ਪ੍ਰਬੰਧਕਾਂ ਦਾ ਧੰਨਵਾਦ ਕਰਦੇ ਹੋਏ ਸੰਜੀਵ ਅਰੋੜਾ ਨੇ ਔਰਤਾਂ ਦੇ ਉੱਨਤੀ ਲਈ ਉਨ੍ਹਾਂ ਦੇ ਚੱਲ ਰਹੇ ਯਤਨਾਂ ਦੀ ਸ਼ਲਾਘਾ ਕੀਤੀ। ਖਾਸ ਕਰਕੇ ਸੁੰਦਰਤਾ ਅਤੇ ਸਿਲਾਈ ਸਿਖਲਾਈ ਪ੍ਰੋਗਰਾਮਾਂ ਰਾਹੀਂ ਜੋ ਔਰਤਾਂ ਨੂੰ ਕੀਮਤੀ ਹੁਨਰ ਹਾਸਲ ਕਰਨ ਅਤੇ ਸਵੈ-ਨਿਰਭਰ ਬਣਨ ਵਿੱਚ ਮੱਦਦ ਕਰਦੇ ਹਨ। ਇਸ ਮੌਕੇ ਨਗਰ ਨਿਗਮ ਦੇ ਮੇਅਰ ਪ੍ਰਿੰਸੀਪਲ ਇੰਦਰਜੀਤ ਕੌਰ, ਸਿੰਮੀ ਪਾਸ਼ਨ, ਜ਼ਿਲ੍ਹਾ ਯੋਜਨਾ ਬੋਰਡ ਦੇ ਚੇਅਰਮੈਨ ਜਤਿੰਦਰ ਸਿੰਘ ਖੰਗੂੜਾ, ਸ਼ਰਨਪਾਲ ਸਿੰਘ ਮੱਕੜ ਅਤੇ ਹੋਰ ਮੌਜੂਦ ਸਨ। ਇਸ ਸਮਾਗਮ ਤੋਂ ਪਹਿਲਾਂ ਕੈਬਨਿਟ ਮੰਤਰੀ ਨੇ ਇੱਥੇ ਫਿਰੋਜ਼ਪੁਰ ਰੋਡ 'ਤੇ ਵੇਵ ਮਾਲ ਦੇ ਸਾਹਮਣੇ, ਬਿੰਦ ਅੱਖਾਂ ਦੇ ਹਸਪਤਾਲ ਦਾ ਉਦਘਾਟਨ ਵੀ ਕੀਤਾ।

# ਹੋਰਮੁਜ਼ ਜਲਡਮਰੂ ਪਾਰ ਕਰਨ ਤੋਂ ਬਾਅਦ ਐਲਪੀਜੀ ਕੈਰੀਅਰ ਭਾਰਤ ਲਈ ਰਵਾਨਾ ਹੋਇਆ : ਸੰਘਵੀ

ਅਹਿਮਦਾਬਾਦ, 5 ਅਪ੍ਰੈਲ (ਚ.ਨ.ਸ.): ਗੁਜਰਾਤ ਦੇ ਉਪ ਮੁੱਖ ਮੰਤਰੀ ਹਰਸ਼ ਸੰਘਵੀ ਨੇ ਕਿਹਾ ਹੈ ਕਿ ਇੱਕ ਭਾਰਤੀ ਐਲਪੀਜੀ ਕੈਰੀਅਰ ਨੇ ਹੋਰਮੁਜ਼ ਜਲਡਮਰੂ ਨੂੰ ਸੁਰੱਖਿਅਤ ਢੰਗ ਨਾਲ ਪਾਰ ਕਰ ਲਿਆ ਹੈ ਅਤੇ ਇਸ ਨੂੰ "ਭਾਰਤੀ ਕੂਟਨੀਤੀ ਦੀ ਜਿੱਤ" ਕਿਹਾ ਹੈ। ਸੰਘਵੀ ਨੇ 4 ਅਪ੍ਰੈਲ ਨੂੰ ਸੋਸ਼ਲ ਮੀਡੀਆ ਪਲੇਟਫਾਰਮ 'ਐਕਸ' 'ਤੇ ਲਿਖਿਆ, "ਇੱਕ ਹੋਰ ਜਹਾਜ਼ ਆ ਗਿਆ ਹੈ। ਭਾਰਤੀ ਕੂਟਨੀਤੀ ਦੀ ਇੱਕ ਹੋਰ ਜਿੱਤ। ਐਲਪੀਜੀ ਕੈਰੀਅਰ 'ਗ੍ਰੀਨ ਸੈਨਵੀ' ਹੋਰਮੁਜ਼ ਜਲਡਮਰੂ ਨੂੰ ਪਾਰ ਕਰ ਗਿਆ ਹੈ ਅਤੇ ਭਾਰਤ ਵੱਲ ਵਧ ਰਿਹਾ ਹੈ।" ਇਹ ਬਿਆਨ ਪੱਛਮੀ ਏਸ਼ੀਆ ਵਿੱਚ ਵਧਦੇ ਫੌਜੀ ਟਕਰਾਅ ਦੇ ਵਿਚਕਾਰ ਮਹੱਤਵਪੂਰਨ ਹੈ, ਕਿਉਂਕਿ ਭਾਰਤ ਆਪਣੀਆਂ ਊਰਜਾ ਜ਼ਰੂਰਤਾਂ ਦਾ ਇੱਕ ਵੱਡਾ ਹਿੱਸਾ, ਜਿਸ ਵਿੱਚ ਤਰਲ ਪੈਟਰੋਲੀਅਮ ਗੈਸ (ਐਲ.ਪੀ.ਜੀ.) ਵੀ ਸ਼ਾਮਲ ਹੈ, ਪੱਛਮੀ ਏਸ਼ੀਆ ਵਿੱਚੋਂ ਲੰਘਣ ਵਾਲੇ ਸਮੁੰਦਰੀ ਰਸਤਿਆਂ ਰਾਹੀਂ ਆਯਾਤ ਕਰਦਾ ਹੈ। ਸੰਘਵੀ ਦੀਆਂ ਟਿੱਪਣੀਆਂ ਦਾ ਜਵਾਬ ਦਿੰਦੇ ਹੋਏ, ਮੁੰਬਈ ਵਿੱਚ ਇਰਾਨੀ ਕੌਂਸਲੇਟ ਜਨਰਲ ਨੇ ਇੱਕ ਸੰਦੇਸ਼ ਜਾਰੀ ਕੀਤਾ ਜਿਸ ਵਿੱਚ ਉਸ ਨੇ ਭਾਰਤ ਅਤੇ ਇਰਾਨ ਵਿਚਕਾਰ ਇਤਿਹਾਸਕ



ਅਤੇ ਸੱਭਿਅਤਾਵਾਦੀ ਸਬੰਧਾਂ 'ਤੇ ਜ਼ੋਰ ਦਿੱਤਾ ਅਤੇ ਦੁਵੱਲੇ ਸਬੰਧਾਂ ਨੂੰ ਮਜ਼ਬੂਤ ਕਰਨ ਦੀ ਵਚਨਬੱਧਤਾ ਪ੍ਰਗਟ ਕੀਤੀ।

ਇਰਾਨੀ ਦੂਤਾਵਾਸ ਨੇ ਸ਼ਨੀਵਾਰ ਨੂੰ ਇੱਕ ਪੋਸਟ ਵਿੱਚ ਕਿਹਾ, "ਭਾਰਤ ਅਤੇ ਖਾਸ ਕਰਕੇ ਗੁਜਰਾਤ, ਸਾਡੇ ਸਾਂਝੇ ਇਤਿਹਾਸ ਵਿੱਚ ਇੱਕ ਵਿਸ਼ੇਸ਼ ਸਥਾਨ ਰੱਖਦੇ ਹਨ, ਸਦੀਆਂ ਪਹਿਲਾਂ ਸਾਡੀ ਧਰਤੀ ਦੇ ਲੋਕਾਂ ਦਾ ਸਵਾਗਤ ਕਰਦੇ ਰਹੇ ਹਨ। ਅਸੀਂ ਇਸ ਅਟੁੱਟ ਸੱਭਿਅਤਾ ਦੇ ਬੰਧਨ ਨੂੰ ਅੱਗੇ ਵਧਾਉਂਦੇ ਹੋਏ, ਦੋਸਤੀ ਤੇ ਸਹਿਯੋਗ ਦੇ ਆਪਣੇ ਸਬੰਧਾਂ ਨੂੰ ਹੋਰ ਮਜ਼ਬੂਤ ਕਰਨ ਲਈ ਵਚਨਬੱਧ ਹਾਂ।" ਦੂਤਾਵਾਸ ਨੇ ਸਪੱਸ਼ਟ ਤੌਰ 'ਤੇ ਲਗਭਗ 1,300 ਸਾਲ ਪਹਿਲਾਂ ਇਰਾਨ ਤੋਂ ਗੁਜਰਾਤ ਦੇ ਸੰਜਾਨ ਵਿੱਚ ਪਾਰਸੀਆਂ ਜਾਂ ਜ਼ੋਰਾਸਟ੍ਰੀਅਨਾਂ ਦੇ ਆਉਣ ਦਾ ਜ਼ਿਕਰ ਕੀਤਾ। ਅਮਰੀਕਾ, ਇਜ਼ਰਾਈਲ ਅਤੇ ਇਰਾਨ ਵਿਚਕਾਰ ਟਕਰਾਅ ਨੇ ਪੱਛਮੀ ਏਸ਼ੀਆ ਵਿੱਚ ਤਣਾਅ ਪੈਦਾ ਕੀਤਾ ਹੈ, ਜਿਸ ਨਾਲ ਹੋਰਮੁਜ਼ ਜਲਡਮਰੂ ਸਮੁੰਦਰੀ ਰਸਤਾ ਪ੍ਰਭਾਵਿਤ ਹੋਇਆ ਹੈ। ਇਹ ਜਲਮਾਰਗ ਵਿਸ਼ਵਵਿਆਪੀ ਊਰਜਾ ਦੀ ਆਵਾਜਾਈ ਲਈ ਇੱਕ ਮਹੱਤਵਪੂਰਨ ਰਸਤਾ ਹੈ, ਅਤੇ ਤਹਿਰਾਨ ਨੇ ਇਸ ਨੂੰ ਰੋਕ ਦਿੱਤਾ ਹੈ। ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਨੇ ਸ਼ਨੀਵਾਰ ਨੂੰ ਇਰਾਨ ਨੂੰ ਸੋਮਵਾਰ ਤੱਕ ਹੋਰਮੁਜ਼ ਜਲਡਮਰੂ ਖੋਲ੍ਹਣ ਦੀ ਆਪਣੀ ਧਮਕੀ ਦੁਹਰਾਈ, ਜੇਕਰ ਉਹ ਅਜਿਹਾ ਕਰਨ ਵਿੱਚ ਅਸਫਲ ਰਹਿੰਦੇ ਹਨ ਤਾਂ ਗੰਭੀਰ ਨਤੀਜੇ ਭੁਗਤਣ ਦੀ ਚੇਤਾਵਨੀ ਦਿੱਤੀ। ਇਸ ਸਥਿਤੀ ਦੇ ਬਾਵਜੂਦ, ਹਾਲ ਹੀ ਦੇ ਹਫ਼ਤਿਆਂ ਵਿੱਚ ਭਾਰਤ ਨਾਲ ਸਬੰਧਤ ਕਈ ਜਹਾਜ਼ ਇਸ ਰਸਤੇ ਰਾਹੀਂ ਲੰਘਦੇ ਰਹੇ ਹਨ।

# ਅਟਲ ਟਨਲ ਕੋਲ ਡਿੱਗਿਆ ਬਰਫ਼ਾਨੀ ਤੋਦਾ, ਸੈਲਾਨੀਆਂ ਤੱਕ ਪੁੱਜਾ ਬਰਫ਼ ਦਾ ਗੁਬਾਰ

ਮਨਾਲੀ, 5 ਅਪ੍ਰੈਲ (ਚ.ਨ.ਸ.): ਹਿਮਾਚਲ ਪ੍ਰਦੇਸ਼ ਦੇ ਸੈਰ-ਸਪਾਟਾ ਸਥਾਨ ਅਟਲ ਟਨਲ ਰੋਹਤਾਂਗ ਦੇ ਕਿਨਾਰੇ 'ਤੇ ਹਿਮਖੰਡ (ਬਰਫ਼ਾਨੀ ਤੋਦਾ) ਡਿੱਗਿਆ ਹੈ। ਦੋ ਦਿਨਾਂ ਦੀ ਬਰਫ਼ਬਾਰੀ ਤੋਂ ਬਾਅਦ ਐਤਵਾਰ ਨੂੰ ਧੁੱਪ ਖਿੜਨ 'ਤੇ ਦੁਪਹਿਰ ਦੇ ਸਮੇਂ ਅਟਲ ਟਨਲ ਦੇ ਨੌਰਥ ਪੋਰਟਲ ਦੇ ਨੇੜੇ ਪੀਰ ਪੰਜਾਲ ਦੀ ਚੋਟੀ 'ਤੇ ਹਿਮਸਖਲਨ ਹੋਇਆ। ਹਿਮਸਖਲਨ ਦੀ ਰਫ਼ਤਾਰ ਇੰਨੀ ਤੇਜ਼ ਸੀ ਕਿ ਹਵਾ ਵਿੱਚ ਉੱਡਦੇ ਬਰਫ਼ ਦੇ ਫਾਹੇ ਸੈਲਾਨੀਆਂ ਤੱਕ ਪਹੁੰਚ ਗਏ। ਸੈਲਾਨੀਆਂ ਲਈ ਇਹ ਦ੍ਰਿਸ਼ ਰੋਮਾਂਚਕ ਰਿਹਾ, ਪਰ ਜੇਕਰ ਕੋਈ ਇਸ ਦੀ ਲਪੇਟ ਵਿੱਚ ਆ ਜਾਂਦਾ ਤਾਂ ਵੱਡਾ ਨੁਕਸਾਨ ਹੋ ਸਕਦਾ ਸੀ। ਹਿਮਖੰਡ ਨੂੰ ਡਿੱਗਦਾ ਦੇਖ ਕੇ ਲੋਕਾਂ ਨੇ ਸੀਟੀਆਂ ਵਜਾ ਕੇ ਅਤੇ ਰੌਲਾ ਪਾ ਕੇ ਸੈਲਾਨੀਆਂ ਨੂੰ ਸੁਚੇਤ ਕੀਤਾ। ਧੁੱਪ ਖਿੜਦਿਆਂ ਹੀ ਐਤਵਾਰ ਸਵੇਰੇ ਸੈਲਾਨੀ 'ਫੋਰ ਬਾਈ ਫੋਰ' ਵਾਹਨਾਂ ਰਾਹੀਂ ਅਟਲ ਟਨਲ ਰੋਹਤਾਂਗ ਪਹੁੰਚੇ ਸਨ। ਹਾਲਾਂਕਿ ਹਿਮਸਖਲਨ ਕਾਰਨ ਕੋਈ ਜਾਨੀ ਨੁਕਸਾਨ ਨਹੀਂ ਹੋਇਆ, ਪਰ ਉਸ ਤੋਂ ਉੱਠਿਆ ਤੇਜ਼ ਬਰਫ਼ਾਨੀ ਗੁਬਾਰ ਸੈਲਾਨੀਆਂ ਤੱਕ ਪਹੁੰਚ ਗਿਆ।

ਜ਼ਿਕਰਯੋਗ ਹੈ ਕਿ ਦੋ ਦਿਨ ਪਹਿਲਾਂ ਹੀ ਸੀਮਾ ਸੜਕ ਸੰਗਠਨ ਦੀ ਸਿਫ਼ਾਰਸ਼ 'ਤੇ ਲਾਹੌਲ-ਸਪੀਤੀ ਪ੍ਰਸ਼ਾਸਨ ਨੇ ਅਟਲ ਟਨਲ ਦੇ ਨੌਰਥ ਪੋਰਟਲ ਨਾਲ ਲੱਗਦੇ ਖੇਤਰ ਵਿੱਚ ਸੈਰ-ਸਪਾਟਾ ਗਤੀਵਿਧੀਆਂ 'ਤੇ ਪਾਬੰਦੀ



ਲਗਾ ਦਿੱਤੀ ਸੀ। ਇਸ ਦੇ ਨਾਲ ਹੀ ਹਿਮਖੰਡ ਡਿੱਗਣ ਦੀ ਚੇਤਾਵਨੀ ਵੀ ਪਹਿਲਾਂ ਹੀ ਜਾਰੀ ਕੀਤੀ ਗਈ ਸੀ।

ਅਪ੍ਰੈਲ-2026 ਦੀ ਸ਼ੁਰੂਆਤ ਵਿੱਚ ਲਾਹੌਲ-ਸਪੀਤੀ ਸਮੇਤ ਮਨਾਲੀ ਦੇ ਸੈਰ-ਸਪਾਟਾ ਸਥਾਨਾਂ ਵਿੱਚ ਅਣਪਛਾਤੀ ਬਰਫ਼ਬਾਰੀ ਅਤੇ ਮੌਸਮ ਦੇ ਮਿਜ਼ਾਜ ਵਿੱਚ ਆਏ ਬਦਲਾਅ ਕਾਰਨ ਲਾਹੌਲ ਸਮੇਤ ਮਨਾਲੀ ਘਾਟੀ ਵਿੱਚ ਹਿਮਸਖਲਨ ਦਾ ਖ਼ਤਰਾ ਵਧ ਗਿਆ ਹੈ। ਪ੍ਰਸ਼ਾਸਨ ਦੀ ਮੰਨੀਏ ਤਾਂ ਲਗਾਤਾਰ ਹੋ ਰਹੀ ਬਰਫ਼ਬਾਰੀ ਕਾਰਨ ਮਨਾਲੀ-ਕੇਲੰਗ ਮਾਰਗ 'ਤੇ ਹਿਮਸਖਲਨ ਦਾ ਖ਼ਤਰਾ ਕਾਫ਼ੀ ਜ਼ਿਆਦਾ ਹੋ ਗਿਆ ਹੈ।

# ਗੈਂਗਸਟਰਾਂ 'ਤੇ ਵਾਰ ਦੇ 75ਵੇਂ ਦਿਨ 527 ਥਾਵਾਂ ਉੱਤੇ ਛਾਪੇਮਾਰੀ ਦੌਰਾਨ 241 ਗ੍ਰਿਫ਼ਤਾਰ

ਚੰਡੀਗੜ੍ਹ, 5 ਅਪ੍ਰੈਲ (ਚ.ਨ.ਸ.): ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਨਿਰਦੇਸ਼ਾਂ ਹੇਠ ਸ਼ੁਰੂ ਕੀਤੀ ਗਈ ਫੈਸਲਾਕੁੰਨ ਮੁਹਿੰਮ "ਗੈਂਗਸਟਰਾਂ 'ਤੇ ਵਾਰ" ਦੇ 75ਵੇਂ ਦਿਨ ਪੰਜਾਬ ਪੁਲਿਸ ਨੇ ਅੱਜ ਸੂਬੇ ਭਰ ਵਿੱਚ ਗੈਂਗਸਟਰਾਂ ਦੇ ਸਾਥੀਆਂ ਦੇ ਪਛਾਣੇ ਗਏ ਅਤੇ ਮੈਪ ਕੀਤੇ 527 ਟਿਕਾਣਿਆਂ 'ਤੇ ਛਾਪੇਮਾਰੀ ਕੀਤੀ। ਜ਼ਿਕਰਯੋਗ ਹੈ ਕਿ "ਗੈਂਗਸਟਰਾਂ 'ਤੇ ਵਾਰ" ਪੰਜਾਬ ਨੂੰ ਗੈਂਗਸਟਰ ਮੁਕਤ ਸੂਬਾ ਬਣਾਉਣ ਲਈ ਫੈਸਲਾਕੁੰਨ ਜੰਗ ਹੈ, ਜੋ ਕਿ ਪੁਲਿਸ ਡਾਇਰੈਕਟਰ ਜਨਰਲ (ਡੀਜੀਪੀ) ਪੰਜਾਬ ਗੌਰਵ ਯਾਦਵ ਵੱਲੋਂ 20 ਜਨਵਰੀ ਨੂੰ ਸ਼ੁਰੂ ਕੀਤੀ ਗਈ ਸੀ। ਐਂਟੀ-ਗੈਂਗਸਟਰ ਟਾਸਕ ਫੋਰਸ (ਏਜੀਟੀਐਫ) ਪੰਜਾਬ ਦੇ ਤਾਲਮੇਲ ਨਾਲ ਸਾਰੇ ਜ਼ਿਲ੍ਹਿਆਂ ਦੀਆਂ ਪੁਲਿਸ ਟੀਮਾਂ ਸੂਬੇ ਭਰ 'ਚ ਵਿਸ਼ੇਸ਼ ਕਾਰਵਾਈਆਂ ਕਰ ਰਹੀਆਂ ਹਨ। 75ਵੇਂ ਦਿਨ, ਪੁਲਿਸ ਟੀਮਾਂ ਨੇ 9 ਹਥਿਆਰ ਬਰਾਮਦ ਕਰਨ ਤੋਂ ਬਾਅਦ 241 ਵਿਅਕਤੀਆਂ ਨੂੰ ਗ੍ਰਿਫ਼ਤਾਰ ਕੀਤਾ, ਜਿਸ ਨਾਲ ਮੁਹਿੰਮ ਦੀ ਸ਼ੁਰੂਆਤ ਤੋਂ ਹੁਣ ਤੱਕ ਕੁੱਲ ਗ੍ਰਿਫ਼ਤਾਰੀਆਂ ਦੀ ਗਿਣਤੀ 19,115 ਹੋ ਗਈ ਹੈ।

ਇਸ ਤੋਂ ਇਲਾਵਾ 108 ਵਿਅਕਤੀਆਂ ਵਿਰੁੱਧ ਇਹਤਿਆਤੀ ਕਾਰਵਾਈ ਕੀਤੀ ਗਈ ਹੈ, ਜਦੋਂ ਕਿ 84 ਵਿਅਕਤੀਆਂ ਨੂੰ ਪੁੱਛਗਿੱਛ ਤੋਂ ਬਾਅਦ ਛੱਡ ਦਿੱਤਾ ਗਿਆ। ਪੁਲਿਸ ਟੀਮਾਂ ਨੇ ਕਾਰਵਾਈ ਦੌਰਾਨ ਪੰਜ ਭਗੌੜੇ ਅਪਰਾਧੀਆਂ ਨੂੰ ਵੀ ਗ੍ਰਿਫ਼ਤਾਰ ਕੀਤਾ ਹੈ। ਲੋਕ ਐਂਟੀ ਗੈਂਗਸਟਰ ਹੈਲਪਲਾਈਨ ਨੰ. 93946-93946 ਰਾਹੀਂ ਗੁਪਤ ਰੂਪ ਵਿੱਚ ਲੋੜੀਂਦੇ ਅਪਰਾਧੀਆਂ ਤੇ ਗੈਂਗਸਟਰਾਂ ਬਾਰੇ ਜਾਣਕਾਰੀ ਦੇ ਸਕਦੇ ਹਨ ਅਤੇ ਅਪਰਾਧ ਅਤੇ ਅਪਰਾਧਿਕ ਗਤੀਵਿਧੀਆਂ ਬਾਰੇ ਸੂਹ/ਜਾਣਕਾਰੀ ਵੀ ਸਾਂਝੀ ਕੀਤੀ ਜਾ ਸਕਦੀ ਹੈ।

ਇਸ ਦੌਰਾਨ ਪੁਲਿਸ ਟੀਮਾਂ ਨੇ ਨਸ਼ਿਆਂ ਵਿਰੁੱਧ ਆਪਣੀ ਮੁਹਿੰਮ "ਯੁੱਧ ਨਸ਼ਿਆਂ ਵਿਰੁੱਧ" ਨੂੰ 400ਵੇਂ ਦਿਨ ਵੀ ਜਾਰੀ ਰੱਖਦਿਆਂ ਅੱਜ 120 ਨਸ਼ਾ ਤਸਕਰਾਂ ਨੂੰ ਗ੍ਰਿਫ਼ਤਾਰ ਕੀਤਾ ਗਿਆ ਅਤੇ ਉਨ੍ਹਾਂ ਦੇ ਕਬਜ਼ੇ ਵਿੱਚੋਂ 1.6 ਕਿਲੋਗ੍ਰਾਮ ਹੈਰੋਇਨ, 164 ਨਸ਼ੀਲੀਆਂ ਗੋਲੀਆਂ/ਕੈਪਸੂਲ ਅਤੇ 8890 ਰੁਪਏ ਦੀ ਡਰੱਗ ਮਨੀ ਬਰਾਮਦ ਕੀਤੀ ਗਈ। ਇਸ ਦੇ ਨਾਲ ਸਿਰਫ 400 ਦਿਨਾਂ ਵਿੱਚ ਗ੍ਰਿਫ਼ਤਾਰ ਕੀਤੇ ਗਏ ਕੁੱਲ ਨਸ਼ਾ ਤਸਕਰਾਂ ਦੀ ਗਿਣਤੀ 57169 ਹੋ ਗਈ ਹੈ। ਨਸ਼ਾ ਛੁਡਾਊ ਮੁਹਿੰਮ ਤਹਿਤ ਪੰਜਾਬ ਪੁਲਿਸ ਨੇ 27 ਵਿਅਕਤੀਆਂ ਨੂੰ ਨਸ਼ਾ ਛੁਡਾਊ ਅਤੇ ਮੁੜ ਵਸੇਬਾ ਦਾ ਇਲਾਜ ਕਰਵਾਉਣ ਲਈ ਰਾਜ਼ੀ ਕੀਤਾ ਹੈ।

# ਉੱਤਰਾਖੰਡ ਦੇ ਕੇਦਾਰਨਾਥ-ਪਿਥੌਰਾਗੜ੍ਹ 'ਚ ਹੋਈ ਗੜ੍ਹੇਮਾਰੀ ਨੇ ਠਾਰੇ ਲੋਕ

ਦੇਹਰਾਦੂਨ, 5 ਅਪ੍ਰੈਲ (ਚ.ਨ.ਸ.): ਉੱਤਰਾਖੰਡ ਦੇ ਪਹਾੜੀ ਜ਼ਿਲ੍ਹਿਆਂ ਵਿੱਚ ਮੀਂਹ ਅਤੇ ਬਰਫ਼ਬਾਰੀ ਦੀ ਸੰਭਾਵਨਾ ਹੈ। ਮੌਸਮ ਵਿਭਾਗ ਦੇ ਅਨੁਸਾਰ, ਉੱਤਰਕਾਸ਼ੀ, ਰੁਦਰਪ੍ਰਯਾਗ, ਚਮੋਲੀ, ਬਾਗੇਸ਼ਵਰ ਅਤੇ ਪਿਥੌਰਾਗੜ੍ਹ ਜ਼ਿਲ੍ਹਿਆਂ ਵਿੱਚ ਕਈ ਥਾਵਾਂ 'ਤੇ ਹਲਕੀ ਤੋਂ ਦਰਮਿਆਨੀ ਬਾਰਿਸ਼ ਹੋਣ ਦੀ ਸੰਭਾਵਨਾ ਹੈ। 3,300 ਮੀਟਰ ਜਾਂ ਇਸ ਤੋਂ ਵੱਧ ਉਚਾਈ ਵਾਲੇ ਖੇਤਰਾਂ ਵਿੱਚ ਵੀ ਮੀਂਹ ਅਤੇ ਬਰਫ਼ਬਾਰੀ ਸੰਭਵ ਹੈ। ਮੈਦਾਨੀ ਇਲਾਕਿਆਂ ਵਿੱਚ, ਕੁਝ ਥਾਵਾਂ 'ਤੇ ਹਲਕੀ ਤੋਂ ਬਹੁਤ ਹੀ ਹਲਕੀ ਬਾਰਿਸ਼ ਤੇ ਗਰਜ-ਤੂਫ਼ਾਨ ਦੀ ਸੰਭਾਵਨਾ ਹੈ। ਮੌਸਮ ਵਿਭਾਗ ਨੇ ਪਹਾੜੀ ਜ਼ਿਲ੍ਹਿਆਂ ਲਈ ਯੈਲੋ ਅਲਰਟ ਜਾਰੀ ਕੀਤਾ ਹੈ। ਇਸ ਸਮੇਂ ਦੌਰਾਨ, ਕਈ ਥਾਵਾਂ 'ਤੇ ਬਿਜਲੀ ਗਰਜਣ ਅਤੇ 40 ਤੋਂ 50 ਕਿਲੋਮੀਟਰ ਪ੍ਰਤੀ ਘੰਟਾ ਤੱਕ ਤੇਜ਼ ਹਵਾਵਾਂ ਚੱਲਣ ਦੀ ਸੰਭਾਵਨਾ ਹੈ। ਇਸ ਤੋਂ ਪਹਿਲਾਂ ਸ਼ਨੀਵਾਰ ਨੂੰ, ਰੁਦਰਪ੍ਰਯਾਗ ਵਿੱਚ ਕੇਦਾਰਨਾਥ ਘਾਟੀ ਅਤੇ ਪਿਥੌਰਾਗੜ੍ਹ ਵਿੱਚ ਬਿਆਸ ਅਤੇ ਦਰਮਾ ਘਾਟੀਆਂ ਵਿੱਚ ਸਵੇਰੇ



ਗੜ੍ਹੇਮਾਰੀ ਹੋਈ। ਉੱਤਰਕਾਸ਼ੀ, ਟਿਹਰੀ, ਨੈਨੀਤਾਲ, ਅਲਮੋੜਾ ਅਤੇ ਪਿਥੌਰਾਗੜ੍ਹ ਵਿੱਚ ਮੀਂਹ ਪਿਆ। ਗੜ੍ਹੇਮਾਰੀ ਤੇ ਪਏ ਮੀਂਹ ਨਾਲ ਮੌਸਮ ਠੰਢਾ ਹੋ ਗਿਆ ਹੈ। ਦੇਹਰਾਦੂਨ ਵਿੱਚ ਅੱਜ ਅਸਮਾਨ ਅੰਸ਼ਕ ਤੌਰ 'ਤੇ ਬੱਦਲਵਾਈ ਵਾਲਾ ਰਹੇਗਾ। 40 ਤੋਂ 50 ਕਿਲੋਮੀਟਰ ਪ੍ਰਤੀ ਘੰਟਾ ਦੀ ਰਫ਼ਤਾਰ ਨਾਲ ਤੇਜ਼ ਹਵਾਵਾਂ ਵੀ ਚੱਲ ਸਕਦੀਆਂ ਹਨ। ਤਾਪਮਾਨ ਦੀ ਗੱਲ ਕਰੀਏ ਤਾਂ ਵੱਧ ਤੋਂ ਵੱਧ ਤਾਪਮਾਨ 29 ਡਿਗਰੀ ਸੈਲਸੀਅਸ ਅਤੇ ਘੱਟੋ-ਘੱਟ ਤਾਪਮਾਨ 17 ਡਿਗਰੀ ਸੈਲਸੀਅਸ ਦੇ ਆਸ-ਪਾਸ ਰਹਿਣ ਦੀ ਉਮੀਦ ਹੈ।

# ਅਕਾਲੀ ਦਲ ਬਾਦਲ ਨੂੰ ਝਟਕਾ ਸੀਨੀਅਰ ਮੀਤ ਪ੍ਰਧਾਨ ਸੁਖਦੇਵ ਸਿੰਘ ਰਿਆਤ ਸਾਥੀਆਂ ਸਮੇਤ ਦਿੱਲੀ ਸਟੇਟ 'ਚ ਸ਼ਾਮਲ

ਨਵੀਂ ਦਿੱਲੀ, 5 ਅਪ੍ਰੈਲ (ਅੰਮ੍ਰਿਤਪਾਲ ਸਿੰਘ): ਦਿੱਲੀ ਦੀ ਸਿੱਖ ਰਾਜਨੀਤੀ ਵਿਚ ਅਕਾਲੀ ਦਲ ਬਾਦਲ ਨੂੰ ਉਸ ਵੇਲੇ ਵੱਡਾ ਝਟਕਾ ਲੱਗਾ ਜਦੋਂ ਪਾਰਟੀ ਦੇ ਸੀਨੀਅਰ ਮੀਤ ਪ੍ਰਧਾਨ ਤੇ 25 ਸਾਲਾਂ ਤੋਂ ਪਾਰਟੀ ਨਾਲ ਜੁੜ ਕੇ ਵੱਡੀਆਂ ਸੇਵਾਵਾਂ ਨਿਭਾਉਣ ਵਾਲੇ ਰਾਮਗੜ੍ਹੀਆ ਆਲ ਇੰਡੀਆ ਵਿਸ਼ਕਰਮਾ ਫੈਡਰੇਸ਼ਨ ਦੇ ਪ੍ਰਧਾਨ ਸੁਖਦੇਵ ਸਿੰਘ ਰਿਆਤ ਅੱਜ ਆਪਣੇ ਸੈਂਕੜੇ ਸਾਥੀਆਂ ਸਮੇਤ ਸ਼੍ਰੋਮਣੀ ਅਕਾਲੀ ਦਲ ਦਿੱਲੀ ਸਟੇਟ ਵਿਚ ਸ਼ਾਮਲ ਹੋ ਗਏ। ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਹਰਮੀਤ ਸਿੰਘ ਕਾਲਕਾ, ਜਨਰਲ ਸਕੱਤਰ ਜਗਦੀਪ ਸਿੰਘ ਕਾਹਲੋਂ ਤੇ ਪਾਰਟੀ ਦੇ ਦਿੱਲੀ ਇਕਾਈ ਦੇ ਪ੍ਰਧਾਨ ਐਮ ਪੀ ਐਸ ਚੱਢਾ ਨੇ ਰਿਆਤ ਤੇ ਉਹਨਾਂ ਦੇ ਸਾਥੀਆਂ ਨੂੰ ਪਾਰਟੀ ਵਿਚ ਸ਼ਾਮਲ ਹੋਣ 'ਤੇ ਜੀ ਆਇਆਂ ਆਖਿਆ ਤੇ ਨਾਲ ਹੀ ਉਹਨਾਂ ਨੂੰ ਪਾਰਟੀ ਦਾ ਸੀਨੀਅਰ ਮੀਤ ਪ੍ਰਧਾਨ ਬਣਾਉਣ ਦਾ ਐਲਾਨ ਕੀਤਾ। ਉਹਨਾਂ ਨੇ ਇਸ ਮੌਕੇ ਬੀਬੀ ਰਣਜੀਤ ਕੌਰ ਤੇ ਸੁਖਦੇਵ ਸਿੰਘ ਬੱਬਰ ਦਾ ਵਿਸ਼ੇਸ਼ ਧੰਨਵਾਦ ਕੀਤਾ ਜਿਹਨਾਂ ਨੇ ਰਿਆਤ ਨੂੰ ਪਾਰਟੀ ਵਿਚ ਸ਼ਾਮਲ ਕਰਵਾਉਣ ਵਿਚ ਅਹਿਮ ਰੋਲ ਅਦਾ ਕੀਤਾ। ਇਸ ਮੌਕੇ ਸੰਬੋਧਨ ਕਰਦਿਆਂ ਕਾਲਕਾ ਤੇ ਕਾਹਲੋਂ ਨੇ ਕਿਹਾ ਕਿ ਸੁਖਦੇਵ ਸਿੰਘ ਰਿਆਤ ਤੇ ਸਾਥੀਆਂ ਦੇ ਪਾਰਟੀ ਵਿਚ ਸ਼ਾਮਲ ਹੋਣ ਨਾਲ ਪਾਰਟੀ ਨੂੰ ਵੱਡੀ ਮਜ਼ਬੂਤੀ ਮਿਲੀ ਹੈ। ਉਹਨਾਂ ਕਿਹਾ ਕਿ ਦਿੱਲੀ ਗੁਰਦੁਆਰਾ ਕਮੇਟੀ ਦੀਆਂ ਆਉਂਦੀਆਂ ਚੋਣਾਂ ਵਿਚ ਪਾਰਟੀ ਭਾਰੀ ਬਹੁਮਤ ਨਾਲ ਲਾਮਿਸਾਲ ਜਿੱਤ ਦਰਜ



ਕਰੇਗੀ ਅਤੇ ਸਰਦਾਰ ਰਿਆਤ ਦੇ ਆਉਣ ਨਾਲ ਘੱਟੋ ਘੱਟ 10 ਸੀਟਾਂ ਦਾ ਹੋਰ ਇਜਾਫਾ ਹੋਵੇਗਾ।

ਇਸ ਮੌਕੇ ਉਹਨਾਂ ਇਹ ਵੀ ਦੱਸਿਆ ਕਿ ਕਿਵੇਂ 2021 ਦੀਆਂ ਚੋਣਾਂ ਵਿਚ ਦਿੱਲੀ ਦੀ ਸੰਗਤ ਨੇ ਕੋਰੋਨਾ ਕਾਲ ਤੇ ਕਿਸਾਨ ਅੰਦੋਲਨ ਵੇਲੇ ਸੇਵਾ ਕਰਨ ਦੇ ਨਾਲ-ਨਾਲ ਪ੍ਰਦਾਨ ਕੀਤੀਆਂ ਸਿਹਤ ਤੇ ਸਿੱਖਿਆ ਖੇਤਰ ਵਿਚ ਸੇਵਾਵਾਂ ਤੇ ਧਾਰਮਿਕ ਕਾਰਜਾਂ ਵਿਚ ਨਿਭਾਈ ਭੂਮਿਕਾ ਬਦਲੇ ਸਾਡੀ ਝੋਲੀ ਜਿੱਤ ਪਾਈ ਤੇ ਸਾਡੇ 30 ਮੈਂਬਰ ਚੋਣਾਂ ਜਿੱਤੇ। ਉਹਨਾਂ ਇਹ ਵੀ ਦੱਸਿਆ ਕਿ ਕਿਵੇਂ ਉਸ ਵੇਲੇ ਦੀ ਪੰਜਾਬ ਦੀ ਅਕਾਲੀ ਦਲ ਦੀ ਲੀਡਰਸ਼ਿਪ ਨੇ ਸਾਡੇ 'ਤੇ ਸਰਨਾ ਭਰਾਵਾਂ ਤੇ ਮਨਜੀਤ ਸਿੰਘ ਜੀ.ਕੇ. ਨਾਲ ਸਾਂਝ ਪਾਉਣ ਵਾਸਤੇ ਦਬਾਅ ਬਣਾਇਆ ਪਰ ਅਸੀਂ ਉਹ ਗੱਲ ਮੰਨਣ ਦੀ ਥਾਂ ਦਿੱਲੀ ਦੀ ਸੰਗਤ ਦੇ ਫਤਵੇ ਦਾ ਸਤਿਕਾਰ ਕਰਨ ਦਾ ਫੈਸਲਾ ਲਿਆ ਤੇ ਨਿਰੋਲ ਧਾਰਮਿਕ ਪਾਰਟੀ ਸ਼੍ਰੋਮਣੀ ਅਕਾਲੀ ਦਲ ਦਿੱਲੀ ਸਟੇਟ ਦਾ ਗਠਨ ਕੀਤਾ। ਉਹਨਾਂ ਕਿਹਾ ਕਿ ਸਾਡੀ ਪਾਰਟੀ ਨੂੰ ਸੰਗਤ ਨੇ ਵੱਡਾ ਹੁੰਗਾਰਾ ਦਿੱਤਾ ਤੇ ਅਸੀਂ ਕਿਸੇ ਵੀ ਤਰੀਕੇ ਦੀ ਰਾਜਨੀਤੀ ਕਰਨ ਦੀ ਥਾਂ ਸੰਗਤ ਦੀ ਸੇਵਾ ਦੇ ਵਿਸ਼ਵਾਸ ਨਾਲ ਕਾਰਜ ਕਰ ਰਹੇ ਹਾਂ ਤੇ ਪਿਛਲੇ 4 ਸਾਲਾਂ ਵਿਚ ਬਹੁਤ ਅਹਿਮ ਕਾਰਜ ਕੀਤੇ ਗਏ ਹਨ।



ਰੋਜ਼ਾਨਾ ਚੜ੍ਹਦੀਕਲਾ
## ਸਿਹਤ ਖ਼ਬਰਨਾਮਾ



# ਭਿੰਡੀ ਦਾ ਪਾਣੀ ਇੱਕ ਸੁਪਰ ਡਰਿੰਕ

ਭਿੰਡੀ ਖਾਣ ਵਿਚ ਜਿੰਨੀ ਸੁਆਦੀ ਹੁੰਦੀ ਹੈ, ਓਨੀ ਹੀ ਸਿਹਤ ਲਈ ਵੀ ਫਾਇਦੇਮੰਦ ਹੈ। ਭਿੰਡੀ ਹੀ ਨਹੀਂ, ਸਗੋਂ ਇਸ ਦਾ ਪਾਣੀ ਵੀ ਅਣਗਿਣਤ ਸਿਹਤ ਲਾਭ ਪ੍ਰਦਾਨ ਕਰਦਾ ਹੈ। ਹਰ ਸਵੇਰੇ ਖਾਲੀ ਪੇਟ ਭਿੰਡੀ ਦਾ ਪਾਣੀ ਪੀਣ ਨਾਲ ਕਈ ਸਿਹਤ ਲਾਭ ਮਿਲ ਸਕਦੇ ਹਨ। ਭਿੰਡੀ ਦਾ ਪਾਣੀ ਪਾਚਨ ਪ੍ਰਣਾਲੀ ਨੂੰ ਬਿਹਤਰ ਬਣਾਉਂਦਾ ਹੈ ਅਤੇ ਭੁੱਖ ਨੂੰ ਕੰਟਰੋਲ ਕਰਨ ਵਿੱਚ ਮਦਦ ਕਰਦਾ ਹੈ। ਭਿੰਡੀ ਦਾ ਪਾਣੀ ਇੱਕ ਸੁਪਰ ਡਰਿੰਕ ਹੈ ਜੋ ਇਨ੍ਹੀਂ ਦਿਨੀਂ ਲੋਕਾਂ ਵਿਚ ਕਾਫੀ ਲੋਕਪ੍ਰਿਯ ਹੋ ਰਿਹਾ ਹੈ।



**ਇਸ ਨੂੰ ਤਿਆਰ ਕਰਨ ਦਾ ਸਹੀ ਤਰੀਕਾ** ; 3-4 ਦਰਮਿਆਨੇ ਆਕਾਰ ਦੀਆਂ ਭਿੰਡੀਆਂ ਲਓ ਅਤੇ ਉਨ੍ਹਾਂ ਨੂੰ ਚੰਗੀ ਤਰ੍ਹਾਂ ਧੋ ਲਓ। ਭਿੰਡੀ ਦੇ ਦੋਵੇਂ ਸਿਰੇ ਕੱਟੋ ਅਤੇ ਵਿਚਕਾਰੋਂ ਇੱਕ ਲੰਮਾ ਚੀਰਾ ਬਣਾਓ। ਉਨ੍ਹਾਂ ਨੂੰ ਰਾਤ ਭਰ (8-10 ਘੰਟੇ) ਇੱਕ ਗਲਾਸ ਪਾਣੀ ਵਿੱਚ ਭਿਓ ਦਿਓ। ਸਵੇਰੇ ਭਿੰਡੀ ਨੂੰ ਪਾਣੀ ਵਿੱਚੋਂ ਨਿਚੋੜ ਕੇ ਕੱਢ ਅਤੇ ਇਸ ਪਾਣੀ ਦਾ ਖਾਲੀ ਪੇਟ ਸੇਵਨ ਕਰੋ।

**ਬਲੱਡ ਸ਼ੂਗਰ ਨੂੰ ਕੰਟਰੋਲ ਕਰਨ ਵਿੱਚ ਮਦਦਗਾਰ** ; ਭਿੰਡੀ ਦੇ ਪਾਣੀ ਦਾ ਸਭ ਤੋਂ ਵੱਡਾ ਫਾਇਦਾ ਸ਼ੂਗਰ ਦੇ ਮਰੀਜ਼ਾਂ ਲਈ ਹੈ। ਇਸ ਵਿੱਚ ਇਨਸੁਲਿਨ ਵਰਗੇ ਗੁਣ ਹੁੰਦੇ ਹਨ ਜੋ ਬਲੱਡ ਸ਼ੂਗਰ ਦੇ ਪੱਧਰ ਨੂੰ ਘਟਾਉਣ ਅਤੇ ਸਥਿਰ ਕਰਨ ਵਿੱਚ ਮਦਦ ਕਰਦਾ ਹੈ।

**ਪਾਚਨ ਪ੍ਰਣਾਲੀ ਲਈ ਚੰਗਾ** ; ਭਿੰਡੀ ਵਿੱਚ ਫਾਈਬਰ ਅਤੇ ਮਿਊਸੀਲੇਜ ਦੀ ਉੱਚ ਮਾਤਰਾ ਹੁੰਦੀ ਹੈ। ਇਹ ਪਾਚਨ ਪ੍ਰਣਾਲੀ ਨੂੰ ਬਿਹਤਰ ਬਣਾਉਂਦਾ ਹੈ, ਜਿਸ ਨਾਲ ਕਬਜ਼ ਅਤੇ ਗੈਸ ਵਰਗੀਆਂ ਸਮੱਸਿਆਵਾਂ ਤੋਂ ਰਾਹਤ ਮਿਲਦੀ ਹੈ।

**ਇਮਿਊਨਿਟੀ** ; ਭਿੰਡੀ ਵਿੱਚ ਮੌਜੂਦ ਵਿਟਾਮਿਨ ਸੀ ਅਤੇ ਐਂਟੀਆਕਸੀਡੈਂਟ ਤੁਹਾਡੇ ਸਰੀਰ ਦੀ ਇਮਿਊਨਿਟੀ ਨੂੰ ਵਧਾਉਂਦੇ ਹਨ, ਤੁਹਾਨੂੰ ਮੌਸਮੀ ਬਿਮਾਰੀਆਂ ਅਤੇ ਇਨਫੈਕਸ਼ਨਾਂ ਤੋਂ ਬਚਾਉਂਦੇ ਹਨ।





ਤਖਤ ਸੱਚਖੰਡ ਸ੍ਰੀ ਹਜ਼ੂਰ ਸਾਹਿਬ ਬੋਰਡ ਦੇ ਸੁਪਰਡੈਂਟ ਰਵਿੰਦਰ ਸਿੰਘ ਕਪੂਰ ਵੱਲੋਂ ਚੜ੍ਹਦੀਕਲਾ ਟਾਈਮ ਟੀ.ਵੀ. ਦਿੱਲੀ ਦੇ ਡਾਇਰੈਕਟਰ ਅੰਮ੍ਰਿਤਪਾਲ ਸਿੰਘ, ਦਿਲਬਾਗ ਸਿੰਘ, ਅਮਰਜੀਤ ਸਿੰਘ ਨੂੰ ਸਨਮਾਨਤ ਕੀਤਾ ਗਿਆ।

# ਬਿਹਾਰ ਦੇ ਰਾਜਪਾਲ ਸਈਦ ਅਤਾ ਹਸਨੈਨ ਨੇ ਤਖ਼ਤ ਪਟਨਾ ਸਾਹਿਬ ਵਿਖੇ ਮੱਥਾ ਟੇਕਿਆ

ਪਟਨਾ, 5 ਅਪ੍ਰੈਲ (ਮਨਪ੍ਰੀਤ ਸਿੰਘ) : ਬਿਹਾਰ ਦੇ ਨਵ-ਨਿਯੁਕਤ ਰਾਜਪਾਲ, ਲੈਫਟੀਨੈਂਟ ਜਨਰਲ (ਸੇਵਾਮੁਕਤ) ਸਈਦ ਅਤਾ ਹਸਨੈਨ ਨੇ ਅੱਜ ਤਖ਼ਤ ਪਟਨਾ ਸਾਹਿਬ ਵਿਖੇ ਮੱਥਾ ਟੇਕਿਆ। ਜਥੇਦਾਰ ਗਿਆਨੀ ਬਲਦੇਵ ਸਿੰਘ ਨੇ ਉਨ੍ਹਾਂ ਨੂੰ ਸਿਰੋਪਾਓ ਭੇਟ ਕੀਤਾ। ਤਖ਼ਤ ਸਾਹਿਬ ਕਮੇਟੀ ਦੇ ਪ੍ਰਧਾਨ ਜਗਜੋਤ ਸਿੰਘ ਸੋਹੀ, ਜਨਰਲ ਸਕੱਤਰ ਇੰਦਰਜੀਤ ਸਿੰਘ, ਸੀਨੀਅਰ ਉਪ ਪ੍ਰਧਾਨ ਲਖਵਿੰਦਰ ਸਿੰਘ ਅਤੇ ਉਪ ਪ੍ਰਧਾਨ ਗੁਰਵਿੰਦਰ ਸਿੰਘ ਨੇ ਉਨ੍ਹਾਂ ਨੂੰ ਕਿਰਪਾਨ ਅਤੇ ਯਾਦਗਾਰੀ ਚਿੰਨ੍ਹ ਦੇ ਕੇ ਸਨਮਾਨਿਤ ਕੀਤਾ। ਤਖ਼ਤ ਸਾਹਿਬ ਦੇ ਪ੍ਰਧਾਨ ਜਗਜੋਤ ਸਿੰਘ ਸੋਹੀ ਨੇ ਦੱਸਿਆ ਕਿ ਮਾਣਯੋਗ ਰਾਜਪਾਲ, ਲੈਫਟੀਨੈਂਟ ਜਨਰਲ (ਸੇਵਾਮੁਕਤ) ਸਈਦ ਅਤਾ ਹਸਨੈਨ ਨੇ ਅੱਜ ਤਖ਼ਤ ਸਾਹਿਬ ਵਿਖੇ ਮੱਥਾ ਟੇਕਿਆ। ਇਸ ਮੌਕੇ ਉਨ੍ਹਾਂ



ਗੁਰਬਾਣੀ ਕੀਰਤਨ ਵੀ ਸੁਣਿਆ ਅਤੇ ਗੁਰੂ ਗੋਬਿੰਦ ਸਿੰਘ ਜੀ ਅਤੇ ਮਾਤਾ ਸਾਹਿਬ ਕੌਰ ਜੀ ਦੇ ਪਵਿੱਤਰ ਜੋੜਾ ਸਾਹਿਬ ਦੇ ਦਰਸ਼ਨ ਕਰਵਾਏ। ਉਨ੍ਹਾਂ ਕਿਹਾ ਕਿ ਮਾਣਯੋਗ ਰਾਜਪਾਲ ਜੀ ਨੂੰ ਗੁਰੂਘਰ ਵਿੱਚ ਪੂਰਾ ਵਿਸ਼ਵਾਸ ਹੈ, ਜਿਸ ਕਾਰਨ ਸਾਨੂੰ ਪੂਰੀ ਉਮੀਦ ਹੈ ਕਿ ਤਖ਼ਤ ਸਾਹਿਬ ਕਮੇਟੀ ਨੂੰ ਸੰਗਤ ਦੀ ਸਹੂਲਤ ਲਈ ਉਨ੍ਹਾਂ ਦਾ ਸਮਰਥਨ ਮਿਲਦਾ ਰਹੇਗਾ ਅਤੇ ਕਮੇਟੀ ਵੱਲੋਂ ਜੋ ਵੀ ਮੰਗਾਂ ਰੱਖੀਆਂ ਜਾਣਗੀਆਂ, ਉਹ ਪੂਰੀਆਂ ਕੀਤੀਆਂ ਜਾਣਗੀਆਂ। ਉਨ੍ਹਾਂ ਦੱਸਿਆ ਕਿ ਪਿਛਲੇ ਰਾਜਪਾਲ ਨੇ ਕਮੇਟੀ ਨੂੰ ਐਮਆਰਆਈ ਸੈਂਟਰ ਲਈ ਜਗ੍ਹਾ ਦਿੱਤੀ ਸੀ ਅਤੇ ਇਸਦਾ ਨੀਂਹ ਪੱਥਰ ਵੀ ਰੱਖਿਆ ਗਿਆ ਸੀ, ਉਸ ਕੰਮ ਨੂੰ ਪੂਰਾ ਕਰਨ ਲਈ ਵੀ ਸਮਰਥਨ ਮਿਲਦਾ ਰਹੇਗਾ।

# ਮਾਨਵਤਾ ਦੇ ਮਸੀਹਾ ਸੁੱਖੀ ਬਾਠ ਨਾਲ ਜਸਵਿੰਦਰ ਚੱਠਾ ਵੱਲੋਂ ਵਿਸ਼ੇਸ਼ ਮੁਲਾਕਾਤ ਸਾਂਝੀਆਂ ਕੀਤੀਆਂ ਆਸਟ੍ਰੇਲੀਆ ਦੌਰੇ ਦੀਆਂ ਯਾਦਾਂ

ਮੈਲਬੌਰਨ/ਸਰੀ , 5 ਅਪ੍ਰੈਲ (ਚ.ਨ.ਸ.) : ਸਮਾਜ ਸੇਵਾ ਅਤੇ ਪੰਜਾਬੀ ਮਾਂ-ਬੋਲੀ ਦੇ ਖੇਤਰ ਵਿੱਚ ਵਿਸ਼ਵ ਪੱਧਰ @ਤੇ ਆਪਣੀ ਵੱਖਰੀ ਪਛਾਣ ਬਣਾਉਣ ਵਾਲੀ ਸ਼ਖਸੀਅਤ ਸੁੱਖੀ ਬਾਠ, ਜੋ ਕਿ ਕਿਸੇ ਜਾਣ-ਪਛਾਣ ਦੇ ਮੁਹਤਾਜ ਨਹੀਂ ਹਨ, ਨਾਲ ਹਾਲ ਹੀ ਵਿੱਚ ਗਲੋਬਲ ਹਿਊਮਨ ਰਾਇਟਸ ਫਰੰਟ ਦੀ ਚੇਅਰਪਰਸਨ ਜਸਵਿੰਦਰ (ਜੇ ਪਾਲ) ਚੱਠਾ ਗ੍ਰੇਵਾਲ ਨੇ ਇੱਕ ਵਿਸ਼ੇਸ਼ ਮੁਲਾਕਾਤ ਕੀਤੀ। ਆਸਟ੍ਰੇਲੀਆ ਦੌਰੇ ਦੌਰਾਨ ਹੋਈ ਇਸ ਮਿਲਣੀ ਨੂੰ ਜਸਵਿੰਦਰ ਚੱਠਾ ਨੇ ਆਪਣੇ ਜੀਵਨ ਦੀਆਂ ਸਭ ਤੋਂ ਸ਼ਾਨਦਾਰ ਯਾਦਾਂ ਵਿੱਚੋਂ ਇੱਕ ਦੱਸਿਆ ਹੈ। ਮੁਲਾਕਾਤ ਦੇ ਅਨੁਭਵ ਸਾਂਝੇ ਕਰਦਿਆਂ ਜਸਵਿੰਦਰ ਚੱਠਾ (ਫਾਊਂਡਰ ਐਡਮਿਨ, ਸਾਂਝੀ ਅਦਬੀ ਮਹਿਫ਼ਲ)



ਨੇ ਕਿਹਾ ਕਿ ਸੁੱਖੀ ਬਾਠ ਇੱਕ ਅਜਿਹੀ ਸਕਾਰਾਤਮਕ ਸ਼ਖਸੀਅਤ ਹਨ ਜਿਨ੍ਹਾਂ ਨੂੰ ਮਿਲਣ ਤੋਂ ਬਾਅਦ ਇਹ ਮਹਿਸੂਸ ਹੁੰਦਾ ਹੈ ਕਿ ਉਹ ਖੁਦ ਵਿੱਚ ਇੱਕ @ਯੂਨੀਵਰਸਿਟੀ@ ਹਨ। ਉਨ੍ਹਾਂ ਕਿਹਾ ਕਿ ਬਾਠ ਜੀ ਦੇ ਜੀਵਨ ਤੋਂ ਬਹੁਤ ਕੁਝ ਸਿੱਖਿਆ ਜਾ ਸਕਦਾ ਹੈ। ਉਨ੍ਹਾਂ ਦੇ ਸੁਭਾਅ ਵਿੱਚ ਮੌਜੂਦ ਹਲੀਮੀ, ਨਿਮਰਤਾ ਅਤੇ ਸਹਿਣਸ਼ੀਲਤਾ ਅੱਜ ਦੇ ਸਮੇਂ ਵਿੱਚ ਬਹੁਤ ਘੱਟ ਵੇਖਣ ਨੂੰ ਮਿਲਦੀ ਹੈ।

ਸੁੱਖੀ ਬਾਠ ਵੱਲੋਂ ਕੈਨੇਡਾ ਦੇ ਸਰੀ ਵਿੱਚ ਸਥਾਪਿਤ ਕੀਤਾ ਗਿਆ @ਪੰਜਾਬ ਭਵਨ@ ਅੱਜ ਪੰਜਾਬੀਅਤ ਦਾ ਕੇਂਦਰ ਬਣ ਚੁੱਕਾ ਹੈ। ਜਸਵਿੰਦਰ ਚੱਠਾ ਨੇ ਦੱਸਿਆ ਕਿ ਸੁੱਖੀ ਬਾਠ ਸਿਰਫ ਗੱਲਾਂ ਨਾਲ ਨਹੀਂ, ਸਗੋਂ ਕਰਮ ਨਾਲ @ਗਰੀਬਾਂ ਦੇ ਮਸੀਹਾ@ ਬਣੇ ਹਨ। ਪੰਜਾਬ ਵਿੱਚ ਜਦੋਂ ਵੀ ਕੋਈ ਕੁਦਰਤੀ ਆਫ਼ਤ ਜਾਂ ਹੜ੍ਹ ਆਏ ਤਾਂ ਸੁੱਖੀ ਬਾਠ ਨੇ ਉਚੇਚੇ ਤੌਰ @ਤੇ ਪਹੁੰਚ ਕੇ ਪੰਜਾਬੀਆਂ ਦਾ ਦਰਦ ਵੰਡਾਇਆ ਅਤੇ ਹਰ ਸੰਭਵ ਮਦਦ ਕੀਤੀ।

# ਬੈਂਕ ਆਫ਼ ਬੜੌਦਾ ਨੇ ਊਨਾ ਜ਼ਿਲ੍ਹੇ ਦੇ ਅੰਬ ਵਿੱਚ ਇੱਕ ਨਵੀਂ ਸ਼ਾਖਾ ਦਾ ਕੀਤਾ ਉਦਘਾਟਨ

ਅੰਬ, (ਹਿਮਾਚਲ ਪ੍ਰਦੇਸ਼), 5 ਅਪ੍ਰੈਲ (ਚ.ਨ.ਸ.) : ਭਾਰਤ ਦੇ ਅੰਤਰਰਾਸ਼ਟਰੀ ਬੈਂਕ, ਬੈਂਕ ਆਫ਼ ਬੜੌਦਾ ਨੇ ਊਨਾ ਜ਼ਿਲ੍ਹੇ ਵਿੱਚ ਆਪਣੀ 37ਵੀਂ ਸ਼ਾਖਾ ਖੋਲ੍ਹ ਕੇ ਰਾਜ ਵਿੱਚ ਆਪਣੀ ਮੌਜੂਦਗੀ ਨੂੰ ਹੋਰ ਮਜ਼ਬੂਤ ??ਕੀਤਾ ਹੈ। ਇਹ ਨਵੀਂ ਸ਼ਾਖਾ ਰਾਜ ਵਿੱਚ ਬੈਂਕ ਦੇ ਵਿਸਥਾਰ ਨੂੰ ਹੋਰ ਮਜ਼ਬੂਤ ??ਕਰੇਗੀ ਅਤੇ ਆਪਣੇ ਗਾਹਕਾਂ ਨੂੰ ਬਿਹਤਰ ਬੈਂਕਿੰਗ ਸੇਵਾਵਾਂ ਅਤੇ ਸਹੂਲਤਾਂ ਪ੍ਰਦਾਨ ਕਰੇਗੀ। ਉਦਘਾਟਨ ਸਮਾਰੋਹ ਵਿੱਚ ਸ੍ਰੀ ਪਾਰਸ ਅਗਰਵਾਲ, ਐਸਡੀਐਮ, ਅੰਬ (ਹਿਮਾਚਲ ਪ੍ਰਦੇਸ਼); ਸ੍ਰੀ ਸਬਾਇਕ ਸਿੰਘ, ਜਨਰਲ ਮੈਨੇਜਰ ਅਤੇ ਜ਼ੋਨਲ ਹੈੱਡ, ਚੰਡੀਗੜ੍ਹ ਜ਼ੋਨ; ਸ੍ਰੀ ਬਾਲ ਕਿਸ਼ਨ, ਡਿਪਟੀ ਜਨਰਲ ਮੈਨੇਜਰ ਅਤੇ ਰੀਜਨਲ ਹੈੱਡ, ਬੈਂਕ ਆਫ਼ ਬੜੌਦਾ; ਅਤੇ ਸ੍ਰੀ ਸ਼ੀਤਲ ਕਾਲੀਆ, ਬ੍ਰਾਂਚ ਹੈੱਡ ਮੌਜੂਦ ਸਨ। ਸਥਾਨਕ ਪਤਵੰਤੇ, ਹੋਰ ਬੈਂਕ ਅਧਿਕਾਰੀ ਅਤੇ ਗਾਹਕ ਵੀ ਮੌਜੂਦ ਸਨ ਅਤੇ ਨਵੀਂ ਸ਼ਾਖਾ ਦੇ ਉਦਘਾਟਨ @ਤੇ ਆਪਣੀ ਖੁਸ਼ੀ ਪ੍ਰਗਟ ਕੀਤੀ। ਇਸ ਨਵੀਂ ਸ਼ਾਖਾ ਦੇ ਖੁੱਲ੍ਹਣ ਨਾਲ, ਹਿਮਾਚਲ ਪ੍ਰਦੇਸ਼ ਵਿੱਚ ਬੈਂਕ ਸ਼ਾਖਾਵਾਂ ਦੀ ਕੁੱਲ ਗਿਣਤੀ 37 ਹੋ ਗਈ ਹੈ। ਬੈਂਕ ਦਾ ਉਦੇਸ਼ ਵਿਅਕਤੀਆਂ, ਪਰਿਵਾਰਾਂ ਅਤੇ ਕਾਰੋਬਾਰਾਂ ਲਈ ਢੁਕਵੇਂ ਉਤਪਾਦਾਂ ਅਤੇ ਸੇਵਾਵਾਂ ਦੀ ਇੱਕ ਵਿਸ਼ਾਲ ਸ਼੍ਰੇਣੀ ਦੀ ਪੇਸ਼ਕਸ਼ ਕਰਕੇ ਸਥਾਨਕ ਭਾਈਚਾਰਿਆਂ ਦੀਆਂ ਵਿਭਿੰਨ ਵਿੱਤੀ ਜ਼ਰੂਰਤਾਂ ਨੂੰ ਪੂਰਾ ਕਰਨਾ ਹੈ। ਇਹ ਵਿਸਥਾਰ ਬੈਂਕ ਦੀ ਮਜ਼ਬੂਤ ਵਿਕਾਸ ਰਣਨੀਤੀ ਅਤੇ ਦੇਸ਼ ਭਰ ਵਿੱਚ ਆਪਣੀ ਮੌਜੂਦਗੀ ਨੂੰ ਹੋਰ ਮਜ਼ਬੂਤ ਕਰਨ ਦੇ ਉਦੇਸ਼ ਦੇ ਅਨੁਸਾਰ ਹੈ।



# ਵਰਲਡ ਕਰਲਿੰਗ ਫਾਈਨਲ ’ਚ ਸਵੀਡਨ ਨੇ ਕੈਨੇਡਾ ਨੂੰ 9-6 ਨਾਲ ਹਰਾਇਆ

ਵੈਨਕੂਵਰ, 5 ਅਪ੍ਰੈਲ (ਚ.ਨ.ਸ.) : ਮੈਨਜ਼ ਵਰਲਡ ਕਰਲਿੰਗ ਚੈਂਪੀਅਨਸ਼ਿਪ ਦੇ ਫਾਈਨਲ ਮੁਕਾਬਲੇ ਵਿੱਚ ਕੈਨੇਡਾ ਨੂੰ ਸਵੀਡਨ ਨੇ 9-6 ਨਾਲ ਹਰਾ ਦਿੱਤਾ, ਜਿਸ ਨਾਲ ਕੈਨੇਡਾ ਦੀ ਖਿਤਾਬੀ ਉਡੀਕ ਹੋਰ ਲੰਬੀ ਹੋ ਗਈ ਹੈ। ਪ੍ਰਾਪਤ ਵੇਰਵਿਆਂ ਅਨੁਸਾਰ ਸਵੀਡਨ ਦੇ ਨਿਕਲਾਸ ਐਡਿਨ ਨੇ



ਕੈਨੇਡਾ ਦੇ ਮੈੱਟ ਡਨਸਟੋਨ ਨੂੰ ਹਰਾ ਕੇ ਇੱਕ ਹੋਰ ਵਰਲਡ ਕਰਲਿੰਗ ਖਿਤਾਬ ਆਪਣੇ ਨਾਮ ਕਰ ਲਿਆ। ਦੱਸਿਆ ਜਾ ਰਿਹਾ ਹੈ ਕਿ ਇਸ ਹਾਰ ਨਾਲ ਕੈਨੇਡਾ ਦੀ ਮੈਨਜ਼ ਵਰਲਡ ਕਰਲਿੰਗ ਚੈਂਪੀਅਨਸ਼ਿਪ ਵਿੱਚ ਖਿਤਾਬ ਜਿੱਤਣ ਦੀ ਲੰਬੇ ਸਮੇਂ ਤੋਂ ਚੱਲ ਰਹੀ ਉਡੀਕ ਹੁਣ 9 ਸਾਲ ਤੱਕ ਪਹੁੰਚ ਗਈ ਹੈ।

# ਆਈਡੀਐਫ ਵੱਲੋਂ 200 ਤੋਂ ਵੱਧ ਈਰਾਨੀ, 140 ਹਿਜ਼ਬੁੱਲਾ ਟਿਕਾਣਿਆਂ ’ਤੇ ਹਮਲਾ

ਤੇਲ ਅਵੀਵ (ਇਜ਼ਰਾਈਲ), 5 ਅਪ੍ਰੈਲ (ਚ.ਨ.ਸ.) : ਇਜ਼ਰਾਈਲ ਡਿਫੈਂਸ ਫੋਰਸਿਜ਼ (ਆਈਡੀਐਫ) ਨੇ ਈਰਾਨ ਦੇ ਅੰਦਰ 200 ਤੋਂ ਵੱਧ ਬੁਨਿਆਦੀ ਢਾਂਚੇ ਦੇ ਸਥਾਨਾਂ ਅਤੇ ਪੂਰੇ ਲਿਬਨਾਨ ਵਿਚ 140 ਹੋਰ ਹਿਜ਼ਬੁੱਲਾ ਸੰਪਤੀਆਂ ਨੂੰ ਨਿਸ਼ਾਨਾ ਬਣਾ ਕੇ ਇਕ ਵਿਸ਼ਾਲ ਫ਼ੌਜੀ ਕਾਰਵਾਈ ਕੀਤੀ ਹੈ।ਸੋਸ਼ਲ ਮੀਡੀਆ @ਤੇ ਇਕ ਪੋਸਟ ਵਿਚ ਸਾਂਝੇ ਕੀਤੇ ਗਏ ਇਕ ਵਿਸਤ੍ਰਿਤ ਅਪਡੇਟ ਵਿਚ, ਫ਼ੌਜ ਨੇ ਐਲਾਨ ਕੀਤਾ ਕਿ ਉਨ੍ਹਾਂ ਨੇ ਈਰਾਨ ਭਰ ਵਿਚ 200+ ਈਰਾਨੀ ਸ਼ਾਸਨ ਦੇ ਬੁਨਿਆਦੀ ਢਾਂਚਿਆਂ ਅਤੇ ਪੂਰੇ ਲਿਬਨਾਨ ਵਿਚ 140+ ਹਿਜ਼ਬੁੱਲਾ ਅੱਤਵਾਦੀ ਬੁਨਿਆਦੀ ਢਾਂਚਿਆਂ÷ ਉੱਪਰ ਹਮਲਾ ਕੀਤਾ ਹੈ। ਸਟੀਕ ਹਮਲੇ ਦਾ ਮਕਸਦ ਇਸਲਾਮਿਕ ਰੈਵੋਲਿਊਸ਼ਨਰੀ ਗਾਰਡ ਕੋਰ (ਆਈਆਰਜੀਸੀ) ਨਾਲ ਸੰਬੰਧਿਤ ਲੰਬੀ ਦੂਰੀ ਦੀਆਂ ਹੜਤਾਲ ਸਮਰੱਥਾਵਾਂ ਅਤੇ ਰੱਖਿਆਤਮਕ ਨੈੱਟਵਰਕਾਂ ਨੂੰ ਖ਼ਤਮ ਕਰਨਾ ਸੀ।ਈਰਾਨ ਦੇ ਅੰਦਰ ਕਾਰਵਾਈ ਦੀਆਂ ਵਿਸ਼ੇਸ਼ਤਾਵਾਂ ਦਾ ਵਿਸਤਾਰ ਕਰਦੇ ਹੋਏ, ਫ਼ੌਜ ਨੇ ਕਈ ਉੱਚ-ਮੁੱਲ ਵਾਲੇ ਸਥਾਨਾਂ ਦੀ ਪਛਾਣ ਕੀਤੀ ਜਿਨ੍ਹਾਂ ਨੂੰ ਬੇਅਸਰ ਕਰ ਦਿੱਤਾ ਗਿਆ।ਇਰਾਨ ਵਿਚ ÷ਮਾਰੇ ਗਏ ਨਿਸ਼ਾਨਿਆਂ ਵਿਚੋਂ÷ ÷ਇਕ ਕੇਂਦਰੀ ਇਸਲਾਮੀ ਆਈਆਰਜੀਸੀ ਸਾਈਟ ਜਿੱਥੇ ਕਈ ਤਰ੍ਹਾਂ ਦੇ ਹਥਿਆਰ ਸਟੋਰ ਕੀਤੇ ਗਏ ਸਨ÷, ਅਤੇ ਨਾਲ ਹੀ ÷ਆਈਆਰਜੀਸੀ ਹਵਾਈ ਰੱਖਿਆ ਪ੍ਰਣਾਲੀਆਂ÷ ਵੀ ਸ਼ਾਮਿਲ ਸਨ।ਇਸ ਤੋਂ ਇਲਾਵਾ, ਆਈਡੀਐਫ ਨੇ ÷ਜਹਾਜ਼ਾਂ ਨੂੰ ਨਿਸ਼ਾਨਾ ਬਣਾਉਣ ਲਈ ਬੈਲਿਸਟਿਕ ਮਿਜ਼ਾਈਲਾਂ ਦੇ ਉਤਪਾਦਨ, ਸਟੋਰੇਜ ਅਤੇ ਵਿਕਾਸ ਲਈ ਸਾਈਟਾਂ÷ @ਤੇ ਹਮਲੇ ਦੀ ਪੁਸ਼ਟੀ ਕੀਤੀ।



# ਅਮਰੀਕਾ ਨੇ ਕਾਸਿਮ ਸੁਲੇਮਾਨੀ ਦੀ ਭਤੀਜੀ ਅਤੇ ਪੋਤੀ ਨੂੰ ਕੀਤਾ ਗ੍ਰਿਫ਼ਤਾਰ

ਵਾਸ਼ਿੰਗਟਨ , 5 ਅਪ੍ਰੈਲ (ਚ.ਨ.ਸ.) : ਅਮਰੀਕੀ ਸੰਘੀ ਏਜੰਟਾਂ ਨੇ ਇਰਾਨ ਦੇ ਸਾਬਕਾ ਫ਼ੌਜੀ ਕਮਾਂਡਰ, ਕਾਸਿਮ ਸੁਲੇਮਾਨੀ ਦੀ ਭਤੀਜੀ ਅਤੇ ਪੋਤੀ ਨੂੰ ਗ੍ਰਿਫ਼ਤਾਰ ਕਰ ਲਿਆ ਹੈ। ਪਹਿਲਾਂ, ਉਨ੍ਹਾਂ ਦੇ ਗ੍ਰੀਨ ਕਾਰਡ ਰੱਦ ਕਰ ਦਿਤੇ ਗਏ ਸਨ। ਅਮਰੀਕੀ ਵਿਦੇਸ਼ ਵਿਭਾਗ ਨੇ ਸ਼ਨਿਚਰਵਾਰ ਨੂੰ ਬਿਆਨ ਜਾਰੀ ਕਰ ਕੇ ਕਿਹਾ ਕਿ ਹਮੀਦੇਹ ਸੁਲੇਮਾਨੀ ਅਫਸ਼ਰ ਅਤੇ ਉਸ ਦੀ ਧੀ ਹੁਣ ਅਮਰੀਕੀ ਇਮੀਗ੍ਰੇਸ਼ਨ ਅਤੇ ਕਸਟਮ ਇਨਫੋਰਸਮੈਂਟ ਦੀ ਹਿਰਾਸਤ ਵਿਚ ਹਨ।ਬਿਆਨ ਵਿਚ ਅੱਗੇ ਕਿਹਾ ਗਿਆ ਹੈ ਕਿ ਮਾਰਕੋ ਰੂਬੀਓ ਨੇ ਉਨ੍ਹਾਂ ਦੇ ਗ੍ਰੀਨ ਕਾਰਡ ਰੱਦ ਕਰ ਦਿਤੇ ਹਨ। ਵਿਦੇਸ਼ ਵਿਭਾਗ ਨੇ ਬਿਆਨ ਵਿਚ ਕਿਹਾ ਕਿ ਹਮੀਦੇਹ ਸੁਲੇਮਾਨੀ ਅਫਸ਼ਰ ਇਰਾਨ ਦੀ ‘ਤਾਨਾਸ਼ਾਹੀ, ਅਤਿਵਾਦੀ ਸ਼ਾਸਨ’ ਦੀ ਇਕ ਮੁੱਖ ਸਮਰਥਕ ਹੈ।



ਵਿਦੇਸ਼ ਵਿਭਾਗ ਨੇ ਉਸ ’ਤੇ ਅਮਰੀਕਾ ਵਿਚ ਰਹਿੰਦੇ ਹੋਏ ਇਰਾਨੀ ਸ਼ਾਸਨ ਦੇ ਪ੍ਰਚਾਰ ਨੂੰ ਉਤਸ਼ਾਹਤ ਕਰਨ ਦਾ ਦੋਸ਼ ਲਗਾਇਆ।ਬਿਆਨ ਵਿਚ ਕਿਹਾ ਗਿਆ ਹੈ ਕਿ ਹਮੀਦੇਹ ਸੁਲੇਮਾਨੀ ਨੇ ਅਮਰੀਕੀ ਫ਼ੌਜਾਂ ਅਤੇ ਫ਼ੌਜੀ ਠਿਕਾਣਿਆਂ ’ਤੇ ਹਮਲਿਆਂ ਦਾ ਜਸ਼ਨ ਮਨਾਇਆ ਅਤੇ ਇਰਾਨ ਦੇ ਸੁਪਰੀਮ ਲੀਡਰ ਦੀ ਪ੍ਰਸ਼ੰਸਾ ਕੀਤੀ। ਬਿਆਨ ਵਿਚ ਅੱਗੇ ਕਿਹਾ ਗਿਆ ਹੈ ਕਿ ਹਮੀਦੇਹ ਸੁਲੇਮਾਨੀ ਨੇ ਲਾਸ ਏਂਜਲਸ ਵਿਚ ਇਕ ਆਲੀਸ਼ਾਨ ਜ਼ਿੰਦਗੀ ਜੀਉਂਦੇ ਹੋਏ ਇਰਾਨ ਦੇ ਅਤਿਵਾਦੀ ਸ਼ਾਸਨ ਦੇ ਪ੍ਰਚਾਰ ਨੂੰ ਉਤਸ਼ਾਹਤ ਕੀਤਾ, ਜੋ ਉਸ ਦੀਆਂ ਹਾਲ ਹੀ ਵਿਚ ਡਿਲੀਟ ਕੀਤੀਆਂ ਗਈਆਂ ਇੰਸਟਾਗ੍ਰਾਮ ਪੋਸਟਾਂ ਤੋਂ ਪਤਾ ਚਲਦਾ ਹੈ।

# ਇਜ਼ਰਾਈਲੀ ਫ਼ੌਜਾਂ ਦੁਆਰਾ ਕੀਤੇ ਗਏ ਹਵਾਈ ਹਮਲੇ ਵਿਚ ਤਿੰਨ ਮੌਤਾਂ

ਤਹਿਰਾਨ , 5 ਅਪ੍ਰੈਲ (ਚ.ਨ.ਸ.) : ਨਿਊਜ਼ ਏਜੰਸੀ ਨੇ ਈਰਾਨੀ ਸਰਕਾਰੀ ਮੀਡੀਆ ਦੇ ਹਵਾਲੇ ਨਾਲ ਦੱਸਿਆ ਕਿ ਬਲੈਕ ਮਾਊਂਟੇਨ @ਤੇ ਅਮਰੀਕੀ ਅਤੇ ਇਜ਼ਰਾਈਲੀ ਫ਼ੌਜਾਂ ਦੁਆਰਾ ਕੀਤੇ ਗਏ ਹਵਾਈ ਹਮਲੇ ਵਿਚ ਘੱਟੋ-ਘੱਟ ਤਿੰਨ ਵਿਅਕਤੀਆਂ ਦੀ ਮੌਤ ਹੋ ਗਈ ਹੈ।ਕੋਹਗਿਲੁਏਹ ਦੇ ਗਵਰਨਰ ਦੇ ਅਨੁਸਾਰ, ਨਿਸ਼ਾਨਾ ਬਣਾਏ ਗਏ ਹਮਲੇ ਵਿਚ ਦੋ ਹੋਰ ਜ਼ਖਮੀ ਵੀ ਹੋਏ ਹਨ। ਨਿਊਜ਼ ਏਜੰਸੀ ਨੂੰ ਦਿੱਤੇ ਗਏ ਇੱਕ ਬਿਆਨ ਵਿਚ, ਅਧਿਕਾਰੀ ਨੇ ਚਿਤਾਵਨੀ ਦਿੱਤੀ ਕਿ ÷ਮੌਤ ਦੀ ਗਿਣਤੀ ਵੱਧ ਸਕਦੀ ਹੈ÷ ਕਿਉਂਕਿ ਐਮਰਜੈਂਸੀ ਟੀਮਾਂ ਹਮਲੇ ਦੇ ਪ੍ਰਭਾਵ ਦਾ ਮੁਲਾਂਕਣ ਕਰਨਾ ਜਾਰੀ ਰੱਖਦੀਆਂ ਹਨ।ਜਦੋਂ ਕਿ ਨੁਕਸਾਨ ਦੀ ਪੂਰੀ ਹੱਦ ਅਸਪਸ਼ਟ ਹੈ, ਗਵਰਨਰ ਨੇ ਜ਼ੋਰ ਦੇ ਕੇ ਕਿਹਾ ਕਿ ÷ਬਲੈਕ ਮਾਊਂਟੇਨ @ਤੇ ਅਮਰੀਕਾ-ਇਜ਼ਰਾਈਲੀ ਹਮਲੇ÷ ਤੋਂ ਬਾਅਦ ਸਥਿਤੀ ਨਾਜ਼ੁਕ ਬਣੀ ਹੋਈ ਹੈ। ਇਹ ਵਾਧਾ ਚੱਲ ਰਹੇ ਖੇਤਰੀ ਟਕਰਾਅ ਵਿਚ ਅਸਥਿਰਤਾ ਦੀ ਇਕ ਮਹੱਤਵਪੂਰਨ ਪਰਤ ਜੋੜਦਾ ਹੈ, ਸਥਾਨਕ ਅਧਿਕਾਰੀ ਅਜੇ ਵੀ ਪੀੜਤਾਂ ਦੀ ਪਛਾਣ ਕਰਨ ਲਈ ਕੰਮ ਕਰ ਰਹੇ ਹਨ।ਨਿਊਜ਼ ਏਜੰਸੀ ਦੇ ਅਨੁਸਾਰ, ਇਕ ਸੰਬੰਧਿਤ ਵਿਕਾਸ ਵਿਚ, ਈਰਾਨੀ ਕਬਾਇਲੀਆਂ ਨੇ ਈਰਾਨ ਉੱਤੇ ਇਕ ਲੜਾਕੂ ਜਹਾਜ਼ ਦੇ ਡਿੱਗਣ ਤੋਂ ਬਾਅਦ ਲਾਪਤਾ ਚਾਲਕ ਦਲ ਦੇ ਮੈਂਬਰ ਦੀ ਭਾਲ ਮੁਹਿੰਮ ਦੌਰਾਨ ਅਮਰੀਕੀ ਹੈਲੀਕਾਪਟਰਾਂ @ਤੇ ਗੋਲੀਬਾਰੀ ਕੀਤੀ।



# ਕੁਵੈਤ ਦੇ ਸ਼ੁਵੈਖ ਤੇਲ ਸੈਕਟਰ ਕੰਪਲੈਕਸ ਵਿਚ ਡਰੋਨ ਹਮਲਾ

ਕੁਵੈਤ, 5 ਅਪ੍ਰੈਲ (ਚ.ਨ.ਸ.) : ਨਿਊਜ਼ ਏਜੰਸੀ ਨੇ ਕੁਵੈਤੀ ਦੇ ਸਰਕਾਰੀ ਮੀਡੀਆ ਦੇ ਹਵਾਲੇ ਨਾਲ ਰਿਪੋਰਟ ਦਿੱਤੀ ਕਿ ਸ਼ੁਵੈਖ ਤੇਲ ਸੈਕਟਰ ਕੰਪਲੈਕਸ ਵਿਚ ਇਕ ਡਰੋਨ ਹਮਲੇ ਕਾਰਨ ਅੱਗ ਲੱਗ ਗਈ।ਹਮਲੇ ਤੋਂ ਬਾਅਦ ਐਮਰਜੈਂਸੀ ਸੇਵਾਵਾਂ ਨੂੰ ਤੁਰੰਤ ਮੌਕੇ @ਤੇ ਤਾਇਨਾਤ ਕੀਤਾ ਗਿਆ ਸੀ। ਸਰਕਾਰੀ ਨਿਊਜ਼ ਏਜੰਸੀ ਦੇ ਅਨੁਸਾਰ, ਧਮਾਕੇ ਜਾਂ ਅੱਗ ਲੱਗਣ ਦੇ ਸਿੱਧੇ ਨਤੀਜੇ ਵਜੋਂ ÷ਕੋਈ ਜ਼ਖਮੀ÷ ਹੋਣ ਦੀ ਰਿਪੋਰਟ ਨਹੀਂ ਹੈ।ਵਧਦੀ ਸਥਿਤੀ ਦੀ ਆਪਣੀ ਕਵਰੇਜ ਵਿਚ, ਨਿਊਜ਼ ਏਜੰਸੀ ਨੇ ਸੰਕੇਤ ਦਿੱਤਾ ਕਿ ÷ਅੱਗ ਬੁਝਾਉਣ ਅਤੇ ਐਮਰਜੈਂਸੀ ਟੀਮਾਂ ਅੱਗ ਨੂੰ ਕਾਬੂ ਕਰਨ ਅਤੇ ਮਹੱਤਵਪੂਰਨ ਊਰਜਾ ਬੁਨਿਆਦੀ ਢਾਂਚੇ ਨੂੰ ਹੋਰ ਨੁਕਸਾਨ ਤੋਂ ਬਚਾਉਣ ਲਈ ਘਟਨਾ ਦਾ ਜਵਾਬ ਦੇ ਰਹੀਆਂ ਹਨ।÷ ਅਧਿਕਾਰੀ ਇਸ ਸਮੇਂ ਖੇਤਰ ਦੀ ਨਿਗਰਾਨੀ ਕਰ ਰਹੇ ਹਨ, ਹਾਲਾਂਕਿ ਡਰੋਨ ਦੇ ਮੂਲ ਜਾਂ ਢਾਂਚਾਗਤ ਪ੍ਰਭਾਵ ਦੀ ਹੱਦ ਬਾਰੇ ਕੋਈ ਹੋਰ ਵੇਰਵੇ ਜਾਰੀ ਨਹੀਂ ਕੀਤੇ ਗਏ ਹਨ।ਇਹ ਘਟਨਾ ਵਿਆਪਕ ਖੇਤਰੀ ਦੁਸ਼ਮਣੀ ਨਾਲ ਮੇਲ ਖਾਂਦੀ ਹੈ, ਕਿਉਂਕਿ ਈਰਾਨੀ ਫ਼ੌਜ ਨੇ ਸੰਯੁਕਤ ਅਰਬ ਅਮੀਰਾਤ ਅਤੇ ਕੁਵੈਤ ਵਿਚ ਸੰਯੁਕਤ ਰਾਜ ਦੇ ਫ਼ੌਜੀ ਸਥਾਪਨਾਵਾਂ ਦੇ ਵਿਰੁੱਧ ਡਰੋਨ ਹਮਲਿਆਂ ਦੀ ਇਕ ਨਵੀਂ ਲਹਿਰ ਸ਼ੁਰੂ ਕੀਤੀ ਹੈ ।



# ਅਮਰੀਕਾ-ਇਜ਼ਰਾਈਲੀ ਸਰਦਾਰੀ ਖ਼ਤਮ ਹੋ ਗਈ ਹੈ, ਸਥਿਰ ਸ਼ਾਂਤੀ ਲਈ ਪੱਛਮੀ ਦੇਸ਼ਾਂ ਦੀ ਵਾਪਸੀ ਜ਼ਰੂਰੀ - ਈਰਾਨੀ ਪੱਤਰਕਾਰ

ਤਹਿਰਾਨ (ਈਰਾਨ), 5 ਅਪ੍ਰੈਲ (ਚ.ਨ.ਸ.) : ਈਰਾਨੀ ਪੱਤਰਕਾਰ ਅਤੇ ਅੰਤਰਰਾਸ਼ਟਰੀ ਸੰਬੰਧਾਂ ਦੀ ਵਿਸ਼ਲੇਸ਼ਕ ਅਲਹਮ ਅਬੇਦੀਨੀ ਨੇ ਕਿਹਾ ਹੈ ਕਿ ਚੱਲ ਰਿਹਾ ਖੇਤਰੀ ਟਕਰਾਅ ਉਦੋਂ ਤੱਕ ਖ਼ਤਮ ਨਹੀਂ ਹੋਵੇਗਾ ਜਦੋਂ ਤੱਕ ਅਮਰੀਕਾ ਅਤੇ ਇਜ਼ਰਾਈਲ ਇਹ ਨਹੀਂ ਮੰਨਦੇ ਕਿ ਮੱਧ ਪੂਰਬ ਵਿਚ ਉਨ੍ਹਾਂ ਦੀ ÷ਸਰਦਾਰੀ÷ ਖ਼ਤਮ ਹੋ ਗਈ ਹੈ।ਨਿਊਜ਼ ਏਜੰਸੀ ਨਾਲ ਗੱਲ ਕਰਦੇ ਹੋਏ, ਅਬੇਦੀਨੀ ਨੇ ਮੌਜੂਦਾ ਭੂ-ਰਾਜਨੀਤਿਕ ਟਕਰਾਅ ਨੂੰ ਸੰਬੋਧਿਤ ਕਰਦੇ ਹੋਏ ਕਿਹਾ, ÷ਅਸੀਂ ਦੇਖਿਆ ਹੈ ਕਿ ਸੰਯੁਕਤ ਰਾਜ ਅਮਰੀਕਾ ਅਤੇ ਇਜ਼ਰਾਈਲੀ ਸ਼ਾਸਨ ਸਾਡੇ ਤੋਂ ਕੀ ਚਾਹੁੰਦੇ ਹਨ। ਇਹ ਬਸਤੀਵਾਦ ਅਤੇ ਸਾਮਰਾਜਵਾਦ ਦੀਆਂ ਯਾਦ ਦਿਵਾਉਂਦੇ ਹਨ। ਈਰਾਨ ਨੇ ਐਲਾਨ ਕੀਤਾ ਹੈ ਕਿ ਹੋਰਮੁਜ਼ ਜਲਡਮਰੂ ਅਤੇ ਇਸ ਖੇਤਰ ਵਿਚ ਸਮੁੰਦਰੀ ਗਤੀਵਿਧੀਆਂ ਕਦੇ ਵੀ ਯੁੱਧ ਤੋਂ ਪਹਿਲਾਂ ਵਰਗੀਆਂ ਨਹੀਂ ਰਹਿਣਗੀਆਂ, ਅਤੇ ਖੇਤਰ ਵਿਚ 47 ਸਾਲਾਂ ਦੀ ਮਹਿਮਾਨ ਨਿਵਾਜ਼ੀ ਹੁਣੇ ਖ਼ਤਮ ਹੋ ਗਈ ਹੈ।÷ਇਕ ਕੂਟਨੀਤਕ ਸਫਲਤਾ ਦੀਆਂ ਸੰਭਾਵਨਾਵਾਂ ਦੇ ਸੰਬੰਧ ਵਿਚ, ਅਬੇਦੀਨੀ ਨੇ ਜ਼ੋਰ ਦੇ ਕੇ ਕਿਹਾ ਕਿ ਤਹਿਰਾਨ ਦੁਸ਼ਮਣੀ ਵਿਚ ਇਕ ਅਸਥਾਈ ਵਿਰਾਮ ਤੋਂ ਵੱਧ ਦੀ ਮੰਗ ਕਰ ਰਿਹਾ ਹੈ।÷ਕੂਟਨੀਤਕ ਗੱਲਬਾਤ ਜਾਂ ਕਿਸੇ ਵੀ ਜੰਗਬੰਦੀ ਬਾਰੇ ਮਹੱਤਵਪੂਰਨ ਮੁੱਦਾ ਇਹ ਹੈ ਕਿ ਸੰਯੁਕਤ ਰਾਜ ਅਮਰੀਕਾ ਇਹ ਸਵੀਕਾਰ ਕਰੇ ਕਿ ਇਸ ਖੇਤਰ ਵਿਚ ਇਸ ਤਰ੍ਹਾਂ ਦੀ ਸਰਦਾਰੀ ਖ਼ਤਮ ਹੋ ਗਈ ਹੈ। ਇਹ ਜੰਗ ਉਦੋਂ ਤੱਕ ਖ਼ਤਮ ਨਹੀਂ ਹੋਵੇਗੀ ਜਦੋਂ ਤੱਕ ਸੰਯੁਕਤ ਰਾਜ ਅਮਰੀਕਾ ਅਤੇ ਇਜ਼ਰਾਈਲੀ ਸ਼ਾਸਨ ਇਸ ਮੁੱਦੇ ਨੂੰ ਨਹੀਂ ਸਮਝਦੇ।ਸਪੱਸ਼ਟ ਗੱਲ ਇਹ ਹੈ ਕਿ ਕੋਈ ਵੀ ਜੰਗਬੰਦੀ, ਜੰਗਬੰਦੀ ਲਈ ਕੋਈ ਵੀ ਗੱਲਬਾਤ, ਸਾਨੂੰ ਇਕ ਅਸਥਾਈ ਜੰਗਬੰਦੀ ਵੱਲ ਲੈ ਜਾਵੇਗੀ, ਸਥਿਰ ਸ਼ਾਂਤੀ ਨਹੀਂ। ਇਹ ਉਹ ਨਹੀਂ ਹੈ ਜੋ ਈਰਾਨੀ ਲੋਕ ਅਤੇ ਈਰਾਨੀ ਅਧਿਕਾਰੀ ਚਾਹੁੰਦੇ ਹਨ,÷ ਉਸਨੇ ਅੱਗੇ ਕਿਹਾ।



# ਐਚ.ਪੀ.ਸੀ.ਐਲ. ਨੇ ਦੇਸ਼ ਭਰ ਵਿੱਚ ਨਿਰਵਿਘਨ ਬਾਲਣ ਅਤੇ ਐਲ.ਪੀ. ਜੀ. ਸਪਲਾਈ ਬਣਾਈ ਰੱਖੀ: ਭ੍ਰਿਸ਼ਟਾਚਾਰ ’ਤੇ ਕੀਤੀ ਸਖ਼ਤੀ

ਮੁੰਬਈ, 5 ਅਪ੍ਰੈਲ (ਚ.ਨ.ਸ.): ਹਿੰਦੁਸਤਾਨ ਪੈਟਰੋਲੀਅਮ ਕਾਰਪੋਰੇਸ਼ਨ ਲਿਮਟਿਡ (HPCL) ਨੇ ਦੇਸ਼ ਭਰ ਵਿੱਚ ਨਿਰਵਿਘਨ ਬਾਲਣ ਅਤੇ LPG ਸਪਲਾਈ ਨੂੰ ਯਕੀਨੀ ਬਣਾਇਆ ਹੈ, ਦੇਸ਼ ਦੀ ਊਰਜਾ ਮੰਗ ਨੂੰ ਪੂਰਾ ਕਰਨ ਲਈ ਮਜ਼ਬੂਤ ਅਤੇ ਸੰਤੁਲਿਤ ਕਾਰਜਾਂ ਨੂੰ ਬਣਾਈ ਰੱਖਿਆ ਹੈ। HPCL ਨੇ 38,986 ਕਿਲੋਲੀਟਰ (38 ਮਿਲੀਅਨ ਲੀਟਰ ਤੋਂ ਵੱਧ) ਪੈਟਰੋਲ ਅਤੇ 69,357 ਕਿਲੋਲੀਟਰ (69 ਮਿਲੀਅਨ ਲੀਟਰ ਤੋਂ ਵੱਧ) ਡੀਜ਼ਲ ਵੇਚਿਆ, ਜੋ ਕਿ ਸਥਿਰ ਸਪਲਾਈ ਪ੍ਰਵਾਹ ਦਾ ਪ੍ਰਦਰਸ਼ਨ ਹੈ। ਕੰਪਨੀ ਨੇ ਇੱਕ ਦਿਨ ਵਿੱਚ 19.4 ਮਿਲੀਅਨ ਤੋਂ ਵੱਧ ਖਪਤਕਾਰਾਂ ਦੇ ਵਿਸ਼ਾਲ ਗਾਹਕ ਅਧਾਰ ਨੂੰ ਡਿਲੀਵਰ ਕੀਤਾ। ਨਿਰਵਿਘਨ ਵੰਡ ਨੂੰ ਯਕੀਨੀ ਬਣਾਉਣ ਲਈ, ਪੈਟਰੋਲ ਅਤੇ ਡੀਜ਼ਲ ਲੈ ਕੇ ਜਾਣ ਵਾਲੇ 9,951 ਟੈਂਕਰ ਪ੍ਰਚੂਨ ਦੁਕਾਨਾਂ ’ਤੇ ਭੇਜੇ ਗਏ, ਜਿਸ ਨਾਲ ਸਾਰੇ ਖੇਤਰਾਂ ਵਿੱਚ ਕੁਸ਼ਲ ਅਤੇ ਸਮੇਂ ਸਿਰ ਡਿਲੀਵਰੀ ਯਕੀਨੀ ਬਣਾਈ ਗਈ। LPG ਸੈਗਮੈਂਟ ਵਿੱਚ, HPCL ਨੇ 1,440,000 ਸਿਲੰਡਰਾਂ ਦੀ ਆਮ ਡਿਲੀਵਰੀ ਬਣਾਈ ਰੱਖੀ, ਜੋ ਕਿ ਤੁਰੰਤ ਅਤੇ ਭਰੋਸੇਮੰਦ ਸੇਵਾ ਪ੍ਰਤੀ ਆਪਣੀ ਵਚਨਬੱਧਤਾ ਦਾ ਪ੍ਰਦਰਸ਼ਨ ਕਰਦੀ ਹੈ। ਇਸ ਤੋਂ ਇਲਾਵਾ, HPCL ਨੇ 31,786 5-ਕਿਲੋਗ੍ਰਾਮ ਸਿਲੰਡਰ ਅਤੇ 2,383 2-ਕਿਲੋਗ੍ਰਾਮ ਸਿਲੰਡਰ ਮੁਫ਼ਤ ਵਪਾਰ LPG ਪ੍ਰਦਾਨ ਕੀਤੇ। HPCL ਸਾਰੇ ਗਾਹਕਾਂ ਨੂੰ ਭਰੋਸਾ ਦਿਵਾਉਂਦਾ ਹੈ ਕਿ ਘਰੇਲੂ LPG ਸਪਲਾਈ ਸਥਿਰ, ਢੁਕਵੀਂ ਅਤੇ ਚੱਲ ਰਹੇ ਭੂ-ਰਾਜਨੀਤਿਕ ਵਿਕਾਸ ਦੇ ਬਾਵਜੂਦ ਨੇੜਿਓਂ ਨਿਗਰਾਨੀ ਕੀਤੀ ਜਾਂਦੀ ਹੈ। LPG ਵੰਡ ਨੂੰ ਸਭ ਤੋਂ ਵੱਧ ਸੰਚਾਲਨ ਤਰਜੀਹ ਮਿਲਦੀ ਰਹਿੰਦੀ ਹੈ। ਗਾਹਕਾਂ ਨੂੰ ਰਿਫਿਲ ਬੁਕਿੰਗ ਲਈ IVRS, SMS, ਮਿਸਡ ਕਾਲਾਂ, HP Pay, ਅਤੇ WhatsApp ਵਰਗੇ ਡਿਜੀਟਲ ਪਲੇਟਫਾਰਮਾਂ ਦੀ ਵਰਤੋਂ ਕਰਨ ਲਈ ਉਤਸ਼ਾਹਿਤ ਕੀਤਾ ਜਾਂਦਾ ਹੈ, ਲਗਭਗ 94% ਬੁਕਿੰਗ ਪਹਿਲਾਂ ਹੀ ਇਹਨਾਂ ਚੈਨਲਾਂ ਰਾਹੀਂ ਕੀਤੀ ਜਾ ਰਹੀ ਹੈ। ਡਿਲੀਵਰੀ DAC/OTP-ਅਧਾਰਿਤ ਪ੍ਰਮਾਣੀਕਰਨ ਦੁਆਰਾ ਸੁਰੱਖਿਅਤ ਕੀਤੀ ਜਾਂਦੀ ਹੈ, ਜੋ ਸੁਰੱਖਿਅਤ ਅਤੇ ਪ੍ਰਮਾਣਿਤ ਰਸੀਦਾਂ ਨੂੰ ਯਕੀਨੀ ਬਣਾਉਂਦੀ ਹੈ। HPCL ਆਪਣੇ ਸੋਸ਼ਲ ਮੀਡੀਆ ਪਲੇਟਫਾਰਮਾਂ, ਵੈੱਬ ਪੋਰਟਲ, ਅਤੇ ਟੋਲ-ਫ੍ਰੀ ਨੰਬਰ (1800-2333-555) ਰਾਹੀਂ ਗਾਹਕਾਂ ਦੀਆਂ ਚਿੰਤਾਵਾਂ ਨੂੰ ਦੂਰ ਕਰਨ ਵਿੱਚ ਸਰਗਰਮੀ ਨਾਲ ਰੁੱਝਿਆ ਹੋਇਆ ਹੈ। ਗਾਹਕ ਤੁਰੰਤ ਸਹਾਇਤਾ ਲਈ myhpgas.in ’ਤੇ ਵੀ ਜਾ ਸਕਦੇ ਹਨ। HPCL ਨੇ ਭ੍ਰਿਸ਼ਟਾਚਾਰ ਨੂੰ ਰੋਕਣ ਲਈ ਅਚਾਨਕ ਨਿਰੀਖਣਾਂ ਰਾਹੀਂ ਆਪਣੇ ਲਾਗੂਕਰਨ ਨੂੰ ਸਖ਼ਤ ਕਰ ਦਿੱਤਾ ਹੈ। 4,028 ਤੋਂ ਵੱਧ ਨਿਰੀਖਣ ਕੀਤੇ ਗਏ ਹਨ, ਜਿਸ ਦੇ ਨਤੀਜੇ ਵਜੋਂ 53 ਵਿਤਰਕਾਂ ਵਿਰੁੱਧ ਕਾਰਵਾਈ ਕੀਤੀ ਗਈ ਹੈ, ਜਿਸ ਵਿੱਚ 20 ਵਿਤਰਕਾਂ ਨੂੰ ਮੁਅੱਤਲ ਕਰਨਾ ਸ਼ਾਮਲ ਹੈ। ਇਹ ਯਤਨ ਹੋਰ ਤੇਲ ਮਾਰਕੀਟਿੰਗ ਕੰਪਨੀਆਂ ਅਤੇ ਰਾਜ ਸਰਕਾਰਾਂ ਨਾਲ ਨੇੜਲੇ ਤਾਲਮੇਲ ਵਿੱਚ ਕੀਤੇ ਜਾ ਰਹੇ ਹਨ। ਅੱਜ ਤੱਕ, ਲਗਭਗ 653 ਛਾਪੇ ਮਾਰੇ ਗਏ ਹਨ ਅਤੇ 3,163 ਤੋਂ ਵੱਧ ਸਿਲੰਡਰ ਜ਼ਬਤ ਕੀਤੇ ਗਏ ਹਨ।

# ਪਿਛਲੇ ਚਾਰ ਸਾਲ ਪੰਜਾਬ 'ਚ ਵੱਡੀ ਤਬਦੀਲੀ ਅਤੇ ਖੁਸ਼ਹਾਲੀ ਦੇ ਪ੍ਰਤੀਕ:ਗੋਇਲ



ਖਨੌਰੀ, 5 ਅਪ੍ਰੈਲ (ਓਮਪ੍ਰਕਾਸ ਮੁਆਲ) : ਪੰਜਾਬ ਸਰਕਾਰ ਦੇ ਚਾਰ ਸਾਲ ਪੂਰੇ ਹੋਣ 'ਤੇ ਚਲਾਈ ਮੁਹਿੰਮ ਸ਼ਾਨਦਾਰ ਚਾਰ ਸਾਲ ਸ੍ਰ. ਭਗਵੰਤ ਮਾਨ ਦੇ ਨਾਲ ਚਲਾਈ ਜਾ ਰਹੀ ਮੁਹਿੰਮ ਤਹਿਤ ਕੈਬਨਿਟ ਮੰਤਰੀ ਬਰਿੰਦਰ ਕੁਮਾਰ ਗੋਇਲ ਜੀ ਪੰਜਾਬ ਸਰਕਾਰ ਦੀਆਂ ਪ੍ਰਾਪਤੀਆਂ ਤੋਂ ਲੋਕਾਂ ਨੂੰ ਜਾਗਰੂਕ ਕਰਨ ਲਈ ਦੇਰ ਸ਼ਾਮ ਪਿੰਡ ਠਸਕਾ ਪਹੁੰਚੇ , ਜਿਨ੍ਹਾਂ ਦਾ ਪਿੰਡ ਦੀ ਸਰਪੰਚ ਕਰਮਜੀਤ ਕੌਰ ਨਾਲ ਬਲਾਕ ਸੰਮਤੀ ਵਾਇਸ ਚੇਅਰਮੈਨ ਤੇਜਵੀਰ ਸਿੰਘ ਵੱਲੋਂ ਪਿੰਡ ਪਹੁੰਚਣ ਤੇ ਪਿੰਡ ਵਾਸੀਆਂ ਨਾਲ ਭਰਵਾਂ ਸੁਆਗਤ ਕੀਤਾ ਗਿਆ। ਇਸ ਮੌਕੇ ਭਰਵੇਂ ਇਕੱਠ ਨੂੰ ਸੰਬੋਧਨ ਕਰਦਿਆਂ ਸ੍ਰੀ ਬਰਿੰਦਰ ਗੋਇਲ ਨੇ ਸਰਕਾਰ ਦੀਆਂ ਲੋਕ-ਪੱਖੀ ਨੀਤੀਆਂ ਬਾਰੇ ਚਾਨਣਾ ਪਾਉਂਦਿਆਂ ਦੱਸਿਆ ਕਿ ਪਿਛਲੇ ਚਾਰ ਸਾਲ ਪੰਜਾਬ ਵਿੱਚ ਵੱਡੀ ਤਬਦੀਲੀ ਅਤੇ ਖੁਸ਼ਹਾਲੀ ਦੇ ਪ੍ਰਤੀਕ ਰਹੇ ਹਨ। ਉਨ੍ਹਾਂ ਦੱਸਿਆ ਕਿ ਮਾਵਾਂ-ਧੀਆਂ ਸਤਿਕਾਰ ਯੋਜਨਾ ਤਹਿਤ ਐਸ.ਸੀ. ਵਰਗ ਦੀਆਂ ਔਰਤਾਂ ਨੂੰ 1500 ਰੁਪਏ ਤੇ ਜਨਰਲ ਵਰਗ ਦੀਆਂ ਔਰਤਾਂ ਨੂੰ 1000 ਰੁਪਏ ਮਹੀਨਾਵਾਰ ਦੇਣ ਦੀ ਇਤਿਹਾਸਕ ਯੋਜਨਾ ਲਾਗੂ ਕੀਤੀ ਗਈ ਹੈ ਜਿਸ ਦਾ ਲੋਕਾਂ ਵੱਲੋਂ ਭਰਵਾਂ ਹੁੰਗਾਰਾ ਮਿਲ ਰਿਹਾ ਹੈ । ਉਨ੍ਹਾਂ ਦੱਸਿਆ ਕਿ ਪੰਜਾਬ ਦੇ ਹਰ ਘਰ ਨੂੰ 600 ਯੂਨਿਟ ਬਿਜਲੀ ਮੁਫ਼ਤ ਮਿਲ ਰਹੀ ਹੈ। ੈ। ਉਨ੍ਹਾਂ ਦੱਸਿਆ ਕਿ ਸਰਕਾਰ ਨੇ ਜ਼ੋ ਵਾਅਦੇ ਲੋਕਾਂ ਨਾਲ ਕੀਤੇ ਸਨ ਉਨ੍ਹਾਂ ਨੂੰ ਪੂਰਾ ਕੀਤਾ ਗਿਆ ਹੈ, ਜਦੋਂਕਿ ਪੰਜਾਬ ਵਿੱਚ ਬਣੀਆਂ ਪਿਛਲੀਆਂ ਸਰਕਾਰਾਂ ਵੱਲੋਂ ਲੋਕਾਂ ਨਾਲ ਜ਼ੋ ਵਾਅਦੇ ਕੀਤੇ ਸਨ ਉਨ੍ਹਾਂ ਨੂੰ ਪੂਰਾ ਕਰਨ ਵਿੱਚ ਅਸਫਲ ਰਹੀਆਂ ਹਨ। ਇਸ ਮੌਕੇ ਪਿੰਡ ਵਾਸੀਆਂ ਵੱਲੋਂ ਪਿੰਡ ਵਿੱਚ ਰਹਿੰਦੇ ਵਿਕਾਸ ਕਾਰਜਾਂ ਨੂੰ ਨੇਪਰੇ ਚਾੜ੍ਹਨ ਲਈ ਮੰਗ ਪੱਤਰ ਦਿੱਤਾ ਗਿਆ। ਇਸ ਮੌਕੇ ਪੀ.ਏ. ਰਾਕੇਸ਼ ਕੁਮਾਰ ਗੁਪਤਾ, ਜੋਗੀ ਰਾਮ ਭੁੱਲਣ ਚੇਅਰਮੈਨ ਮਾਰਕੀਟ ਕਮੇਟੀ ਖਨੌਰੀ, ਬਲਾਕ ਸੰਮਤੀ ਵਾਇਸ ਚੇਅਰਮੈਨ ਤੇਜਵੀਰ ਸਿੰਘ ਠਸਕਾ, ਸਰਪੰਚ ਕਰਮਜੀਤ ਕੌਰ ਠਸਕਾ, ਡਾਕਟਰ ਸੁੱਖਵੀਰ ਸਿੰਘ , ਸੰਦੀਪ ਕੌਰ ਸਰਪੰਚ ਮਹਾਂ ਸਿੰਘ ਵਾਲਾ, ਆਦਿ ਨਾਲ ਭਾਰੀ ਗਿਣਤੀ ਵਿੱਚ ਪਿੰਡ ਵਾਸੀ ਹਾਜ਼ਰ ਸਨ।

# ਖੰਡਰ ਬਣ ਚੁੱਕੇ ਮਾਲ ਵਿੱਚੋਂ 110 ਗ੍ਰਾਮ ਹੈਰੋਇਨ ਬਰਾਮਦ: ਥਾਣਾ ਕੋਤਵਾਲੀ ਪੁਲਿਸ ਨੇ ਤਸਕਰਾਂ ਦਾ ਲੁਕੋਇਆ ਮਾਲ ਫੜ੍ਹਿਆ



ਬਠਿੰਡਾ, 5 ਅਪ੍ਰੈਲ (ਦੀਪਕ ਸ਼ਰਮਾ) : ਜ਼ਿਲ੍ਹਾ ਪੁਲਿਸ ਨੇ ਨਸ਼ਾ ਤਸਕਰੀ ਵਿਰੁੱਧ ਵਿੱਢੀ ਮੁਹਿੰਮ ਤਹਿਤ ਪਿਛਲੇ ਦੋ ਦਿਨਾਂ ਵਿੱਚ ਵੱਡੀ ਸਫਲਤਾ ਹਾਸਲ ਕਰਦੇ ਹੋਏ ਇੱਕ ਮਹਿਲਾ ਸਣੇ 8 ਕਥਿਤ ਦੋਸ਼ੀਆਂ ਨੂੰ ਗ੍ਰਿਫ਼ਤਾਰ ਕੀਤਾ ਹੈ। ਪੁਲਿਸ ਨੇ ਇਨ੍ਹਾਂ ਦੇ ਕਬਜ਼ੇ ਵਿੱਚੋਂ ਕੁੱਲ 212 ਗ੍ਰਾਮ ਹੈਰੋਇਨ, ਨਸ਼ੀਲੀਆਂ ਗੋਲੀਆਂ ਅਤੇ ਕੈਪਸੂਲ ਬਰਾਮਦ ਕੀਤੇ ਹਨ। ਸਭ ਤੋਂ ਅਹਿਮ ਕਾਰਵਾਈ ਥਾਣਾ ਕੋਤਵਾਲੀ ਦੀ ਟੀਮ ਵੱਲੋਂ ਕੀਤੀ ਗਈ, ਜਿੱਥੇ ਪੁਲਿਸ ਨੇ ਪਰਲ ਦੇ ਇੱਕ ਖੰਡਰ ਬਣ ਚੁੱਕੇ ਮਾਲ ਵਿੱਚ ਲੁਕੋ ਕੇ ਰੱਖੀ 110 ਗ੍ਰਾਮ ਹੈਰੋਇਨ ਬਰਾਮਦ ਕਰਨ ਵਿੱਚ ਸਫਲਤਾ ਹਾਸਲ ਕੀਤੀ। ਜ਼ਿਕਰਯੋਗ ਹੈ ਕਿ ਇਸੇ ਮਾਲ ਵਿੱਚ ਕੁਝ ਦਿਨ ਪਹਿਲਾਂ ਪੁਲਿਸ ਅਤੇ ਤਸਕਰਾਂ ਵਿਚਕਾਰ ਗੋਲੀਬਾਰੀ ਵੀ ਹੋਈ ਸੀ, ਜਿਸ ਵਿੱਚ ਇੱਕ ਤਸਕਰ ਜ਼ਖਮੀ ਹੋਇਆ ਸੀ।ਵੇਰਵਿਆਂ ਅਨੁਸਾਰ, ਡੀ.ਐਸ.ਪੀ. ਅੰਮ੍ਰਿਤ ਪਾਲ ਸਿੰਘ ਭੱਟੀ ਨੇ ਦੱਸਿਆ ਕਿ 2 ਅਪ੍ਰੈਲ ਦੀ ਰਾਤ ਨੂੰ ਪੁਲਿਸ ਪਾਰਟੀ ਨੇ ਸ਼ੱਕ ਦੇ ਅਧਾਰ ਤੇ ਪੰਜ ਨੌਜਵਾਨਾਂ ਨੂੰ ਰਾਊਂਡਅਪ ਕੀਤਾ ਸੀ। ਪੁੱਛਗਿੱਛ ਦੌਰਾਨ ਕਥਿਤ ਦੋਸ਼ੀ ਅਜੇ ਅਤੇ ਕਥਿਤ ਦੋਸ਼ੀ ਰਾਜਦੀਪ ਦਾ ਡੋਪ ਟੈਸਟ ਪਾਜ਼ੇਟਿਵ ਆਉਣ ਤੋਂ ਬਾਅਦ ਜਦੋਂ ਸਖ਼ਤੀ ਵਰਤੀ ਗਈ ਤਾਂ ਉਨ੍ਹਾਂ ਨੇ ਵੱਡਾ ਇੰਕਸ਼ਾਫ਼ ਕੀਤਾ। ਕਥਿਤ ਦੋਸ਼ੀਆਂ ਨੇ ਦੱਸਿਆ ਕਿ ਉਨ੍ਹਾਂ ਨੇ ਹੈਰੋਇਨ ਦੀ ਖੇਪ ਉਸੇ ਖੰਡਰ ਬਣ ਚੁੱਕੇ ਮਾਲ ਵਿੱਚ ਲੁਕੋਈ ਹੋਈ ਸੀ, ਜਿੱਥੇ ਪਹਿਲਾਂ ਪੁਲਿਸ ਮੁਕਾਬਲਾ ਹੋਇਆ ਸੀ। ਪੁਲਿਸ ਨੇ ਇਨ੍ਹਾਂ ਦੀ ਨਿਸ਼ਾਨਦੇਹੀ 'ਤੇ ਉੱਥੋਂ 110 ਗ੍ਰਾਮ ਹੈਰੋਇਨ ਬਰਾਮਦ ਕੀਤੀ। ਇਸ ਮਾਮਲੇ ਵਿੱਚ ਕਥਿਤ ਦੋਸ਼ੀ ਰਾਜਪ੍ਰੀਤ ਨੂੰ ਵੀ ਗ੍ਰਿਫ਼ਤਾਰ ਕੀਤਾ ਗਿਆ ਹੈ ਅਤੇ ਮੁਲਜ਼ਮਾਂ ਕੋਲੋਂ ਹਰਿਆਣਾ ਨੰਬਰ ਦੀ ਇੱਕ ਸਕਾਰਪੀਓ ਕਾਰ ਵੀ ਮਿਲੀ ਹੈ। ਇਸ ਮਾਮਲੇ ਵਿੱਚ ਹੁਣ ਤੱਕ ਤਿੰਨ ਗ੍ਰਿਫਤਾਰੀਆਂ ਹੋ ਚੁੱਕੀਆਂ ਹਨ। ਇਸੇ ਤਰ੍ਹਾਂ ਥਾਣਾ ਥਰਮਲ ਪੁਲਿਸ ਨੇ ਮਲੋਟ-ਮੁਕਤਸਰ ਰੋਡ ਤੋਂ ਕਥਿਤ ਦੋਸ਼ੀ ਗੁਰਪ੍ਰੀਤ ਸਿੰਘ ਨਿਵਾਸੀ ਪਿੰਡ ਫੂਲੋਖਾਰੀ ਨੂੰ 41 ਗ੍ਰਾਮ ਹੈਰੋਇਨ ਸਣੇ ਕਾਬੂ ਕੀਤਾ। ਇਸ ਕਾਰਵਾਈ ਨੂੰ ਸੀਆਈਏ ਵਨ ਦੀ ਟੀਮ ਵੱਲੋਂ ਅਮਲ ਵਿੱਚ ਲਿਆਂਦਾ ਗਿਆ ਹੈ। ਥਾਣਾ ਨੇਹਿਆਂਵਾਲਾ ਪੁਲਿਸ ਨੇ ਗੋਨਿਆਣਾ ਕਲਾਂ ਤੋਂ ਕਥਿਤ ਦੋਸ਼ੀ ਸੁਖਦੀਪ ਸਿੰਘ ਨੂੰ 40 ਨਸ਼ੀਲੀਆਂ ਗੋਲੀਆਂ ਅਤੇ ਪਿੰਡ ਬਲਾਹੜ ਬਿੰਝੂ ਤੋਂ ਕਥਿਤ ਦੋਸ਼ੀ ਹਰੀ ਚੰਦ ਨੂੰ 6.75 ਗ੍ਰਾਮ ਹੈਰੋਇਨ ਸਣੇ ਗ੍ਰਿਫ਼ਤਾਰ ਕੀਤਾ। ਥਾਣਾ ਨਥਾਣਾ ਪੁਲਿਸ ਨੇ ਲਹਿਰਾ ਖਾਨਾ ਤੋਂ ਕਥਿਤ ਦੋਸ਼ੀ ਮਨਦੀਪ ਸਿੰਘ ਨਿਵਾਸੀ ਭੁੱਚੋ ਮੰਡੀ ਨੂੰ 7.70 ਗ੍ਰਾਮ ਹੈਰੋਇਨ ਸਣੇ ਦਬੋਚਿਆ। ਥਾਣਾ ਫੂਲ ਪੁਲਿਸ ਨੇ ਕਥਿਤ ਦੋਸ਼ੀ ਗੁਰਦੀਪ ਸਿੰਘ ਨੂੰ 2.50 ਗ੍ਰਾਮ ਅਤੇ ਤਲਵੰਡੀ ਸਾਬੋ ਪੁਲਿਸ ਨੇ ਕਥਿਤ ਦੋਸ਼ੀ ਹਰਮਨ ਸਿੰਘ ਨੂੰ 2.75 ਗ੍ਰਾਮ ਹੈਰੋਇਨ ਸਣੇ ਗ੍ਰਿਫ਼ਤਾਰ ਕੀਤਾ ਹੈ। ਥਾਣਾ ਰਾਮਾ ਪੁਲਿਸ ਨੇ ਵੀ ਇੱਕ ਕਥਿਤ ਦੋਸ਼ੀ ਮਹਿਲਾ ਸੁਮਨਦੀਪ ਕੌਰ ਨੂੰ 30 ਨਸ਼ੀਲੇ ਕੈਪਸੂਲਾਂ ਸਣੇ ਕਾਬੂ ਕੀਤਾ ਹੈ। ਪੁਲਿਸ ਵੱਲੋਂ ਸਾਰੇ ਕਥਿਤ ਦੋਸ਼ੀਆਂ ਖ਼ਿਲਾਫ਼ ਐਨ.ਡੀ.ਪੀ.ਐਸ. ਐਕਟ ਤਹਿਤ ਮਾਮਲੇ ਦਰਜ ਕਰਕੇ ਜਾਂਚ ਨੂੰ ਅੱਗੇ ਵਧਾਇਆ ਜਾ ਰਿਹਾ ਹੈ।

# ਵਿਨਰਜੀਤ ਸਿੰਘ ਖਡਿਆਲ ਨੂੰ ਨੌਜਵਾਨ ਪ੍ਰਤੀਕ ਸਨਮਾਨ ਨਾਲ ਨਿਵਾਜ਼ਿਆ



ਸੁਨਾਮ ਊਧਮ ਸਿੰਘ ਵਾਲਾ, 5 ਅਪ੍ਰੈਲ (ਮੋਹਣ ਸ਼ਰਮਾ/ ਰਾਊਵਰਿੰਦਰ ਮਠਾੜੂ ) : ਸੁਨਾਮ ਵਿਧਾਨ ਸਭਾ ਹਲਕੇ ਲਈ ਮਾਣ ਦੀ ਗੱਲ ਉਸ ਵੇਲੇ ਬਣੀ ਜਦੋਂ ਸ਼੍ਰੋਮਣੀ ਅਕਾਲੀ ਦਲ ਦੇ ਹਲਕਾ ਇੰਚਾਰਜ ਇੰਜੀਨੀਅਰ ਵਿਨਰਜੀਤ ਸਿੰਘ ਖਡਿਆਲ ਨੂੰ ਸੰਤ ਲੌਂਗੋਵਾਲ ਇੰਸਟੀਚਿਊਟ ਆਫ਼ ਇੰਜੀਨੀਅਰਿੰਗ ਐਂਡ ਟੈਕਨਾਲੋਜੀ ਵੱਲੋਂ ਨੌਜਵਾਨ ਪ੍ਰਤੀਕ ਸਨਮਾਨ ਨਾਲ ਸਨਮਾਨਿਤ ਕੀਤਾ ਗਿਆ।ਇਹ ਸਨਮਾਨ ਉਨ੍ਹਾਂ ਦੀ ਲੰਬੇ ਸਮੇਂ ਤੋਂ ਸੰਸਥਾ ਨਾਲ ਜੁੜੇ ਰਹਿਣ ਅਤੇ ਸਮਾਜ ਵਿੱਚ ਕੀਤੀਆਂ ਉਪਲੱਬਧੀਆਂ ਨੂੰ ਦੇਖਦੇ ਹੋਏ ਦਿੱਤਾ ਗਿਆ। ਜਾਣਕਾਰੀ ਮੁਤਾਬਕ ਵਿਨਰਜੀਤ ਸਿੰਘ ਖਡਿਆਲ ਨੇ 1993 ਤੋਂ 2000 ਤੱਕ ਸਲੀਅਟ ਵਿੱਚ ਵਿਦਿਆਰਥੀ ਵਜੋਂ ਆਪਣੇ ਜੀਵਨ ਦੇ ਸੱਤ ਅਹਿਮ ਸਾਲ ਬਿਤਾਏ। ਪੜ੍ਹਾਈ ਪੂਰੀ ਕਰਨ ਤੋਂ ਬਾਅਦ ਵੀ ਉਹ ਇਸ ਧਰਤੀ ਨਾਲ ਜੁੜੇ ਰਹੇ ਅਤੇ ਹਰ ਸਮੇਂ ਸੰਸਥਾ ਦੇ ਨਾਲ ਖੜੇ ਰਹੇ।ਇਸ ਮੌਕੇ ਇੰਸਟੀਚਿਊਟ ਦੇ ਡਾਇਰੈਕਟਰ ਸ਼੍ਰੀ ਮਨੀਕਾਂਤ ਪਾਸਵਾਨ, ਡੀਨ ਸਾਹਿਬਾਨ, ਐਸ.ਐਸ.ਏ ਅਤੇ ਸਮੂਹ ਵਿਦਿਆਰਥੀਆਂ ਵੱਲੋਂ ਉਨ੍ਹਾਂ ਨੂੰ ਇਹ ਮਾਣ-ਸਨਮਾਨ ਭੇਟ ਕੀਤਾ ਗਿਆ। ਸੰਸਥਾ ਵੱਲੋਂ ਕਿਹਾ ਗਿਆ ਕਿ ਖਡਿਆਲ ਦੀਆਂ ਪ੍ਰਾਪਤੀਆਂ, ਸਮਾਜਕ ਸੇਵਾ ਅਤੇ ਨੌਜਵਾਨਾਂ ਲਈ ਪ੍ਰੇਰਣਾਦਾਇਕ ਭੂਮਿਕਾ ਦੇ ਮੱਦੇਨਜ਼ਰ ਉਨ੍ਹਾਂ ਨੂੰ ਇਸ ਸਨਮਾਨ ਲਈ ਚੁਣਿਆ ਗਿਆ ਹੈ।ਇਸ ਮੌਕੇ ਵਿਨਰਜੀਤ ਸਿੰਘ ਖਡਿਆਲ ਨੇ ਆਪਣੀ ਖ਼ੁਸ਼ੀ ਪ੍ਰਗਟ ਕਰਦੇ ਹੋਏ ਕਿਹਾ ਕਿ ਇਹ ਉਨ੍ਹਾਂ ਲਈ ਬਹੁਤ ਵੱਡਾ ਮਾਣ ਹੈ। ਉਨ੍ਹਾਂ ਨੇ ਇੰਸਟੀਚਿਊਟ ਦੇ ਪ੍ਰਬੰਧਕਾਂ, ਡਾਇਰੈਕਟਰ, ਡੀਨ ਸਾਹਿਬਾਨ ਅਤੇ ਸਮੂਹ ਵਿਦਿਆਰਥੀਆਂ ਦਾ ਦਿਲੋਂ ਧੰਨਵਾਦ ਕੀਤਾ, ਜਿਨ੍ਹਾਂ ਨੇ ਉਨ੍ਹਾਂ ਨੂੰ ਇਸ ਯੋਗ ਸਮਝਿਆ।ਉਨ੍ਹਾਂ ਨੇ ਕਿਹਾ ਕਿ ਇਹ ਸਨਮਾਨ ਉਨ੍ਹਾਂ ਨੂੰ ਹੋਰ ਵਧੀਆ ਤਰੀਕੇ ਨਾਲ ਕੰਮ ਕਰਨ ਲਈ ਪ੍ਰੇਰਿਤ ਕਰੇਗਾ।

# ਸੇਵਾ ਭਾਰਤੀ ਦੀ ਅਹਿਮ ਮੀਟਿੰਗ 'ਚ ਨਵੀਂ ਕਮੇਟੀ ਦਾ ਐਲਾਨ



ਬੁਢਲਾਡਾ, 5 ਅਪ੍ਰੈਲ (ਦਵਿੰਦਰ ਸਿੰਘ ਕੋਹਲੀ, ਜੀਵਨ ਕੁਮਾਰ) : ਸੇਵਾ ਭਾਰਤੀ ਦੀ ਇੱਕ ਅਹਿਮ ਮੀਟਿੰਗ ਅੱਜ ਪੈਨਸ਼ਨ ਭਵਨ ਵਿੱਚ ਆਯੋਜਿਤ ਕੀਤੀ ਗਈ। ਇਸ ਮੀਟਿੰਗ ਵਿੱਚ ਵਿਸ਼ੇਸ਼ ਤੌਰ 'ਤੇ ਧਰੁਵ ਜੀ ਅਤੇ ਡਾ. ਹਰਬੰਸ ਸਿੰਘ ਜੀ ਹਾਜ਼ਰ ਰਹੇ।ਮੀਟਿੰਗ ਦੌਰਾਨ ਧਰੁਵ ਜੀ ਵੱਲੋਂ ਸੇਵਾ ਭਾਰਤੀ ਦੇ ਕੰਮਾਂ ਬਾਰੇ ਵਿਸਥਾਰਪੂਰਵਕ ਜਾਣਕਾਰੀ ਸਾਂਝੀ ਕੀਤੀ ਗਈ ਅਤੇ ਸੰਸਥਾ ਦੇ ਉਦੇਸ਼ਾਂ 'ਤੇ ਵੀ ਚਰਚਾ ਕੀਤੀ ਗਈ। ਇਸ ਮੌਕੇ ਬੁਢਲਾਡਾ ਇਕਾਈ ਦੀ ਨਵੀਂ ਜਿੰਮੇਵਾਰੀ ਸਰਵਸੰਮਤੀ ਨਾਲ ਤੈਅ ਕੀਤੀ ਗਈ।ਮੀਟਿੰਗ ਵਿੱਚ ਸਰਵਸੰਮਤੀ ਨਾਲ ਅਮਿਤ ਜਿੰਦਲ ਨੂੰ ਪ੍ਰਧਾਨ, ਡਾ. ਕ੍ਰਿਸ਼ਨ ਨੂੰ ਸਕੱਤਰ ਅਤੇ ਸ਼ਸ਼ੀ ਕਾਠ ਨੂੰ ਕੈਸ਼ੀਅਰ ਨਿਯੁਕਤ ਕੀਤਾ ਗਿਆ। ਇਸ ਦੌਰਾਨ ਪਿਛਲੇ ਪ੍ਰਧਾਨ ਵਿਨੋਦ ਕੁਮਾਰ ਜੀ ਵੱਲੋਂ ਵੀ ਸੰਸਥਾ ਦੇ ਪਿਛਲੇ ਕੰਮਾਂ ਬਾਰੇ ਜਾਣਕਾਰੀ ਦਿੱਤੀ ਗਈ।ਨਵੇਂ ਚੁਣੇ ਗਏ ਪ੍ਰਧਾਨ ਅਮਿਤ ਜਿੰਦਲ ਨੇ ਸਾਰੇ ਮੈਂਬਰਾਂ ਦਾ ਧੰਨਵਾਦ ਕਰਦੇ ਹੋਏ ਕਿਹਾ ਕਿ ਉਹ ਸਭ ਦੀ ਸਲਾਹ ਨਾਲ ਮਿਲਜੁਲ ਕੇ ਸੰਸਥਾ ਦੇ ਕੰਮਾਂ ਨੂੰ ਅੱਗੇ ਵਧਾਉਣਗੇ। ਇਸ ਮੌਕੇ ਵਿਨੋਦ ਸਿੰਗਲਾ ਨੂੰ ਸਰਪ੍ਰਸਤ ਨਿਯੁਕਤ ਕੀਤਾ ਗਿਆ। ਵਿਨੋਦ ਨੇ ਦੱਸਿਆ ਕਿ ਸੇਵਾ ਭਾਰਤੀ ਇੱਕ ਸਮਾਜ ਸੇਵੀ ਸੰਸਥਾ ਹੈ ਜੋ ਲੋੜਵੰਦ ਲੋਕਾਂ ਦੀ ਸਹਾਇਤਾ, ਸਿਹਤ ਸੇਵਾਵਾਂ, ਸਿੱਖਿਆ ਅਤੇ ਸਮਾਜਿਕ ਭਲਾਈ ਦੇ ਕੰਮਾਂ ਵਿੱਚ ਸਦਾ ਅੱਗੇ ਰਹਿੰਦੀ ਹੈ। ਸੰਸਥਾ ਵੱਲੋਂ ਸਮੇਂ-ਸਮੇਂ 'ਤੇ ਵੱਖ-ਵੱਖ ਸੇਵਾ ਪ੍ਰੋਜੈਕਟ ਚਲਾ ਕੇ ਸਮਾਜ ਵਿੱਚ ਮਹੱਤਵਪੂਰਨ ਯੋਗਦਾਨ ਪਾਇਆ ਜਾ ਰਿਹਾ ਹੈ। ਮੀਟਿੰਗ ਵਿੱਚ ਅਮਰਨਾਥ, ਰਘੂਨਾਥ, ਵਿਜੇ ਕੁਮਾਰ, ਸ਼ਿਵ ਕਾਸਲ, ਬਲਰਾਮ ਕਾਠ ਅਤੇ ਸਾਹਿਲ ਕੁਮਾਰ ਸਮੇਤ ਹੋਰ ਮੈਂਬਰ ਵੀ ਮੌਜੂਦ ਰਹੇ।

# ਕਰਜ਼ੇ ਦੀ ਪੰਡ ਤੇ ਕੁਦਰਤ ਦੀ ਮਾਰ: ਮੀਂਹ ਤੇ ਗੜੇਮਾਰੀ ਕਾਰਨ ਕਿਸਾਨਾਂ ਦੀ ਸਥਿਤੀ ਚਿੰਤਾਜਨਕ



ਬਠਿੰਡਾ, 5 ਅਪ੍ਰੈਲ (ਦੀਪਕ ਸ਼ਰਮਾ) : ਅੱਜ ਅਸਮਾਨ ਸਾਫ਼ ਹੈ, ਪਰ ਬਠਿੰਡਾ ਦੇ ਕਿਸਾਨਾਂ ਦੇ ਚਿਹਰਿਆਂ ਤੇ ਚਿੰਤਾ ਦੇ ਬੱਦਲ ਅਜੇ ਵੀ ਛਾਏ ਹੋਏ ਹਨ। ਪਿਛਲੇ ਦੋ ਦਿਨਾਂ, ਸ਼ੁੱਕਰਵਾਰ ਅਤੇ ਸ਼ਨੀਵਾਰ ਨੂੰ ਪਏ ਬੇਮੌਸਮੀ ਮੀਂਹ ਅਤੇ ਭਾਰੀ ਗੜੇਮਾਰੀ ਨੇ ਕਿਸਾਨਾਂ ਦੀ ਸਾਲ ਭਰ ਦੀ ਮਿਹਨਤ ਨੂੰ ਮਿੱਟੀ ਵਿੱਚ ਮਿਲਾ ਕੇ ਰੱਖ ਦਿੱਤਾ ਹੈ। ਜਦੋਂ ਸੋਨੇ ਰੰਗੀ ਕਣਕ ਦੀ ਫ਼ਸਲ ਵਾਢੀ ਲਈ ਤਿਆਰ ਸੀ, ਠੀਕ ਉਸੇ ਵੇਲੇ ਕੁਦਰਤ ਦੇ ਇਸ ਕਹਿਰ ਨੇ ਅੰਨਦਾਤੇ ਦੀ ਆਰਥਿਕ ਹਾਲਤ ਨੂੰ ਮੁੜ ਲੀਹੋਂ ਲਾਹ ਦਿੱਤਾ ਹੈ। ਨਥਾਣਾ ਅਤੇ ਆਸ-ਪਾਸ ਦੇ ਇਲਾਕਿਆਂ ਵਿੱਚ ਹੋਈ ਗੜੇਮਾਰੀ ਕਾਰਨ ਨਾ ਸਿਰਫ਼ ਕਣਕ, ਬਲਕਿ ਹਰੀਆਂ ਸਬਜ਼ੀਆਂ ਦਾ ਵੀ ਵੱਡਾ ਨੁਕਸਾਨ ਹੋਇਆ ਹੈ।ਕਿਸਾਨਾਂ ਵਿੱਚ ਇਸ ਵਾਰ ਸਿਰਫ਼ ਦੁੱਖ ਹੀ ਨਹੀਂ, ਬਲਕਿ ਇੱਕ ਅਜੀਬ ਡਰ ਅਤੇ ਸ਼ੰਕਾ ਵੀ ਹੈ। ਕਈ ਕਿਸਾਨਾਂ ਦਾ ਕਹਿਣਾ ਹੈ ਕਿ ਪਿਛਲੇ ਚਾਰ ਸਾਲਾਂ ਤੋਂ ਲਗਾਤਾਰ ਪੱਕੀ ਹੋਈ ਫ਼ਸਲ ਵੇਲੇ ਹੀ ਮੌਸਮ ਕਿਉਂ ਵਿਗੜਦਾ ਹੈ ? ਕਿਸਾਨ ਜਥੇਬੰਦੀਆਂ ਨੇ ਸਰਕਾਰ ਦੀ ਚੁੱਪ ਤੇ ਸਵਾਲ ਚੁੱਕੇ ਹਨ। ਭਾਰਤੀ ਕਿਸਾਨ ਯੂਨੀਅਨ (ਏਕਤਾ ਉਗਰਾਹਾਂ) ਦੇ ਜ਼ਿਲ੍ਹਾ ਪ੍ਰਧਾਨ ਸ਼ਿੰਗਾਰਾ ਸਿੰਘ ਮਾਨ ਅਤੇ ਸਿੱਧੂਪੁਰ ਜਥੇਬੰਦੀ ਦੇ ਆਗੂਆਂ ਨੇ ਦੋਸ਼ ਲਾਇਆ ਕਿ ਸਰਕਾਰਾਂ ਕਾਰਪੋਰੇਟ ਘਰਾਣਿਆਂ ਦੇ ਹਿੱਤਾਂ ਦੀ ਰਾਖੀ ਕਰ ਰਹੀਆਂ ਹਨ, ਜਦਕਿ ਕੁਦਰਤੀ ਆਫ਼ਤਾਂ ਦੀ ਮਾਰ ਝੱਲ ਰਿਹਾ ਕਿਸਾਨ ਇਕੱਲਾ ਰਹਿ ਗਿਆ ਹੈ। ਉਨ੍ਹਾਂ ਮੰਗ ਕੀਤੀ ਕਿ ਪੁਰਾਣੀਆਂ ਸ਼ਰਤਾਂ ਛੱਡ ਕੇ ਤੁਰੰਤ ਗਿਰਦਾਵਰੀ ਕਰਵਾਈ ਜਾਵੇ ਅਤੇ ਜ਼ਮੀਨ ਮਾਲਕ ਦੀ ਬਜਾਏ ਅਸਲ ਖੇਤੀ ਕਰਨ ਵਾਲੇ ਕਿਸਾਨ ਤੇ ਮਜ਼ਦੂਰ ਨੂੰ ਮੁਆਵਜ਼ਾ ਦਿੱਤਾ ਜਾਵੇ।ਨੌਜਵਾਨ ਕਿਸਾਨਾਂ ਦਾ ਕਹਿਣਾ ਹੈ ਕਿ ਪਹਿਲਾਂ ਹੀ ਕਰਜ਼ੇ ਦੀ ਮਾਰ ਹੇਠ ਦਬਿਆ ਕਿਸਾਨ ਹੁਣ ਆਰਥਿਕ ਸੰਕਟ ਦੇ ਉਸ ਮੋੜ ਤੇ ਖੜ੍ਹਾ ਹੈ, ਜਿੱਥੇ ਉਸ ਨੂੰ ਕੋਈ ਰਾਹ ਨਜ਼ਰ ਨਹੀਂ ਆ ਰਿਹਾ। ਪਿਛਲੇ ਸਮੇਂ ਵਿੱਚ ਕੀਤੇ ਗਏ ਮੁਆਵਜ਼ੇ ਦੇ ਵਾਅਦੇ ਅਜੇ ਤੱਕ ਕਾਗਜ਼ਾਂ ਵਿੱਚ ਹੀ ਹਨ, ਜਦਕਿ ਇਸ ਸੀਜ਼ਨ ਦੀ ਬਰਬਾਦੀ ਨੇ ਜ਼ਿੰਦਗੀ ਅਤੇ ਮੌਤ ਦਾ ਸਵਾਲ ਖੜ੍ਹਾ ਕਰ ਦਿੱਤਾ ਹੈ। ਜੇਕਰ ਸਰਕਾਰ ਨੇ ਜਲਦ ਕੋਈ ਠੋਸ ਕਦਮ ਨਾ ਚੁੱਕਿਆ, ਤਾਂ ਕਿਸਾਨ ਜਥੇਬੰਦੀਆਂ ਨੇ ਸੰਘਰਸ਼ ਨੂੰ ਸੜਕਾਂ ਤੇ ਲਿਜਾਣ ਦੀ ਚਿਤਾਵਨੀ ਦਿੱਤੀ ਹੈ। ਦੂਜੇ ਪਾਸੇ ਕਿਆਸਕਾਰੀਆਂ ਲਾਈਆਂ ਜਾ ਰਹੀਆਂ ਹਨ ਕਿ।ਅੱਜ ਦੇ ਵਿਗਿਆਨਕ ਯੁੱਗ ਵਿੱਚ ਜਿੱਥੇ ਨਕਲੀ ਬਾਰਿਸ਼ ਕਰਵਾਉਣੀ ਸੰਭਵ ਹੈ, ਉੱਥੇ ਕਿਸਾਨਾਂ ਦੇ ਮਨਾਂ ਵਿੱਚ ਇਹ ਸ਼ੰਕਾ ਘਰ ਕਰ ਰਹੀ ਹੈ ਕਿ ਕੀ ਇਹ ਸਿਰਫ਼ ਕੁਦਰਤੀ ਕਰੋਪੀ ਹੈ ਜਾਂ ਮਨੁੱਖੀ ਦਖ਼ਲਅੰਦਾਜ਼ੀ ? ਨਥਾਣਾ ਦੇ ਨੌਜਵਾਨ ਕਿਸਾਨਾਂ ਅਨੁਸਾਰ, ਫ਼ਸਲ ਦੀ ਕਟਾਈ ਤੋਂ ਬਾਅਦ ਮੌਸਮ ਦਾ ਸਾਫ਼ ਹੋ ਜਾਣਾ ਅਤੇ ਪੱਕੀ ਫ਼ਸਲ 'ਤੇ ਹੀ ਆਫ਼ਤ ਆਉਣਾ ਇੱਕ ਗੰਭੀਰ ਚਿੰਤਾ ਦਾ ਵਿਸ਼ਾ ਹੈ, ਜਿਸ ਤੇ ਡੂੰਘੀ ਜਾਣਕਾਰੀ ਹਾਸਲ ਕਰਨ ਦੀ ਲੋੜ ਹੈ।

# ਕੰਪਿਊਟਰ ਅਧਿਆਪਕ 11 ਨੂੰ ਕਰਨਗੇ ਮੁੱਖ ਮੰਤਰੀ ਦੀ ਰਿਹਇਸ਼ ਦਾ ਘਿਰਾਓ



ਸੰਗਰੂਰ, 5 ਅਪ੍ਰੈਲ (ਹਰਕੰਵਲ ਸਿੰਘ ਹੈਪੀ) : ਪੰਜਾਬ ਦੇ ਹਜ਼ਾਰਾਂ ਕੰਪਿਊਟਰ ਅਧਿਆਪਕਾਂ ਨੇ ਸਰਕਾਰ ਦੇ ਝੂਠੇ ਵਾਅਦਿਆਂ ਅਤੇ ਲਗਾਤਾਰ ਹੋ ਰਹੀ ਅਣਦੇਖੀ ਵਿਰੁੱਧ ਆਰ-ਪਾਰ ਦੀ ਲੜਾਈ ਦਾ ਐਲਾਨ ਕਰ ਦਿੱਤਾ ਹੈ। ਕੰਪਿਊਟਰ ਟੀਚਰਜ ਯੂਨੀਅਨ ਪੰਜਾਬ ਵੱਲੋਂ ਲਏ ਗਏ ਫੈਸਲੇ ਅਨੁਸਾਰ 11 ਅਪ੍ਰੈਲ ਨੂੰ ਮੁੱਖ ਮੰਤਰੀ ਦੀ ਸੰਗਰੂਰ ਰਿਹਾਇਸ਼ ਦਾ ਘਿਰਾਓ ਕੀਤਾ ਜਾਵੇਗਾ।ਅਧਿਆਪਕ ਆਗੂਆਂ ਨੇ ਕਿਹਾ ਕਿ ਸਾਲ 2010 ਵਿੱਚ ਰਾਜਪਾਲ ਦੀ ਪ੍ਰਵਾਨਗੀ ਨਾਲ ਪੰਜਾਬ ਸਰਕਾਰ ਵੱਲੋ ਜਾਰੀ ਰੈਗੂਲਰ ਨੋਟੀਫਿਕੇਸ਼ਨ ਅਤੇ 2011 ਵਿੱਚ ਰੈਗੂਲਰ ਨਿਯੁਕਤੀ ਪੱਤਰ ਮਿਲਣ ਦੇ ਬਾਵਜੂਦ, ਕੰਪਿਊਟਰ ਅਧਿਆਪਕਾਂ ਨੂੰ ਸੋਸਾਇਟੀ ਦੇ ਨਾਂ 'ਤੇ ਗੁੰਮਰਾਹ ਕੀਤਾ ਜਾ ਰਿਹਾ ਹੈ। ਮਾਣਯੋਗ ਹਾਈਕੋਰਟ ਵਿੱਚ ਕੰਪਿਊਟਰ ਅਧਿਆਪਕਾਂ ਦੇ ਹੱਕ ਵਿੱਚ ਫੈਸਲਾ ਆਉਣ ਦੇ ਬਾਵਜੂਦ ਪੰਜਾਬ ਸਰਕਾਰ ਉਸ ਨੂੰ ਲਾਗੂ ਕਰਨ ਦੀ ਥਾਂ ਸੁਪਰੀਮ ਕੋਰਟ ਚਲੀ ਗਈ ਤੇ ਕੰਪਿਊਟਰ ਅਧਿਆਪਕਾਂ ਦੀਆਂ ਹੱਕੀ ਮੰਗਾਂ ਨੂੰ ਲਾਗੂ ਕਰਨ ਤੋਂ ਭੱਜ ਰਹੀ ਹੈ।ਇਸ ਸਬੰਧੀ ਅੱਜ ਕੰਪਿਊਟਰ ਟੀਚਰਜ ਯੂਨੀਅਨ ਜ਼ਿਲ੍ਹਾ ਇਕਾਈ ਸੰਗਰੂਰ ਦੀ ਇੱਕ ਅਹਿਮ ਮੀਟਿੰਗ ਸੂਬਾ ਆਗੂ ਨਰਦੀਪ ਸ਼ਰਮਾ, ਅੰਜੂ ਜੈਨ ਅਤੇ ਕੁਲਵਿੰਦਰ ਸਿੰਘ ਦੀ ਅਗਵਾਈ ਵਿੱਚ ਸਥਾਨਕ ਅਗਰਵਾਲ ਧਰਮਸਾਲਾ ਸੰਗਰੂਰ ਵਿਖੇ ਹੋਈ। ਇਸ ਸੰਬੰਧੀ ਮੀਡੀਆ ਨਾਲ ਗੱਲਬਾਤ ਕਰਦਿਆ ਉਕਤ ਆਗੂਆਂ ਨੇ ਦੱਸਿਆ ਕਿ ਪਿਛਲੀਆਂ ਸਰਕਾਰਾਂ ਵਾਂਗ ਆਮ ਆਦਮੀ ਪਾਰਟੀ ਨੇ ਵੀ ਸਿਰਫ਼ ਵੋਟਾਂ ਲੈਣ ਲਈ ਵਾਅਦੇ ਕੀਤੇ ਸਨ ਕਿਉਂਕਿ ਸੱਤਾ ਉੱਤੇ ਕਾਬਜ਼ ਹੋਣ ਦੇ ਚਾਰ ਸਾਲ ਬੀਤ ਜਾਣ ਦੇ ਬਾਵਜੂਦ ਵੀ ਉਸਨੂੰ ਅਮਲੀ ਰੂਪ ਵਿੱਚ ਲਾਗੂ ਕਰਨ ਤੋਂ ਭੱਜ ਰਹੀ ਹੈ। 6640 ਕੰਪਿਊਟਰ ਅਧਿਆਪਕ ਪਿਛਲੇ 21 ਸਾਲਾਂ ਤੋਂ ਸਰਕਾਰੀ ਸਕੂਲਾਂ ਵਿੱਚ ਪੂਰੀ ਤਨਦੇਹੀ ਨਾਲ ਆਪਣੀਆਂ ਸੇਵਾਵਾਂ ਹੋਰਨਾਂ ਸਰਕਾਰੀ ਮੁਲਾਜ਼ਮਾਂ ਵਾਂਗ ਨਿਭਾ ਰਹੇ ਹਨ ਪਰ ਰੈਗੂਲਰ ਨੋਟੀਫਿਕੇਸ਼ਨ ਅਤੇ ਨਿਯੁਕਤੀ ਪੱਤਰਾਂ ਨੂੰ ਅੱਜ ਤੱਕ ਕਿਸੇ ਵੀ ਸਰਕਾਰ ਨੇ ਇਨ ਬਿਨ ਲਾਗੂ ਨਹੀਂ ਕੀਤਾ ਗਿਆ। ।ਇਸ ਦੌਰਾਨ ਜਿਲ੍ਹਾ ਆਗੂ ਵਰਿੰਦਰ ਹੰਸ, ਸੰਜੀਵ ਕੁਮਾਰ, ਅਵਤਾਰ ਸਿੰਘ, ਹਰਵਿੰਦਰ ਸਿੰਘ, ਸੁਮੀਤ ਖੁਰਾਣਾ, ਮਨਦੀਪ ਸਿੰਘ, ਮੰਜੂ ਰਾਣੀ, ਸੁਖਵੀਰ ਕੌਰ, ਜਸਵਿੰਦਰ ਕੌਰ, ਸੁਨੀਲ ਕੁਮਾਰ, ਵਿਸਾਲ ਕੁਮਾਰ, ਰਾਜਪਾਲ ਸਿੰਘ, ਲੱਕੀ ਸਿੰਗਲਾ, ਮਨਦੀਪ ਸਿੰਘ ਅਤੇ ਪਰਵਿੰਦਰ ਸਿੰਘ ਹਾਜਰ ਸਨ।

# ਮਲੂਕਾ ਸਕੂਲ ਵਿਖੇ ਨਰਸਰੀ ਕਲਾਸ ਸਬੰਧੀ ਪ੍ਰੋਗਰਾਮ ਕਰਵਾਇਆ

ਭਗਤਾ ਭਾਈ ਕਾ, 5 ਅਪ੍ਰੈਲ (ਸਵਰਨ ਸਿੰਘ ਭਗਤਾ): ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਸਿਰਮੌਰ ਸੰਸਥਾ ਗੁਰੂ ਗੋਬਿੰਦ ਸਿੰਘ ਪਬਲਿਕ ਸਕੂਲ ਮਲੂਕਾ ਵਿੱਚ ਨਵੇਂ ਸੈਸ਼ਨ ਦੇ ਸ਼ੁਭ ਆਗਾਜ਼ ਮੌਕੇ ਨਰਸਰੀ ਕਲਾਸ ਦੇ ਵਿਦਿਆਰਥੀਆਂ ਅਤੇ ਉਨ੍ਹਾਂ ਦੇ ਮਾਪਿਆਂ ਲਈ ਇੱਕ ਵਿਸ਼ੇਸ਼ ਓਰੀਐਂਟੇਸ਼ਨ ਪ੍ਰੋਗਰਾਮ ਕਰਵਾਇਆ ਗਿਆ। ਇਸ ਪ੍ਰੋਗਰਾਮ ਦਾ ਮੁੱਖ ਉਦੇਸ਼ ਨਵੇਂ ਦਾਖਲਾ ਲੈਣ ਵਾਲੇ ਬੱਚਿਆਂ ਨੂੰ ਸਕੂਲੀ ਵਾਤਾਵਰਨ ਨਾਲ ਜਾਣੂ ਕਰਵਾਉਣਾ ਅਤੇ ਮਾਪਿਆਂ ਨੂੰ ਸਕੂਲ ਦੀਆਂ ਨੀਤੀਆਂ, ਨਿਯਮਾਂ ਅਤੇ ਪੜ੍ਹਾਈ ਦੇ ਢੰਗ ਬਾਰੇ ਜਾਣਕਾਰੀ ਦੇਣਾ ਸੀ।ਸਕੂਲ ਦੇ ਪ੍ਰਿੰਸੀਪਲ ਸ਼੍ਰੀਮਤੀ ਗੁਰਿੰਦਰ ਕੌਰ ਨੇ ਸਾਰੇ ਮਾਪਿਆਂ ਅਤੇ ਬੱਚਿਆਂ ਦਾ ਸਕੂਲ ਦੇ ਵਿਹੜੇ ਵਿੱਚ ਆਉਣ 'ਤੇ ਸਵਾਗਤ ਕੀਤਾ। ਉਨ੍ਹਾਂ ਨੇ ਆਪਣੇ ਸੰਬੋਧਨ ਵਿੱਚ ਦੱਸਿਆ ਕਿ ਬੱਚਿਆਂ ਦੀ ਸ਼ੁਰੂਆਤੀ ਸਿੱਖਿਆ ਉਹਨਾਂ ਦੇ ਭਵਿੱਖ ਦੀ ਮਜ਼ਬੂਤ ਨੀਂਹ ਰੱਖਦੀ ਹੈ ਅਤੇ ਸਕੂਲ ਹਰ ਬੱਚੇ ਦੇ ਸੰਪੂਰਨ ਵਿਕਾਸ ਲਈ ਵਚਨਬੱਧ ਹੈ।ਓਰੀਐਂਟੇਸ਼ਨ ਦੌਰਾਨ ਮਾਪਿਆਂ ਨੂੰ ਬੱਚਿਆਂ ਦੀ ਦਿਨਚਰਿਆ, ਕਲਾਸਰੂਮ ਗਤੀਵਿਧੀਆਂ, ਸਿਖਲਾਈ ਦੇ ਤਰੀਕੇ ਅਤੇ ਅਨੁਸ਼ਾਸਨ ਸਬੰਧੀ ਜਾਣਕਾਰੀ ਦਿੱਤੀ ਗਈ।ਅੰਤ ਵਿੱਚ ਪ੍ਰਿੰਸੀਪਲ ਗੁਰਿੰਦਰ ਕੌਰ ਨੇ ਮਾਪਿਆਂ ਨੂੰ ਭਰੋਸਾ ਦਵਾਇਆ ਕਿ ਸਕੂਲ ਹਮੇਸ਼ਾਂ ਬੱਚਿਆਂ ਦੀ ਭਲਾਈ ਅਤੇ ਉਨ੍ਹਾਂ ਦੇ ਉਜਲੇ ਭਵਿੱਖ ਲਈ ਯਤਨਸ਼ੀਲ ਰਹੇਗਾ। ਮਾਪਿਆਂ ਨੇ ਵੀ ਸਕੂਲ ਦੇ ਇਸ ਉਪਰਾਲੇ ਦੀ ਭਰਪੂਰ ਸ਼ਲਾਘਾ ਕੀਤੀ।

# ਮਾਤਾ ਸੁੰਦਰੀ ਗਰਲਜ਼ ਕਾਲਜ ਦੀਆਂ ਬੀ.ਐਸ.ਸੀ. (ਫੈਸ਼ਨ ਟੈਕਨਾਲੋਜੀ) ਵਿਭਾਗ ਦੀਆਂ ਵਿਦਿਆਰਥਣਾਂ ਦੇ ਦੂਜੇ ਸਮੈਸਟਰ ਦੇ ਨਤੀਜੇ ਸ਼ਾਨਦਾਰ ਰਹੇ



ਤਲਵੰਡੀ ਸਾਬੋ, 5 ਅਪ੍ਰੈਲ (ਸੰਦੀਪ ਜੋਸ਼ੀ) : ਲੜਕੀਆਂ ਦੀ ਸਿੱਖਿਆ ਦੇ ਖੇਤਰ ਵਿੱਚ ਰਾਸ਼ਟਰੀ ਅਤੇ ਅੰਤਰ ਰਾਸ਼ਟਰੀ ਪੱਧਰ 'ਤੇ ਨਾਮਣਾ ਖੱਟਣ ਵਾਲੀ ਇਲਾਕੇ ਦੀ ਨਾਮਵਰ ਸੰਸਥਾ ਮਾਤਾ ਸੁੰਦਰੀ ਗਰੁੱਪ ਆਫ਼ ਇੰਸਟੀਚਿਊਸ਼ਨਜ਼ ਢੱਡੇ, ਬਠਿੰਡਾ ਦੀ ਇਕਾਈ ਮਾਤਾ ਸੁੰਦਰੀ ਗਰਲਜ਼ ਕਾਲਜ ਦੀਆਂ ਬੀ.ਐਸ.ਸੀ. (ਫੈਸ਼ਨ ਟੈਕਨੋਲੋਜੀ) ਵਿਭਾਗ ਦੀਆਂ ਵਿਦਿਆਰਥਣਾਂ ਦੇ ਮਈ 2025 ਦੇ ਦੂਜੇ ਸਮੈਸਟਰ ਦੇ ਨਤੀਜੇ ਸ਼ਾਨਦਾਰ ਰਹੇ। ਸੰਸਥਾ ਦੀਆਂ ਵਿਦਿਆਰਥਣਾਂ ਦੀ ਮਿਹਨਤ ਅਤੇ ਸਮਰਪਣ ਨੇ ਅਕਾਦਮਿਕ ਖੇਤਰ ਵਿੱਚ ਕਾਲਜ ਦੀ ਵਿੱਦਿਅਕ ਪੱਧਰ ਉੱਤੇ ਮਜ਼ਬੂਤ ਪਹਿਚਾਣ ਬਣਾਈ ਹੈ। ਇਸ ਮੌਕੇ 'ਤੇ ਸੰਸਥਾ ਦੇ ਚੇਅਰਮੈਨ ਕੁਲਵੰਤ ਸਿੰਘ ਸਿੱਧੂ ਅਤੇ ਐਮ.ਡੀ. ਗੁਰਬਿੰਦਰ ਸਿੰਘ ਬੱਲੀ ਨੇ ਸਾਰੀਆਂ ਵਿਦਿਆਰਥਣਾਂ ਨੂੰ ਉਨ੍ਹਾਂ ਦੀ ਕਾਮਯਾਬੀ ਲਈ ਵਧਾਈ ਦਿੱਤੀ ਅਤੇ ਉਹਨਾਂ ਦੇ ਉਜਵੱਲ ਭਵਿੱਖ ਲਈ ਸ਼ੁਭਕਾਮਨਾਵਾਂ ਪ੍ਰਗਟ ਕੀਤੀਆਂ, ਉਹਨਾਂ ਨੇ ਕਿਹਾ ਕਿ ਇਹ ਨਤੀਜੇ ਕਾਲਜ ਦੀ ਗੁਣਵੱਤਾ ਪੂਰਨ ਸਿੱਖਿਆ ਅਤੇ ਵਿਦਿਆਰਥਣਾਂ ਦੀ ਲਗਨ ਦੀ ਹਾਮੀ ਭਰਦੇ ਹਨ। ਡਾਇਰੈਕਟਰ ਐਡਮਿਨਿਸਟ੍ਰੇਸ਼ਨ ਪਰਮਿੰਦਰ ਸਿੰਘ ਸਿੱਧੂ ਨੇ ਵਿਦਿਆਰਥਣਾਂ ਦੇ ਸ਼ਾਨਦਾਰ ਨਤੀਜੇ ਤੇ ਖ਼ੁਸ਼ੀ ਪ੍ਰਗਟ ਕਰਦਿਆ ਕਿਹਾ ਕਿ ਇਹ ਪ੍ਰਾਪਤੀ ਕਾਲਜ ਦੇ ਸਮਰਪਿਤ ਅਧਿਆਪਕਾਂ ਅਤੇ ਵਿਦਿਆਰਥਣਾਂ ਦੀ ਮਿਹਨਤ ਅਤੇ ਉਹਨਾਂ ਦੇ ਮਾਤਾ-ਪਿਤਾ ਦੇ ਸਹਿਯੋਗ ਦਾ ਨਤੀਜਾ ਹੈ, ਉਨ੍ਹਾਂ ਕਿਹਾ ਕਿ ਮਾਤਾ ਸੁੰਦਰੀ ਗਰਲਜ਼ ਕਾਲਜ ਹਮੇਸ਼ਾ ਗੁਣਵੱਤਾ ਪੂਰਨ ਸਿੱਖਿਆ, ਨਵੀਨਤਮ ਤਕਨਾਲੋਜੀ ਅਤੇ ਨੈਤਿਕ ਮੁੱਲਾ ਦੇ ਸੰਯੋਗ ਰਾਹੀਂ ਵਿਦਿਆਰਥਣਾਂ ਦਾ ਸੰਪੂਰਨ ਵਿਕਾਸ ਕਰਨ ਲਈ ਪ੍ਰਤਿਬੱਧ ਹੈ। ਕਾਲਜ ਦੇ ਪ੍ਰਿੰਸੀਪਲ ਪ੍ਰੋ. ਰਾਜ ਸਿੰਘ ਬਾਘਾ ਨੇ ਵਿਭਾਗ ਦੀਆਂ ਵਿਦਿਆਰਥਣਾਂ ਨੂੰ ਸ਼ਾਨਦਾਰ ਨਤੀਜੇ ਲਈ ਵਧਾਈ ਦਿੰਦਿਆ ਕਿਹਾ ਕਿ ਇਹ ਉਹਨਾਂ ਦੀ ਦਿਨ ਰਾਤ ਦੀ ਮਿਹਨਤ, ਸਮਰਪਣ ਅਤੇ ਅਧਿਆਪਕ ਸਾਹਿਬਾਨਾਂ ਦੀ ਸਿੱਖਿਆ ਪ੍ਰਤੀ ਲਗਨ ਦਾ ਨਤੀਜਾ ਹੈ। ਉਹਨਾਂ ਕਿਹਾ ਕਿ ਕਾਲਜ ਹਮੇਸ਼ਾ ਵਿਦਿਆਰਥਣਾਂ ਨੂੰ ਸਿਰਫ਼ ਅਕਾਦਮਿਕ ਹੀ ਨਹੀਂ, ਸਗੋਂ ਵਿਅਕਤੀਤਵ ਵਿਕਾਸ, ਰਚਨਾਤਮਕਤਾ ਅਤੇ ਪੇਸ਼ੇਵਰ ਕੰਮਾਂ ਵਿੱਚ ਅੱਗੇ ਵਧਾਉਣ ਲਈ ਪ੍ਰੇਰਿਤ ਕਰਦਾ ਹੈ, ਤਾਂ ਕਿ ਵਿਦਿਆਰਥੀ ਇਹਨਾ ਹੁਨਰਮੰਦ ਕਿੱਤਾ ਮੁੱਖੀ ਕੋਰਸ਼ਾਂ ਦਾ ਭਰਪੂਰ ਲਾਭ ਉਠਾ ਸਕਣ। ਉਨ੍ਹਾਂ ਕਿਹਾ ਕਿ ਸਾਨੂੰ ਪੂਰਨ ਆਸ ਹੈ ਕਿ ਸਾਡੇ ਵਿਦਿਆਰਥੀ ਯੂਨੀਵਰਸਿਟੀ ਮੈਰਿਟ ਵਿੱਚ ਆਪਣਾ ਸਥਾਨ ਬਣਾਉਣਗੇ।ਪੰਜਾਬੀ ਯੂਨੀਵਰਸਿਟੀ ਪਟਿਆਲਾ ਦੁਆਰਾ ਦਿੱਤੇ ਇਸ ਨਤੀਜੇ ਬਾਰੇ ਵਿਭਾਗ ਦੇ ਮੁਖੀ ਪ੍ਰੋ. ਹਰਵਿੰਦਰ ਕੌਰ ਨੇ ਦੱਸਿਆ ਕਿ ਪਹਿਲੀ ਪੁਜੀਸ਼ਨਾ ਵਿਚ ਚਾਰ ਵਿਦਿਆਰਥਣਾਂ ਕ੍ਰਮਵਾਰ ਜਸ਼ਨਦੀਪ ਕੌਰ ਪੁੱਤਰੀ ਰਛਪਾਲ ਸਿੰਘ, ਦੁਪਿੰਦਰਜੀਤ ਕੌਰ ਪੁੱਤਰੀ ਬੂਟਾ ਸਿੰਘ, ਗੁਰਮੀਤ ਕੌਰ ਪੁੱਤਰੀ ਬਲੌਰ ਸਿੰਘ, ਮਨਜੀਤ ਕੌਰ ਪੁੱਤਰੀ ਗੁਰਸੇਵਕ ਸਿੰਘ ਨੇ 95% ਨੰਬਰ ਪ੍ਰਾਪਤ ਕਰਕੇ ਮਾਪਿਆ ਸੰਸਥਾ ਅਤੇ ਮਾਪਿਆ ਦਾ ਮਾਣ ਵਧਾਇਆ ਹੈ। ਇਸ ਤੋਂ ਇਲਾਵਾਂ ਤਿੰਨ ਵਿਦਿਆਰਥਣਾਂ ਨੇ ਦੂਜੀ ਪੁਜੀਸ਼ਨ ਕ੍ਰਮਵਾਰ ਕਮਲਜੀਤ ਕੌਰ ਪੁੱਤਰੀ ਹਰਦੀਪ ਸਿੰਘ, ਰਾਣੀ ਕੌਰ ਸ਼ਾਮਲ ਸਨ।

# ਪੁਸਤਕ ਸੱਭਿਆਚਾਰ ਨਾਲੋਂ ਟੁੱਟਣਾ ਸਮਾਜ ਲਈ ਚਿੰਤਾ ਦਾ ਵਿਸ਼ਾ : ਨੀਲਕੰਠ



ਸੰਗਰੂਰ, 5 ਅਪ੍ਰੈਲ (ਹਰਕੰਵਲ ਸਿੰਘ ਹੈਪੀ) ਪੰਜਾਬ ਸਰਕਾਰ ਦੇ ਪ੍ਰਮੁੱਖ ਸਕੱਤਰ ਨੀਲਕੰਠ ਆਵਾਡ ਆਈ.ਏ.ਐਸ ਨੇ ਕਿਹਾ ਹੈ ਕਿ ਨੌਜਵਾਨ ਪੀੜ੍ਹੀ ਦਾ ਪੁਸਤਕ ਸੱਭਿਆਚਾਰ ਨਾਲੋਂ ਟੁੱਟਣਾ ਸਮਾਜ ਲਈ ਚਿੰਤਾ ਦਾ ਵਿਸ਼ਾ ਹੈ। ਸ੍ਰੀ ਆਵਾਡ ਸਾਹਿਤ ਸਦਨ ਸੰਗਰੂਰ ਵਲੋਂ ਸਥਾਨਕ ਨੈਸ਼ਨਲ ਨਰਸਿੰਗ ਕਾਲਜ ਵਿਚ ਕਰਵਾਏ ਸਾਹਿਤਕ ਸਮਾਗਮ ਨੂੰ ਸੰਬੋਧਨ ਕਰ ਰਹੇ ਸਨ। ਸ੍ਰੀਮਤੀ ਸ਼ਸੀ ਬਾਲਾ ਵਲੋਂ ਕੀਤੇ ਮੰਚ ਸੰਚਾਲਨ ਦੌਰਾਨ ਉਨ੍ਹਾਂ ਕਿਹਾ ਕਿ ਨੌਜਵਾਨ ਪੀੜ੍ਹੀ ਸੋਸ਼ਲ ਮੀਡੀਆ ਦੀ ਗੁਲਾਮ ਬਣਦੀ ਜਾ ਰਹੀ ਹੈ। ਬੁੱਧੀਜੀਵੀ ਵਰਗ ਨੂੰ ਇਸ ਸਮੱਸਿਆ ਦਾ ਹੱਲ ਲੱਭਣਾ ਪਵੇਗਾ। ਸ੍ਰੀ ਆਵਾਡ ਨੇ ਦੱਸਿਆ ਕਿ ਉਹ ਭਾਵੇਂ ਮਰਾਠੀ ਹਨ ਪਰ ਉਨ੍ਹਾਂ ਨੇ ਜਸਵੰਤ ਸਿੰਘ ਕੰਵਲ, ਅੰਮ੍ਰਿਤਾ ਪ੍ਰੀਤਮ ਸਮੇਤ ਨਾਮਵਰ ਲੇਖਕਾਂ ਦੀਆਂ ਪੁਸਤਕਾਂ ਪੜ੍ਹੀਆਂ ਹਨ। ਸੁਖਵਿੰਦਰ ਸਿੰਘ ਫੁੱਲ ਦੀ ਪਹਿਲੀ ਪੁਸਤਕ ਫ਼ਾਲਤੂ ਗੱਲ ਲੋਕ ਅਰਪਣ ਕਰਦਿਆਂ ਉਨ੍ਹਾਂ ਕਿਹਾ ਕਿ ਪੁਸਤਕ ਸੱਭਿਆਚਾਰ ਸਾਡੇ ਸਮਾਜ ਦਾ ਅਹਿਮ ਅੰਗ ਹੈ। ਉਨ੍ਹਾਂ ਫ਼ਾਲਤੂ ਗੱਲ ਵਿਚਲੇ ਗੁੰਦਵੇਂ ਨਿਬੰਧਾਂ ਦੀ ਸ਼ਲਾਘਾ ਕਰਦਿਆਂ ਵਿਦਿਆਰਥੀਆਂ ਨੂੰ ਇੱਕ ਮਹੀਨੇ ਵਿਚ ਘੱਟੋ ਘੱਟ ਇੱਕ ਸਾਹਿਤਕ ਪੁਸਤਕ ਪੜ੍ਹਨ ਦਾ ਸੱਦਾ ਦਿੱਤਾ। ਨਾਮਵਰ ਲੇਖਕ ਮੋਹਨ ਸ਼ਰਮਾ ਦੇ ਸਹਿਯੋਗ ਨਾਲ ਹੋਏ ਇਸ ਸਮਾਗਮ ਨੂੰ ਸੰਬੋਧਨ ਕਰਦਿਆਂ ਡਿਪਟੀ ਕਮਿਸ਼ਨਰ ਰਾਹੁਲ ਚਾਬਾ ਨੇ ਸ੍ਰੀ ਆਵਾਡ ਦੇ ਕਥਨ ਦੀ ਪ੍ਰੋੜ੍ਹਤਾ ਕਰਦਿਆਂ ਪੁਸਤਕ ਸੱਭਿਆਚਾਰ ਅਪਣਾਉਣ ਦਾ ਸੱਦਾ ਦਿੱਤਾ । ਸਾਹਿਤ ਸਦਨ ਦੇ ਪ੍ਰਧਾਨ ਡਾ. ਇਕਬਾਲ ਸਿੰਘ ਸਕਰੋਦੀ ਨੇ ਪੁਸਤਕ ਫਾਲਤੂ ਗੱਲ ਉੱਤੇ ਆਪਣਾ ਪਰਚਾ ਪੜ੍ਹਿਆ। ਸਾਹਿਤ ਅਕੈਡਮੀ ਪੁਰਸਕਾਰ ਵਿਜੇਤਾ ਲੇਖਕ ਡਾ. ਦਰਸ਼ਨ ਸਿੰਘ ਆਸ਼ਟ ਨੇ ਇਸ ਪੁਸਤਕ ਬਾਰੇ ਵਿਚਾਰ ਪ੍ਰਗਟ ਕੀਤੇ। ਇਸ ਤੋਂ ਪਹਿਲਾਂ ਮੋਹਨ ਸ਼ਰਮਾ ਅਤੇ ਇਸਟੀਚਿਊਟ ਦੇ ਚੇਅਰਮੈਨ ਸ਼ਿਵ ਆਰੀਆ ਨੇ ਆਏ ਮਹਿਮਾਨਾਂ ਦਾ ਸਵਾਗਤ ਕੀਤਾ। ਸਮਾਗਮ ਨੂੰ ਹੋਰਨਾਂ ਤੋਂ ਇਲਾਵਾ ਡਾ. ਹਰਕੇਸ ਸਿੰਘ ਸਿੱਧੂ ਸਾਬਕਾ ਡਿਪਟੀ ਕਮਿਸ਼ਨਰ ਸੰਗਰੂਰ, ਜਸਵੰਤ ਸਿੰਘ ਖਹਿਰਾ ਸਕੱਤਰ ਅਕਾਲ ਕਾਲਜ ਕੌਂਸਲ ਮਸਤੂਆਣਾ ਸਾਹਿਬ, ਜੀਤ ਹਰਜੀਤ, ਪ੍ਰੋ. ਮਲਕੀਤ ਖੱਟੜਾ, ਡਾ ਏ ਐਸ ਮਾਨ, ਰਾਜ ਕੁਮਾਰ ਅਰੋੜਾ, ਜਸਵਿੰਦਰ ਸਿੰਘ ਪ੍ਰਿੰਸ, ਪ੍ਰਿੰ: ਚਰਨਜੀਤ ਕੌਰ ਪਟਿਆਲਾ, ਨੂਰ ਮੁਹੰਮਦ ਨੂਰ, ਤੇਜਾ ਸਿੰਘ ਤਿਲਕ ਬਰਨਾਲਾ, ਅਤੇ ਹੋਰਨਾਂ ਨੇ ਮੰਚ ਤੋਂ ਸੰਬੋਧਨ ਕੀਤਾ

# ਰੋਟਰੀ ਕਲੱਬ ਨੇ 2027-28 ਲਈ ਰਾਈਟਨ ਰਾਜਨ ਸਿੰਗਲਾ ਨੂੰ ਪ੍ਰਧਾਨ ਚੁਣਿਆ



ਸੁਨਾਮ, 5 ਅਪ੍ਰੈਲ,( ਮੋਹਣ ਸ਼ਰਮਾ/ਰਾਊਵਰਿੰਦਰ ਮਠਾੜੂ) : ਰੋਟਰੀ ਕਲੱਬ ਸੁਨਾਮ ਲਈ ਇੱਕ ਮਾਣਮੱਤੇ ਅਤੇ ਮਹੱਤਵਪੂਰਨ ਪਲ ਵਿੱਚ, ਰਾਜਨ ਸਿੰਗਲਾ ਨੂੰ ਰੋਟਰੀ ਸਾਲ 2027-28 ਲਈ ਸਰਬਸੰਮਤੀ ਨਾਲ ਪ੍ਰਧਾਨ ਚੁਣਿਆ ਗਿਆ ਹੈ। ਨਾਮਜ਼ਦਗੀਆਂ ਭਰਨ ਦੀ ਆਖਰੀ ਮਿਤੀ 4 ਅਪ੍ਰੈਲ, 2026 ਸੀ; ਹਾਲਾਂਕਿ, ਕਿਸੇ ਹੋਰ ਮੈਂਬਰ ਨੇ ਨਾਮਜ਼ਦਗੀ ਪੱਤਰ ਦਾਖਲ ਨਹੀਂ ਕੀਤੇ, ਜਿਸਦੇ ਨਤੀਜੇ ਵਜੋਂ ਉਨ੍ਹਾਂ ਦੀ ਬਿਨਾਂ ਵਿਰੋਧ ਅਤੇ ਸਰਬਸੰਮਤੀ ਨਾਲ ਚੋਣ ਹੋਈ।ਇਹ ਸਰਬਸੰਮਤੀ ਵਾਲਾ ਫੈਸਲਾ ਕਲੱਬ ਦੇ ਮੈਂਬਰਾਂ ਵਿੱਚ ਰਾਜਨ ਸਿੰਗਲਾ ਦੇ ਡੂੰਘੇ ਵਿਸ਼ਵਾਸ, ਸਤਿਕਾਰ ਅਤੇ ਪ੍ਰਸ਼ੰਸਾ ਨੂੰ ਦਰਸਾਉਂਦਾ ਹੈ। ਆਪਣੇ ਨਿਮਰ ਸੁਭਾਅ ਅਤੇ ਸੇਵਾ ਪ੍ਰਤੀ ਸਮਰਪਣ ਲਈ ਜਾਣੇ ਜਾਂਦੇ, ਉਨ੍ਹਾਂ ਦੀ ਅਗਵਾਈ ਤੋਂ ਕਲੱਬ ਦੀ ਸਮਾਜ ਭਲਾਈ ਪ੍ਰਤੀ ਵਚਨਬੱਧਤਾ ਨੂੰ ਹੋਰ ਮਜ਼ਬੂਤ ਕਰਨ ਦੀ ਉਮੀਦ ਹੈ।ਇਸ ਪ੍ਰਾਪਤੀ ਤੋਂ ਬਾਅਦ, ਪੰਜਾਬ ਦੇ ਕੈਬਨਿਟ ਮੰਤਰੀ ਸ਼੍ਰੀ ਅਮਨ ਅਰੋੜਾ ਨੇ ਨਵੇਂ ਚੁਣੇ ਗਏ ਪ੍ਰਧਾਨ ਅਤੇ ਉਨ੍ਹਾਂ ਦੀ ਟੀਮ ਨੂੰ ਉਨ੍ਹਾਂ ਦੇ ਨਿਵਾਸ ਸਥਾਨ 'ਤੇ ਸਨਮਾਨਿਤ ਕੀਤਾ। ਇਸ ਮੌਕੇ, ਉਨ੍ਹਾਂ ਰਾਈਟਨ ਰਾਜਨ ਸਿੰਗਲਾ ਨੂੰ ਵਧਾਈ ਦਿੱਤੀ ਅਤੇ ਵਿਸ਼ਵਾਸ ਪ੍ਰਗਟ ਕੀਤਾ ਕਿ ਉਨ੍ਹਾਂ ਦੀ ਅਗਵਾਈ ਸ਼ਹਿਰ ਵਿੱਚ ਸਮਾਜ ਸੇਵਾ ਗਤੀਵਿਧੀਆਂ ਵਿੱਚ ਤਬਦੀਲੀ ਦੀ ਇੱਕ ਨਵੀਂ ਲਹਿਰ ਲਿਆਏਗੀ।ਉਨ੍ਹਾਂ ਦੀ ਸ਼ਖ਼ਸੀਅਤ ਦੀ ਪ੍ਰਸ਼ੰਸਾ ਕਰਦੇ ਹੋਏ, ਮੰਤਰੀ ਨੇ ਸਿੰਗਲਾ ਨੂੰ ਇੱਕ ਵਿਆਪਕ ਤੌਰ ਤੇ ਪਿਆਰਾ, ਦਿਆਲੂ ਅਤੇ ਨਰਮ ਬੋਲਣ ਵਾਲਾ ਵਿਅਕਤੀ ਦੱਸਿਆ ਜੋ ਹਮੇਸ਼ਾ ਦੂਜਿਆਂ ਦੇ ਖੁਸ਼ੀ ਅਤੇ ਦੁੱਖ ਦੇ ਸਮੇਂ ਵਿੱਚ ਮੌਜੂਦ ਰਹਿੰਦਾ ਹੈ। ਉਨ੍ਹਾਂ ਅੱਗੇ ਕਿਹਾ ਕਿ ਅਜਿਹੇ ਗੁਣ ਉਨ੍ਹਾਂ ਨੂੰ ਇੱਕ ਆਦਰਸ਼ ਨੇਤਾ ਬਣਾਉਂਦੇ ਹਨ ਜੋ ਰੋਟਰੀ ਕਲੱਬ ਸੁਨਾਮ ਨੂੰ ਹੋਰ ਉਚਾਈਆਂ ਤੇ ਲੈ ਜਾਵੇਗਾ। ਰਾਜਨ ਸਿੰਗਲਾ ਨੂੰ ਦਿਲੋਂ ਵਧਾਈਆਂ ਦਿੱਤੀਆਂ ਗਈਆਂ ਹਨ, ਉਨ੍ਹਾਂ ਦੇ ਸਫਲ ਅਤੇ ਪ੍ਰਭਾਵਸ਼ਾਲੀ ਕਾਰਜਕਾਲ ਲਈ ਸ਼ੁਭਕਾਮਨਾਵਾਂ ਦਿੱਤੀਆਂ ਗਈਆਂ ਹਨ।

# ਬਠਿੰਡਾ ਦੇ ਸੀਵਰੇਜ ਤੇ ਪਾਣੀ ਦੀ ਸਪਲਾਈ ਹੁਣ ਨਿੱਜੀ ਹੱਥਾਂ 'ਚ 63 ਕਰੋੜ ਦਾ ਪ੍ਰੋਜੈਕਟ ਤੇ ਤਿੰਨ ਸਾਲ ਦਾ ਕਰਾਰ



ਬਠਿੰਡਾ, 5 ਅਪ੍ਰੈਲ (ਦੀਪਕ ਸ਼ਰਮਾ) ਕੀ ਬਠਿੰਡਾ ਸ਼ਹਿਰ ਨੂੰ ਸੀਵਰੇਜ ਦੇ ਓਵਰਫਲੋਅ ਅਤੇ ਪੀਣ ਵਾਲੇ ਪਾਣੀ ਦੀ ਕਿੱਲਤ ਤੋਂ ਨਿਜਾਤ ਮਿਲ ਸਕੇਗੀ ? ਇਹ ਸਵਾਲ ਇੱਕ ਵਾਰ ਫਿਰ ਸ਼ਹਿਰ ਦੀਆਂ ਗਲੀਆਂ ਵਿੱਚ ਗੂੰਜਣ ਲੱਗਾ ਹੈ, ਕਿਉਂਕਿ ਨਗਰ ਨਿਗਮ ਨੇ ਸ਼ਹਿਰ ਦੀ ਸੀਵਰੇਜ ਅਤੇ ਵਾਟਰ ਸਪਲਾਈ ਪ੍ਰਣਾਲੀ ਦੀ ਸਾਂਭ-ਸੰਭਾਲ ਦਾ ਜ਼ਿੰਮਾ ਇੱਕ ਵਾਰ ਫਿਰ ਨਿੱਜੀ ਹੱਥਾਂ ਵਿੱਚ ਸੌਂਪ ਦਿੱਤਾ ਹੈ। ਲੰਬੇ ਸਮੇਂ ਤੋਂ ਚੱਲ ਰਹੀ ਖਿੱਚੋਤਾਣ ਅਤੇ ਕੌਂਸਲਰਾਂ ਦੇ ਤਿੱਖੇ ਵਿਰੋਧ ਦੇ ਬਾਵਜੂਦ, ਨਿਗਮ ਦੀ ਐਫ.ਐਂਡ.ਸੀ.ਸੀ. (ਵਿੱਤ ਅਤੇ ਠੇਕਾ ਕਮੇਟੀ) ਨੇ ਲਗਭਗ 63 ਕਰੋੜ ਰੁਪਏ ਦੇ ਪ੍ਰੋਜੈਕਟ ਨੂੰ ਹਰੀ ਝੰਡੀ ਦੇ ਦਿੱਤੀ ਹੈ।ਇਹ ਫ਼ੈਸਲਾ ਉਸ ਵੇਲੇ ਲਿਆ ਗਿਆ ਹੈ ਜਦੋਂ ਪਿਛਲੇ ਦਸ ਸਾਲਾਂ ਤੋਂ ਇਸ ਕੰਮ ਨੂੰ ਦੇਖ ਰਹੀ ਤ੍ਰਿਵੇਣੀ ਕੰਪਨੀ ਦਾ ਕਰਾਰ ਖ਼ਤਮ ਹੋ ਚੁੱਕਾ ਸੀ। ਨਵੀਂ ਟੈਂਡਰ ਪ੍ਰਕਿਰਿਆ ਵਿੱਚ ਤਿੰਨ ਕੰਪਨੀਆਂ ਨੇ ਆਪਣੀ ਦਾਅਵੇਦਾਰੀ ਪੇਸ਼ ਕੀਤੀ ਸੀ। ਸ਼ੁਰੂਆਤੀ ਦੌਰ ਵਿੱਚ ਕੰਪਨੀਆਂ ਵੱਲੋਂ ਮੰਗੇ ਗਏ ਰੇਟ ਨਿਗਮ ਦੇ ਅੰਦਾਜ਼ੇ ਤੋਂ ਕਿਤੇ ਜ਼ਿਆਦਾ ਸਨ, ਜਿਸ ਕਾਰਨ ਪਹਿਲਾ ਟੈਂਡਰ ਰੱਦ ਕਰਨਾ ਪਿਆ। ਹਾਲਾਂਕਿ, ਦੂਜੀ ਵਾਰ ਜਦੋਂ ਟੈਂਡਰ ਜਾਰੀ ਹੋਇਆ ਤਾਂ ਮੁਕਾਬਲਾ ਵਧਿਆ ਅਤੇ ਇੰਦਰਜੀਤ ਬਜਾਜ ਐਂਡ ਐਸੋਸੀਏਟਸ ਨੇ ਨਿਗਮ ਦੇ ਅੰਦਾਜ਼ੇ ਦੇ ਬਿਲਕੁਲ ਕਰੀਬ (ਲਗਭਗ 63.75 ਕਰੋੜ) ਦੀ ਬੋਲੀ ਲਗਾ ਕੇ ਇਸ ਕੰਮ ਨੂੰ ਹਾਸਲ ਕਰ ਲਿਆ ਹੈ। ਉਮੀਦ ਜਤਾਈ ਜਾ ਰਹੀ ਹੈ ਕਿ ਅਗਲੇ ਇੱਕ ਹਫ਼ਤੇ ਦੇ ਅੰਦਰ ਕੰਪਨੀ ਨੂੰ ਵਰਕ ਆਰਡਰ ਜਾਰੀ ਕਰ ਦਿੱਤਾ ਜਾਵੇਗਾ।ਦਿਲਚਸਪ ਗੱਲ ਇਹ ਹੈ ਕਿ ਨਿਗਮ ਦੇ ਕਈ ਪਾਰਸ਼ਦ ਪਿਛਲੇ ਇੱਕ ਦਹਾਕੇ ਤੋਂ ਇਸ ਕੰਮ ਨੂੰ ਨਿੱਜੀ ਕੰਪਨੀਆਂ ਨੂੰ ਦੇਣ ਦਾ ਵਿਰੋਧ ਕਰਦੇ ਆ ਰਹੇ ਹਨ। ਹਾਊਸ ਦੀਆਂ ਮੀਟਿੰਗਾਂ ਵਿੱਚ ਕਈ ਵਾਰ ਇਹ ਮੰਗ ਉੱਠੀ ਕਿ ਇਹ ਕੰਮ ਨਿਗਮ ਖ਼ੁਦ ਜਾਂ ਸੀਵਰੇਜ ਬੋਰਡ ਰਾਹੀਂ ਕਰਵਾਏ ਤਾਂ ਜੋ ਪਾਰਦਰਸ਼ਤਾ ਬਣੀ ਰਹੇ। ਪਰ ਨਿਗਮ ਪ੍ਰਸ਼ਾਸਨ ਦਾ ਤਰਕ ਹੈ ਕਿ ਆਧੁਨਿਕ ਮਸ਼ੀਨਰੀ ਅਤੇ ਤਕਨੀਕੀ ਮਾਹਿਰਾਂ ਦੀ ਕਮੀ ਕਾਰਨ ਨਿੱਜੀ ਏਜੰਸੀ ਹੀ ਬਿਹਤਰ ਸੇਵਾਵਾਂ ਦੇ ਸਕਦੀ ਹੈ। ਹੁਣ ਨਿਗਮ ਦਾ ਪੂਰਾ ਜ਼ੋਰ ਇਸ ਗੱਲ ਤੇ ਹੈ ਕਿ ਕੰਪਨੀ ਦੀ ਕਾਰਗੁਜ਼ਾਰੀ ਤੇ ਸਖ਼ਤ ਨਜ਼ਰ ਰੱਖੀ ਜਾਵੇ ਤਾਂ ਜੋ ਬਰਸਾਤ ਦੇ ਦਿਨਾਂ ਵਿੱਚ ਸ਼ਹਿਰ ਵਾਸੀਆਂ ਨੂੰ ਸੜਕਾਂ ਤੇ ਖੜ੍ਹੇ ਪਾਣੀ ਅਤੇ ਗੰਦੇ ਸੀਵਰੇਜ ਦੀ ਸਮੱਸਿਆ ਤੋਂ ਦੋ-ਚਾਰ ਨਾ ਹੋਣਾ ਪਵੇ। ਅਗਲੇ ਤਿੰਨ ਸਾਲਾਂ ਲਈ ਹੋ ਰਿਹਾ ਇਹ ਕਰਾਰ ਕੀ ਬਠਿੰਡਾ ਦੀ ਨੁਹਾਰ ਬਦਲੇਗਾ ਜਾਂ ਫਿਰ ਪੁਰਾਣੀਆਂ ਸ਼ਿਕਾਇਤਾਂ ਦਾ ਦੌਰ ਜਾਰੀ ਰਹੇਗਾ, ਇਹ ਤਾਂ ਆਉਣ ਵਾਲਾ ਵਕਤ ਹੀ ਦੱਸੇਗਾ।ਦੂਜੇ ਪਾਸੇ ਨਿਗਮ ਅਧਿਕਾਰੀਆਂ ਅਨੁਸਾਰ ਇਸ ਵਾਰ ਸਿਰਫ਼ ਰੇਟ ਹੀ ਨਹੀਂ, ਬਲਕਿ ਕੰਪਨੀ ਦੀ ਤਕਨੀਕੀ ਸਮਰੱਥਾ ਨੂੰ ਵੀ ਆਧਾਰ ਬਣਾਇਆ ਗਿਆ ਹੈ। ਕੰਪਨੀ ਨੂੰ ਸਪਸ਼ਟ ਹਦਾਇਤਾਂ ਦਿੱਤੀਆਂ ਜਾਣਗੀਆਂ ਕਿ ਸੀਵਰੇਜ ਜਾਮ ਅਤੇ ਪਾਈਪਲਾਈਨ ਲੀਕੇਜ ਵਰਗੀਆਂ ਸ਼ਿਕਾਇਤਾਂ ਦਾ ਨਿਪਟਾਰਾ ਪਹਿਲ ਦੇ ਅਧਾਰ ਤੇ ਕੀਤਾ ਜਾਵੇ। ਲਾਪਰਵਾਹੀ ਪਾਏ ਜਾਣ ਤੇ ਸਖ਼ਤ ਜੁਰਮਾਨੇ ਅਤੇ ਕਾਨੂੰਨੀ ਕਾਰਵਾਈ ਦੀ ਸ਼ਰਤ ਵੀ ਰੱਖੀ ਗਈ ਹੈ ਤਾਂ ਜੋ ਜਨਤਾ ਦੇ ਪੈਸੇ ਦੀ ਸਹੀ ਵਰਤੋਂ ਯਕੀਨੀ ਬਣਾਈ ਜਾ ਸਕੇ।

# ਦਿੜ੍ਹਬਾ-ਕੌਹਰੀਆਂ ਰੋਡ 'ਤੇ 50 ਲੱਖ ਦੀ ਲਾਗਤ ਨਾਲ ਲਾਈਟਾਂ ਲਗਾਉਣ ਦੀ ਸ਼ੁਰੂਆਤ



ਦਿੜ੍ਹਬਾ ਮੰਡੀ 5 ਅਪ੍ਰੈਲ (ਸੁਖਵਿੰਦਰ ਸਿੰਘ ਵਿਰਕ )ਕੈਬਨਿਟ ਮੰਤਰੀ ਸ੍ਰ. ਹਰਪਾਲ ਸਿੰਘ ਚੀਮਾ ਦੀ ਅਗਵਾਈ ਵਿੱਚ ਦਿੜ੍ਹਬਾ-ਕੌਹਰੀਆਂ ਰੋਡ ਤੇ ਕਰੀਬ 50 ਲੱਖ ਦੀ ਲਾਗਤ ਨਾਲ ਲਾਈਟਾਂ ਲਾਉਣ ਦੀ ਸ਼ੁਰੂਆਤ ਉਹਨਾਂ ਦੇ ਓਐਸਡੀ ਤਪਿੰਦਰ ਸਿੰਘ ਸੋਹੀ ਵੱਲੋਂ ਕਰਵਾਈ ਗਈ।ਇਸ ਮੌਕੇ ਗੱਲਬਾਤ ਕਰਦੇ ਹੋਏ ਸ੍ਰ. ਸੋਹੀ ਨੇ ਕਿਹਾ ਕਿ ਦਿੜ੍ਹਬਾ ਸ਼ਹਿਰ ਨੂੰ ਸੁੰਦਰ ਅਤੇ ਸੁਰੱਖਿਅਤ ਬਣਾਉਣ ਦੀ ਜ਼ਿੰਮੇਵਾਰੀ ਚੁੱਕੀ ਗਈ ਹੈ। ਇਸ ਤਹਿਤ ਹੀ ਦਿੜ੍ਹਬਾ-ਕੌਹਰੀਆਂ ਰੋਡ ਉੱਤੇ ਨਵੀਂ ਕਿਸਮ ਦੀਆਂ ਐੱਲ.ਈ.ਡੀ. ਲਾਈਟਾਂ ਲਗਾਉਣ ਦਾ ਕੰਮ ਸ਼ੁਰੂ ਹੋ ਚੁੱਕਾ ਹੈ। ਇਹਨਾਂ ਲਾਈਟਾਂ ਦੇ ਲਗਾਉਣ ਲਈ ਕਰੀਬ 50 ਲੱਖ ਦੀ ਰਾਸ਼ੀ ਖਰਚ ਹੋ ਰਹੀ ਹੈ। ਸ਼ਹਿਰ ਵਾਸੀਆਂ ਦੀ ਲੰਮੇ ਸਮੇਂ ਤੋਂ ਮੰਗ ਸੀ ਕਿ ਸ਼ਹਿਰ ਵਿੱਚ ਰਾਤ ਵੇਲੇ ਦੁਕਾਨਾਂ ਉੱਤੇ ਚੋਰੀਆਂ ਹੋਣ ਦਾ ਡਰ ਰਹਿੰਦਾ ਸੀ ਤੇ ਇਸ ਲਈ ਲਾਈਟਾਂ ਲਾਈਆਂ ਜਾਣ। ਸ਼ਹਿਰ ਵਾਸੀਆਂ ਦੀ ਮੁਸ਼ਕਿਲ ਨੂੰ ਮੁੱਖ ਰੱਖਦੇ ਹੋਏ ਸ਼ਹਿਰ ਤੋਂ ਇਕ ਕਿਲੋਮੀਟਰ ਦੀ ਦੂਰੀ ਤੱਕ ਇਹਨਾਂ ਲਾਈਟਾਂ ਦਾ ਪ੍ਰਬੰਧ ਕੀਤਾ ਗਿਆ ਹੈ, ਜੋ ਕਿ ਧੁੰਦ ਦੇ ਸਮੇਂ ਵੀ ਕੰਮ ਕਰਨਗੀਆਂ। ਇਹਨਾਂ ਲਾਈਟਾਂ ਦੇ ਚਾਲੂ ਹੋਣ ਨਾਲ ਜਿੱਥੇ ਸ਼ਹਿਰ ਦੀ ਸੁੰਦਰਤਾ ਵਿੱਚ ਵਾਧਾ ਹੋਵੇਗਾ, ਉੱਥੇ ਸ਼ਹਿਰ ਵਾਸੀਆਂ ਦੀ ਰਾਤ ਨੂੰ ਸੁਰੱਖਿਆ ਵੀ ਵਧੇਗੀ।ਨਗਰ ਪੰਚਾਇਤ ਦੇ ਪ੍ਰਧਾਨ ਮਨਿੰਦਰ ਸਿੰਘ ਘੁਮਾਣ ਅਤੇ ਸ਼ਹਿਰੀ ਪ੍ਰਧਾਨ ਧਰਮਪਾਲ ਗਰਗ ਨੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਦਾ ਧੰਨਵਾਦ ਕੀਤਾ

# ਮੋਟਰਾਂ ਦੀਆਂ ਤਾਰਾਂ ਲਗਾਤਾਰ ਹੋ ਰਹੀਆਂ ਨੇ ਗਾਇਬ



ਰਾਮਪੁਰਾ ਫੂਲ, 5 ਅਪ੍ਰੈਲ (ਚ.ਨ.ਸ..): ਸਥਾਨਕ ਇਲਾਕੇ ਦੇ ਪਿੰਡ ਭੂੰਦੜ ਦੇ ਖੇਤਾਂ ਵਿਚੋ ਚੋਰਾਂ ਵੱਲੋਂ ਮੋਟਰਾਂ ਦੀਆਂ ਤਾਰਾਂ ਚੋਰੀ ਕੀਤੇ ਜਾਣ ਦੀ ਖਬਰ ਹੈ, ਜਿਸਤੋਂ ਕਿਸਾਨ ਡਾਢੇ ਪ੍ਰੇਸ਼ਾਨ ਹਨ। ਇਸ ਸਬੰਧੀ ਜਾਣਕਾਰੀ ਦਿੰਦਿਆਂ ਕਿਸਾਨ ਆਗੂ ਅੰਮ੍ਰਿਤ ਸਿੰਘ ਭੂੰਦੜ ਨੇ ਕਿਹਾ ਕਿ ਚੋਰਾਂ ਨੇ ਕਿਸਾਨਾਂ ਦਾ ਜਿਉਣਾ ਹਰਾਮ ਕੀਤਾ ਹੋਇਆ ਹੈ ਪਰ ਵਾਰ ਵਾਰ ਸ਼ਿਕਾਇਤ ਕਰਨ 'ਤੇ ਵੀ ਹਾਲੇ ਤਕ ਪੁਲਿਸ ਵੱਲੋਂ ਚੋਰਾਂ ਵਿਰੁੱਧ ਕੋਈ ਪ੍ਰਭਾਵਸ਼ਾਲੀ ਕਾਰਵਾਈ ਅਮਲ ਵਿਚ ਨਹੀਂ ਲਿਆਂਦੀ ਗਈ।ਉਨ੍ਹਾਂ ਮੰਗ ਕੀਤੀ ਕਿ ਚੋਰਾਂ ਨੂੰ ਗ੍ਰਿਫਤਾਰ ਕਰਕੇ ਮੋਟਰਾਂ ਦੀਆਂ ਲੱਥੀਆਂ ਕੇਬਲਾਂ ਕਿਸਾਨਾਂ ਨੂੰ ਵਾਪਸ ਕੀਤੀਆਂ ਜਾਣ। ਇਸ ਮੌਕੇ ਉਨ੍ਹਾਂ ਨਾਲ ਦਰਜਨ ਦੇ ਕਰੀਬ ਪੀੜਤ ਕਿਸਾਨ ਹਾਜਰ ਸਨ।



# ਪਟਿਆਲਾ-ਆਸ/ਪਾਸ



## ਵਪਾਰੀਆਂ ਦੇ ਮਸਲਿਆਂ ਦੇ ਤੁਰੰਤ ਨਿਪਟਾਰੇ ਲਈ ਡੀ.ਸੀ. ਦਾ ਵੱਡਾ ਕਦਮ

### ਪਟਿਆਲਾ ਪ੍ਰਸ਼ਾਸਨ ਵਪਾਰੀਆਂ ਦੇ ਨਾਲ : ਵਰਜੀਤ ਵਾਲੀਆ



ਪਟਿਆਲਾ, 5 ਅਪ੍ਰੈਲ (ਰੁਪਾਣਾ) : ਪੰਜਾਬ ਰਾਜ ਵਿਚ ਟ੍ਰੇਡਰਜ਼ ਕਮਿਸ਼ਨ ਦੀਆਂ ਐਸ ਡੀ ਐਮ ਪੱਧਰ 'ਤੇ ਜ਼ਿਲ੍ਹਾ / ਹਲਕਾ ਪਧਰੀ ਮੀਟਿੰਗਾਂ ਵਿਚ ਪ੍ਰਾਪਤ ਸ਼ਿਕਾਇਤਾਂ ਸਬੰਧੀ ਪਟਿਆਲਾ ਦੇ ਡਿਪਟੀ ਕਮਿਸ਼ਨਰ ਵਰਜੀਤ ਵਾਲੀਆ ਅਤੇ ਐਸ ਐਸ ਪੀ ਵਰੁਣ ਸ਼ਰਮਾ ਨੇ ਟ੍ਰੇਡਰਜ਼ ਕਮਿਸ਼ਨ ਅਤੇ ਵਪਾਰੀ ਐਸੋਸੀਏਸ਼ਨਾਂ ਨਾਲ ਸੰਬੰਧਿਤ ਮਸਲਿਆਂ ਦੇ ਤੁਰੰਤ ਅਤੇ ਪ੍ਰਭਾਵਸ਼ਾਲੀ ਨਿਪਟਾਰੇ ਲਈ ਜ਼ਿਲ੍ਹਾ ਅਤੇ ਹਲਕਾ ਪੱਧਰੀ ਵਿਸ਼ੇਸ਼ ਮੀਟਿੰਗ ਬੁਲਾਈ। ਉਨ੍ਹਾਂ ਨੇ ਸਪੱਸ਼ਟ ਕੀਤਾ ਕਿ ਵਪਾਰੀਆਂ ਦੀਆਂ ਜਾਇਜ਼ ਮੰਗਾਂ ਨੂੰ ਅਣਡਿੱਠਾ ਨਹੀਂ ਕੀਤਾ ਜਾਵੇਗਾ ਅਤੇ ਪ੍ਰਸ਼ਾਸਨ ਉਨ੍ਹਾਂ ਦੇ ਹਰ ਮਸਲੇ ਦਾ ਹੱਲ ਨਿਰਧਾਰਿਤ ਸਮੇਂ ਵਿੱਚ ਯਕੀਨੀ ਬਣਾਵੇਗਾ। ਮੀਟਿੰਗ ਦੌਰਾਨ ਵੱਖ-ਵੱਖ ਵਪਾਰੀਆਂ ਅਤੇ ਟ੍ਰੇਡ ਐਸੋਸੀਏਸ਼ਨਾਂ ਦੇ ਪ੍ਰਤੀਨਿਧੀਆਂ ਵੱਲੋਂ ਆਪਣੀਆਂ ਸ਼ਿਕਾਇਤਾਂ ਅਤੇ ਮੰਗਾਂ ਡਿਪਟੀ ਕਮਿਸ਼ਨਰ ਦੇ ਸਾਹਮਣੇ ਰੱਖੀਆਂ ਗਈਆਂ। ਇਹ ਸ਼ਿਕਾਇਤਾਂ ਮੁੱਖ ਤੌਰ 'ਤੇ ਵਪਾਰਕ ਸਹੂਲਤਾਂ, ਪ੍ਰਸ਼ਾਸਕੀ ਕਾਰਵਾਈਆਂ, ਸੁਰੱਖਿਆ ਪ੍ਰਬੰਧਾਂ ਅਤੇ ਹੋਰ ਸਥਾਨਕ ਮਸਲਿਆਂ ਨਾਲ ਸੰਬੰਧਿਤ ਸਨ।ਮੀਟਿੰਗ ਦੌਰਾਨ ਏ ਡੀ ਸੀ (ਜ) ਸ੍ਰੀਮਤੀ ਸਿਮਰਪ੍ਰੀਤ ਕੌਰ, ਸ੍ਰੀਮਤੀ ਨਵਰੀਤ ਕੌਰ ਸੇਖੋਂ,ਐਸ.ਡੀ.ਐਮਜ਼ ਸ੍ਰੀਮਤੀ ਹਰਜੋਤ ਕੌਰ, ਨਮਨ ਮਰਕਨ, ਐਸ.ਐਸ.ਪੀ. ਵੈਭਵ ਚੌਧਰੀ ਅਤੇ ਹੋਰ ਸੰਬੰਧਿਤ ਵਿਭਾਗਾਂ ਦੇ ਅਧਿਕਾਰੀ ਵੀ ਮੌਜੂਦ ਸਨ। ਸਾਰੇ ਅਧਿਕਾਰੀਆਂ ਨੇ ਵਪਾਰੀਆਂ ਦੀਆਂ ਗੱਲਾਂ ਨੂੰ ਧਿਆਨ ਨਾਲ ਸੁਣਿਆ ਅਤੇ ਉਨ੍ਹਾਂ ਦੇ ਹੱਲ ਲਈ ਆਪਣੀ-ਆਪਣੀ ਜ਼ਿੰਮੇਵਾਰੀ ਅਨੁਸਾਰ ਸਹਿਯੋਗ ਦਾ ਭਰੋਸਾ ਦਿਵਾਇਆ। ਡਿਪਟੀ ਕਮਿਸ਼ਨਰ ਵਰਜੀਤ ਵਾਲੀਆ ਨੇ ਕਿਹਾ ਕਿ ਜ਼ਿਲ੍ਹਾ ਪ੍ਰਸ਼ਾਸਨ ਵਪਾਰੀਆਂ ਦੀਆਂ ਸਮੱਸਿਆਵਾਂ ਦੇ ਹੱਲ ਲਈ ਪੂਰੀ ਤਰ੍ਹਾਂ ਵਚਨਬੱਧ ਹੈ। ਉਨ੍ਹਾਂ ਨੇ ਦੱਸਿਆ ਕਿ ਵਪਾਰੀਆਂ ਨੂੰ ਦਰਪੇਸ਼ ਮੁਸ਼ਕਲਾਂ ਨੂੰ ਸਮੇਂ ਸਿਰ ਦੂਰ ਕਰਨਾ ਪ੍ਰਸ਼ਾਸਨ ਦੀ ਪ੍ਰਾਥਮਿਕਤਾ ਹੈ, ਕਿਉਂਕਿ ਵਪਾਰ ਅਤੇ ਉਦਯੋਗ ਜ਼ਿਲ੍ਹੇ ਦੀ ਆਰਥਿਕਤਾ ਦੇ ਮਹੱਤਵਪੂਰਨ ਹਿੱਸੇ ਹਨ। ਮੀਟਿੰਗ ਦੌਰਾਨ ਕੁਝ ਸ਼ਿਕਾਇਤਾਂ ਦਾ ਮੌਕੇ 'ਤੇ ਹੀ ਨਿਪਟਾਰਾ ਕਰ ਦਿੱਤਾ ਗਿਆ, ਜਿਸ ਨਾਲ ਵਪਾਰੀਆਂ ਵਿੱਚ ਸੰਤੁਸ਼ਟੀ ਦਾ ਮਾਹੌਲ ਦੇਖਣ ਨੂੰ ਮਿਲਿਆ। ਬਾਕੀ ਰਹਿ ਗਈਆਂ ਸ਼ਿਕਾਇਤਾਂ ਲਈ ਸੰਬੰਧਿਤ ਵਿਭਾਗਾਂ ਦੇ ਅਧਿਕਾਰੀਆਂ ਨੂੰ ਤੁਰੰਤ ਕਾਰਵਾਈ ਕਰਨ ਦੇ ਨਿਰਦੇਸ਼ ਜਾਰੀ ਕੀਤੇ ਗਏ। ਡਿਪਟੀ ਕਮਿਸ਼ਨਰ ਨੇ ਸਪੱਸ਼ਟ ਕੀਤਾ ਕਿ ਹਰ ਇਕ ਮਸਲੇ ਦੀ ਨਿਗਰਾਨੀ ਕੀਤੀ ਜਾਵੇਗੀ ਅਤੇ ਨਿਰਧਾਰਿਤ ਸਮੇਂ ਵਿੱਚ ਉਨ੍ਹਾਂ ਦਾ ਹੱਲ ਯਕੀਨੀ ਬਣਾਇਆ ਜਾਵੇਗਾ। ਉਨ੍ਹਾਂ ਨੇ ਵਪਾਰੀਆਂ ਨੂੰ ਅਪੀਲ ਕੀਤੀ ਕਿ ਉਹ ਆਪਣੇ ਮਸਲੇ ਸਿੱਧੇ ਪ੍ਰਸ਼ਾਸਨ ਦੇ ਧਿਆਨ ਵਿੱਚ ਲਿਆਉਣ, ਤਾਂ ਜੋ ਉਨ੍ਹਾਂ ਦਾ ਜਲਦੀ ਅਤੇ ਢੰਗ ਨਾਲ ਹੱਲ ਕੀਤਾ ਜਾ ਸਕੇ। ਇਸਦੇ ਨਾਲ ਹੀ ਉਨ੍ਹਾਂ ਨੇ ਅਧਿਕਾਰੀਆਂ ਨੂੰ ਵੀ ਨਿਰਦੇਸ਼ ਦਿੱਤੇ ਕਿ ਉਹ ਲੋਕਾਂ ਨਾਲ ਸੰਪਰਕ ਬਣਾਈ ਰੱਖਣ ਅਤੇ ਉਨ੍ਹਾਂ ਦੀਆਂ ਸਮੱਸਿਆਵਾਂ ਨੂੰ ਸੰਵੇਦਨਸ਼ੀਲਤਾ ਨਾਲ ਹੱਲ ਕਰਨ। ਮੀਟਿੰਗ ਦੇ ਅੰਤ ਵਿੱਚ ਵਪਾਰੀਆਂ ਨੇ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਕੀਤੇ ਗਏ ਇਸ ਉਪਰਾਲੇ ਦੀ ਸਰਾਹਨਾ ਕੀਤੀ ਅਤੇ ਭਰੋਸਾ ਜਤਾਇਆ ਕਿ ਇਸ ਤਰ੍ਹਾਂ ਦੀਆਂ ਮੀਟਿੰਗਾਂ ਨਾਲ ਉਨ੍ਹਾਂ ਦੀਆਂ ਸਮੱਸਿਆਵਾਂ ਦਾ ਨਿਪਟਾਰਾ ਹੋਰ ਤੇਜ਼ੀ ਨਾਲ ਹੋਵੇਗਾ। ਇਸ ਮੌਕੇ ਮੈਂਬਰ ਪੰਜਾਬ ਸਟੇਟ ਟ੍ਰੇਡਰਜ਼ ਕਮਿਸ਼ਨ ਸ੍ਰੀ ਸੰਜੀਵ ਗੁਪਤਾ, ਜ਼ਿਲ੍ਹਾ ਪਟਿਆਲਾ ਚੇਅਰਪਰਸਨ ਵਿਨੋਦ ਕੁਮਾਰ ਸਿੰਗਲਾ , ਵਾਈਸ ਚੇਅਰਪਰਸਨ ਸ੍ਰੀ ਗੁਰਪ੍ਰੀਤ ਸਿੰਘ ਧਮੋਲੀ , ਰਾਜੇਸ਼ ਛਾਬੜਾ, ਪੁਨੀਤ ਬੁਧਰੀਜਾ, ਚਰਨਜੀਤ ਸਿੰਘ ਐਸ ਕੇ, ਭੁਪਿੰਦਰ ਕੌਸ਼ਲ, ਗੁਰਪ੍ਰੀਤ ਮਨੰਨ, ਦੁਰਗਾ ਦਾਸ ਸਿੰਗਲਾ, ਵੇਦ ਪ੍ਰਕਾਸ਼, ਟਿੰਕੂ ਬਾਂਸਲ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਵਪਾਰੀ ਐਸੋਸੀਏਸ਼ਨ ਦੇ ਨੁਮਾਇੰਦੇ ਮੌਜੂਦ ਸਨ।

## ਨੌਵੇਂ ਪਾਤਸ਼ਾਹ ਜੀ ਦੇ ਪ੍ਰਕਾਸ਼ ਪੁਰਬ ਨੂੰ ਸਮਰਪਿਤ ਗੁਰਦੁਆਰਾ ਮੋਤੀ ਬਾਗ ਸਾਹਿਬ ਵਿਖੇ ਸਮਾਗਮ ਆਰੰਭ

### ਸ੍ਰੀ ਅਖੰਡ ਪਾਠ ਸਾਹਿਬ ਨਾਲ ਹੋਈ ਧਾਰਮਿਕ ਸਮਾਗਮ ਦੀ ਆਰੰਭਤਾ, ਭਲਕੇ ਸਜਾਇਆ ਜਾਵੇਗਾ ਨਗਰ ਕੀਰਤਨ : ਮੈਨੇਜਰ



ਪਟਿਆਲਾ 5 ਅਪ੍ਰੈਲ (ਰੁਪਾਣਾ) : ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਪ੍ਰਕਾਸ਼ ਗੁਰਪੁਰਬ ਨੂੰ ਸਮਰਪਿਤ ਅੱਜ ਗੁਰਦੁਆਰਾ ਸ੍ਰੀ ਮੋਤੀ ਬਾਗ ਸਾਹਿਬ ਵਿਖੇ ਧਾਰਮਿਕ ਸਮਾਗਮ ਦੀ ਆਰੰਭਤਾ ਸ੍ਰੀ ਅਖੰਡ ਪਾਠ ਸਾਹਿਬ ਨਾਲ ਕੀਤੀ। ਇਸ ਮੌਕੇ ਹੈਡ ਗ੍ਰੰਥੀ ਭਾਈ ਹਰਵਿੰਦਰ ਸਿੰਘ ਜਿੱਥੇ ਮੁੱਖ ਵਾਕ ਲਿਆ, ਉਥੇ ਹੀ ਹੈੱਡ ਗ੍ਰੰਥੀ ਭਾਈ ਪ੍ਰਨਾਮ ਸਿੰਘ ਨੇ ਸਰਬੱਤ ਦੇ ਭਲੇ ਦੀ ਅਰਦਾਸ ਕੀਤੀ। ਆਰੰਭਤਾ ਮੌਕੇ ਸਾਬਕਾ ਪ੍ਰਧਾਨ ਪ੍ਰੋ. ਕਿਰਪਾਲ ਸਿੰਘ ਬਡੂੰਗਰ, ਅੰਤ੍ਰਿੰਗ ਕਮੇਟੀ ਮੈਂਬਰ ਜਥੇਦਾਰ ਸੁਰਜੀਤ ਸਿੰਘ ਗੜ੍ਹੀ ਆਦਿ ਉਚੇਚੇ ਤੌਰ 'ਤੇ ਪੁੱਜੇ। ਇਸ ਦੌਰਾਨ ਮੈਨੇਜਰ ਭਾਗ ਸਿੰਘ ਨੇ ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਪ੍ਰਕਾਸ਼ ਗੁਰਪੁਰਬ ਨੂੰ ਸਮਰਪਤ ਧਾਰਮਕ ਸਮਾਗਮ ਦੀ ਆਰੰਭਤਾ ਮੌਕੇ ਦੱਸਿਆ ਕਿ ਗੁਰਦੁਆਰਾ ਮੋਤੀ ਬਾਗ ਸਾਹਿਬ ਵਿਖੇ ਧਾਰਮਕ ਸਮਾਗਮ ਆਰੰਭ ਹੋ ਚੁੱਕੇ ਹਨ ਅਤੇ ਭਲਕੇ 6 ਅਪ੍ਰੈਲ ਨੂੰ ਗੁਰਦੁਆਰਾ ਸ੍ਰੀ ਦੂਖਨਿਵਾਰਨ ਸਾਹਿਬ ਤੋਂ ਨਗਰ ਕੀਰਤਨ ਸਵੇਰੇ 11.00 ਵਜੇ ਆਰੰਭ ਕੀਤਾ ਜਾਵੇਗਾ, ਜੋ ਵੱਖ ਵੱਖ ਬਾਜ਼ਾਰਾਂ ਵਿਚੋਂ ਹੁੰਦਾ ਹੋਇਆ ਦੇਰ ਸ਼ਾਮ ਗੁਰਦੁਆਰਾ ਮੋਤੀ ਬਾਗ ਸਾਹਿਬ ਵਿਖੇ ਸਮਾਪਤ ਹੋਵੇਗਾ। ਉਨ੍ਹਾਂ ਦੱਸਿਆ ਕਿ 7 ਅਪ੍ਰੈਲ ਨੂੰ ਗੁਰਦੁਆਰਾ ਮੋਤੀ ਬਾਗ ਸਾਹਿਬ ਵਿਖੇ ਮਹਾਨ ਗੁਰਮਤਿ ਸਮਗਾਮ ਹੋਵੇਗਾ, ਜਿਸ ਵਿਚ ਸੱਚਖੰਡ ਸ੍ਰੀ ਦਰਬਾਰ ਸਾਹਿਬ ਦੀ ਹਜ਼ੂਰੀ ਰਾਗੀ ਕੀਰਤਨੀ ਜਥੇ ਸੰਗਤਾਂ ਨੂੰ ਗੁਰਬਾਣੀ ਕੀਰਤਨ ਨਾਲ ਨਿਹਾਲ ਕਰਨਗੇ। ਇਸ ਮੌਕੇ ਸਾਬਕਾ ਪ੍ਰਧਾਨ ਪ੍ਰੋ. ਕਿਰਪਾਲ ਸਿੰਘ ਬਡੂੰਗਰ ਨੇ ਕਿਹਾ ਕਿ ਹਰ ਸਾਲ ਦੀ ਤਰ੍ਹਾਂ ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਪ੍ਰਕਾਸ਼ ਗੁਰਪੁਰਬ ਨੂੰ ਸਮਰਪਿਤ ਸਮਾਗਮ ਆਰੰਭ ਹੋਏ ਹਨ, ਸੰਗਤਾਂ ਏਨਾਂ ਸਮਾਗਮਾਂ ਵਿਚ ਸ਼ਮੂਲੀਅਤ ਕਰਕੇ ਗੁਰੂ ਸਾਹਿਬ ਦੀ ਖੁਸ਼ੀਆਂ ਪ੍ਰਾਪਤ ਕਰੇ। ਇਸ ਮੌਕੇ ਹੋਰਨਾਂ ਤੋਂ ਇਲਾਵਾ ਸ੍ਰੀ ਗੁਰੂ ਤੇਗ ਬਹਾਦਰ ਜਥੇ ਦੇ ਪ੍ਰਧਾਨ ਪ੍ਰੇਮ ਸਿੰਘ, ਤਰਲੋਕ ਸਿੰਘ ਤੋਰਾ, ਕੰਵਲਜੀਤ ਸਿੰਘ ਗੋਨਾ, ਮੈਨੇਜਰ ਭਾਗ ਸਿੰਘ, ਮੀਤ ਮੈਨੇਜਰ ਜਸਵਿੰਦਰ ਸਿੰਘ ਤੋਂ ਇਲਾਵਾ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਅਧਿਕਾਰੀ ਅਤੇ ਸਮੂਹ ਸਟਾਫ ਮੈਂਬਰ ਆਦਿ ਸ਼ਾਮਲ ਸਨ।

## ਜਨਤਾ ਸੁਰੱਖਿਆ ਫਾਊਂਡੇਸ਼ਨ ਵੱਲੋਂ ਸੰਗਠਨ ਦਾ ਵਿਸਥਾਰ, ਰਾਕੇਸ਼ ਕੁਮਾਰ ਸੀਨੀਅਰ ਉੱਪ ਪ੍ਰਧਾਨ ਬਣੇ



ਅਮਰਗੜ੍ਹ, 5 ਅਪ੍ਰੈਲ (ਗੁਰਮੀਤ ਸਿੰਘ ਮੰਨਵੀਂ/ਲਵਦੀਪ ਮੰਨਵੀਂ) : ਜਨਤਾ ਸੁਰੱਖਿਆ ਫਾਊਂਡੇਸ਼ਨ ਆਪਣੇ ਸੰਗਠਨ ਨੂੰ ਮਜ਼ਬੂਤ ਕਰਨ ਦੇ ਉਦੇਸ਼ ਨਾਲ ਲਗਾਤਾਰ ਵਿਸਥਾਰ ਕਰ ਰਹੀ ਹੈ। ਇਸੇ ਲੜੀ ਵਿੱਚ, ਇੱਕ ਮਹੱਤਵਪੂਰਨ ਨਿਯੁਕਤੀ ਕਰਦੇ ਹੋਏ, ਸੰਗਠਨ ਨੇ ਰਾਕੇਸ਼ ਕੁਮਾਰ ਨੂੰ ਜ਼ਿਲ੍ਹਾ ਮਲੇਰਕੋਟਲਾ ਦਾ ਸੀਨੀਅਰ ਉਪ ਪ੍ਰਧਾਨ ਨਿਯੁਕਤ ਕੀਤਾ ਹੈ। ਇਹ ਨਿਯੁਕਤੀ ਸੰਗਠਨ ਦੇ ਰਾਸ਼ਟਰੀ ਪ੍ਰਧਾਨ ਮੋਹਿਤ ਵਸ਼ਿਸ਼ਟ, ਸੂਬਾ ਇੰਚਾਰਜ ਦੀਪਾਂਸ਼ੂ ਵਸ਼ਿਸ਼ਟ ਅਤੇ ਜ਼ਿਲ੍ਹਾ ਪ੍ਰਧਾਨ ਵਿਜੇ ਕੁਮਾਰ ਦੇ ਸਾਂਝੇ ਫੈਸਲੇ ਦੁਆਰਾ ਕੀਤੀ ਗਈ ਹੈ। ਇਸ ਮੌਕੇ ਸੰਗਠਨ ਦੇ ਅਹੁਦੇਦਾਰਾਂ ਨੇ ਵਿਸ਼ਵਾਸ ਪ੍ਰਗਟ ਕੀਤਾ ਕਿ ਰਾਕੇਸ਼ ਕੁਮਾਰ ਪੂਰੀ ਵਫ਼ਾਦਾਰੀ, ਇਮਾਨਦਾਰੀ ਅਤੇ ਸਮਰਪਣ ਭਾਵਨਾ ਨਾਲ ਆਪਣੀਆਂ ਜ਼ਿੰਮੇਵਾਰੀਆਂ ਨਿਭਾ ਕੇ ਸੰਗਠਨ ਨੂੰ ਨਵੀਆਂ ਉਚਾਈਆਂ 'ਤੇ ਲਿਜਾਣ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਣਗੇ। ਉਨ੍ਹਾਂ ਕਿਹਾ ਕਿ ਰਾਕੇਸ਼ ਕੁਮਾਰ ਦਾ ਤਜਰਬਾ ਅਤੇ ਕਾਰਜਸ਼ੀਲਤਾ ਬਿਨਾਂ ਸ਼ੱਕ ਸੰਗਠਨ ਨੂੰ ਮਜ਼ਬੂਤ ਕਰੇਗੀ ਅਤੇ ਸਮਾਜ ਸੇਵਾ ਗਤੀਵਿਧੀਆਂ ਨੂੰ ਤੇਜ਼ ਕਰੇਗੀ। ਆਪਣੀ ਨਵੀਂ ਜ਼ਿੰਮੇਵਾਰੀ ਮਿਲਣ 'ਤੇ, ਰਾਕੇਸ਼ ਕੁਮਾਰ ਨੇ ਸੰਗਠਨ ਦੀ ਉੱਚ ਲੀਡਰਸ਼ਿਪ ਦਾ ਧੰਨਵਾਦ ਕੀਤਾ। ਉਨ੍ਹਾਂ ਕਿਹਾ ਕਿ ਉਹ ਸੰਗਠਨ ਦੇ ਉਦੇਸ਼ਾਂ ਨੂੰ ਅੱਗੇ ਵਧਾਉਣ, ਸਮਾਜ ਸੇਵਾ ਨੂੰ ਤਰਜੀਹ ਦੇਣ ਅਤੇ ਲੋਕ ਭਲਾਈ ਗਤੀਵਿਧੀਆਂ ਵਿੱਚ ਸਰਗਰਮ ਭੂਮਿਕਾ ਨਿਭਾਉਣ ਲਈ ਪੂਰੀ ਲਗਨ ਅਤੇ ਇਮਾਨਦਾਰੀ ਨਾਲ ਕੰਮ ਕਰਨਗੇ। ਇਸ ਮੌਕੇ 'ਤੇ ਸੰਗਠਨ ਦੇ ਹੋਰ ਅਧਿਕਾਰੀ ਅਤੇ ਵਰਕਰ ਵੀ ਮੌਜੂਦ ਸਨ, ਜਿਨ੍ਹਾਂ ਨੇ ਰਾਕੇਸ਼ ਕੁਮਾਰ ਨੂੰ ਉਨ੍ਹਾਂ ਦੀ ਨਵੀਂ ਜ਼ਿੰਮੇਵਾਰੀ ਲਈ ਵਧਾਈ ਦਿੱਤੀ।

## ਵੱਖ-ਵੱਖ ਸੜਕ ਹਾਦਸਿਆਂ 'ਚ ਦੋ ਦੀ ਮੌਤ

ਪਟਿਆਲਾ, 5 ਅਪ੍ਰੈਲ (ਵਿਨੋਦ ਸ਼ਰਮਾ) : ਥਾਣਾ ਪਸਿਆਣਾ ਪੁਲਿਸ ਕੋਲ ਜਰਨੈਲ ਸਿੰਘ ਪੁੱਤਰ ਜੰਗ ਸਿੰਘ ਵਾਸੀ ਪਿੰਡ ਰਾਮਗੜ੍ਹ ਥਾਣਾ ਛਾਜਲੀ ਜ਼ਿਲ੍ਹਾ ਸੰਗਰੂਰ ਨੇ ਅਣਪਛਾਤੇ ਮੋਟਰਸਾਈਕਲ ਡਰਾਈਵਰ ਵਿਰੁੱਧ ਸ਼ਿਕਾਇਤ ਦਰਜ ਕਰਵਾਈ ਹੈ। ਸ਼ਿਕਾਇਤਕਰਤਾ ਨੇ ਪੁਲਿਸ ਨੂੰ ਦੱਸਿਆ ਕਿ ਉਸ ਦਾ ਲੜਕਾ ਜਸਵੀਰ ਸਿੰਘ ਸਮੇਤ ਰਾਜ ਕੁਮਾਰ ਪੁੱਤਰ ਰਾਮ ਜੀਦਾਸ ਵਾਸੀ ਤਰਖਾਣਾ ਵਾਲਾ ਮੁਹੱਲਾ ਸੁਨਾਮ ਨਾਲ ਮੋਟਰਸਾਈਕਲ 'ਤੇ ਸਵਾਰ ਹੋ ਕੇ ਭਾਖੜਾ ਨਹਿਰ ਪਸਿਆਣਾ ਪੁਲ ਪਾਸ ਜਾ ਰਿਹਾ ਸੀ ਤਾਂ ਅਣਪਛਾਤੇ ਡਰਾਈਵਰ ਨੇ ਆਪਣਾ ਮੋਟਰਸਾਈਕਲ ਤੇਜ ਰਫਤਾਰ ਤੇ ਲਾਪ੍ਰਵਾਹੀ ਨਾਲ ਲਿਆ ਕੇ ਉਹਨਾ ਵਿੱਚ ਮਾਰਿਆ, ਜਿਸ ਕਾਰਨ ਉਸ ਦੇ ਲੜਕੇ ਦੀ ਮੌਤ ਹੋ ਗਈ। ਪੁਲਿਸ ਨੇ ਧਾਰਾ 281,106(1) ਬੀਐਨਐਸ ਦੇ ਤਹਿਤ ਮਾਮਲਾ ਦਰਜ ਕਰ ਲਿਆ ਹੈ। ਇਸੇ ਤਰ੍ਹਾਂ ਥਾਣਾ ਸਨੌਰ ਪੁਲਿਸ ਕੋਲ ਮੋਹਨ ਸਿੰਘ ਪੁੱਤਰ ਸੁਵੇਗ ਸਿੰਘ ਵਾਸੀ ਵਾਰਡ ਨੰ. 9 ਮੁਹੱਲਾ ਬਲੋਚਾ ਵਾਲਾ ਸਨੌਰ ਨੇ ਮੋਟਰਸਾਈਕਲ ਦੇ ਅਣਪਛਾਤੇ ਡਰਾਈਵਰ ਵਿਰੁੱਧ ਸ਼ਿਕਾਇਤ ਦਰਜ ਕਰਵਾਈ ਹੈ ਕਿ ਉਸ ਦਾ ਭਰਾ ਲਖਵਿੰਦਰ ਸਿੰਘ ਆਪਣੇ ਮੋਟਰਸਾਈਕਲ 'ਤੇ ਸਵਾਰ ਹੋ ਕੇ ਫਤਿਹਪੁਰ ਰੋਡ ਨੇੜੇ ਪੀਰ ਦੀ ਦਰਗਾਹ ਪਾਸ ਜਾ ਰਿਹਾ ਸੀ ਤਾਂ ਅਣਪਛਾਤੇ ਡਰਾਈਵਰ ਨੇ ਆਪਣਾ ਮੋਟਰਸਾਈਕਲ ਤੇਜ ਰਫਤਾਰ ਤੇ ਲਾਪ੍ਰਵਾਹੀ ਨਾਲ ਲਿਆ ਕੇ ਉਸ ਦੇ ਭਰਾ ਵਿੱਚ ਮਾਰਿਆ, ਜਿਸ ਕਾਰਨ ਉਸ ਦੇ ਭਰਾ ਦੀ ਦੌਰਾਨੇ ਇਲਾਜ ਮੌਤ ਹੋ ਗਈ। ਪੁਲਿਸ ਨੇ ਧਾਰਾ 281, 106(1), 324(4) ਬੀਐਨਐਸ ਦੇ ਤਹਿਤ ਮਾਮਲਾ ਦਰਜ ਕਰ ਲਿਆ ਹੈ।

## ਖ਼ਾਲਸਾ ਸਾਜਨਾ ਦਿਵਸ ਅਤੇ ਸ਼ਤਾਬਦੀ ਨੂੰ ਸਮਰਪਿਤ ਗੁਰਦੁਆਰਾ ਕਰਹਾਲੀ ਸਾਹਿਬ ਵਿਖੇ ਅੰਮ੍ਰਿਤ ਸੰਚਾਰ

### ਪੰਜ ਪਿਆਰਿਆਂ ਪਾਸੋਂ 92 ਪ੍ਰਾਣੀਆਂ ਨੇ ਲਈ ਖੰਡੇ ਬਾਟੇ ਦੀ ਪਾਹੁਲ



ਡਕਾਲਾ, 5 ਅਪ੍ਰੈਲ (ਗੁਰਸੇਵਕ ਸਿੰਘ) : ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਚਰਨਛੋਹ ਅਸਥਾਨ ਇਤਿਹਾਸਕ ਗੁਰਦੁਆਰਾ ਪਾਤਸ਼ਾਹੀ ਨੌਵੀਂ ਅਤੇ ਦਸਵੀਂ ਕਰਹਾਲੀ ਸਾਹਿਬ ਵਿਖੇ ਖਾਲਸਾ ਸਾਜਣਾ ਦਿਵਸ ਨੂੰ ਸਮਰਪਿਤ ਅੰਮ੍ਰਿਤ ਸੰਚਾਰ ਕਰਵਾਇਆ ਗਿਆ। ਇਸ ਮੌਕੇ ਪੰਜ ਪਿਆਰਿਆਂ ਪਾਸੋਂ 92 ਪ੍ਰਾਣੀਆਂ ਨੇ ਖੰਡੇ ਬਾਟੇ ਦੀ ਪਾਹੁਲ ਪ੍ਰਾਪਤ ਕੀਤੀ। ਇਸ ਮੌਕੇ ਉਚੇਚੇ ਤੌਰ 'ਤੇ ਅੰਤ੍ਰਿੰਗ ਕਮੇਟੀ ਮੈਂਬਰ ਜਥੇਦਾਰ ਸੁਰਜੀਤ ਸਿੰਘ ਗੜ੍ਹੀ ਅਤੇ ਸ਼੍ਰੋਮਣੀ ਕਮੇਟੀ ਮੈਂਬਰ ਜਥੇਦਾਰ ਜਰਨੈਲ ਸਿੰਘ ਕਰਤਾਰਪੁਰ ਨੇ ਉਚੇਚੇ ਤੌਰ 'ਤੇ ਪਹੁੰਚ ਕੇ ਅੰਮ੍ਰਿਤ ਦੀ ਦਾਤ ਪ੍ਰਾਪਤ ਕਰਨ ਵਾਲਿਆਂ ਨੂੰ ਖਾਲਸਾ ਸਾਜਨਾ ਦਿਵਸ ਦੀ ਵਧਾਈ ਦਿੱਤੀ ਅਤੇ ਗੁਰੂ ਮਰਿਆਦਾ ਅਨੁਸਾਰ ਰਹਿਤ 'ਚ ਰਹਿਣ ਦੀ ਪ੍ਰੇਰਨਾ ਦਿੱਤੀ। ਅੰਮ੍ਰਿਤ ਸੰਚਾਰ ਮੌਕੇ ਪੰਜ ਪਿਆਰਿਆਂ ਨੇ ਵੀ ਖੰਡੇ ਬਾਟੇ ਦੀ ਪਾਹੁਲ ਪ੍ਰਾਪਤ ਕਰਨ ਵਾਲੀਆਂ ਸੰਗਤਾਂ ਨੂੰ ਪੰਜ ਕਕਾਰਾਂ ਦੀ ਮਹੱਤਤਾ ਅਤੇ ਸਿੱਖ ਇਤਿਹਾਸ ਵਿਚ ਖਾਲਸਾ ਸਾਜਨਾ ਦਿਵਸ ਦੀ ਰੌਸ਼ਨੀ 'ਚ ਜਾਣੂੰ ਕਰਵਾਇਆ ਕਿ ਕਿਸੇ ਤਰ੍ਹਾਂ ਦਸਮੇਸ਼ ਪਿਤਾ ਨੇ ਪੰਜ ਪਿਆਰਿਆਂ ਪਾਸੋਂ ਅੰਮ੍ਰਿਤ ਦੀ ਦਾਤ ਪ੍ਰਾਪਤ ਕਰਕੇ 'ਆਪੇ ਗੁਰ ਚੇਲਾ' ਦੇ ਜੀਵਨ ਰਹੱਸ ਬਾਰੇ ਦੱਸਿਆ। ਉਨ੍ਹਾਂ ਕਿਹਾ ਕਿ ਅੰਮ੍ਰਿਤ ਦੀ ਦਾਤ ਪ੍ਰਾਪਤ ਕਰਨ ਵਾਲੀਆਂ ਸੰਗਤਾਂ ਗੁਰੂ ਸਾਹਿਬ ਵੱਲੋਂ ਦਰਸਾਏ ਮਾਰਗ 'ਤੇ ਚੱਲਕੇ ਗੁਰਮਤਿ ਅਨੁਸਾਰ ਜੀਵਨ ਬਤੀਤ ਕਰਨ ਨੂੰ ਪਹਿਲ ਦੇਣ। ਇਸ ਮੌਕੇ ਹੋਰਨਾਂ ਤੋਂ ਇਲਾਵਾ ਮੈਨੇਜਰ ਸੁਰਜੀਤ ਸਿੰਘ ਨੇ ਪੁੱਜੀਆਂ ਸੰਗਤਾਂ ਨੂੰ ਸਿਰੋਪਾਓ ਦੇ ਕੇ ਸਨਮਾਨਤ ਵੀ ਕੀਤਾ ਗਿਆ। ਅੰਮ੍ਰਿਤ ਸੰਚਾਰ ਦੌਰਾਨ ਪ੍ਰਚਾਰਕ ਪਰਵਿੰਦਰ ਸਿੰਘ ਬਰਾੜ ਨੇ ਦੱਸਿਆ ਕਿ ਅੰਮ੍ਰਿਤ ਅਭਿਲਾਖੀਆਂ ਨੂੰ ਸ਼੍ਰੋਮਣੀ ਕਮੇਟੀ ਦੀ ਧਰਮ ਪ੍ਰਚਾਰ ਕਮੇਟੀ ਵੱਲੋਂ ਮੁਫ਼ਤ ਕਕਾਰ ਭੇਟਾ ਕੀਤੇ ਗਏ ਹਨ। ਇਸ ਦੌਰਾਨ ਹੋਰਨਾਂ ਤੋਂ ਇਲਾਵਾ ਹੈੱਡ ਗ੍ਰੰਥੀ ਭਾਈ ਸਤਪਾਲ ਸਿੰਘ ਆਦਿ ਸੰਗਤਾਂ ਹਾਜ਼ਰ ਸਨ।

## ਮੁਫਤ ਮੈਡੀਕਲ ਕੈਂਪ ਲਗਾਇਆ



ਭਾਦਸੋਂ, 5 ਅਪ੍ਰੈਲ (ਭਰਪੂਰ ਸਿੰਘ ਮੱਟਰਾਂ) : ਸ. ਮਹਿੰਦਰ ਸਿੰਘ ਡੀ ਪੀ ਈ ਦੀ ਨਿੱਘੀ ਯਾਦ ਨੂੰ ਸਮਰਪਿਤ ਚੌਥਾ ਮੁਫ਼ਤ ਮੈਡੀਕਲ ਕੈਂਪ ਲਗਾਇਆ ਗਿਆ। ਇਹ ਮੈਡੀਕਲ ਕੈਂਪ ਡਾਕਟਰ ਅਮਨਦੀਪ ਸਿੰਘ ਐਮ ਡੀ ਐਮ ਈ ਡੀ ਅਤੇ ਸਮੂਹ ਪਰਿਵਾਰ ਵੱਲੋਂ ਵਿਸ਼ਵਕਰਮਾ ਮੰਦਿਰ ਭਾਦਸੋਂ ਵਿਖੇ ਲਗਾਇਆ ਗਿਆ ਇਸ ਕੈਂਪ ਵਿੱਚ 350 ਮਰੀਜਾਂ ਨੇ ਆਪਣੀ ਰਜਿਸਟਰੇਸ਼ਨ ਕਰਵਾਈ ਅਤੇ ਸਿਹਤ ਦੀ ਜਾਂਚ ਕਰਵਾਈ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਡਾ. ਅਮਨਦੀਪ ਸਿੰਘ ਨੇ ਕਿਹਾ ਸਮਾਜ ਸੇਵਾ ਕਰਨਾ ਟਾਵੇ ਟਾਵੇ ਇਨਸਾਨ ਦੇ ਹਿੱਸੇ ਆਉਂਦਾ ਹੈ ਉਹਨਾਂ ਨੇ ਕਿਹਾ ਕਿ ਅਜਿਹੇ ਉਪਰਾਲਿਆਂ ਨਾਲ ਖਾਸ ਕਰਕੇ ਗਰੀਬ ਅਤੇ ਜਰੂਰਤਮੰਦ ਵਰਗ ਨੂੰ ਕਾਫੀ ਰਾਹਤ ਮਿਲਦੀ ਹੈ ਇਸ ਕੈਂਪ ਦਾ ਹਰ ਵਿਅਕਤੀ ਨੂੰ ਲਾਭ ਲੈਣਾ ਚਾਹੀਦਾ ਹੈ ਇਸ ਕੈਂਪ ਵਿੱਚ ਮਰੀਜ਼ਾਂ ਨੂੰ ਮੁਫ਼ਤ ਦਵਾਈਆਂ ਦਿੱਤੀਆਂ।ਇਸ ਮੌਕੇ ਵਰੁਣ ਸ਼ਰਮਾ, ਰੋਹਿਤ ਕੁਮਾਰ, ਸਾਵਨ ਕੁਮਾਰ, ਸੁਖਰੇਗਨ ਸਿੰਘ, ਪ੍ਰਿੰਸ ਕੁਮਾਰ,ਉਘੇ ਸਮਾਜ ਸੇਵਕ ਨਰਿੰਦਰ ਕੁਮਾਰ ਜੋਸ਼ੀ, ਐਮ ਸੀ ਸਤਿਨਾਮ ਸਿੰਘ ਧੀਮਾਨ ਆਦਿ ਹਾਜ਼ਰ ਸਨ।

## ਸ਼ਾਮ ਸਮਾਜ ਸੇਵਾ ਆਸ਼ਰਮ ਵੱਲੋਂ ਮੁਫ਼ਤ ਰਾਸ਼ਨ ਵੰਡ ਸਮਾਰੋਹ, 220 ਲੋੜਵੰਦ ਪਰਿਵਾਰਾਂ ਨੂੰ ਰਾਸ਼ਨ ਵੰਡਿਆ



ਸਮਾਣਾ, 5 ਅਪ੍ਰੈਲ (ਵਿਜੇ ਕੁਮਾਰ) : ਇਲਾਕੇ ਦੀ ਸਿਰਮੌਰ ਸੰਸਥਾ ਸ਼ਾਮ ਸਮਾਜ ਸੇਵਾ ਆਸ਼ਰਮ ਜੋ ਕਿ ਇਲਾਕੇ ਦੀਆਂ ਵਿਧਵਾਵਾਂ ਅਤੇ ਲੋੜਵੰਦ ਪ੍ਰੀਵਾਰਾਂ ਨੂੰ ਹਰ ਮਹੀਨੇ ਦੇ ਪਹਿਲੇ ਐਤਵਾਰ ਰਿਸੋਈ ਦੀ ਜ਼ਰੂਰਤ ਦਾ ਸਮਾਨ ਵੰਡ ਕੇ ਉਨ੍ਹਾਂ ਲਈ ਵਰਦਾਨ ਸਿੱਧ ਹੋ ਰਿਹਾ ਹੈ। ਇਸੇ ਲੜੀ ਤਹਿਤ ਸੰਸਥਾ ਦੇ ਪ੍ਰਧਾਨ ਮਦਨ ਲਾਲ ਪ੍ਰਦੇਸ਼ੀ ਦੀ ਪ੍ਰਧਾਨਗੀ 'ਚ 577ਵਾਂ ਮੁਫਤ ਰਾਸ਼ਨ ਵੰਡ ਸਮਾਰੋਹ ਕਰਵਾਇਆ ਗਿਆ, ਜਿਸ ਵਿਚ ਮੁੱਖ ਮਹਿਮਾਨ ਵਜੋਂ ਇਸ਼ੂ ਵਧਵਾ, ਸੁਰੇਸ਼ ਕੁਮਾਰ ਕੁਲਾਰਾਂ (ਸੈਲਰ ਵਾਲੇ), ਜਨਪੇਸ਼ ਕੁਮਾਰ ਨੇ ਸ਼ਿਰਕਤ ਕੀਤੀ। ਜਿਨ੍ਹਾਂ ਸੰਸਥਾ ਤੋ ਹਰ ਮਹੀਨੇ ਰਾਸ਼ਨ ਪ੍ਰਾਪਤ ਕਰਨ ਵਾਲੇ 220 ਜ਼ਰੂਰਤਮੰਦ ਪ੍ਰੀਵਾਰਾਂ ਨੂੰ ਰਾਸ਼ਨ ਤਕਸੀਮ ਕਰਨ ਦੀ ਰਸਮੀ ਸ਼ੁਰੂਆਤ ਕੀਤੀ। ਸ਼ਾਮ ਸਮਾਜ ਸੇਵਾ ਆਸ਼ਰਮ ਮੁਹੱਲਾ ਨੀਲਗੜ੍ਹ, ਸਮਾਣਾ 'ਚ ਆਯੋਜਿਤ ਸਮਾਗਮ ਨੂੰ ਸੰਬੋਧਨ ਕਰਦਿਆਂ ਇਸ਼ੂ ਵਧਵਾ ਨੇ ਸੰਸਥਾ ਪ੍ਰਧਾਨ ਮਦਨ ਲਾਲ ਪ੍ਰਦੇਸੀ ਵੱਲੋਂ ਪਿਛਲੇ 48 ਸਾਲਾਂ ਤੋ ਲਗਾਤਾਰ ਜ਼ਰੂਰਤਮੰਦ ਪ੍ਰੀਵਾਰਾਂ ਨੂੰ ਮੁਫਤ ਵੰਡੇ ਜਾ ਰਹੇ ਰਾਸ਼ਨ ਦੀ ਭਰਪੂਰ ਸ਼ਲਾਘਾ ਕੀਤੀ ਤੇ ਕਿਹਾ ਅਜਿਹੀ ਲੰਮਾ ਸਮਾਂ ਸੇਵਾ ਕਰਦੇ ਰਹਿਣਾ ਹਰ ਕਿਸੇ ਦੇ ਵਸ ਦੀ ਗੱਲ ਨਹੀਂ। ਇਸ ਮੌਕੇ ਮਦਨ ਲਾਲ ਪ੍ਰਦੇਸੀ ਨੇ ਸਮਾਗਮ ਵਿਚ ਸ਼ਾਮਲ ਮਹਿਮਾਨਾਂ ਦਾ ਧੰਨਵਾਦ ਕਰਦੇ ਹੋਏ ਕਿਹਾ ਕਿ ਉਹ ਜੋ ਪਿਛਲੇ 48 ਸਾਲਾਂ ਤੋਂ ਲਗਾਤਾਰ ਜਰੂਰਤਮੰਦਾਂ ਨੂੰ ਰਾਸ਼ਨ ਵੰਡ ਰਹੇ ਹਨ, ਉਹ ਦਾਨੀ ਸਜਨਾਂ ਦੇ ਸਹਿਯੋਗ ਸਦਕਾ ਹੀ ਹੈ। ਸੰਸਥਾ ਪ੍ਰਧਾਨ ਨੇ ਸੰਸਥਾ ਤੇ ਪਦਮਸ੍ਰੀ ਵਿਜੇ ਚੋਪੜਾ ਦਾ ਅਸ਼ੀਰਵਾਦ ਦੱਸਿਆ ਤੇ ਕਿਹਾ ਕਿ ਉਨ੍ਹਾਂ ਦੀ ਪ੍ਰੇਰਨਾ ਨਾਲ ਹੀ ਉਹ ਇਹ ਸੇਵਾ ਨਿਭਾਉਣ ਵਿਚ ਸਫਲ ਹੋਏ ਹਨ।

## ਘਰ 'ਚੋਂ ਸੋਨੇ ਦੇ ਗਹਿਣੇ ਤੇ ਨਗਦੀ ਚੋਰੀ

ਪਟਿਆਲਾ, 5 ਅਪ੍ਰੈਲ (ਵਿਨੋਦ ਸ਼ਰਮਾ) : ਥਾਣਾ ਸਿਵਲ ਲਾਇਨ ਪਟਿਆਲਾ ਪੁਲਿਸ ਕੋਲ ਦਰਸ਼ਨ ਕੁਮਾਰ ਪੁੱਤਰ ਤਾਰਾ ਚੰਦ ਵਾਸੀ ਨੇੜੇ ਪੁੱਡਾ ਪਲਾਟ ਮਾਡਲ ਟਾਊਨ ਪਟਿਆਲਾ ਨੇ 3 ਅਣਪਛਾਤੇ ਵਿਅਕਤੀਆਂ ਵਿਰੁੱਧ ਸ਼ਿਕਾਇਤ ਦਰਜ ਕਰਵਾਈ ਹੈ। ਸ਼ਿਕਾਇਤਕਰਤਾ ਨੇ ਪੁਲਿਸ ਨੂੰ ਦੱਸਿਆ ਕਿ ਰਾਤ ਤਿੰਨ ਅਣਪਛਾਤੇ ਵਿਅਕਤੀ ਉਸ ਦੇ ਘਰ ਵਿੱਚ ਦਾਖਲ ਹੋ ਕੇ ਚੋਰੀ ਕਰ ਰਹੇ ਸਨ ਤਾਂ ਜਦੋਂ ਉਹ ਤੇ ਉਸ ਦੀ ਪਤਨੀ ਉੱਠੇ ਤਾ ਤਿੰਨਾਂ ਅਣਪਛਾਤੇ ਵਿਅਕਤੀਆਂ ਨੇ ਉਸ ਨੂੰ ਧੱਕੇ ਮਾਰੇ ਅਤੇ ਇੱਕ ਅਣਪਛਾਤੇ ਵਿਅਕਤੀ, ਜਿਸਦੇ ਹੱਥ ਵਿੱਚ ਪਿਸਟਲ ਸੀ, ਜੋ ਉਸ 'ਤੇ ਉਸ ਦੀ ਪਤਨੀ ਦੇ ਮੱਥੇ ਪਰ ਪਿਸਟਲ ਦਾ ਵੱਟ ਮਾਰਿਆ ਤੇ ਘਰ ਵਿੱਚੋ ਸੋਨੇ ਦੇ ਗਹਿਣੇ ਅਤੇ ਨਗਦੀ ਚੋਰੀ ਕਰਕੇ ਲੈ ਗਏ। ਪੁਲਿਸ ਨੇ ਮਾਮਲਾ ਦਰਜ ਕਰ ਲਿਆ ਹੈ।

## ਸਵਾਮੀ ਬ੍ਰਹਮ ਦੇਵ ਜੀ ਦੇ ਜਨਮ ਦਿਨ ਮੌਕੇ ਸ੍ਰੀ ਸਨਾਤਮ ਧਰਮ ਮਹਾਂਵੀਰ ਦਲ ਵੱਲੋਂ ਸਨਮਾਨ



ਸਮਾਣਾ, 5 ਅਪ੍ਰੈਲ (ਵਿਜੇ ਕੁਮਾਰ) : ਸਵਾਮੀ ਬ੍ਰਹਮ ਦੇਵ ਜੀ ਗੰਗਾ ਨਗਰ ਵਾਲਿਆਂ ਦੇ ਜਨਮ ਦਿਨ ਮੌਕੇ ਸ੍ਰੀ ਸਨਾਤਮ ਧਰਮ ਮਹਾਵੀਰ ਦਲ ਵੱਲੋਂ ਸੰਸਥਾ ਸ੍ਰਪਰਸਤ ਉਦਯੋਗਪਤੀ ਰਮੇਸ਼ ਗਰਗ, ਪ੍ਰਧਾਨ ਰਜਤ ਗੋਇਲ, ਮੁਕੇਸ਼ ਵਰਮਾ, ਗੋਰਵ ਗੋਗੀ, ਸਿੰਕਦਰ ਗੁਪਤਾ, ਅਮਿਤ ਕੁਮਾਰ, ਜਤਿੰਦਰ ਗਰਗ, ਪ੍ਰੈਸ ਸਕੱਤਰ ਵਿਜੇ ਕੁਮਾਰ ਗਰਗ ਦੀ ਅਗਵਾਈ ਵਿਚ ਸਨਮਾਨਿਤ ਕਰਦਿਆਂ ਸਵਾਮੀ ਜੀ ਦੀ ਲੰਮੀ ਉਮਰ ਦੀ ਕਾਮਨਾ ਕੀਤੀ। ਚੇਤੇ ਰਹੇ ਕਿ ਸ੍ਰੀ ਜਗਦੰਬਾ ਆਸ਼ਰਮ ਕਮੇਟੀ ਵੱਲੋਂ ਸਥਾਨਕ ਅਗਰਵਾਲ ਧਰਮਸ਼ਾਲਾ 'ਚ ਕਰਵਾਏ ਜਾ ਰਹੇ ਸ੍ਰੀ ਰਾਮ ਚਰਿਤ ਮਾਨਸ ਕਥਾ ਵਿਚ ਸ਼ਾਮਲ ਹੋਣ ਲਈ ਸਵਾਮੀ ਬ੍ਰਹਮ ਦੇਵ ਜੀ ਪਹੁੰਚੇ ਹੋਏ ਹਨ।

## ਬੈਸਟ ਕਾਟਨ ਫੈਕਟਰੀ 'ਚ ਲੱਗੀ ਅੱਗ, ਲੱਖਾਂ ਦਾ ਨੁਕਸਾਨ



ਸਮਾਣਾ, 5 ਅਪ੍ਰੈਲ (ਵਿਜੇ ਕੁਮਾਰ) : ਐਤਵਾਰ ਸਵੇਰੇ ਸਹਿਜਪੁਰਾ ਰੋਡ 'ਤੇ ਸਥਿਤ ਇੱਕ 'ਬੈਸਟ ਕਾਟਨ ਯਾਰਨ ਫੈਕਟਰੀ' ਵਿੱਚ ਅੱਗ ਲੱਗ ਜਾਣ ਕਾਰਨ ਲੱਖਾਂ ਰੁਪਏ ਦਾ ਨੁਕਸਾਨ ਹੋਣ ਦਾ ਮਾਮਲਾ ਸਾਹਮਣੇ ਆਇਆ ਹੈ। ਸੂਚਨਾ ਮਿਲਣ 'ਤੇ ਪਾਣੀ ਦੀਆਂ ਗੱਡੀਆਂ ਸਮੇਤ ਪਹੁੰਚੇ ਫਾਇਰ ਬ੍ਰਿਗੇਡ ਦੇ ਦਸਤੇ ਨੇ 2 ਘੰਟੇ ਦੀ ਸਖਤ ਮਿਹਨਤ ਤੋਂ ਬਾਅਦ ਅੱਗ 'ਤੇ ਕਾਬੂ ਪਾਇਆ, ਪਰ ਉਦੋਂ ਤੱਕ ਕੱਚਾ ਮਾਲ, ਬਿਲਡਿੰਗ ਅਤੇ ਮਸ਼ੀਨਰੀ ਬੁਰੀ ਤਰ੍ਹਾਂ ਸੜ ਜਾਣ ਕਾਰਨ ਭਾਰੀ ਨੁਕਸਾਨ ਹੋ ਚੁੱਕਾ ਸੀ। ਇਸ ਸਬੰਧੀ ਪ੍ਰਾਇਮ ਫੈਕਟਰੀ ਦੇ ਮਾਲਕ ਸੁਧੀਸ ਜੈਨ ਨੇ ਦੱਸਿਆ ਕਿ ਐਤਵਾਰ ਸਵੇਰੇ ਲਗਭਗ 10 ਵਜੇ ਫੈਕਟਰੀ ਦੀ ਇੱਕ ਮਸ਼ੀਨ ਵਿੱਚ ਅੱਗ ਲੱਗੀ ਵੇਖਣ 'ਤੇ ਫੈਕਟਰੀ ਵਿੱਚ ਕੰਮ ਕਰਦੇ 25-30 ਮਜ਼ਦੂਰਾਂ ਅਤੇ ਹੋਰਨਾਂ ਨੇ ਫੈਕਟਰੀ ਦੀ ਟੈਂਕੀ ਦੇ ਪਾਣੀ ਅਤੇ ਫਾਇਰ-ਫਾਈਟਰਾਂ ਦੀ ਮਦਦ ਨਾਲ ਅੱਗ ਬੁਝਾਉਣ ਦੀ ਕੋਸ਼ਿਸ਼ ਕੀਤੀ। ਇਸ ਦੌਰਾਨ ਸੂਚਨਾ ਦਿੱਤੇ ਜਾਣ ਤੇ ਫਾਇਰ ਬ੍ਰਿਗੇਡ ਨੇ ਪਹੁੰਚ ਕੇ ਦੋ ਘੰਟਿਆ ਦੀ ਮਿਹਨਤ ਤੋਂ ਬਾਅਦ ਅੱਗ ਤੇ ਕਾਬੂ ਪਾਇਆ। ਅੱਗ ਦੀਆਂ ਲਪਟਾਂ ਇੰਨੀਆਂ ਤੇਜ ਸਨ ਕਿ ਗੋਦਾਮ ਦੇ ਸ਼ੈੱਡ ਦੀਆਂ ਚਾਦਰਾਂ ਵੀ ਤਿੜਕ ਗਈਆਂ। ਉਨ੍ਹਾਂ ਨੇ ਸ਼ਾਰਟ ਸਰਕਟ ਕਾਰਨ ਅੱਗ ਲੱਗਣ ਦਾ ਖਦਸਾ ਜਤਾਇਆ ਹੈ। ਉਨ੍ਹਾਂ ਅਨੁਸਾਰ ਕੱਚਾ ਮਾਲ, ਬਿਲਡਿੰਗ ਅਤੇ ਮਸੀਨਰੀ ਸੜਨ ਕਾਰਨ ਲਗਭਗ 35 ਲੱਖ ਰੁਪਏ ਦਾ ਨੁਕਸਾਨ ਹੋਣ ਦਾ ਅਨੁਮਾਨ ਦੱਸਿਆ। ਮਾਲਕਾਂ ਵੱਲੋਂ ਸੂਚਨਾ ਦਿੱਤੇ ਜਾਣ 'ਤੇ ਪੁਲਸ ਨੇ ਮੌਕੇ 'ਤੇ ਪਹੁੰਚ ਕੇ ਸਥਿਤੀ ਦਾ ਜਾਇਜਾ ਲਿਆ।

## ਕਿਸਾਨ ਯੂਨੀਅਨ ਪੁਆਦ ਦੀ ਅਹਿਮ ਮੁੱਦਿਆਂ 'ਤੇ ਮੀਟਿੰਗ



ਘਨੌਰ, 5 ਅਪ੍ਰੈਲ (ਮਦਨ ਲਾਲ) : ਅੱਜ ਕਿਸਾਨ ਯੂਨੀਅਨ ਪੁਆਧ ਦੀ ਮਹੀਨਾ ਵਾਰ ਮੀਟਿੰਗ ਗੁਰੂ ਘਰ ਕਰ ਸੇਵਾ ਘਨੌਰ ਵਿਖੇ ਹੋਈ । ਕਿਸਾਨਾਂ ਨਾਲ ਵਿਚਾਰਾ ਹੋਈਆ ਕਣਕ ਦੀ ਖਰੀਦ ਤੇ ਆੜ੍ਹਤੀਆਂ ਦੀ ਹੜਤਾਲ ਬਾਰੇ ਕਿਸਾਨਾਂ ਨੂੰ ਦਸਿਆ ਗਿਆ ਤੇ ਆੜਤੀਆ ਨੂੰ ਅਪੀਲ ਕੀਤੀ ਗਈ ਕਿ ਆਪਣੇ ਮਸਲੇ ਸਰਕਾਰ ਨਾਲ ਨਿਬੇੜੇ ਜਾਣ ਤੇ ਕਿਸਾਨਾਂ ਦੀ ਫਸਲ ਜੋਂ ਕਿ ਕੱਟਣ ਲਈ ਤਿਆਰ ਹੈ। ਇਸ ਲਈ ਹੜਤਾਲ ਨੂੰ ਖਤਮ ਕਰਕੇ ਕਿਸਾਨ ਦੀ ਫਸਲ ਦੀ ਚੁਕਾਈ ਕਰਾਈ ਜਾਵੇ। ਅੱਜ ਕਿਸਾਨ ਯੂਨੀਅਨ ਪੁਆਧ ਦੀ ਨਵੀਂ ਟੀਮ ਦਾ ਐਲਾਨ ਕੀਤਾ ਗਿਆ। ਪ੍ਰਧਾਨ ਚਰਨਜੀਤ ਸਿੰਘ ਚੁੰਗੀਆ ਨੇ ਆਪਣੀ ਨਵੀਂ ਚੁਣੀ ਗਈ ਟੀਮ ਵਿਚ ਗੁਰਦੀਪ ਸਿੰਘ ਰੁੜਕੀ ਨੂੰ ਸੀਨੀਅਰ ਮੀਤ ਪ੍ਰਧਾਨ ਤੇ ਹਰਵਿੰਦਰ ਸਿੰਘ ਉੱਕਸੀ ਤੇ ਗੁਰਜੀਤ ਸਿੰਘ ਸਾਰਾਲਾ ਮੀਤ ਪ੍ਰਧਾਨ ਤੇ ਤੀਰਥ ਸਿੰਘ ਬੋਸਰ ਨੂੰ ਜ਼ਿਲ੍ਹਾ ਪਟਿਆਲਾ ਦਾ ਸੀਨੀਅਰ ਮੀਤ ਪ੍ਰਧਾਨ ਨਿਯੁਕਤ ਕੀਤਾ ਗਿਆ। ਇਸ ਮੌਕੇ ਜਗਤਾਰ ਸਿੰਘ ਅਲੋਂਦੀਪੁਰ, ਸਰਦਾਰਾ ਸਿੰਘ ਘੁੰਘਰਾਂ, ਸੋਨੂ ਭਗੋਰਾ ਤੋਂ ਇਲਾਵਾ ਹੋਰ ਵੀ ਕਿਸਾਨ ਆਗੂ ਅਤੇ ਕਿਸਾਨ ਹਾਜ਼ਰ ਸਨ।

## ਪਿੰਡ ਚਹਿਲ ਤੋਂ ਵਿਧਾਇਕ ਦੇਵ ਮਾਨ ਨੇ ਮੁੱਖ ਮੰਤਰੀ ਤੀਰਥ ਯਾਤਰਾ ਬੱਸ ਨੂੰ ਕੀਤਾ ਰਵਾਨਾ



ਭਾਦਸੋਂ, 5 ਅਪ੍ਰੈਲ (ਭਰਪੂਰ ਸਿੰਘ ਮੱਟਰਾਂ) : ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਸਰਕਾਰ ਵੱਲੋਂ ਬਜ਼ੁਰਗਾਂ ਨੂੰ ਤੀਰਥ ਯਾਤਰਾ ਰਾਹੀਂ ਗੁਰਧਾਮਾਂ ਦੇ ਦਰਸ਼ਨ ਕਰਵਾਉਣ ਲਈ ਕੀਤਾ ਗਿਆ ਉਪਰਾਲਾ ਅਤਿ ਸ਼ਲਾਘਾਯੋਗ ਹੈ, ਜਿਸ ਦੇ ਤਹਿਤ ਅੱਜ ਆਮ ਆਦਮੀ ਪਾਰਟੀ ਦੇ ਐਮ ਐਲ ਏ ਗੁਰਦੇਵ ਸਿੰਘ ਦੇਵ ਮਾਨ ਨੇ ਅੱਜ ਹਲਕੇ ਦੇ ਪਿੰਡ ਚਹਿਲ ਤੋਂ 'ਆਪ' ਆਗੂ ਸੁਖਰਾਜ ਸਿੰਘ ਨੋਨੀ ਦੀ ਹਾਜ਼ਰੀ ਵਿੱਚ ਸ੍ਰੀ ਦਰਬਾਰ ਸਾਹਿਬ ਦੁਰਗਿਆਣਾ ਮੰਦਿਰ ਅਤੇ ਰਾਮ ਤੀਰਥ ਦੇ ਦਰਸ਼ਨਾਂ ਲਈ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਦੇ ਤਹਿਤ ਤੀਰਥ ਯਾਤਰਾ ਬੱਸ ਨੂੰ ਹਰੀ ਝੰਡੀ ਦੇ ਕੇ ਰਵਾਨਾ ਕੀਤਾ। ਇਸ ਮੌਕੇ ਗੱਲਬਾਤ ਕਰਦਿਆਂ ਐਮ ਐਲ ਏ ਗੁਰਦੇਵ ਸਿੰਘ ਦੇਵ ਮਾਨ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਹੇਠ ਸੂਬੇ ਅੰਦਰ ਬਜ਼ੁਰਗਾਂ ਨੂੰ ਗੁਰੂ ਧਾਮਾਂ ਦੇ ਦਰਸ਼ਨ ਕਰਵਾਉਣ ਲਈ ਸ਼ੁਰੂ ਕੀਤੀ ਗਈ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਬਜ਼ੁਰਗਾਂ ਲਈ ਲਾਹੇਵੰਦ ਸਾਬਤ ਹੋ ਰਹੀ ਹੈ । ਪਿੰਡ ਵਿੱਚ ਰਹਿੰਦੇ ਬਜ਼ੁਰਗ ਮਤਾਵਾਂ ਜੋ ਪਹਿਲੀ ਵਾਰ ਅਜਿਹੇ ਧਾਰਮਿਕ ਸਥਾਨਾਂ ਤੇ ਨਤਮਸਤਕ ਹੋਣ ਲਈ ਜਾ ਰਹੇ ਹਨ ਉਹ ਹੱਦ ਤੋਂ ਵੱਧ ਖੁਸ਼ ਦਿਖਾਈ ਦੇ ਰਹੇ ਹਨ। ਉਨਾ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਲੋਕਾਂ ਦੀ ਭਲਾਈ, ਸੁੱਖ-ਸਹੂਲਤਾਂ ਅਤੇ ਤਰੱਕੀ ਲਈ ਦਿਨ-ਰਾਤ ਕੰਮ ਕਰ ਰਹੀ ਹੈ। ਨਗਰ ਨਿਵਾਸੀਆਂ ਵੱਲੋਂ ਆਮ ਆਦਮੀ ਪਾਰਟੀ ਮੁੱਖ ਮੰਤਰੀ ਪੰਜਾਬ ਅਤੇ ਵਿਧਾਇਕ ਗੁਰਦੇਵ ਸਿੰਘ ਦੇਵ ਮਾਨ ਦਾ ਧੰਨਵਾਦ ਕੀਤਾ ਗਿਆ। ਇਸ ਮੌਕੇ ਤੇਜਿੰਦਰ ਸਿੰਘ ਪੰਧੇਰ ਪ੍ਰਧਾਨ, ਅਮਰਜੀਤ ਸਿੰਘ ਗੱਗੀ ਪੰਚ,ਨਿਰਭੈ ਸਿੰਘ ਘੁੰਡਰ, ਬਾਬਾ ਮਹਿੰਦਰ ਸਿੰਘ, ਮਨਦੀਪ ਸਿੰਘ ਪੰਧੇਰ,ਰਾਮ ਸਿੰਘ ਪੰਧੇਰ,ਕੁਲਦੀਪ ਸਿੰਘ ਨੋਨੀ, ਕਾਬਲ ਸਿੰਘ, ਲਖਵਿੰਦਰ ਸਿੰਘ ਲੱਖੀ, ਮੋਹਣ ਸਿੰਘ, ਧਰਮ ਸਿੰਘ ਧਾਮੀ, ਆਦਿ ਨਗਰ ਨਿਵਾਸੀ ਮੌਜੂਦ ਸਨ।

## ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਨੇ ਲਾਲ ਸਿੰਘ ਦੇ ਸਦੀਵੀ ਵਿਛੋੜੇ 'ਤੇ ਕੀਤਾ ਦੁੱਖ ਸਾਂਝਾ

### ਲਾਲ ਸਿੰਘ ਜੀ ਦਾ ਸਮੁੱਚਾ ਜੀਵਨ ਸਾਰਿਆਂ ਲਈ ਪ੍ਰੇਰਨਾ ਦਾ ਮਾਰਗ : ਸੁਖਬੀਰ ਸਿੰਘ ਬਾਦਲ



ਪਟਿਆਲਾ, 5 ਅਪ੍ਰੈਲ (ਰੁਪਾਣਾ) : ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸ. ਸੁਖਬੀਰ ਸਿੰਘ ਬਾਦਲ ਅੱਜ ਟਕਸਾਲੀ ਕਾਂਗਰਸੀ ਲਾਲ ਸਿੰਘ ਦੇ ਸਦੀਵੀ ਵਿਛੋੜੇ 'ਤੇ ਉਨ੍ਹਾਂ ਦੇ ਗ੍ਰਹਿ ਵਿਖੇ ਪੁੱਜੇ ਅਤੇ ਸਾਬਕਾ ਵਿਧਾਇਕ ਕਾਕਾ ਰਜਿੰਦਰ ਸਿੰਘ ਨਾਲ ਮੁਲਾਕਾਤ ਕਰਕੇ ਪਰਿਵਾਰ ਨਾਲ ਗਹਿਰਾ ਦੁੱਖ ਪ੍ਰਗਟ ਕੀਤਾ। ਇਸ ਮੌਕੇ ਸਾਬਕਾ ਵਿਧਾਇਕ ਕਾਕਾ ਰਜਿੰਦਰ ਸਿੰਘ ਨਾਲ ਦੁੱਖ ਪ੍ਰਗਟ ਕਰਨ ਵਾਲਿਆਂ ਵਿਚ ਸਾਬਕਾ ਪ੍ਰਧਾਨ ਪ੍ਰੋ. ਕਿਰਪਾਲ ਸਿੰਘ ਬਡੂੰਗਰ, ਪੰਜਾਬ ਭਾਜਪਾ ਦੇ ਪ੍ਰਧਾਨ ਸੁਨੀਲ ਜਾਖੜ, ਪਟਿਆਲਾ ਦਿਹਾਤੀ ਦੇ ਆਗੂ ਸਾਹਿਬਾਨਾਂ 'ਚ ਜਗਮੀਤ ਸਿੰਘ ਹਰਿਆਊ, ਜਸਪਾਲ ਸਿੰਘ ਬਿੱਟੂ ਚੱਠਾ, ਰਜਿੰਦਰ ਸਿੰਘ ਵਿਰਕ, ਹਲਕਾ ਇੰਚਾਰਜ ਅਮਰਿੰਦਰ ਸਿੰਘ ਬਜਾਜ, ਹਲਕਾ ਇੰਚਾਰਜ ਬਾਬੂ ਕਬੀਰ ਦਾਸ, ਹਲਕਾ ਇੰਚਾਰਜ ਐਨ ਕੇ ਸ਼ਰਮਾ, ਅੰਤ੍ਰਿੰਗ ਕਮੇਟੀ ਮੈਂਬਰ ਜਥੇਦਾਰ ਸੁਰਜੀਤ ਸਿੰਘ ਗੜ੍ਹੀ, ਤੇਜਿੰਦਰਪਾਲ ਸੰਧੂ, ਯੂਥ ਅਕਾਲੀ ਦਲ ਦੇ ਪ੍ਰਧਾਨ ਸਰਬਜੀਤ ਝਿੰਜਰ ਆਦਿ ਉਚੇਚੇ ਤੌਰ 'ਤੇ ਇਸ ਦੁੱਖ ਦੀ ਘੜੀ ਵਿਚ ਸ਼ਾਮਲ ਹੋਏ। ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਸੁਖਬੀਰ ਸਿੰਘ ਬਾਦਲ ਨੇ ਕਿਹਾ ਕਿ ਟਕਸਾਲੀ ਕਾਂਗਰਸੀ ਲਾਲ ਸਿੰਘ ਦਿੱਗਜ਼ ਆਗੂ ਸਨ, ਜਿਨ੍ਹਾਂ ਦਾ ਸਮੁੱਚਾ ਜੀਵਨ ਸਾਰਿਆਂ ਲਈ ਪ੍ਰੇਰਨਾ ਦਾ ਮਾਰਗ ਹੈ। ਉਨ੍ਹਾਂ ਵੱਲੋਂ ਪਾਰਟੀ ਪ੍ਰਤੀ ਸਮਰਪਿਤ ਦੀ ਭਾਵਨਾ ਸਾਰਿਆਂ ਨੂੰ ਇਸ ਗੱਲ ਵੱਲ ਪ੍ਰੇਰਨਾ ਹੈ ਕਿ ਪਾਰਟੀ ਪ੍ਰਤੀ ਹਮੇਸ਼ਾ ਵਫ਼ਾਦਾਰ ਰਹਿਣ ਦੀ ਲੋੜ ਹੈ ਅਤੇ ਸਾਰੀ ਉਮਰ ਲਾਲ ਸਿੰਘ ਨੇ ਆਪਣਾ ਜੀਵਨ ਅਤੇ ਸਿਆਸਤ ਪਾਰਟੀ ਨੂੰ ਸਮਰਪਿਤ ਕੀਤੀ। ਪ੍ਰਧਾਨ ਸੁਖਬੀਰ ਸਿੰਘ ਬਾਦਲ ਨੇ ਕਿਹਾ ਕਿ ਲਾਲ ਸਿੰਘ ਜੀ ਦਾ ਅਚਨਚੇਤ ਇਸ ਸੰਸਾਰ ਨੂੰ ਛੱਡ ਜਾਣਾ ਵੱਡਾ ਘਾਟਾ ਹੈ, ਉਥੇ ਪਰਿਵਾਰ ਲਈ ਵੀ ਅਜਿਹਾ ਸਦੀਵੀ ਵਿਛੋੜਾ ਅਸਹਿ ਹੈ। ਉਨ੍ਹਾਂ ਕਿਹਾ ਕਿ ਸਰਦਾਰ ਲਾਲ ਸਿੰਘ ਬਹੁਪੱਖੀ ਸਖਸ਼ੀਅਤ ਦੇ ਇਨਸਾਨ ਸਨ ਅਜਿਹੇ ਇਨਸਾਨ ਨੂੰ ਪ੍ਰਮਾਤਮਾ ਆਪਣੇ ਚਰਨਾਂ 'ਚ ਨਿਵਾਸ ਬਖਸ਼ਣ ਅਤੇ ਪਰਿਵਾਰ ਨੂੰ ਭਾਣਾ ਮੰਨਣ ਦਾ ਬਲ ਪ੍ਰਦਾਨ ਕਰਨ।

## ਪਿੰਡ ਮਰਦਾਂਪੁਰ 'ਚ ਯੁਵਕ ਸੇਵਾਵਾਂ ਕਲੱਬ ਦੀ ਸਥਾਪਨਾ

### ਕਮਲਜੀਤ ਵਸ਼ਿਸ਼ਟ ਕਲੱਬ ਪ੍ਰਧਾਨ ਬਣੇ



ਘਨੌਰ, 5 ਅਪ੍ਰੈਲ (ਰਾਜਿੰਦਰ ਸਿੰਘ ਕੰਬੋਜ ) : ਪਿੰਡ ਮਰਦਾਂਪੁਰ ਵਿੱਚ ਨੌਜਵਾਨਾਂ ਨੂੰ ਖੇਡਾਂ ਵੱਲ ਪ੍ਰੇਰਿਤ ਕਰਨ ਅਤੇ ਸਮਾਜਿਕ ਭਲਾਈ ਲਈ ਯੂਵਕ ਸੇਵਾਵਾਂ ਕਲੱਬ ਦੀ ਸਥਾਪਨਾ ਕੀਤੀ ਗਈ। ਕਲੱਬ ਦੀ ਸਥਾਪਨਾ ਮੌਕੇ ਹਲਕਾ ਵਿਧਾਇਕ ਗੁਰਲਾਲ ਸਿੰਘ ਘਨੌਰ, ਚੇਅਰਮੈਨ ਪੀ.ਡੀ.ਬੀ.ਏ ਘਨੌਰ ਇੰਦਰਜੀਤ ਸਿੰਘ ਸਿਆਲੂ, ਪਿੰਡ ਦੇ ਸਰਪੰਚ ਮੇਹਰ ਸਿੰਘ ਅਤੇ ਸਮੂਹ ਪੰਚਾਇਤ ਹਾਜ਼ਰ ਸੀ। ਇਸ ਮੌਕੇ ਵਿਧਾਇਕ ਗੁਰਲਾਲ ਸਿੰਘ ਘਨੌਰ ਨੇ ਕਿਹਾ ਕਿ ਇਸ ਕਲੱਬ ਦਾ ਮੁੱਖ ਉਦੇਸ਼ ਪਿੰਡ ਦੇ ਨੌਜਵਾਨਾਂ ਵਿੱਚ ਖੇਡਾਂ ਦੀ ਭਾਵਨਾ ਨੂੰ ਉਤਸ਼ਾਹਿਤ ਕਰਨਾ ਅਤੇ ਉਨ੍ਹਾਂ ਨੂੰ ਨਸ਼ਿਆਂ ਵਰਗੀਆਂ ਸਮਾਜਿਕ ਬੁਰਾਈਆਂ ਤੋਂ ਦੂਰ ਰੱਖਣਾ ਹੈ। ਉਨ੍ਹਾਂ ਕਿਹਾ ਕਿ ਖੇਡਾਂ ਨਾਲ ਜੁੜਨ ਨਾਲ ਨੌਜਵਾਨਾਂ ਦੀ ਤੰਦਰੁਸਤੀ ਵਧਦੀ ਹੈ ਅਤੇ ਉਹ ਸਹੀ ਰਾਹ ਵੱਲ ਅੱਗੇ ਵਧਦੇ ਹਨ। ਇਸ ਮੌਕੇ ਕਲੱਬ ਦੀ ਨਵੀਂ ਕਾਰਜਕਾਰੀ ਕਮੇਟੀ ਦਾ ਐਲਾਨ ਵੀ ਕੀਤਾ ਗਿਆ, ਜਿਸ ਵਿੱਚ ਕਮਲਜੀਤ ਵਸ਼ਿਸ਼ਟ ਨੂੰ ਪ੍ਰਧਾਨ, ਸਿਮਰਨਜੀਤ ਸਿੰਘ ਨੂੰ ਵਾਈਸ ਪ੍ਰਧਾਨ, ਗੁਰਦੀਪ ਸਿੰਘ ਟੋਨੀ ਨੂੰ ਖਜ਼ਾਨਚੀ, ਗਗਨਦੀਪ ਸਿੰਘ ਨੂੰ ਸੈਕਟਰੀ ਅਤੇ ਜਗਦੇਵ ਸਿੰਘ ਨੂੰ ਮੀਡੀਆ ਸਲਾਹਕਾਰ ਨਿਯੁਕਤ ਕੀਤਾ ਗਿਆ।ਕਲੱਬ ਦੇ ਨਵ-ਨਿਯੁਕਤ ਪ੍ਰਧਾਨ ਕਮਲਜੀਤ ਵਸ਼ਿਸ਼ਟ ਨੇ ਦੱਸਿਆ ਕਿ ਆਉਣ ਵਾਲੇ ਸਮੇਂ ਵਿੱਚ ਪਿੰਡ ਦੇ ਨੌਜਵਾਨਾਂ ਲਈ ਵੱਖ-ਵੱਖ ਖੇਡ ਮੁਕਾਬਲੇ ਅਤੇ ਸਮਾਜਿਕ ਗਤੀਵਿਧੀਆਂ ਕਰਵਾਈਆਂ ਜਾਣਗੀਆਂ, ਤਾਂ ਜੋ ਨੌਜਵਾਨਾਂ ਨੂੰ ਸਹੀ ਦਿਸ਼ਾ ਮਿਲ ਸਕੇ ਅਤੇ ਉਹ ਸਮਾਜ ਵਿੱਚ ਸਕਾਰਾਤਮਕ ਭੂਮਿਕਾ ਨਿਭਾ ਸਕਣ।ਸਭ ਹਾਜ਼ਰ ਮਹਿਮਾਨਾਂ ਨੇ ਕਲੱਬ ਦੀ ਸਥਾਪਨਾ ਦੀ ਸਰਾਹਨਾ ਕਰਦੇ ਹੋਏ ਨੌਜਵਾਨਾਂ ਨੂੰ ਇਸ ਉਪਰਾਲੇ ਨਾਲ ਜੁੜਨ ਦੀ ਅਪੀਲ ਕੀਤੀ। ਇਸ ਮੌਕੇ ਕਰਮਜੀਤ ਸਿੰਘ ਪੰਚ, ਮੇਜਰ ਸਿੰਘ ਫੌਜੀ, ਸੰਤੋਸ਼ ਕੌਰ ਪੰਚ, ਜਸਵਿੰਦਰ ਕੌਰ ਪੰਚ, ਬਲਕਾਰ ਸਿੰਘ ਪੰਚ, ਹਰਮੇਲ ਸਿੰਘ ਪੰਚ, ਹਰਦੀਪ ਸਿੰਘ ਦੀਪ, ਪਰਮਜੀਤ ਸਿੰਘ ਕੰਮਾਂ,ਸਾਬਕਾ ਸਰਪੰਚ ਮੋਹਨ ਸਿੰਘ ਸ਼ੰਭੂ ਕਲਾਂ ਆਦਿ ਹਾਜ਼ਰ ਸਨ।

## ਵਿਧਾਇਕ ਦੇਵ ਮਾਨ ਨੇ 7 ਕਰੋੜ ਦੀ ਲਾਗਤ ਨਾਲ ਬਣਨ ਵਾਲੀ ਸੜਕ ਦਾ ਰੱਖਿਆ ਨੀਂਹ ਪੱਥਰ



ਨਾਭਾ, 5 ਅਪ੍ਰੈਲ (ਗੁਰਚਰਨ ਸਿੰਘ ਚੌਧਰੀ ਮਾਜਰਾ) : ਨਾਭਾ ਹਲਕੇ ਦੀ ਲਾਇਫ ਲਾਇਨ ਕਹੀ ਜਾਣ ਵਾਲੀ ਪਿੰਡ ਬਾਬਰਪੁਰ ਤੋਂ ਨਾਭਾ ਤੱਕ 9 ਕਿਲੋਮੀਟਰ ਲੰਬੀ ਸੜਕ ਜੋ ਕਿ ਤਕਰੀਬਨ 7 ਕਰੋੜ ਦੀ ਲਾਗਤ ਨਾਲ ਤਿਆਰ ਹੋਣ ਵਾਲੀ ਸੜਕ ਦਾ ਨੀਂਹ ਪੱਥਰ ਗੁਰਦੇਵ ਸਿੰਘ ਦੇਵ ਮਾਨ ਹਲਕਾ ਵਿਧਾਇਕ ਨਾਭਾ ਵੱਲੋਂ ਰੱਖਿਆ ਗਿਆ ਇਸ ਮੌਕੇ ਉਨ੍ਹਾਂ ਦੱਸਿਆ ਕਿ ਇਸ ਸੜਕ ਦੇ ਬਣਨ ਨਾਲ ਨਾਭਾ ਹਲਕੇ ਦੇ 25 ਤੋਂ 30 ਪਿੰਡਾਂ ਨੂੰ ਆਉਣ ਜਾਣ ਵਿੱਚ ਆ ਰਹੀ ਸਮੱਸਿਆ ਤੋਂ ਵੱਡੀ ਰਾਹਤ ਮਿਲੇਗੀ ਇਹ ਸੜਕ 12 ਫੁੱਟੀ ਹੈ ਇਸ ਦੇ ਦੋਨੋ ਸਾਇਡ ਇੰਟਰਲਾਕ ਟਾਇਲ ਲਾ ਕੇ 18 ਫੁੱਟ ਚੌੜੀ ਬਣੇਗੀ ਉਨ੍ਹਾਂ ਦੱਸਿਆ ਕਿ ਆਉਣ ਵਾਲੇ ਦਿਨਾਂ ਵਿੱਚ ਬਾਕੀ ਸੜਕਾਂ ਦੀ ਸ਼ੁਰੂਆਤ ਕੀਤੀ ਜਾਵੇਗੀ ਇਸ ਮੌਕੇ ਉਨ੍ਹਾਂ ਦੇ ਨਾਲ ਵਿਕਾਸ ਬਾਤਿਸ਼ ਐਸ ਡੀ ਓ , ਤੇਜਿੰਦਰ ਸਿੰਘ ਖਹਿਰਾ ਡਾਇਰੈਕਟਰ , ਭੁਪਿੰਦਰ ਸਿੰਘ ਕੱਲਰ ਮਾਜਰੀ ਵਾਇਸ ਚੇਅਰਮੈਨ ਬਲਾਕ ਸੰਮਤੀ , ਗੱਗੀ ਸਰਪੰਚ ਬਾਬਰਪੁਰ ,ਸਿਮਰਨ ਅੜਕ ਚੋਹਾਨ ,ਮਨਦੀਪ ਸਿੰਘ ਰਠੌਰ ਜੇ ਈ, , ਲਖਵਿੰਦਰ ਸਿੰਘ , ਪੰਚ ਅਤੇ ਵੱਡੀ ਗਿਣਤੀ ਵਿੱਚ ਪਿੰਡ ਵਾਸੀ ਮੌਜੂਦ ਸਨ ।